ਮੰਗਲਵਾਰ, 7 ਜੁਲਾਈ, 2026
23 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 36

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 7 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਇਤਿਹਾਸ ਦੁਹਰਾਉਣ ਲੱਗੇ ਕਾਂਗਰਸੀ

## ਕੈਪਟਨ ਅਮਰਿੰਦਰ ਵਾਂਗ ਅਮਰਿੰਦਰ ਰਾਜਾ ਖਿਲਾਫ ਪਾਈਆਂ ਕਰੰਗੜੀਆਂ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਪਿਛਲੀਆਂ ਅਸੈਂਬਲੀ ਚੋਣਾਂ ਤੋਂ ਐਨ ਪਹਿਲਾਂ ਵੇਲੇ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਤੋਂ ਪਿੱਛਾ ਛੁਡਾਉਣ ਲਈ ਇਕੱਠੇ ਹੋਏ ਕਾਂਗਰਸੀ ਆਗੂ ਹੁਣ ਵਰਤਮਾਨ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੋਂ ਪਿੱਛਾ ਛੁਡਾਉਣ ਲਈ ਕਾਹਲੇ ਹਨ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਧੜੇ ਨੇ ਸਵੇਰੇ ਮੁਹਾਲੀ ਵਿੱਚ ਮੀਟਿੰਗ ਕਰਕੇ ਰਾਜਾ ਵੜਿੰਗ ਦੇ ਬਾਈਕਾਟ ਦਾ ਐਲਾਨ ਕੀਤਾ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਬਾਅਦ ਦੁਪਹਿਰ ਕਰੀਬ ਤਿੰਨ ਵਜੇ ਚੰਡੀਗੜ੍ਹ ਹਵਾਈ ਅੱਡੇ 'ਤੇ ਪੁੱਜੇ ਤਾਂ ਰਾਜਾ ਵੜਿੰਗ ਦੀ ਅਗਵਾਈ 'ਚ ਉਨ੍ਹਾ ਦੇ ਸਵਾਗਤ ਵੇਲੇ ਚੰਨੀ ਧੜਾ ਗਾਇਬ ਰਿਹਾ।

ਹਵਾਈ ਅੱਡੇ 'ਤੇ ਬਘੇਲ ਦੇ ਸਵਾਗਤ ਮੌਕੇ ਕਾਫੀ ਗਿਣਤੀ ਵਿੱਚ ਪੁੱਜੇ ਕਾਂਗਰਸੀ ਵਰਕਰਾਂ ਨੇ ਰਾਜਾ ਵੜਿੰਗ ਦੇ ਹੱਕ 'ਚ ਨਾਅਰੇ ਲਗਾਏ। ਸਵਾਗਤ ਮੌਕੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਵੀ ਨਜ਼ਰ ਆਏ। ਚੰਨੀ ਧੜੇ ਦਾ ਕੋਈ ਵੀ ਆਗੂ ਹਾਜ਼ਰ ਨਹੀਂ ਸੀ। ਅਹਿਮ ਸੂਤਰਾਂ ਅਨੁਸਾਰ ਯੂਥ ਕਾਂਗਰਸ ਦਾ ਨਵਾਂ ਪ੍ਰਧਾਨ ਸ਼ੁਭਮ ਸ਼ਰਮਾ ਅਤੇ ਐਨ ਐੱਸ ਯੂ ਆਈ ਦਾ ਪ੍ਰਧਾਨ ਈਸ਼ਰਪ੍ਰੀਤ ਸਿੰਘ ਵੀ ਗੈਰਹਾਜ਼ਰ ਰਹੇ। ਸ਼ਾਮ ਤੱਕ ਚੰਨੀ ਧੜੇ ਦੇ ਲੀਡਰਾਂ ਨੇ ਪੰਜਾਬ ਇੰਚਾਰਜ ਬਘੇਲ ਨਾਲੋਂ ਦੂਰੀ ਬਣਾਈ ਰੱਖੀ।

ਬਘੇਲ ਦੇ ਸਵਾਗਤ ਲਈ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਖਰੇ ਤੌਰ 'ਤੇ ਪਹੁੰਚੇ। ਉਨ੍ਹਾ ਬਘੇਲ ਦਾ ਸਵਾਗਤ ਤਾਂ ਕੀਤਾ, ਪਰ ਉਹ ਰਾਜਾ ਵੜਿੰਗ ਨਾਲੋਂ ਦੂਰੀ ਬਣਾ ਕੇ ਚੱਲੇ। ਬਘੇਲ ਸਭ ਤੋਂ ਪਹਿਲਾਂ ਬਾਜਵਾ ਦੇ ਘਰ ਪਹੁੰਚੇ, ਪਰ ਇਸ ਮੌਕੇ ਰਾਜਾ ਵੜਿੰਗ ਨਜ਼ਰ ਨਹੀਂ ਆਏ। ਬਾਜਵਾ ਦੇ ਘਰ ਸਾਬਕਾ ਮੰਤਰੀ ਓ ਪੀ ਸੋਨੀ, ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਅਤੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਆਦਿ ਹਾਜ਼ਰ ਸਨ। ਓ ਪੀ ਸੋਨੀ ਪਹਿਲਾਂ ਚੰਨੀ ਦੇ ਮੋਰਿੰਡਾ ਇਕੱਠ 'ਚ ਵੀ ਪਹੁੰਚੇ ਸਨ।

ਬਾਜਵਾ ਦੇ ਰੌਅ ਤੋਂ ਜਾਪਦਾ ਹੈ ਕਿ ਉਹ ਹਾਈਕਮਾਂਡ ਦੇ ਨਾਲ ਨੇੜਤਾ ਬਣਾ ਕੇ ਚੱਲ ਰਹੇ ਹਨ ਅਤੇ ਨਾਲ-ਨਾਲ ਉਹ ਰਾਜਾ ਵੜਿੰਗ ਨਾਲੋਂ ਵੀ ਦੂਰੀ ਬਣਾ ਕੇ ਕਾਂਗਰਸ ਦੀ ਲੜਾਈ 'ਚ ਵਿਚਕਾਰ ਵਾਲਾ ਰਸਤਾ ਅਖਤਿਆਰ ਕਰ ਰਹੇ ਹਨ। ਭੁਪੇਸ਼ ਬਘੇਲ ਚੰਨੀ ਧੜੇ ਨਾਲ ਸੰਬੰਧਤ ਪ੍ਰਮੁੱਖ ਆਗੂਆਂ ਨਾਲ ਰਾਬਤਾ ਕਾਇਮ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਸਨ।

ਇਸੇ ਦੌਰਾਨ ਰਾਜਾ ਵੜਿੰਗ ਨੇ ਕਾਂਗਰਸ 'ਚ ਕਿਸੇ ਧੜੇਬੰਦੀ ਨੂੰ ਪੂਰੀ ਤਰ੍ਹਾਂ ਨਕਾਰਦਿਆਂ ਕਿਹਾ ਹੈ ਕਿ ਕਾਂਗਰਸ ਦਾ ਪਰਵਾਰ ਇੱਕਜੁੱਟ ਹੈ ਅਤੇ ਆਉਂਦੇ ਦਿਨਾਂ 'ਚ ਸਭ ਆਗੂ ਇੱਕ ਮੰਚ 'ਤੇ ਇਕੱਠੇ ਨਜ਼ਰ ਆਉਣਗੇ। ਉਨ੍ਹਾ ਕਿਹਾ ਕਿ ਕਾਂਗਰਸ 'ਚ ਕੋਈ ਅੰਦਰੂਨੀ ਫੁੱਟ ਨਹੀਂ ਹੈ ਅਤੇ ਸਾਰੇ ਆਗੂ ਇਕੱਠੇ ਹਨ। ਵੜਿੰਗ ਨੇ ਕਿਹਾ ਕਿ ਮੋਰਿੰਡਾ ਇਕੱਠ ਅਤੇ ਸੋਮਵਾਰ ਦੀ ਚੰਨੀ ਦੀ ਅਗਵਾਈ ਵਾਲੀ ਮੀਟਿੰਗ ਵੀ ਕਾਂਗਰਸ ਦੀ ਮਜ਼ਬੂਤੀ ਲਈ ਸੀ। ਕਿਸੇ ਨੇਤਾ ਦਾ ਇਨ੍ਹਾਂ ਮੀਟਿੰਗਾਂ 'ਚ ਨਾ ਬੋਲਣਾ ਕਾਂਗਰਸ 'ਚ ਅਨੁਸ਼ਾਸਨ ਹੋਣ ਦੀ ਵੱਡੀ ਮਿਸਾਲ ਹੈ।

ਮੁਹਾਲੀ ਮੀਟਿੰਗ 'ਚ ਚੰਨੀ ਦੇ ਨਾਲ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਸਾਬਕਾ ਮੰਤਰੀ ਪਰਗਟ ਸਿੰਘ, ਰਜ਼ੀਆ ਸੁਲਤਾਨਾ, ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਭਾਰਤ ਭੂਸ਼ਣ ਆਸ਼ੂ, ਗੁਰਪ੍ਰੀਤ ਸਿੰਘ ਕਾਂਗੜ, ਨਵ-ਨਿਯੁਕਤ ਕਾਰਜਕਾਰੀ ਪ੍ਰਧਾਨ ਸੰਗਤ ਸਿੰਘ ਗਿਲਜੀਆਂ, ਬਰਿੰਦਰਮੀਤ ਸਿੰਘ ਪਾਹੜਾ, ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ, ਕੁਲਦੀਪ ਸਿੰਘ ਢਿੱਲੋਂ, ਮਦਨ ਲਾਲ ਜਲਾਲਪੁਰ, ਸਾਬਕਾ ਵਿਧਾਇਕ ਅੰਗਦ ਸੈਣੀ, ਸਾਬਕਾ ਵਿਧਾਇਕ ਗੁਰਕੀਰਤ ਸਿੰਘ ਕੋਟਲੀ, ਸਾਬਕਾ ਵਿਧਾਇਕ ਦਵਿੰਦਰ ਸਿੰਘ ਘੁਬਾਇਆ ਸਮੇਤ ਦਰਜਨਾਂ ਆਗੂ ਸ਼ਾਮਲ ਹੋਏ। ਮੀਟਿੰਗ 'ਚ ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਕਿਸੇ ਚੋਣ ਦੇ ਰੁਝੇਵੇਂ ਕਾਰਨ ਸ਼ਾਮਲ ਨਹੀਂ ਹੋਏ ਪਰ ਉਨ੍ਹਾ ਦੇ ਨੇੜਲੇ ਵਿਧਾਇਕ ਲਾਡੀ ਸ਼ੇਰੋਵਾਲੀਆ ਮੀਟਿੰਗ 'ਚ ਹਾਜ਼ਰ ਸਨ।

ਸੂਤਰ ਦੱਸਦੇ ਹਨ ਕਿ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਵੀ ਇਸ ਮੀਟਿੰਗ 'ਚ ਸ਼ਾਮਲ ਹੋਣ ਦੀ ਹਾਮੀ ਭਰੀ ਸੀ, ਪਰ ਉਹ ਪਹੁੰਚੇ ਨਹੀਂ। ਮੀਟਿੰਗ 'ਚ ਵੜਿੰਗ ਖਿਲਾਫ ਖਾਕਾ ਵੀ ਤਿਆਰ ਕੀਤਾ ਗਿਆ ਤਾਂ ਜੋ ਹਾਈਕਮਾਂਡ ਨੂੰ ਜਾਣੂ ਕਰਾਇਆ ਜਾ ਸਕੇ।

ਇਸ ਖਾਕੇ ਵਿੱਚ ਰਾਜਾ ਵੜਿੰਗ ਦੀ ਬਿਆਨਬਾਜ਼ੀ ਕਾਰਨ ਜ਼ਮੀਨੀ ਪੱਧਰ 'ਤੇ ਕਾਂਗਰਸ ਨੂੰ • ਬਾਕੀ ਸਫਾ 2 'ਤੇ





## ਚੰਪਤ ਰਾਏ ਤੋਂ ਖਹਿੜਾ ਛੁਡਾਇਆ, ਕ੍ਰਿਸ਼ਨ ਮੋਹਨ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਅੰਤਰਮ ਜਨਰਲ ਸਕੱਤਰ

**ਅਯੁੱਧਿਆ (ਨਵਾਂ ਜ਼ਮਾਨਾ ਸਰਵਿਸ)**



ਚੰਪਤ ਰਾਏ ਕ੍ਰਿਸ਼ਨ ਮੋਹਨ

ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਨੇ ਸੋਮਵਾਰ ਅਯੁੱਧਿਆ ਵਿੱਚ ਰਾਮ ਮੰਦਰ ਨੂੰ ਦਿੱਤੇ ਗਏ ਦਾਨ ਵਿੱਚ ਚੋਰੀ ਦੀ ਚੱਲ ਰਹੀ ਜਾਂਚ ਦਰਮਿਆਨ ਟਰੱਸਟ ਨੇ ਜਨਰਲ ਸਕੱਤਰ ਚੰਪਤ ਰਾਏ ਅਤੇ ਟਰੱਸਟੀ ਡਾ. ਅਨਿਲ ਕੁਮਾਰ ਮਿਸ਼ਰਾ ਦੇ ਅਸਤੀਫੇ ਮਨਜ਼ੂਰ ਕਰ ਲਏ ਅਤੇ ਕ੍ਰਿਸ਼ਨ ਮੋਹਨ ਨੂੰ ਅੰਤਰਮ ਜਨਰਲ ਸਕੱਤਰ ਨਿਯੁਕਤ ਕਰ ਦਿੱਤਾ, ਜਦੋਂ ਕਿ ਗੋਵਿੰਦ ਗਿਰੀ ਟਰੱਸਟ ਦੇ ਖਜ਼ਾਨਚੀ ਬਣੇ ਰਹਿਣਗੇ। 74 ਸਾਲਾ ਕ੍ਰਿਸ਼ਨ ਮੋਹਨ ਇੰਡੀਅਨ ਫਾਰੈਸਟ ਸਰਵਿਸ ਦੇ ਰਿਟਾਇਰਡ ਅਧਿਕਾਰੀ ਹਨ। ਉਨ੍ਹਾ ਨੂੰ ਕਮਲੇਸ਼ਵਰ ਚੌਪਾਲ ਦੀ ਮੌਤ ਤੋਂ ਬਾਅਦ ਸਤੰਬਰ 2025 ਵਿੱਚ ਟਰੱਸਟੀ ਬਣਾਇਆ ਗਿਆ ਸੀ। ਹਰਦੋਈ ਜ਼ਿਲ੍ਹੇ ਨਾਲ ਸੰਬੰਧ ਰੱਖਣ ਵਾਲੇ ਮੋਹਨ ਪੂਰਬੀ ਯੂ ਪੀ ਦੇ ਆਰ ਐੱਸ ਐੱਸ ਦੇ ਛੇਤਰ ਸੰਘ ਚਾਲਕ ਹਨ।

ਟਰੱਸਟ ਦਫਤਰ ਵਿੱਚ ਬਿਨਾਂ ਬੁਲਾਏ ਪਹੁੰਚੇ ਗੋਪਾਲ ਰਾਓ ਨੂੰ ਕਮਰੇ ਵਿੱਚੋਂ ਬਾਹਰ ਕੱਢ ਦਿੱਤਾ ਗਿਆ। ਟਰੱਸਟ ਦੇ ਕਈ ਮੈਂਬਰ ਚੰਪਤ ਰਾਏ ਅਤੇ ਅਨਿਲ ਮਿਸ਼ਰਾ ਨਾਲ ਬਹੁਤ ਗੁੱਸੇ ਵਿੱਚ ਦਿਖਾਈ ਦਿੱਤੇ।

ਖਜ਼ਾਨਚੀ ਸਵਾਮੀ ਗੋਵਿੰਦ ਦੇਵ ਗਿਰੀ ਨੇ ਮੀਟਿੰਗ ਤੋਂ ਬਾਅਦ ਦੱਸਿਆ ਕਿ ਮੀਟਿੰਗ ਵਿੱਚ 15 ਵਿੱਚੋਂ ਨੌਂ ਮੈਂਬਰ ਮੌਜੂਦ ਸਨ, ਜਦੋਂ ਕਿ ਦੋ • ਬਾਕੀ ਸਫਾ 2 'ਤੇ

## ਇਹ ਦਿੱਲੀ ਤੇ ਲਖਨਊ ਦੀ ਲੜਾਈ : ਅਖਿਲੇਸ਼

**ਲਖਨਊ (ਨ ਜ਼ ਸ)**-ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਸੋਮਵਾਰ ਭਾਜਪਾ 'ਤੇ ਹਮਲਾ ਕਰਦਿਆਂ ਦੋਸ਼ ਲਗਾਇਆ ਕਿ ਰਾਮ ਮੰਦਰ ਦੇ ਦਾਨ ਦੀ ਚੋਰੀ ਦੀ ਜਾਂਚ ਸੀ ਬੀ ਆਈ ਵਰਗੀਆਂ ਕੇਂਦਰੀ ਏਜੰਸੀਆਂ ਦੀ ਬਜਾਏ ਵਿਸ਼ੇਸ਼ ਜਾਂਚ ਟੀਮ (ਸਿੱਟ) ਨੂੰ ਇਸ ਕਰਕੇ ਸੌਂਪੀ ਗਈ, ਕਿਉਂਕਿ ਪਾਰਟੀ ਵਿੱਚ ਅੰਦਰੂਨੀ ਸੱਤਾ ਸੰਘਰਸ਼ ਚੱਲ ਰਿਹਾ ਹੈ। ਅਖਿਲੇਸ਼ ਨੇ ਭਾਜਪਾ ਦਾ ਨਾਂਅ ਲਏ ਬਿਨਾਂ ਇਸ਼ਾਰਾ ਕੀਤਾ ਕਿ ਇਸ ਦੇ ਦੋ ਸੱਤਾ ਕੇਂਦਰ ਹਨ—ਇੱਕ ਲਖਨਊ ਵਿੱਚ ਅਤੇ ਦੂਜਾ ਦਿੱਲੀ ਵਿੱਚ। ਉਨ੍ਹਾ ਦੋਸ਼ ਲਾਇਆ ਕਿ ਜਾਂਚ ਇਸ ਅੰਦਰੂਨੀ ਦੁਸ਼ਮਣੀ ਤੋਂ ਪ੍ਰਭਾਵਤ ਹੈ।

ਜਦੋਂ ਪੱਤਰਕਾਰਾਂ ਨੇ ਈ ਡੀ, ਸੀ ਬੀ ਆਈ ਅਤੇ ਆਮਦਨ ਕਰ ਵਿਭਾਗ ਵਰਗੀਆਂ ਕੇਂਦਰੀ ਏਜੰਸੀਆਂ ਦਾ ਜ਼ਿਕਰ ਕੀਤਾ, ਤਾਂ ਅਖਿਲੇਸ਼ ਯਾਦਵ ਨੇ ਵਿਸਥਾਰ ਨਾਲ ਕਿਹਾ, 'ਤੁਸੀਂ ਈ ਡੀ, ਸੀ ਬੀ ਆਈ ਅਤੇ ਆਮਦਨ ਕਰ ਦੇ ਜ਼ਿਕਰ ਨੂੰ ਸਹੀ ਢੰਗ ਨਾਲ ਨਹੀਂ ਸਮਝਿਆ। ਮੈਂ ਸੱਤਾ ਦੇ ਸੰਘਰਸ਼ ਬਾਰੇ ਗੱਲ ਕਰ ਰਿਹਾ ਸੀ। ਜੇ ਈ ਡੀ, ਸੀ ਬੀ ਆਈ ਜਾਂ ਆਮਦਨ ਕਰ ਸ਼ਾਮਲ ਹੁੰਦੇ, ਤਾਂ ਜਾਂਚ ਦਾ ਇੰਚਾਰਜ ਕੌਣ ਹੁੰਦਾ? ਦਿੱਲੀ ਲੀਡਰਸ਼ਿਪ ਦੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਲਖਨਊ ਧੜੇ ਨੇ ਹਰ • ਬਾਕੀ ਸਫਾ 2 'ਤੇ

## ਕੁੱਲੂ-ਮੰਡੀ ਤੇ ਚੰਡੀਗੜ੍ਹ ਵਿਚਾਲੇ ਹੈਲੀ ਸੇਵਾ ਸ਼ੁਰੂ



**ਸ਼ਿਮਲਾ** : ਸੋਮਵਾਰ ਤੋਂ ਕੁੱਲੂ, ਮੰਡੀ ਅਤੇ ਚੰਡੀਗੜ੍ਹ ਦਰਮਿਆਨ ਰੋਜ਼ਾਨਾ ਹੈਲੀਕਾਪਟਰ ਸੇਵਾਵਾਂ ਦੀ ਸ਼ੁਰੂਆਤ ਹੋ ਗਈ। ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਮੰਡੀ ਵਿੱਚ ਨਵੇਂ ਵਿਕਸਤ ਕੀਤੇ ਗਏ ਕੰਗਣੀਧਾਰ ਹੈਲੀਪੋਰਟ ਤੋਂ ਮੰਡੀ-ਚੰਡੀਗੜ੍ਹ ਅਤੇ ਕੁੱਲੂ-ਮੰਡੀ-ਚੰਡੀਗੜ੍ਹ ਵਿਚਕਾਰ ਚੱਲਣ ਵਾਲੀਆਂ ਇਨ੍ਹਾਂ ਹੈਲੀਕਾਪਟਰ ਸੇਵਾਵਾਂ ਦਾ ਵਰਚੁਅਲੀ ਉਦਘਾਟਨ ਕੀਤਾ। ਕੁੱਲੂ ਤੋਂ ਹੈਲੀਕਾਪਟਰ ਸਵੇਰੇ 9 ਵਜੇ ਉੱਡ ਕੇ ਅਤੇ 9:10 ਵਜੇ ਮੰਡੀ ਪਹੁੰਚੇਗਾ। ਉੱਥੋਂ ਸਵਾ ਨੌਂ ਵਜੇ ਪੌਣੇ ਦੱਸ ਵਜੇ ਚੰਡੀਗੜ੍ਹ ਪਹੁੰਚੇਗਾ। ਵਾਪਸੀ ਵਿੱਚ ਚੰਡੀਗੜ੍ਹ ਤੋਂ ਸਵੇਰੇ 10 ਵਜੇ ਉੱਡ ਕੇ 10:30 ਵਜੇ ਮੰਡੀ ਪਹੁੰਚੇਗਾ ਅਤੇ ਉੱਥੋਂ 10:35 ਵਜੇ ਰਵਾਨਾ ਹੋ ਕੇ ਸਵੇਰੇ 10:45 ਵਜੇ ਕੁੱਲੂ ਪਹੁੰਚੇਗਾ। ਮੰਡੀ-ਚੰਡੀਗੜ੍ਹ ਰੂਟ ਦਾ ਅਨੁਮਾਨਤ ਕਿਰਾਇਆ 3500 ਰੁਪਏ ਤੈਅ ਕੀਤਾ ਗਿਆ ਹੈ, ਜਦੋਂ ਕਿ ਕੁੱਲੂ-ਮੰਡੀ-ਚੰਡੀਗੜ੍ਹ ਰੂਟ ਦਾ 8500 ਰੁਪਏ ਰੱਖਿਆ ਗਿਆ ਹੈ।

## ਬੱਚੀ ਨੋਚ ਖਾਧੀ



**ਟਾਂਡਾ ਉੜਮੁੜ/ਅੱਡਾ ਸਰਾਂ (ਜਸਵਿੰਦਰ ਸੰਧੂ/ਮਿਥਲੇਸ਼ ਗਰਗ/ਜਸਵੀਰ ਕਾਜਲ)**-ਪਿੰਡ ਬੱਸੀ ਜਲਾਲ ਸੰਪਰਕ ਸੜਕ 'ਤੇ ਐਤਵਾਰ ਦੇਰ ਸ਼ਾਮ ਅਵਾਰਾ ਕੁੱਤਿਆਂ ਨੇ ਪਰਵਾਸੀ ਖੇਤ ਮਜ਼ਦੂਰਾਂ ਦੀ ਕਰੀਬ 4 ਵਰ੍ਹਿਆਂ ਦੀ ਬੱਚੀ ਨੂੰ ਨੋਚ ਕੇ ਮਾਰ ਦਿੱਤਾ। ਉਸ ਵੇਲੇ ਉਸ ਦੇ ਮਾਤਾ ਪਿਤਾ ਜੀਵਨ ਅਤੇ ਪ੍ਰੀਤੀ ਪੋਲਟਰੀ ਫਾਰਮ ਨਜ਼ਦੀਕ ਝੋਨਾ ਲਗਾ ਰਹੇ ਸਨ। ਉਨ੍ਹਾਂ ਬੱਚੀ ਗੁਣਗੁਣ ਨੂੰ ਕੁਝ ਦੂਰ ਮੋਟਰ 'ਤੇ ਦਰੱਖਤ ਦੀ ਛਾਂ ਥੱਲੇ ਪਾਇਆ ਹੋਇਆ ਸੀ। ਇਸ ਦੌਰਾਨ ਅਵਾਰਾ ਕੁੱਤਿਆਂ ਨੇ ਬੱਚੀ 'ਤੇ ਹਮਲਾ ਕਰ ਦਿੱਤਾ ਅਤੇ ਉਸ ਨੂੰ ਘਸੀਟ ਕੇ ਲੈ ਗਏ।ਚੀਕਾਂ ਸੁਣ ਉਸ ਦੇ ਮਾਤਾ-ਪਿਤਾ ਓਧਰ ਦੌੜੇ। ਉਸ ਨੂੰ ਟਾਂਡਾ ਦੇ ਸਰਕਾਰੀ ਹਸਪਤਾਲ ਲਿਆਂਦਾ, ਪਰੰਤੂ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਹੁਸ਼ਿਆਰਪੁਰ ਰੈਫਰ ਕੀਤਾ ਗਿਆ, ਜਿੱਥੇ ਉਸ ਦੀ ਮੌਤ ਹੋ ਗਈ।

## ਦਿਨ-ਦਿਹਾੜੇ ਹੱਤਿਆ

**ਆਦਮਪੁਰ (ਪਰਮਜੀਤ ਸਿੰਘ)**-ਆਦਮਪੁਰ ਦੇ ਨਜ਼ਦੀਕੀ ਪਿੰਡ ਡਰੋਲੀ ਕਲਾਂ ਵਿਖੇ ਦਿਨ-ਦਿਹਾੜੇ ਗੋਲੀਆਂ ਮਾਰ ਕੇ ਨੌਜਵਾਨ ਦਵਿੰਦਰ ਸਿੰਘ ਉਰਫ਼ ਬਾਜਾ ਵਾਸੀ ਪਿੰਡ ਡਮੁੰਡਾ, ਥਾਣਾ ਆਦਮਪੁਰ ਨੂੰ ਮਾਰ ਦਿੱਤਾ। ਦੋਸ਼ ਹੈ ਕਿ ਵਾਰਦਾਤ ਨੂੰ ਅੰਜਾਮ ਦੇਣ ਵਾਲਾ ਮੁਲਜ਼ਮ ਮਨਪ੍ਰੀਤ ਸਿੰਘ ਉਰਫ਼ ਗੰਗੂ ਹੈ, ਜੋ ਕਿ ਪਿੰਡ ਡਰੋਲੀ ਕਲਾਂ ਦਾ ਹੀ ਰਹਿਣ ਵਾਲਾ ਹੈ। ਮ੍ਰਿਤਕ ਤੇ ਹਮਲਾਵਰ ਦੋਵਾਂ ਖ਼ਿਲਾਫ਼ ਪਹਿਲਾਂ ਵੀ ਕਈ ਅਪਰਾਧਿਕ ਮਾਮਲੇ ਦਰਜ ਹਨ।

## ਸ਼ਰਧਾਲੂਆਂ ਦੀ ਗਿਣਤੀ ਘਟੀ

**ਦੇਹਰਾਦੂਨ** : ਮੀਂਹ ਕਾਰਨ ਪਿਛਲੇ ਪੰਜ ਦਿਨਾਂ ਦੌਰਾਨ ਹੇਮਕੁੰਟ ਸਾਹਿਬ ਅਤੇ ਚਾਰ ਧਾਮਾਂ ਵਿੱਚ ਪਹੁੰਚਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਵਿੱਚ 30 ਫੀਸਦੀ ਦੀ ਵੱਡੀ ਕਮੀ ਦਰਜ ਕੀਤੀ ਗਈ ਹੈ। ਇੱਕ ਜੁਲਾਈ ਨੂੰ ਇਨ੍ਹਾਂ ਧਰਮ ਸਥਾਨਾਂ 'ਤੇ 27,232 ਸ਼ਰਧਾਲੂ ਨਤਮਸਤਕ ਹੋਏ ਸਨ, ਪਰ 5 ਜੁਲਾਈ ਤੱਕ ਇਹ ਅੰਕੜਾ ਘਟ ਕੇ ਸਿਰਫ 19,202 ਰਹਿ ਗਿਆ। ਸਰਕਾਰੀ ਅਧਿਕਾਰੀ ਨੇ ਦੱਸਿਆ ਕਿ ਜਿਵੇਂ-ਜਿਵੇਂ ਮੌਨਸੂਨ ਤੇਜ਼ ਹੋ ਰਿਹਾ ਹੈ, ਸ਼ਰਧਾਲੂਆਂ ਦੀ ਆਮਦ ਵਿੱਚ ਲਗਾਤਾਰ ਗਿਰਾਵਟ ਆ ਰਹੀ ਹੈ।

# ਬ੍ਰਾਜ਼ੀਲ ਤੇ ਮੈਕਸੀਕੋ ਬਾਹਰ



ਨਾਰਵੇ ਦਾ ਹਾਲੈਂਡ ਬ੍ਰਾਜ਼ੀਲ ਖਿਲਾਫ ਗੋਲ ਦਾਗਦਾ ਹੋਇਆ।



ਮੈਕਸੀਕੋ ਵਿਰੁੱਧ ਗੋਲ ਕਰਨ ਤੋਂ ਬਾਅਦ ਖੁਸ਼ੀ ਮਨਾਉਂਦਾ ਹੈਰੀ ਕੇਨ।

**ਨਿਊ ਜਰਸੀ (ਨ ਜ਼ ਸ)**

ਪੰਜ ਵਾਰ ਦੀ ਚੈਂਪੀਅਨ ਬ੍ਰਾਜ਼ੀਲ ਦੀ ਟੀਮ ਵਿਸ਼ਵ ਕੱਪ ਤੋਂ ਬਾਹਰ ਹੋ ਗਈ ਹੈ। ਸੋਮਵਾਰ ਪ੍ਰੀ-ਕੁਆਰਟਰ ਫਾਈਨਲ ਵਿੱਚ ਨਾਰਵੇ ਉਸ ਨੂੰ 2-1 ਨਾਲ ਹਰਾ ਕੇ ਪਹਿਲੀ ਵਾਰ ਕੁਆਰਟਰ ਫਾਈਨਲ ਵਿੱਚ ਪਹੁੰਚਿਆ। ਹੁਣ ਉਸ ਦਾ ਸਾਹਮਣਾ ਇੰਗਲੈਂਡ ਨਾਲ ਹੋਵੇਗਾ, ਜਿਸ ਨੇ ਮੇਜ਼ਬਾਨ ਮੈਕਸੀਕੋ ਨੂੰ 3-2 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਥਾਂ ਪੱਕੀ ਕੀਤੀ।

ਹਾਰ ਤੋਂ ਬਾਅਦ ਬ੍ਰਾਜ਼ੀਲ ਦੇ ਸਟਾਰ ਫੁੱਟਬਾਲਰ ਨੇਮਾਰ ਜੂਨੀਅਰ ਨੇ ਕੌਮਾਂਤਰੀ ਫੁੱਟਬਾਲ ਤੋਂ ਸੰਨਿਆਸ ਲੈ ਲਿਆ। ਉਸ ਨੇ ਅਮਰੀਕਾ ਦੇ ਨਿਊ ਜਰਸੀ ਸਟੇਡੀਅਮ ਵਿੱਚ ਖੇਡੇ ਗਏ ਮੈਚ ਵਿੱਚ ਬ੍ਰਾਜ਼ੀਲ ਦਾ ਇੱਕੋ-ਇੱਕ ਗੋਲ ਕੀਤਾ। ਏਰਲਿੰਗ ਹਾਲੈਂਡ ਨੇ ਨਾਰਵੇ ਲਈ ਦੋਵੇਂ ਗੋਲ ਕੀਤੇ। 34 ਸਾਲਾ ਨੇਮਾਰ ਨੇ ਕਿਹਾ, 'ਮੈਂ ਆਪਣੀ ਤਰਫੋਂ ਪੂਰੀ ਕੋਸ਼ਿਸ਼ ਕੀਤੀ। ਮੇਰਾ ਸਫਰ ਇੱਥੋਂ ਸ਼ੁਰੂ ਹੋਇਆ ਸੀ ਅਤੇ ਹੁਣ ਇੱਥੇ ਹੀ ਖਤਮ ਹੁੰਦਾ ਹੈ। ਬ੍ਰਾਜ਼ੀਲ ਲਈ ਮੇਰਾ ਅਧਿਆਇ ਖਤਮ ਹੋ ਗਿਆ ਹੈ।' ਨੇਮਾਰ ਨੇ 2010 ਵਿੱਚ ਨਿਊ ਜਰਸੀ ਵਿੱਚ ਹੀ ਅਮਰੀਕਾ ਦੇ ਖਿਲਾਫ ਬ੍ਰਾਜ਼ੀਲ ਵੱਲੋਂ ਪਹਿਲਾ ਮੈਚ ਖੇਡਿਆ ਸੀ।



ਹਾਰਨ ਤੋਂ ਬਾਅਦ ਨੇਮਾਰ ਨੇ ਕੌਮਾਂਤਰੀ ਫੁੱਟਬਾਲ ਤੋਂ ਸੰਨਿਆਸ ਲਿਆ।

72ਵੇਂ ਮਿੰਟ ਵਿੱਚ ਐਂਡਰੀਅਸ ਸ਼ੈਲਡਰੂਪ ਨੇ ਖੱਬੇ ਪਾਸੇ ਤੋਂ ਇੱਕ ਸ਼ਾਨਦਾਰ ਕਰਾਸ ਦਿੱਤਾ, ਜਿਸ ਨੂੰ ਹਾਲੈਂਡ ਨੇ ਇੱਕ ਸ਼ਕਤੀਸ਼ਾਲੀ ਹੈਡਰ ਨਾਲ ਗੋਲ ਵਿੱਚ ਬਦਲ ਕੇ ਨਾਰਵੇ ਨੂੰ 1-0 ਦੀ ਬੜ੍ਹਤ ਦਿਵਾਈ। ਇੰਜਰੀ ਟਾਈਮ ਤੋਂ ਠੀਕ ਪਹਿਲਾਂ ਹਾਲੈਂਡ ਨੇ ਆਪਣਾ ਦੂਜਾ ਗੋਲ ਕੀਤਾ। ਇਹ ਟੂਰਨਾਮੈਂਟ ਦੇ ਉਸ ਦੇ ਕ੍ਰਮਵਾਰ ਛੇਵੇਂ ਅਤੇ ਸੱਤਵੇਂ ਗੋਲ ਸਨ। ਇਸ ਨਾਲ ਉਸ ਨੇ ਗੋਲਡਨ ਬੂਟ ਦੀ ਦੌੜ ਵਿੱਚ ਲਿਓਨਲ ਮੈਸੀ ਅਤੇ ਕਾਇਲੀਅਨ ਐਮਬਾਪੇ ਦੀ ਬਰਾਬਰੀ ਕੀਤੀ।

ਨੇਮਾਰ ਨੇ ਇੰਜਰੀ ਟਾਈਮ ਦੇ 10ਵੇਂ ਮਿੰਟ ਵਿੱਚ ਪੈਨਲਟੀ 'ਤੇ ਗੋਲ ਕਰਕੇ ਸਕੋਰ 2-1 ਕਰ ਦਿੱਤਾ, ਪਰ ਉਦੋਂ ਤੱਕ ਬਹੁਤ ਦੇਰ ਹੋ ਚੁੱਕੀ ਸੀ। ਇਸ ਗੋਲ ਨੇ ਹਾਰ ਦਾ ਫਰਕ ਸਿਰਫ ਘਟਾਇਆ ਹੀ। 1990 ਤੋਂ ਬਾਅਦ ਇਹ ਪਹਿਲਾ ਮੌਕਾ ਸੀ, ਜਦੋਂ ਬ੍ਰਾਜ਼ੀਲ ਏਨੀ ਜਲਦੀ ਵਿਸ਼ਵ ਕੱਪ ਤੋਂ ਬਾਹਰ ਹੋ ਗਿਆ।

ਸੱਟਾਂ ਨਾਲ ਜੂਝ ਰਹੇ ਨੇਮਾਰ ਨੇ ਇਸ ਵਿਸ਼ਵ ਕੱਪ ਵਿੱਚ ਸਿਰਫ ਦੋ ਮੈਚ ਖੇਡੇ। ਉਹ ਨਾਰਵੇ ਦੇ ਖਿਲਾਫ ਦੂਜੇ ਹਾਫ ਵਿੱਚ ਮੈਦਾਨ 'ਤੇ ਆਇਆ ਅਤੇ ਪੈਨਲਟੀ 'ਤੇ ਗੋਲ ਕੀਤਾ। ਬ੍ਰਾਜ਼ੀਲ ਦੇ ਕਪਤਾਨ ਮਾਰਕਿਨਹੋਸ ਨੇ ਕਿਹਾ, 'ਹੁਣ ਖਿਡਾਰੀਆਂ ਦੀ ਇੱਕ ਨਵੀਂ ਪੀੜ੍ਹੀ ਦਾ ਸਮਾਂ ਹੈ।'

ਨੇਮਾਰ ਨੇ 130 ਕੌਮਾਂਤਰੀ ਮੈਚ ਖੇਡੇ ਹਨ। ਸਿਰਫ ਕਾਫੂ (142) ਨੇ ਹੀ ਬ੍ਰਾਜ਼ੀਲ ਲਈ ਉਸ ਤੋਂ ਵੱਧ ਮੈਚ ਖੇਡੇ ਹਨ। ਆਪਣੇ ਆਖਰੀ ਮੈਚ ਵਿੱਚ ਗੋਲ ਕਰਕੇ, ਨੇਮਾਰ ਨੇ ਮਹਾਨ ਪੇਲੇ ਦੇ ਰਿਕਾਰਡ ਦੀ ਬਰਾਬਰੀ ਕੀਤੀ। ਦੋਵਾਂ ਖਿਡਾਰੀਆਂ ਨੇ ਚਾਰ-ਚਾਰ ਫੀਫਾ ਵਿਸ਼ਵ ਕੱਪ ਵਿੱਚ ਗੋਲ ਕੀਤੇ। ਨੇਮਾਰ ਕੌਮਾਂਤਰੀ ਗੋਲਾਂ ਦੇ ਮਾਮਲੇ ਵਿੱਚ ਪੇਲੇ ਤੋਂ ਤਿੰਨ ਗੋਲ ਅੱਗੇ ਹੈ। ਪੇਲੇ ਦੇ 77 ਗੋਲ ਹਨ, ਜਦੋਂ ਕਿ ਨੇਮਾਰ ਦੇ 80 ਗੋਲ ਹਨ। ਇਹ • ਬਾਕੀ ਸਫਾ 2 'ਤੇ

## ਸਾਮਰਾਜਵਾਦੀਆਂ ਦੀ ਮੁਨਾਫ਼ਾ ਕਮਾਉਣ ਦੀ ਅੰਨ੍ਹੀ ਹਵਸ ਯੁੱਧਾਂ ਦਾ ਕਾਰਨ : ਬੰਤ ਬਰਾੜ

### ਸੰਵਿਧਾਨ ਤੇ ਜਮਹੂਰੀਅਤ ਬਚਾਉਣ ਲਈ ਹੋਰ ਹੀਲੇ-ਵਸੀਲੇ ਤਲਾਸ਼ੇ ਜਾਣ

**ਜਲੰਧਰ (ਗਿਆਨ ਸੈਦਪੁਰੀ)**



'ਸਾਮਰਾਜਵਾਦੀਆਂ ਦੀ ਪਾਸਾਰਵਾਦੀ ਨੀਤੀ, ਪੈਸੇ ਦੀ ਅੰਨ੍ਹੀ ਹੋੜ, ਮਾਰੂ ਹਥਿਆਰਾਂ ਦੀ ਵਿਕਰੀ ਨਾਲ ਬੇ-ਹਿਸਾਬਾ ਮੁਨਾਫ਼ਾ ਕਮਾਉਣ ਦੀ ਪ੍ਰਵਿਰਤੀ ਹੀ ਦੁਨੀਆ ਵਿੱਚ ਯੁੱਧਾਂ, ਜੰਗਾਂ ਦਾ ਕਾਰਨ ਹੈ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ, ਪੰਜਾਬ ਏਟਕ ਦੇ ਪ੍ਰਧਾਨ ਅਤੇ ਸੀ ਪੀ ਆਈ ਦੀ ਪੰਜਾਬ ਇਕਾਈ ਦੇ ਸਾਬਕਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਕੀਤਾ। ਉਹ ਪਾਰਟੀ ਦਫ਼ਤਰ ਜਲੰਧਰ ਵਿਖੇ ਜ਼ਿਲ੍ਹਾ ਕੌਂਸਲ ਅਤੇ ਤਹਿਸੀਲ ਕਮੇਟੀਆਂ ਦੀ ਸਾਂਝੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਆਪਣੇ ਸੰਬੋਧਨ ਵਿੱਚ 1925 ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੀ ਸਥਾਪਨਾ, ਕੀਤੀਆਂ ਪ੍ਰਾਪਤੀਆਂ, 1962 ਵਿੱਚ ਪਾਰਟੀ ਦੀ ਵੰਡ ਤੇ ਇਸ ਨਾਲ ਪੈਦਾ ਹੋਈਆਂ ਅਣਸੁਖਾਵੀਆਂ ਸਥਿਤੀਆਂ, ਸੀ ਪੀ ਆਈ ਵੱਲੋਂ ਖੱਬੀਆਂ ਧਿਰਾਂ ਦੀ ਏਕਤਾ ਲਈ ਕੀਤੀਆਂ ਜਾ ਰਹੀਆਂ ਸੁਹਿਰਦ ਕੋਸ਼ਿਸ਼ਾਂ, ਭਾਜਪਾ ਅਤੇ ਆਰ ਐੱਸ ਐੱਸ ਵੱਲੋਂ ਹਿੰਦੂਤਵ ਦੀ ਹਿਤੈਸ਼ੀ ਹੋਣ ਦੀ ਆੜ ਵਿੱਚ ਕੀਤੇ ਜਾ ਰਹੇ ਧਰੁਵੀਕਰਨ ਅਤੇ ਪੰਜਾਬ ਦੇ ਹਾਲਾਤ ਦਾ ਵਿਸਥਾਰ ਨਾਲ ਵਰਣਨ ਕੀਤਾ।

ਉਨ੍ਹਾ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੀਆਂ ਆਪ-ਹੁਦਰੀਆਂ ਕਾਰਨ ਉਸ ਦਾ ਵਿਰੋਧ ਉਸ ਦੇ ਆਪਣਿਆਂ ਵੱਲੋਂ ਹੀ ਕੀਤਾ ਜਾ ਰਿਹਾ ਹੈ। ਈਰਾਨ ਦਾ ਨਕਸ਼ਾ ਮਿਟਾ ਦੇਣ ਦੀਆਂ ਧਮਕੀਆਂ ਦੇਣ ਵਾਲਾ ਟਰੰਪ ਖੁਦ ਅੱਕੀਂ-ਪਲਾਹੀਂ ਹੱਥ ਮਾਰਦਾ ਨਜ਼ਰ ਆ ਰਿਹਾ ਹੈ। ਆਪਣੇ ਮੁਲਕ ਲਈ ਪੂਰੀ ਤਰ੍ਹਾਂ ਸੁਹਿਰਦ ਈਰਾਨ ਇੱਕ ਵਾਰ ਤਾਂ ਹੀਰੋ ਬਣ ਕੇ ਉੱਭਰਿਆ ਹੈ।

ਆਰ ਐੱਸ ਐੱਸ ਅਤੇ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਗੱਲ ਕਰਦਿਆਂ ਕਾਮਰੇਡ ਬਰਾੜ ਨੇ ਕਿਹਾ ਕਿ ਉਹ ਜਿੱਥੇ ਭਾਰਤ ਦੀਆਂ ਲੋਕਤੰਤਰੀ ਰਵਾਇਤਾਂ ਦਾ ਘਾਣ ਕਰ ਰਹੇ ਹਨ, ਉੱਥੇ ਉਹ ਫਿਰਕਾਪ੍ਰਸਤੀ ਦਾ ਜ਼ਹਿਰ ਫੈਲਾਉਣ ਦੇ ਜ਼ਹਿਰੀਲੇ ਪ੍ਰਚਾਰ ਨੂੰ ਲਗਾਤਾਰ ਅੱਗੇ ਵਧਾ ਰਹੇ ਹਨ। ਦੇਸ਼ ਦੇ ਪ੍ਰਧਾਨ ਮੰਤਰੀ ਦੀ 'ਕਾਰਸ਼ਤਾਨੀ' ਦਾ ਜ਼ਿਕਰ ਕਰਦਿਆਂ ਬਰਾੜ ਨੇ ਕਿਹਾ ਕਿ ਜਦੋਂ ਅਮਰੀਕਾ ਤੇ ਇਜ਼ਰਾਈਲ ਈਰਾਨ ਵਿਰੁੱਧ ਯੁੱਧ ਲੜਨ ਦੀਆਂ ਵਿਉਂਤਾਂ 'ਚ ਮਸਰੂਫ ਸਨ ਤਾਂ ਮੋਦੀ ਜੀ ਇਜ਼ਰਾਇਲ ਨੂੰ ਆਪਣੇ ਪੁਰਖਿਆਂ ਦੀ ਧਰਤੀ ਦੱਸਣ ਲਈ ਇਜ਼ਰਾਈਲੀ ਸ਼ਾਸਕਾਂ ਨਾਲ ਘਿਉ-ਖਿਚੜੀ ਹੋਣ ਲਈ ਉਨ੍ਹਾਂ ਦੇ ਖਾਸ ਮਹਿਮਾਨ ਬਣਦੇ ਹਨ। ਦੂਸਰੇ ਪਾਸੇ ਸਾਡੇ ਆਪਣੇ ਮੁਲਕ ਵਿੱਚ ਬਹੁਤ ਸਾਰੀਆਂ ਅਣਸੁਖਾਵੀਆਂ ਤੇ ਬੇਹੱਦ ਸੋਗਵਾਰ ਪ੍ਰਸਥਿਤੀਆਂ ਮੌਕੇ ਪ੍ਰਧਾਨ ਮੰਤਰੀ • ਬਾਕੀ ਸਫਾ 2 'ਤੇ

## ਅੱਜ-ਨਾਮਾ

ਕਰੀ ਅੱਜ ਮੀਟਿੰਗ ਵੜਿੰਗ ਵਿਰੋਧੀਆਂ ਨੇ,
ਜਾਰੀ ਕਰਿਆ ਈ ਕਰੜਾ ਬਿਆਨ ਮੀਆਂ।
ਬਾਈਕਾਟ ਲਈ ਕੀਤੀ ਹੈ ਸਰਬ ਸੰਮਤੀ,
ਲਾਇਆ ਪੰਜਾਬ ਦਾ ਖੂੰਜੇ ਪ੍ਰਧਾਨ ਮੀਆਂ।
ਹਰ ਕੋਈ ਆਪਣੀ ਬਾਤ ਬੱਸ ਕਹੀ ਜਾਵੇ,
ਆਉਂਦੀ ਕਾਬੂ ਨਹੀਂ ਕਦੇ ਜ਼ਬਾਨ ਮੀਆਂ।
ਆਗੂ ਕੇਂਦਰ ਦਾ ਆਵੇ ਕੋਈ ਪੁੱਛਦਾ ਨਾ,
ਫਸੀ ਮੁਸ਼ਕਲ ਆ ਕੇਂਦਰ ਕਮਾਨ ਮੀਆਂ।
ਲੀਡਰ ਸੀਨੀਅਰ ਜੋ ਅੱਧੇ ਕੁ ਪਾਰਟੀ ਦੇ,
ਅੰਦਰੂਨੀ ਭਾਜਪਾ ਦਾ ਰੱਖਣ ਜੋੜ ਮੀਆਂ।
ਗਿਣਤੀ ਉਂਗਲਾਂ ਉੱਪਰ ਬੱਸ ਰੋਜ਼ ਹੁੰਦੀ,
ਲੀਡਰ ਕੌਣ ਸਕਦਾ ਪਾਰਟੀ ਛੋੜ ਮੀਆਂ।

-ਤੀਸ ਮਾਰ ਖਾਂ

# ਭਾਜਪਾ ਨੇ ਹਿੰਦੂ ਧਰਮ ਦਾ ਧਾੜਵੀਆਂ ਨਾਲੋਂ ਵੀ ਵੱਧ ਨੁਕਸਾਨ ਕੀਤਾ : ਕੇਜਰੀਵਾਲ

### ਭਾਜਪਾ ਪ੍ਰਧਾਨ ਨਿਤਿਨ ਨਬੀਨ ਦੇ ਕਾਫਲੇ ਅੱਗੇ 'ਬਜਰੰਗ ਬਲੀ' ਨੂੰ ਨਚਾਉਣ 'ਤੇ ਤਿੱਖਾ ਹਮਲਾ

**ਨਵੀਂ ਦਿੱਲੀ (ਨ ਜ਼ ਸ)**

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਕਈ ਸੀਨੀਅਰ ਆਗੂਆਂ ਨੇ ਲਖਨਊ ਵਿੱਚ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਦੇ ਕਾਫਲੇ ਦੇ ਸਾਹਮਣੇ ਭਗਵਾਨ ਹਨੂੰਮਾਨ ਦੇ ਰੂਪ ਵਿੱਚ ਨੱਚਦੇ ਇੱਕ ਵਿਅਕਤੀ ਦੀ ਵਾਇਰਲ ਵੀਡੀਓ 'ਤੇ ਤਿੱਖਾ ਹਮਲਾ ਕੀਤਾ ਹੈ। ਕੇਜਰੀਵਾਲ ਨੇ ਕਿਹਾ ਕਿ ਭਾਜਪਾ ਦੇ ਮੈਂਬਰਾਂ ਨੇ ਹਿੰਦੂ ਧਰਮ ਨੂੰ ਉਸ ਤੋਂ ਵੱਧ ਨੁਕਸਾਨ ਤੇ ਅਪਮਾਨ ਪਹੁੰਚਾਇਆ ਹੈ, ਜਿੰਨਾ ਭਾਰਤ ਦੇ 5,000 ਸਾਲਾਂ ਦੇ ਇਤਿਹਾਸ ਵਿੱਚ ਬਾਹਰੋਂ ਆਏ ਅੱਤਵਾਦੀਆਂ ਨੇ ਵੀ ਨਹੀਂ ਕੀਤਾ ਹੈ। ਇਨ੍ਹਾਂ ਲੋਕਾਂ ਨੇ ਜਿੰਨਾ ਹਿੰਦੂਆਂ ਨੂੰ ਲੁੱਟਿਆ ਹੈ, ਓਨਾ ਕਿਸੇ ਨੇ ਵੀ ਨਹੀਂ ਲੁੱਟਿਆ। ਭਾਜਪਾ ਦੇ ਮੈਂਬਰ ਹਿੰਦੂ ਧਰਮ 'ਤੇ ਇੱਕ ਧੱਬਾ ਹਨ। ਉਨ੍ਹਾ ਨਿਤਿਨ ਨਬੀਨ ਨੂੰ ਸਵਾਲ ਕਰਦਿਆਂ ਪੁੱਛਿਆ, "ਤੁਸੀਂ ਕੀ ਕਰ ਰਹੇ ਹੋ? ਕੀ ਤੁਹਾਨੂੰ ਸ਼ਰਮ ਆਉਂਦੀ ਹੈ? ਪੂਰੇ ਹਿੰਦੂ ਭਾਈਚਾਰੇ ਤੋਂ ਮੁਆਫੀ ਮੰਗੋ।"

ਕੇਜਰੀਵਾਲ ਨੇ ਇੱਕ ਵੀਡੀਓ ਸਾਂਝੀ ਕਰਦਿਆਂ ਕਿਹਾ, "ਇਹ ਦੋਵੇਂ ਤਸਵੀਰਾਂ ਹਿੰਦੂ ਧਰਮ ਸੰਬੰਧੀ ਦੋ ਵੱਖ-ਵੱਖ ਵਿਚਾਰਧਾਰਾਵਾਂ ਦਾ ਪ੍ਰਤੀਕ ਹਨ। ਸਾਡੀ ਵਿਚਾਰਧਾਰਾ ਇਹ ਹੈ ਕਿ ਅਸੀਂ ਭਗਵਾਨ ਰਾਮ ਅਤੇ ਹਨੂੰਮਾਨ ਦੇ ਭਗਤ ਹਾਂ ਅਤੇ ਸਾਡਾ ਉਨ੍ਹਾਂ ਵਿੱਚ ਪੂਰਾ ਵਿਸ਼ਵਾਸ ਅਤੇ ਸ਼ਰਧਾ ਹੈ। ਅਸੀਂ ਉਨ੍ਹਾਂ ਦੀ ਪੂਜਾ ਕਰਦੇ ਹਾਂ, ਉਨ੍ਹਾਂ ਅੱਗੇ ਆਪਣਾ ਸਿਰ ਝੁਕਾਉਂਦੇ ਹਾਂ ਅਤੇ ਉਨ੍ਹਾਂ ਤੋਂ ਆਸ਼ੀਰਵਾਦ ਲੈਂਦੇ ਹਾਂ। ਦੂਜੇ ਪਾਸੇ ਉਨ੍ਹਾਂ (ਭਾਜਪਾ) ਦੀ ਵਿਚਾਰਧਾਰਾ ਇਹ ਹੈ ਕਿ ਇਹ ਲੋਕ ਹਨੂੰਮਾਨ ਅਤੇ ਰਾਮਚੰਦਰ ਭਗਵਾਨ ਨੂੰ ਦੇਵਤਾ ਵੀ ਨਹੀਂ ਮੰਨਦੇ। ਉਨ੍ਹਾਂ ਲਈ, ਰਾਮ ਅਤੇ ਹਨੂੰਮਾਨ ਸਿਰਫ ਸ਼ਕਤੀ ਅਤੇ ਦੌਲਤ ਹਾਸਲ ਕਰਨ ਦਾ ਇੱਕ ਸਾਧਨ ਹਨ। ਉਨ੍ਹਾਂ ਨੂੰ ਭਗਵਾਨ ਦਾ ਅਪਮਾਨ ਕਰਨ ਵਿੱਚ ਰਤਾ ਵੀ ਝਿਜਕ ਨਹੀਂ ਹੁੰਦੀ।"

'ਆਪ' ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਕਿਹਾ ਕਿ ਇਹ ਕਿਹੋ ਜਿਹਾ ਮਜ਼ਾਕ ਹੈ? ਭਾਜਪਾ ਆਗੂ ਭਗਵਾਨ ਬਜਰੰਗਬਲੀ ਨੂੰ ਆਪਣੇ ਜਲੂਸਾਂ ਵਿੱਚ ਭਾਜਪਾ ਦਾ ਝੰਡਾ ਹੱਥ ਵਿੱਚ ਫੜਾ ਕੇ ਨਚਾ ਰਹੇ ਹਨ। ਜੇ ਇਹ ਸਭ ਇਸੇ ਤਰ੍ਹਾਂ ਜਾਰੀ ਰਿਹਾ, ਤਾਂ ਭਾਜਪਾ ਹਿੰਦੂਵਾਦ ਨੂੰ ਪੂਰੀ ਤਰ੍ਹਾਂ ਖਤਮ ਕਰ ਦੇਵੇਗੀ ਅਤੇ ਦੇਸ਼ 'ਤੇ ਭਾਜਪਾਵਾਦ ਮੜ੍ਹ ਦੇਵੇਗੀ। ਉਹ ਆਪਣੇ ਨੇਤਾਵਾਂ ਨੂੰ ਹੀ ਦੇਵਤਾ ਐਲਾਨ ਦੇਣਗੇ, ਉਨ੍ਹਾਂ ਦੇ ਮੰਦਰ ਬਣਾਉਣਗੇ • ਬਾਕੀ ਸਫਾ 2 'ਤੇ

## ਤੁਸੀਂ ਕੌਣ ਹੋ ?

ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ 'ਤੇ ਕੀਤੀ ਗਈ 'ਤੁਸੀਂ ਕੌਣ ਹੋ?' ਵਾਲੀ ਟਿੱਪਣੀ ਤੋਂ ਬਾਅਦ ਦੋਵਾਂ ਪਾਰਟੀਆਂ ਵਿਚਾਲੇ ਇੱਕ ਨਵਾਂ ਸਿਆਸੀ ਟਕਰਾਅ ਸ਼ੁਰੂ ਹੋ ਗਿਆ ਹੈ। ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਹੈ ਕਿ ਕੇਜਰੀਵਾਲ ਦਾ ਹੰਕਾਰ ਅਜੇ ਵੀ ਸਿਰ ਚੜ੍ਹ ਕੇ ਬੋਲ ਰਿਹਾ ਹੈ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇੱਕ ਪੋਸਟ ਰਾਹੀਂ ਰੇਖਾ ਗੁਪਤਾ ਨੇ ਨਿਤਿਨ ਨਬੀਨ ਦਾ ਬਚਾਅ ਕਰਦਿਆਂ ਉਨ੍ਹਾ ਦੇ ਸਿਆਸੀ ਸਫ਼ਰ ਦਾ ਵੇਰਵਾ ਸਾਂਝਾ ਕੀਤਾ। ਉਨ੍ਹਾ ਲਿਖਿਆ ਕਿ ਨਬੀਨ ਭਾਜਪਾ ਦੇ ਸਭ ਤੋਂ ਨੌਜਵਾਨ ਕੌਮੀ ਪ੍ਰਧਾਨ ਬਣੇ ਹਨ, ਬਿਹਾਰ ਦੇ ਬਾਂਕੀਪੁਰ ਵਿਧਾਨ ਸਭਾ ਹਲਕੇ ਤੋਂ ਲਗਾਤਾਰ ਚਾਰ ਵਾਰ ਚੋਣ ਜਿੱਤ ਚੁੱਕੇ ਹਨ ਅਤੇ ਭਾਰਤੀ ਜਨਤਾ ਯੁਵਾ ਮੋਰਚਾ ਤੋਂ ਸ਼ੁਰੂਆਤ ਕਰਕੇ ਪਾਰਟੀ ਦੇ ਸਭ ਤੋਂ ਉੱਚੇ ਸੰਗਠਨਾਤਮਕ ਅਹੁਦੇ ਤੱਕ ਪਹੁੰਚੇ ਹਨ। ਇਸ ਵਿਵਾਦ ਦੀ ਸ਼ੁਰੂਆਤ • ਬਾਕੀ ਸਫਾ 2 'ਤੇ

## ਚੰਡੀਗੜ੍ਹ ਪੁਲਸ ਕੋਲ ਸ਼ਿਕਾਇਤ

**ਚੰਡੀਗੜ੍ਹ** : ਲਖਨਊ ਵਿੱਚ ਭਾਜਪਾ ਪ੍ਰਧਾਨ ਨਿਤਿਨ ਨਬੀਨ ਦੇ ਰੋਡ ਸ਼ੋਅ ਦੌਰਾਨ ਭਗਵਾਨ ਹਨੂੰਮਾਨ ਬਣੇ ਬੰਦੇ ਵੱਲੋਂ ਨੱਚਣ ਨੂੰ ਲੈ ਕੇ ਚੰਡੀਗੜ੍ਹ ਦੇ ਡੀ ਜੀ ਪੀ ਅਤੇ ਐੱਸ ਐੱਸ ਪੀ ਕੋਲ ਸ਼ਿਕਾਇਤ ਦਰਜ ਕਰਵਾਈ ਗਈ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਇਸ ਕਾਰਵਾਈ ਨੇ ਲੱਖਾਂ ਹਿੰਦੂਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਇਹ ਸ਼ਿਕਾਇਤ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਵਕੀਲ ਅਤੇ ਵਕੀਲਾਂ ਦੀ ਕੌਂਸਲ ਦੇ ਚੇਅਰਮੈਨ ਵਾਸੂ ਰੰਜਨ ਨੇ ਈਮੇਲ ਰਾਹੀਂ ਦਰਜ ਕਰਵਾਈ ਹੈ। ਉਨ੍ਹਾ ਦੋਸ਼ ਲਾਇਆ ਕਿ ਇੱਕ ਸਿਆਸੀ ਸਮਾਗਮ ਦੌਰਾਨ ਭਗਵਾਨ ਹਨੂੰਮਾਨ ਦੇ ਪਵਿੱਤਰ ਪਹਿਰਾਵੇ ਦੀ ਵਰਤੋਂ ਇੱਕ ਸਤਿਕਾਰਯੋਗ ਧਾਰਮਕ ਚਿੰਨ੍ਹ ਦੀ ਅਣਉਚਿਤ ਅਤੇ ਅਪਮਾਨਜਨਕ ਵਰਤੋਂ ਦੇ ਬਰਾਬਰ ਹੈ।

ਸ਼ਿਕਾਇਤ ਵਿੱਚ ਤੁਰੰਤ ਐੱਫ ਆਈ ਆਰ ਦਰਜ ਕਰਨ, ਨਿਰਪੱਖ ਜਾਂਚ ਅਤੇ ਘਟਨਾ ਨਾਲ ਸੰਬੰਧਤ ਸਾਰੇ ਸਬੂਤਾਂ ਨੂੰ ਸੁਰੱਖਿਅਤ ਰੱਖਣ ਦੀ ਮੰਗ ਕੀਤੀ ਗਈ ਹੈ। ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਭਗਵਾਨ ਹਨੂੰਮਾਨ ਹਿੰਦੂ ਧਰਮ ਦੇ ਸਭ ਤੋਂ ਸਤਿਕਾਰਯੋਗ ਦੇਵਤਿਆਂ ਵਿੱਚੋਂ ਇੱਕ ਹਨ ਅਤੇ ਸਿਆਸੀ ਪ੍ਰਚਾਰ ਲਈ ਉਨ੍ਹਾ ਦੀ ਤਸਵੀਰ ਜਾਂ ਪਹਿਰਾਵੇ ਦੀ ਵਰਤੋਂ ਕਰਨਾ ਬਹੁਤ ਇਤਰਾਜ਼ਯੋਗ ਹੈ। ਅਜਿਹਾ ਕੰਮ ਸ਼ਰਧਾਲੂਆਂ ਦੇ ਵਿਸ਼ਵਾਸ ਦਾ ਅਪਮਾਨ ਹੈ ਅਤੇ ਭਾਰਤੀ ਨਿਆਏ ਸੰਹਿਤਾ 2023 ਦੀ ਧਾਰਾ 299 ਦੇ ਉਪਬੰਧਾਂ ਨੂੰ ਆਕਰਸ਼ਤ ਕਰ ਸਕਦਾ ਹੈ, ਜੋ ਧਾਰਮਕ ਭਾਵਨਾਵਾਂ ਨੂੰ ਭੜਕਾਉਣ ਦ • ਬਾਕੀ ਸਫਾ 2 'ਤੇ

## 'ਸਤਲੁਜ' 'ਤੇ ਪਾਬੰਦੀ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ : ਸੰਧੂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਸੰਘਰਸ਼ 'ਤੇ ਅਧਾਰਤ ਫ਼ਿਲਮ ਪਹਿਲਾਂ 'ਪੰਜਾਬ 95' ਦੇ ਨਾਂ ਹੇਠ ਲੰਬੇ ਸਮੇਂ ਤੱਕ ਕਾਨੂੰਨੀ ਤੇ ਸੈਂਸਰ ਪ੍ਰਕਿਰਿਆਵਾਂ ਵਿੱਚ ਉਲਝੀ ਰਹੀ।ਬਾਅਦ ਵਿੱਚ ਇਸ ਦਾ ਨਾਂ ਬਦਲ ਕੇ 'ਸਤਲੁਜ' ਰੱਖਿਆ ਗਿਆ ਅਤੇ ਇਸ ਨੂੰ ਓ ਟੀ ਟੀ ਪਲੇਟਫਾਰਮ 'ਤੇ ਰਿਲੀਜ਼ ਕੀਤਾ ਗਿਆ।ਹੁਣ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਰਿਲੀਜ਼ ਤੋਂ ਕੁਝ ਹੀ ਸਮੇਂ ਬਾਅਦ ਇਸ ਨੂੰ ਪਲੇਟਫਾਰਮ ਤੋਂ ਹਟਾ ਦਿੱਤਾ ਗਿਆ, ਜੋ ਨਿਰਾਸ਼ਾਜਨਕ ਹੈ। ਇਹ ਵਿਚਾਰ ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ (ਆਪ) ਆਗੂ ਤੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਪ੍ਰਗਟ ਕੀਤੇ।ਉਨ੍ਹਾ ਕਿਹਾ ਕਿ ਇਤਿਹਾਸ, ਇਨਸਾਫ਼ ਤੇ ਸਮਾਜ ਨਾਲ ਜੁੜੇ ਵਿਸ਼ਿਆਂ 'ਤੇ ਬਣੀਆਂ ਫ਼ਿਲਮਾਂ ਬਾਰੇ ਖੁੱਲ੍ਹੀ ਚਰਚਾ ਹੋਣੀ ਚਾਹੀਦੀ ਹੈ।ਲੋਕਤੰਤਰ ਵਿੱਚ ਹਰ ਕਿਸੇ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਦਾ ਅਧਿਕਾਰ ਹੈ ਤੇ ਕਿਸੇ ਵੀ ਇਤਿਹਾਸਕ ਵਿਸ਼ੇ ਨੂੰ ਸਾਹਮਣੇ ਲਿਆਉਣ ਤੋਂ ਰੋਕਣਾ ਠੀਕ ਨਹੀਂ ਮੰਨਿਆ ਜਾ ਸਕਦਾ।ਉਨ੍ਹਾਂ ਕਿਹਾ ਕਿ ਸੱਚ ਨੂੰ ਲੰਬੇ ਸਮੇਂ ਤੱਕ ਦਬਾਇਆ ਨਹੀਂ ਜਾ ਸਕਦਾ ਤੇ ਇਤਿਹਾਸ ਆਪਣੀ ਗਵਾਹੀ ਆਪ ਦਿੰਦਾ ਹੈ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਹੱਕ, ਸੱਚ ਤੇ ਇਨਸਾਫ਼ ਦੀ ਆਵਾਜ਼ ਦੇ ਨਾਲ ਖੜ੍ਹੇ ਰਹੇ ਹਨ ਤੇ ਅੱਗੇ ਵੀ ਰਹਿਣਗੇ।ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਇਸ ਫ਼ਿਲਮ ਵਿੱਚ ਦਿਲਜੀਤ ਸਿੰਘ ਦੋਸਾਂਝ ਨੇ ਭਾਈ ਜਸਵੰਤ ਸਿੰਘ ਖਾਲੜਾ ਦਾ ਕਿਰਦਾਰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਇਆ ਹੈ।ਉਨ੍ਹਾਂ ਫ਼ਿਲਮ ਦੇ ਨਿਰਦੇਸ਼ਕ, ਨਿਰਮਾਤਾਵਾਂ ਤੇ ਸਮੁੱਚੀ ਟੀਮ ਨੂੰ ਇਸ ਮਹੱਤਵਪੂਰਨ ਵਿਸ਼ੇ ਨੂੰ ਪਰਦੇ 'ਤੇ ਲਿਆਉਣ ਲਈ ਵਧਾਈ ਤੇ ਧੰਨਵਾਦ ਦਿੱਤਾ।

## ਬੇਕਰੀ ਦੀ ਦੁਕਾਨ 'ਚ ਅੱਗ ਲੱਗਣ ਕਾਰਨ ਲੱਖਾਂ ਦਾ ਨੁਕਸਾਨ



**ਭੀਖੀ (ਧਰਮਵੀਰ ਸ਼ਰਮਾ, ਗੁਰਿੰਦਰ ਸਿੰਘ ਔਲਖ)**-ਬੀਤੀ ਅੱਧੀ ਰਾਤ ਨੂੰ ਸਥਾਨਕ ਗੁਰਦੁਆਰਾ ਰੋਡ 'ਤੇ ਨਗਰ ਪੰਚਾਇਤ ਦਫਤਰ ਦੇ ਸਾਹਮਣੇ ਇੱਕ ਬੇਕਰੀ ਦੀ ਦੁਕਾਨ 'ਚ ਅੱਗ ਲੱਗਣ ਕਾਰਨ ਲੱਖਾਂ ਦਾ ਨੁਕਸਾਨ ਹੋ ਗਿਆ ਤੇ ਅੱਗ 'ਤੇ 2 ਦਮਕਲ ਗੱਡੀਆਂ ਨਾਲ ਕਾਬੂ ਪਾਇਆ ਗਿਆ। ਦੁਕਾਨ ਮਾਲਕ ਕੋਮਲ ਸ਼ਰਮਾ ਨੇ ਦੱਸਿਆ ਕਿ ਬੀਤੀ ਅੱਧੀ ਰਾਤ 12 ਵਜੇ ਦੇ ਕਰੀਬ ਦੁਕਾਨ ਵਿੱਚ ਸ਼ਾਰਟ ਸਰਕਟ ਹੋਣ ਕਾਰਨ ਅੱਗ ਲੱਗ ਗਈ, ਜਿਸ ਨਾਲ ਉਸ ਦਾ ਦੁਕਾਨ ਵਿੱਚ ਵੱਡੀ ਮਾਤਰਾ 'ਚ ਪਏ ਕੇਕ, ਪੇਸਟਰੀ ਦੇ ਨਾਲ 3 ਡੀਪ ਫਰੀਜਰ, ਏ.ਸੀ. ਪੱਖੇ, ਮਾਈਕਰੋਵੇਵ ਤੋਂ ਇਲਾਵਾ ਕੇਕ ਬਣਾਉਣ ਲਈ ਵਰਤੀ ਜਾਂਦੀ ਸਮੱਗਰੀ ਤੇ ਮਸ਼ੀਨਾਂ ਸੜ ਕੇ ਸੁਆਹ ਹੋ ਗਈਆਂ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਨਾਲ 6 ਲੱਖ ਰੁਪਏ ਦੇ ਕਰੀਬ ਨੁਕਸਾਨ ਹੋ ਗਿਆ। ਉਨ੍ਹਾਂ ਪ੍ਰਸ਼ਾਸਨ 'ਤੇ ਸ਼ਿਕਵਾ ਕਰਦਿਆਂ ਕਿਹਾ ਕਿ ਬੇਸ਼ੱਕ ਰਾਤ ਨੂੰ ਪੁਲਸ ਤੇ ਅੱਗ ਬੁਝਾਊ ਦਫਤਰ ਦਾ ਅਮਲਾ ਪਹੁੰਚ ਗਿਆ ਸੀ, ਪ੍ਰੰਤੂ ਅੱਜ ਸਵੇਰੇ ਸੱਤਾਧਾਰੀ ਪਾਰਟੀ ਦਾ ਕੋਈ ਵੀ ਆਗੂ ਅਤੇ ਨਾ ਹੀ ਨਗਰ ਪੰਚਾਇਤ ਦਾ ਪ੍ਰਧਾਨ ਤੇ ਕੌਂਸਲਰ ਉਨ੍ਹਾਂ ਦੀ ਸਾਰ ਲੈਣ ਪੁੱਜੇ। ਰਾਤ ਵੀ ਦੁਕਾਨ ਸਾਹਮਣੇ ਨਗਰ ਪੰਚਾਇਤ ਦਫਤਰ ਦਾ ਦਰਵਾਜ਼ਾ ਬੜੀ ਮੁਸ਼ਕਲ ਨਾਲ ਖੁੱਲ੍ਹਵਾਇਆ ਗਿਆ। ਇਸ ਮੌਕੇ ਵਪਾਰਕ ਆਗੂ ਰਜਨੀਸ਼ ਸ਼ਰਮਾ, ਭਾਜਪਾ ਆਗੂ ਵਿਵੇਕ ਜੈਨ ਬੱਬੂ, ਪ੍ਰਸ਼ੋਤਮ ਗੋਇਲ ਬਿੱਲੂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਦੁਕਾਨਦਾਰ ਬੜੀ ਮੁਸ਼ਕਲ ਨਾਲ ਆਪਣਾ ਕਾਰੋਬਾਰ ਚਲਾ ਰਿਹਾ ਸੀ, ਨੂੰ ਤੁਰੰਤ ਵਿੱਤੀ ਮਦਦ ਦਿੱਤੀ ਜਾਵੇ।

## ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਪਿੰਡ ਛਾਹੜ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਇਕਾਈ ਪ੍ਰਧਾਨ ਅਮਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਮਾਤਾ-ਭੈਣਾਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਖ਼ਜ਼ਾਨਚੀ ਅਮਨਦੀਪ ਸਿੰਘ ਮਹਿਲਾਂ ਅਤੇ ਬਲਾਕ ਆਗੂ ਹਰਬੰਸ ਸਿੰਘ ਦਿੜ੍ਹਬਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੀ ਜਾ ਰਹੀ ਟਰੇਡ ਡੀਲ ਪੰਜਾਬ ਦੀ ਖੇਤੀ ਤੇ ਕਿਸਾਨਾਂ ਲਈ ਬਹੁਤ ਘਾਤਕ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਜੇਕਰ ਇਹ ਸਮਝੌਤਾ ਲਾਗੂ ਹੁੰਦਾ ਹੈ ਤਾਂ ਖੇਤੀਬਾੜੀ ਨੂੰ ਭਾਰੀ ਨੁਕਸਾਨ ਪਹੁੰਚੇਗਾ ਅਤੇ ਕਿਸਾਨਾਂ ਦੀ ਆਰਥਿਕ ਹਾਲਤ ਹੋਰ ਵੀ ਮਾੜੀ ਹੋ ਜਾਵੇਗੀ।ਆਗੂਆਂ ਨੇ 10 ਜੁਲਾਈ ਨੂੰ ਚੰਡੀਗੜ੍ਹ ਵਿਖੇ ਇਸ ਟਰੇਡ ਡੀਲ ਦੇ ਵਿਰੋਧ ਵਿੱਚ ਹੋਣ ਵਾਲੇ ਵਿਸ਼ਾਲ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਉਨ੍ਹਾਂ ਦੱਸਿਆ ਕਿ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕਰਕੇ ਕਿਸਾਨਾਂ ਤੇ ਮਾਤਾ-ਭੈਣਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਤੇ 10 ਜੁਲਾਈ ਨੂੰ ਵੱਡੀ ਗਿਣਤੀ ਵਿੱਚ ਲੋਕ ਚੰਡੀਗੜ੍ਹ ਪਹੁੰਚਣਗੇ।ਇਸੇ ਲੜੀ ਤਹਿਤ ਪਿੰਡ ਕੌਹਰੀਆਂ ਵਿੱਚ ਵੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵੀ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਮਾਤਾ-ਭੈਣਾਂ ਨੇ ਹਿੱਸਾ ਲਿਆ।ਮੀਟਿੰਗਾਂ ਦੌਰਾਨ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਅਮਰੀਕਾ ਨਾਲ ਟਰੇਡ ਡੀਲ ਕੀਤੀ ਗਈ ਤਾਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਇਸ ਦੇ ਵਿਰੋਧ ਵਿੱਚ ਤਿੱਖਾ ਅਤੇ ਵਿਸ਼ਾਲ ਸੰਘਰਸ਼ ਵਿੱਢਿਆ ਜਾਵੇਗਾ।

## ਨਸ਼ਿਆਂ ਦੇ ਮਾਰੂ ਰੁਝਾਨ ਨੂੰ ਠੱਲ੍ਹ ਪਾਉਣ ਲਈ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ : ਐੱਸ ਐੱਚ ਓ



**ਮਹਿਲ ਕਲ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨਸ਼ਿਆਂ ਦੇ ਖਤਰਨਾਕ ਰੁਝਾਨ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਸਹਿਯੋਗ ਬੇਹੱਦ ਜ਼ਰੂਰੀ ਹੈ।ਇਹ ਪ੍ਰਗਟਾਵਾ ਪੁਲਿਸ ਥਾਣਾ ਠੁੱਲੀਵਾਲ ਦੇ ਨਵੇਂ ਆਏ ਮੁੱਖ ਅਫਸਰ ਐਸ ਐਚ ਓ ਅਜੈਬ ਸਿੰਘ ਨੇ ਕੀਤਾ।ਉਨ੍ਹਾਂ ਕਿਹਾ ਕਿ ਥਾਣਾ ਠੁੱਲੀਵਾਲ ਦੇ ਅਧਿਕਾਰ ਖੇਤਰ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਕਰਨ ਵਾਲਿਆਂ, ਅਮਨ-ਕਾਨੂੰਨ ਨੂੰ ਭੰਗ ਕਰਨ ਵਾਲਿਆਂ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।ਉਨ੍ਹਾਂ ਸ਼ਪੱਸ਼ਟ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਤੇ ਤੇਜ਼ੀ ਨਾਲ ਲਾਗੂ ਕਰਦਿਆਂ ਨਸ਼ਾ ਤਸਕਰਾਂ ਖ਼ਿਲਾਫ਼ ਲਗਾਤਾਰ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਸਬੰਧੀ ਕੋਈ ਵੀ ਸੂਚਨਾ ਮਿਲਣ 'ਤੇ ਤੁਰੰਤ ਕਾਰਵਾਈ ਕੀਤੀ ਜਾਏਗੀ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਨਸ਼ਾ ਤਸਕਰਾਂ ਅਤੇ ਅਪਰਾਧਿਕ ਗਤੀਵਿਧੀਆਂ ਸਬੰਧੀ ਜਾਣਕਾਰੀ ਪੁਲਿਸ ਨਾਲ ਸਾਂਝੀ ਕਰਨ।ਜਾਣਕਾਰੀ ਦੇਣ ਵਾਲੇ ਨਾਗਰਿਕ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।ਉਨ੍ਹਾਂ ਬੁਲਟ ਮੋਟਰਸਾਈਕਲਾਂ 'ਤੇ ਪਟਾਕੇ ਮਾਰ ਕੇ ਲੋਕਾਂ ਨੂੰ ਪ੍ਰੇਸ਼ਾਨ ਕਰਨ ਵਾਲਿਆਂ ਨੂੰ ਵੀ ਚਿਤਾਵਨੀ ਦਿੰਦਿਆਂ ਕਿਹਾ ਕਿ ਅਜਿਹੇ ਲੋਕਾਂ ਖ਼ਿਲਾਫ਼ ਬਿਨਾਂ ਕਿਸੇ ਢਿੱਲ ਦੇ ਤੁਰੰਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।ਉਨ੍ਹਾਂ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਅਪਰਾਧ ਮੁਕਤ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੁਲਸ ਦਾ ਸਹਿਯੋਗ ਕਰਨ।

## ਪੀ ਡੀ ਏ ਦੇ ਮੁੱਖ ਪ੍ਰਸ਼ਾਸਕ ਵੱਲੋਂ ਵੱਡੀ ਨਦੀ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਦੇ ਕੰਮਾਂ ਦਾ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੀ.ਡੀ.ਏ. ਪਟਿਆਲਾ ਦੇ ਮੁੱਖ ਪ੍ਰਸ਼ਾਸਕ ਅਪਰਨਾ ਐੱਮ. ਬੀ. ਨੇ ਮੌਨਸੂਨ ਸੀਜ਼ਨ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ ਡਰੇਨੇਜ ਵਿਭਾਗ ਤੇ ਪੀ.ਡੀ.ਏ. ਪਟਿਆਲਾ ਦੇ ਅਧਿਕਾਰੀਆਂ ਨਾਲ ਵੱਡੀ ਨਦੀ ਤੇ ਪਿੰਡ ਫਲੌਲੀ ਦੇ ਨਾਲ ਲੱਗਦੇ ਇਲਾਕੇ ਦਾ ਨਿਰੀਖਣ ਕੀਤਾ।ਇਸ ਮੌਕੇ ਅਪਰਨਾ ਐੱਮ. ਬੀ. ਨੇ ਵੱਡੀ ਨਦੀ ਦੇ ਨਾਲ ਲੱਗਦੇ ਖੇਤਰਾਂ ਵਿੱਚ ਡਰੇਨੇਜ਼ ਵਿਭਾਗ ਵੱਲੋਂ ਬੰਨ੍ਹ ਬਣਾਉਣ ਤੇ ਮਜ਼ਬੂਤ ਕਰਨ ਦੇ ਪ੍ਰਗਤੀ ਅਧੀਨ ਕੰਮ ਦਾ ਵੀ ਜਾਇਜ਼ਾ ਲਿਆ।ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਹੜ੍ਹਾਂ ਤੋਂ ਰੋਕਥਾਮ ਸਬੰਧੀ ਕੀਤੇ ਜਾ ਰਹੇ ਕੰਮਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਵੀ ਹਦਾਇਤ ਕੀਤੀ।ਉਨ੍ਹਾਂ ਦੱਸਿਆ ਕਿ ਡਰੇਨੇਜ਼ ਵਿਭਾਗ ਨੇ ਇਸ ਕੰਮ ਨੂੰ ਜਲਦੀ ਮੁਕੰਮਲ ਕਰਨ ਦਾ ਭਰੋਸਾ ਦਿਵਾਇਆ ਹੈ।

## ਕੰਧ ਨੂੰ ਸੰਨ੍ਹ ਲਾ ਕੇ ਡਿਲੀਵਰੀ ਦਫ਼ਤਰ 'ਚੋਂ ਨਕਦੀ ਚੋਰੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼ਹਿਰ ਦੇ ਬਠਿੰਡਾ ਰੋਡ ਸਥਿਤ ਇੱਕ ਡਿਲੀਵਰੀ ਦਫ਼ਤਰ ਵਿੱਚ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਜਾਣਕਾਰੀ ਦਿੰਦੇ ਹੋਏ ਮੁਲਾਜ਼ਮ ਸੁਖਜਿੰਦਰ ਸਿੰਘ ਨੇ ਦੱਸਿਆ ਕਿ ਲੰਘੀ ਰਾਤ ਕਰੀਬ 1:30 ਵਜੇ ਚੋਰ ਦਫ਼ਤਰ ਦੀ ਨੌਂ ਇੰਚੀ ਕੰਧ ਨੂੰ ਸੰਨ੍ਹ ਲਾ ਕੇ ਅੰਦਰ ਦਾਖ਼ਲ ਹੋਏ ਅਤੇ ਗੱਲੇ ਵਿੱਚ ਪਈ ਕਰੀਬ 80 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰਕੇ ਫ਼ਰਾਰ ਹੋ ਗਏ।ਇਹ ਸਾਰੀ ਘਟਨਾ ਦਫ਼ਤਰ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ।ਘਟਨਾ ਦਾ ਪਤਾ ਸਵੇਰੇ ਦਫ਼ਤਰ ਕਰੀਬ 6 ਵਜੇ ਦਫ਼ਤਰ ਖੋਲ੍ਹਣ 'ਤੇ ਲੱਗਾ, ਜਿਸ ਤੋਂ ਬਾਅਦ ਤੁਰੰਤ 112 ਨੰਬਰ 'ਤੇ ਪੁਲਸ ਨੂੰ ਸੂਚਿਤ ਕੀਤਾ ਗਿਆ।ਸੁਖਜਿੰਦਰ ਸਿੰਘ ਨੇ ਦੱਸਿਆ ਕਿ ਸੂਚਨਾ ਮਿਲਣ ਉਪਰੰਤ ਪੁਲਸ ਮੌਕੇ 'ਤੇ ਪਹੁੰਚੀ ਤੇ ਘਟਨਾ ਸਥਾਨ ਦਾ ਮੁਆਇਨਾ ਕਰਕੇ ਸੀਸੀਟੀਵੀ ਫੁਟੇਜ ਆਪਣੇ ਕਬਜ਼ੇ ਵਿੱਚ ਲੈ ਲਈ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਚੋਰਾਂ ਦੀ ਪਛਾਣ ਲਈ ਵੱਖ-ਵੱਖ ਪਹਿਲੂਆਂ ਤੋਂ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

## ਰਜਿੰਦਰ ਵਰਮਾ ਨੇ ਨੇਤਰਹੀਣ ਪਰਵਾਰ ਨੂੰ ਦਿੱਤਾ ਰਾਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਨੇ ਸਮਾਜ ਸੇਵਾ ਦੀ ਲੜੀ ਨੂੰ ਜਾਰੀ ਰੱਖਦਿਆਂ ਪਿੰਡ ਠੂਠਿਆਂਵਾਲੀ ਦੇ ਇੱਕ ਬਹੁਤ ਹੀ ਲੋੜਵੰਦ ਪਰਵਾਰ ਨੂੰ ਰਾਸ਼ਨ ਮੁਹੱਈਆ ਕਰਵਾ ਕੇ ਸਹਾਇਤਾ ਕੀਤੀ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਵਰਮਾ ਨੇ ਦੱਸਿਆ ਕਿ ਇਸ ਪਰਵਾਰ ਦੀ ਹਾਲਤ ਬਹੁਤ ਹੀ ਬਦਤਰ ਹੈ।ਪਰਵਾਰ ਦੇ ਕਿਸੇ ਵੀ ਮੈਂਬਰ ਨੂੰ ਅੱਖਾਂ ਤੋਂ ਦਿਖਾਈ ਨਹੀਂ ਦਿੰਦਾ, ਜਿਸ ਕਾਰਨ ਉਨ੍ਹਾਂ ਨੂੰ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ 'ਚ ਵੀ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪਰਵਾਰਾਂ ਦੀ ਮੱਦਦ ਕਰਨਾ ਹਰ ਸਮਾਜਿਕ ਸੰਸਥਾ ਤੇ ਸਮਾਜ ਦੇ ਹਰ ਵਰਗ ਦਾ ਫ਼ਰਜ਼ ਹੈ।ਵਰਮਾ ਨੇ ਸਮਾਜ ਦੇ ਸਮਰੱਥ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੇ ਲੋੜਵੰਦ ਤੇ ਬੇਸਹਾਰਾ ਪਰਵਾਰਾਂ ਦੀ ਮੱਦਦ ਲਈ ਅੱਗੇ ਆਉਣ, ਤਾਂ ਜੋ ਉਨ੍ਹਾਂ ਦੀ ਜ਼ਿੰਦਗੀ ਕੁੱਝ ਹੱਦ ਤੱਕ ਸੁਖਾਲੀ ਹੋ ਸਕੇ।ਇਸ ਮੌਕੇ ਪਰਿਵਾਰਕ ਮੈਂਬਰਾਂ ਨੇ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਹਾਇਤਾ ਨਾਲ ਉਨ੍ਹਾਂ ਨੂੰ ਵੱਡਾ ਸਹਾਰਾ ਮਿਲਿਆ ਹੈ।ਇਸ ਮੌਕੇ ਪੱਤਰਕਾਰ ਗੁਰਪ੍ਰੀਤ ਸਿੰਘ ਧਾਲੀਵਾਲ ਤੇ ਕਮਲਜੀਤ ਸਿੰਘ ਵੀ ਹਾਜ਼ਰ ਸਨ।

## ਪੱਛੜੀਆਂ ਸ਼੍ਰੇਣੀਆਂ ਮੰਡਲ ਕਮਿਸ਼ਨ ਦੀ ਰਿਪੋਰਟ ਲਾਗੂ ਕਰਵਾਉਣ ਸੰਬੰਧੀ ਸੈਮੀਨਾਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਵਿਸ਼ਵਕਰਮਾ ਭਵਨ ਮੋਗਾ ਵਿਖੇ ਪੱਛੜੀਆਂ ਸ਼੍ਰੇਣੀਆਂ ਸਬੰਧੀ ਮੰਡਲ ਰਿਪੋਰਟ ਨੂੰ ਪੂਰਨ ਤੌਰ 'ਤੇ ਲਾਗੂ ਕਰਨ ਸਬੰਧੀ ਵਿਚਾਰ ਵਟਾਂਦਰਾ ਕਰਨ ਸਬੰਧੀ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਇਸ ਦੀ ਪ੍ਰਧਾਨਗੀ ਬਲਵਿੰਦਰ ਸਿੰਘ ਮੁਲਤਾਨੀ ਪ੍ਰਧਾਨ ਓ.ਬੀ.ਸੀ ਫੈਡਰੇਸ਼ਨ ਪੰਜਾਬ ਨੇ ਕੀਤੀ।ਮੁਲਤਾਨੀ ਨੇ ਪੱਛੜੀਆਂ ਸ਼੍ਰੇਣੀਆਂ ਲਈ ਬਣੀ ਮੰਡਲ ਕਮਿਸ਼ਨ ਰਿਪੋਰਟ ਨੂੰ ਪੰਜਾਬ ਵਿੱਚ ਲਾਗੂ ਕੀਤੇ ਜਾਣ ਦੀ ਮੰਗ ਰੱਖੀ।ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਾਰੀਆਂ ਵਿੱਦਿਅਕ ਤੇ ਪੇਸ਼ੇਵਰ ਸੰਸਥਾਵਾਂ ਲਈ 27 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨ ਸਬੰਧੀ, ਪੰਜਾਬ ਦੇ ਸਾਰੇ ਬੋਰਡਾਂ, ਕਾਰਪੋਰੇਸ਼ਨਾਂ, ਸਰਕਾਰੀ ਸਹਾਇਤਾ ਪ੍ਰਾਪਤ ਕਰਨ ਵਾਲੇ ਵਿਭਾਗਾਂ, ਮਿਊਂਸੀਪਲ ਕਮੇਟੀਆਂ, ਜ਼ਿਲ੍ਹਾ ਪ੍ਰੀਸ਼ਦਾਂ, ਬਲਾਕ ਸੰਮਤੀਆਂ, ਨਗਰ ਪੰਚਾਇਤਾਂ ਵਿੱਚ ਓ.ਬੀ.ਸੀ. ਰਿਜ਼ਰਵੇਸ਼ਨ ਲਾਗੂ ਕਰਵਾਉਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਓ.ਬੀ.ਸੀ. ਉਮੀਦਵਾਰਾਂ ਦੀਆਂ ਤਰੱਕੀਆਂ ਵਿੱਚ ਰਾਖਵਾਂਕਰਨ ਲਾਗੂ ਕਰਨ ਸਬੰਧੀ ਮੰਗ ਕੀਤੀ।ਇਸ ਮੌਕੇ ਅਵਤਾਰ ਸਿੰਘ ਸੈਣੀ, ਰਣਜੀਤ ਸਿੰਘ ਜੱਸਲ, ਸਰਬਜੀਤ ਸਿੰਘ ਲਹਿਰੀ ਪ੍ਰਜਾਪਤੀ, ਹਰਜੀਤ ਸਿੰਘ ਰਾਮਗੜ੍ਹੀਆਂ, ਸਵਰਨ ਸਿੰਘ ਬਰਗਾੜੀ, ਪ੍ਰਿੰਸੀਪਲ ਅਵਤਾਰ ਸਿੰਘ ਕਰੀਰ, ਗੁਰਪ੍ਰੀਤਮ ਸਿੰਘ ਚੀਮਾਂ, ਜਸਵਿੰਦਰ ਸਿੰਘ, ਚਰਨਜੀਤ ਸਿੰਘ ਝੰਡਿਆਣਾ, ਨਿਰਮਲ ਸਿੰਘ ਮੀਨੀਆਂ ਆਦਿ ਬੁਲਾਰਿਆਂ ਨੇ ਪੱਛੜੀਆਂ ਸ਼੍ਰੇਣੀਆਂ ਬਾਰੇ ਮੰਡਲ ਕਮਿਸ਼ਨ ਰਿਪੋਰਟ ਵਿਸਥਾਰ ਨਾਲ ਚਰਚਾ ਕੀਤੀ।ਬੁਲਾਰਿਆਂ ਨੇ ਮੰਗ ਕੀਤੀ ਕਿ ਓ.ਬੀ.ਸੀ. ਵਿਦਿਆਰਥੀਆਂ ਦੀਆਂ ਫੀਸਾਂ ਦਾ ਢਾਂਚਾ, ਐੱਸ.ਸੀ./ਐੱਸ.ਟੀ. ਵਿਦਿਆਰਥੀਆਂ ਦੇ ਬਰਾਬਰ ਹੋਣਾ ਚਾਹੀਦਾ ਹੈ।

ਮੰਚ ਦਾ ਸੰਚਾਲਨ ਕਰਦਿਆਂ ਡਾ. ਹਰਨੇਕ ਸਿੰਘ ਰੋਡੇ ਨੇ ਪੱਛੜੀਆਂ ਸ਼੍ਰੇਣੀਆਂ ਨੂੰ ਦਰਪੇਸ਼ ਸਮੱਸਿਆਵਾਂ ਦਾ ਜ਼ਿਕਰ ਕੀਤਾ। ਹਰਮੇਲ ਸਿੰਘ ਡਰੋਲੀ ਭਾਈ ਪ੍ਰਧਾਨ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਨੇ ਸ਼ਾਮਲ ਵਿਅਕਤੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰੀਆਂ ਪੱਛੜੀਆਂ ਸ਼੍ਰੇਣੀਆਂ ਨੂੰ ਆਪਣੇ ਹੱਕਾਂ ਲਈ ਇਕ ਪਲੇਟਫਾਰਮ 'ਤੇ ਇਕੱਠੇ ਹੋਣ ਦੀ ਲੋੜ ਹੈ।ਇਸ ਮੌਕੇ ਸੁਖਦੈਨ ਸਿੰਘ ਰਾਮੂੰਵਾਲੀਆ, ਜਗੀਰ ਸਿੰਘ ਖੋਖਰ, ਹਰਜੀਤ ਸਿੰਘ ਠੇਕੇਦਾਰ, ਗੁਰਚਰਨ ਸਿੰਘ ਰਾਏ, ਐਸ.ਡੀ.ਓ., ਗੁਰਪ੍ਰੀਤ ਸਿੰਘ ਕੰਬੋ ਮੁੱਖ ਸੇਵਾਦਾਰ, ਗੁਰਦੁਆਰਾ ਨਾਮਦੇਵ ਭਵਨ ਮੋਗਾ, ਮਨਜੀਤ ਸਿੰਘ ਮੰਡੀਰਾਂ. ਹਰਪਾਲ ਸਿੰਘ ਸਹਾਰਨ, ਰਣਜੀਤ ਸਿੰਘ ਮਾਲਵਾ, ਸਾਧੂ ਸਿੰਘ ਆਰੇਵਾਲਾ ਅਦਿ ਮੌਜੂਦ ਸਨ।

## ਵਾਲਮੀਕਿ ਸਭਾ ਵੱਲੋਂ ਅਕਾਲੀ ਆਗੂ ਪਵਨ ਗੋਇਲ ਤੇ ਕਾਲਾ ਰਾਜੇਆਣਾ ਦਾ ਸਨਮਾਨ

### ਨਵੀਆਂ ਜ਼ਿੰਮੇਵਾਰੀਆਂ ਮਿਲਣ 'ਤੇ ਦਿੱਤੀਆਂ ਵਧਾਈਆਂ, ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਗਟਾਇਆ ਵਿਸ਼ਵਾਸ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਧਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਸਰਗਰਮ ਤੇ ਮਿਹਨਤੀ ਆਗੂਆਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਜਾ ਰਹੀਆਂ ਹਨ।ਇਸੇ ਕੜੀ ਤਹਿਤ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਕਾਲਾ ਰਾਜੇਆਣਾ ਨੂੰ ਸਰਕਲ ਪ੍ਰਧਾਨ ਤੇ ਪਵਨ ਗੋਇਲ ਨੂੰ ਵਪਾਰ ਮੰਡਲ ਪ੍ਰਧਾਨ ਬਾਘਾ ਪੁਰਾਣਾ ਨਿਯੁਕਤ ਕੀਤਾ ਗਿਆ ਹੈ।ਦੋਵੇਂ ਆਗੂਆਂ ਨੂੰ ਮਿਲੀਆਂ ਨਵੀਆਂ ਜ਼ਿੰਮੇਵਾਰੀਆਂ ਤੋਂ ਬਾਅਦ ਬਾਘਾ ਪੁਰਾਣਾ ਖੇਤਰ ਵਿਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ ਤੇ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਰਾਜਨੀਤਕ ਜਥੇਬੰਦੀਆਂ ਵੱਲੋਂ ਉਨ੍ਹਾਂ ਨੂੰ ਲਗਾਤਾਰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਇਸੇ ਤਹਿਤ ਅੱਜ ਵਾਲਮੀਕਿ ਸਭਾ ਬਾਘਾ ਪੁਰਾਣਾ ਵੱਲੋਂ ਇੱਕ ਸਮਾਗਮ ਦੌਰਾਨ ਕਾਲਾ ਰਾਜੇਆਣਾ ਤੇ ਪਵਨ ਗੋਇਲ ਦਾ ਸਿਰੋਪਾਓ ਪਾ ਕੇ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਭਰਵਾਂ ਸਨਮਾਨ ਕੀਤਾ ਗਿਆ।ਇਸ ਮੌਕੇ ਸਭਾ ਦੇ ਨੁਮਾਇੰਦਿਆਂ ਨੇ ਦੋਵੇਂ ਆਗੂਆਂ ਨੂੰ ਨਵੀਆਂ ਜ਼ਿੰਮੇਵਾਰੀਆਂ ਲਈ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਨੇ ਮਿਹਨਤੀ ਤੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਵਰਕਰਾਂ ਨੂੰ ਅੱਗੇ ਲਿਆ ਕੇ ਇੱਕ ਵਧੀਆ ਸੰਦੇਸ਼ ਦਿੱਤਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਕਾਲਾ ਰਾਜੇਆਣਾ ਤੇ ਪਵਨ ਗੋਇਲ ਆਪਣੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨਸ਼ੀਲ ਰਹਿਣਗੇ।ਸਨਮਾਨ ਤੋਂ ਬਾਅਦ ਕਾਲਾ ਰਾਜੇਆਣਾ ਤੇ ਪਵਨ ਗੋਇਲ ਨੇ ਵਾਲਮੀਕਿ ਸਭਾ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਹਾਈਕਮਾਨ ਵੱਲੋਂ ਉਨ੍ਹਾਂ 'ਤੇ ਜਤਾਏ ਵਿਸ਼ਵਾਸ 'ਤੇ ਉਹ ਪੂਰੀ ਤਰ੍ਹਾਂ ਖਰਾ ਉਤਰਨ ਦੀ ਕੋਸ਼ਿਸ਼ ਕਰਨਗੇ।ਇਸ ਮੌਕੇ ਦਵਿੰਦਰ ਸਿੰਗਲਾ, ਅਮਨ ਛੀਤੇ, ਹਰੀ ਮਾਣੂੰਕੇ, ਮਾਸਟਰ ਸੋਨੂ ਗਿੱਲ ਨਿਹਾਲ ਸਿੰਘ ਵਾਲਾ, ਰਾਜੂ ਰਾਜੇਆਣਾ, ਬੱਗੀ ਰਾਜੇਆਣਾ, ਬਿੱਟੂ ਰਾਜੇਆਣਾ, ਬਿੱਲਾ ਮਾਣੂੰਕੇ, ਨੂਰੀ ਰਾਜੇਆਣਾ, ਮੋਟਾ ਰਾਜੇਆਣਾ, ਸੰਦੀਪ ਵੈਰੋਕੇ ਤੇ ਅਰਸ਼ ਗਿੱਲ ਸਮੇਤ ਹੋਰ ਪਾਰਟੀ ਵਰਕਰ ਤੇ ਸਮਾਜ ਸੇਵੀ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

## ਦੁਕਾਨ 'ਚੋਂ ਨਕਦੀ ਸਮੇਤ ਲੱਖਾਂ ਦੇ ਮੋਬਾਇਲ ਚੋਰੀ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸਥਾਨਕ ਸ਼ਹਿਰ ਦੇ ਲੋਹਾ ਬਜ਼ਾਰ 'ਚ ਸਥਿਤ ਇੱਕ ਦੁਕਾਨ 'ਚੋਂ ਚੋਰਾਂ ਵੱਲੋਂ ਨਕਦੀ ਸਮੇਤ ਲੱਖਾਂ ਰੁਪੈ ਦੀ ਕੀਮਤ ਦੇ ਮੋਬਾਇਲ ਚੋਰੀ ਕਰਨ ਦੀ ਖ਼ਬਰ ਹੈ।ਸ਼ਹਿਰ ਦੇ ਲੋਹਾ ਬਜ਼ਾਰ 'ਚ ਸਥਿਤ ਵੀਤਰਾਗ ਏ. ਸੀ. ਐਂਡ ਇਲੈਕਟ੍ਰੀਕਲ ਦੁਕਾਨ ਦੇ ਮਾਲਕ ਰਾਕੇਸ਼ ਜੈਨ ਨੇ ਚੋਰੀ ਦੀ ਵਾਰਦਾਤ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਐਤਵਾਰ 5 ਜੁਲਾਈ ਨੂੰ ਦੁਕਾਨ ਬੰਦ ਕਰਕੇ ਗਏ ਤੇ ਜਦੋਂ ਅੱਜ ਸਵੇਰੇ 09:30 ਵਜੇ ਆ ਕੇ ਦੁਕਾਨ ਖੋਲ੍ਹੀ ਤਾਂ ਅੰਦਰ ਸਾਮਾਨ ਖਿਲਰਿਆ ਪਿਆ ਸੀ।ਪੜਤਾਲ ਕਰਨ 'ਤੇ ਦੇਖਿਆ ਕਿ ਚੋਰ ਦੁਕਾਨ ਦੀ ਦੂਸਰੀ ਮੰਜ਼ਲ ਤੋਂ ਖਿੜਕੀ ਤੋੜ ਕੇ ਦੁਕਾਨ 'ਚ ਦਾਖਲ ਹੋਏ ਅਤੇ ਦੁਕਾਨ 'ਚੋਂ 10/12 ਹਜ਼ਾਰ ਰੁਪੈ ਦੀ ਨਕਦੀ ਤੋਂ ਇਲਾਵਾ ਕਰੀਬ ਢਾਈ ਲੱਖ ਰੁਪੈ ਦੀ ਕੀਮਤ ਦੇ 8 ਮੋਬਾਇਲ ਚੋਰੀ ਕਰਕੇ ਲੈ ਗਏ।ਉਨ੍ਹਾਂ ਦੱਸਿਆ ਕਿ ਚੋਰ ਦਾ ਇਹ ਕਾਰਨਾਮਾ ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਿਆ।ਉਨ੍ਹਾਂ ਦੱਸਿਆ ਕਿ ਚੋਰੀ ਦੀ ਵਾਰਦਾਤ ਸੰਬੰਧੀ ਉਨ੍ਹਾਂ ਵੱਲੋਂ ਸਿਟੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

## ਡੇਰਾ ਸੱਚਖੰਡ ਬੱਲਾਂ ਨਤਮਸਤਕ ਹੋਏ ਸੋਨੂੰ ਕਟਾਰੀਆ



**ਬੁਢਲਾਡਾ (ਅਸ਼ੋਕ ਲਾਕੜਾ, ਆਤਮਾ ਸਿੰਘ ਪਮਾਰ)**-ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਨੌਜਵਾਨ ਸਭਾ ਦੇ ਪ੍ਰਧਾਨ ਸੋਨੂੰ ਸਿੰਘ ਕਟਾਰੀਆ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਏ।ਉਨ੍ਹਾਂ ਸਭ ਤੋਂ ਪਹਿਲਾਂ ਸੱਚਖੰਡ ਵਿਖੇ ਸੁਸ਼ੋਭਿਤ ਬ੍ਰਹਮਲੀਨ ਸੰਤ ਸਰਵਣ ਦਾਸ ਦੀ ਪ੍ਰਤਿਮਾ ਅੱਗੇ ਨਤਮਸਤਕ ਹੁੰਦਿਆਂ ਫੁੱਲ ਮਲਾਵਾਂ ਭੇਟ ਕੀਤੀਆਂ।ਉਪਰੰਤ ਪਦਮ ਸ੍ਰੀ 108 ਸੰਤ ਨਿਰੰਜਨ ਦਾਸ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਉਨ੍ਹਾਂ ਨੂੰ ਪਦਮ ਸ੍ਰੀ ਪੁਰਸਕਾਰ ਮਿਲਣ ਦੀ ਵਧਾਈ ਦਿੱਤੀ ਤੇ ਮਹਾਂਪੁਰਸ਼ਾਂ ਤੋਂ ਚੜ੍ਹਦੀ ਕਲਾ ਲਈ ਆਸ਼ੀਰਵਾਦ ਲਿਆ।ਸੋਨੂੰ ਸਿੰਘ ਕਟਾਰੀਆ ਨੇ ਕਿਹਾ ਕਿ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣ ਦਾ ਉਨ੍ਹਾਂ ਨੂੰ ਸੁਭਾਗ ਪ੍ਰਾਪਤ ਹੋਇਆ ਹੈ।ਸੰਤ ਮਹਾਂਪੁਰਸ਼ਾਂ ਦੇ ਆਸ਼ੀਰਵਾਦ ਨਾਲ ਬਹੁਜਨ ਸਮਾਜ ਪਾਰਟੀ 2027 ਦੀਆਂ ਚੋਣਾਂ ਵਿਚ ਪੰਜਾਬ ਵਿਚ ਸਰਕਾਰ ਬਣਾਏਗੀ।ਉਨ੍ਹਾਂ ਕਿਹਾ ਕਿ ਗ਼ਰੀਬ ਤੇ ਦਲਿਤ ਵਰਗ ਦੀ ਸੇਵਾ ਬਹੁਜਨ ਸਮਾਜ ਦੀ ਵਿਚਾਰਧਾਰਾ ਦਾ ਮੂਲ ਆਧਾਰ ਹੈ। ਇਸ ਮੌਕੇ ਸੰਤ ਜਗਦੀਸ਼ ਦਾਸ ਜੀ ਡੇਰਾ ਬੋਪੁਰ, ਸੇਵਾਦਾਰ ਹਰਦੇਵ ਦਾਸ, ਕੁਲਵੰਤ ਕਜਲਾ ਜੀ, ਗੁਰਵੀਰ ਸਿੰਘ ਰਾਮਪੁਰਾ ਕੋਠੇ, ਗੁਰਨੂਰ ਸਿੰਘ, ਮਿੱਠਾ ਕੜੈਲ, ਜਗਤਾਰ ਸਾਧਨਵਾਸ, ਬਲਵੀਰ ਬੱਲਰਾਂ, ਗਗਨਦੀਪ ਕੌਰ, ਸੀਰਾ ਕੌਰ ਤੇ ਦਿਕਸ਼ਾ ਕੌਰ ਆਦਿ ਹਾਜ਼ਰ ਸਨ।

## ਬੀਬਾ ਹਰਸਿਮਰਤ ਵੱਲੋਂ ਵੱਖ-ਵੱਖ ਪਰਵਾਰਾਂ ਨਾਲ ਅਫ਼ਸੋਸ ਪ੍ਰਗਟ



**ਭੀਖੀ (ਧਰਮਵੀਰ ਸ਼ਰਮਾ, ਗੁਰਿੰਦਰ ਸਿੰਘ ਔਲਖ)**-ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਵਿਧਾਨ ਸਭਾ ਹਲਕਾ ਮਾਨਸਾ ਦੇ ਪਿੰਡ ਮੋਜੋਂ ਖੁਰਦ, ਭੀਖੀ, ਹਮੀਰਗੜ੍ਹ ਢੈਪਈ ਅਤੇ ਬੀਰ ਖੁਰਦ ਵਿਖੇ ਪਰਵਾਰਾਂ ਨੂੰ ਵਿਛੋੜਾ ਦੇ ਚੁੱਕੇ ਮਰਹੂਮ ਮਹਿੰਦਰ ਕੌਰ ਮੋਜੋਂ, ਪੱਤਰਕਾਰ ਬਲਦੇਵ ਸਿੰਘ ਸਿੱਧੂ ਭੀਖੀ, ਸਹਿਜਪਾਲ ਸਿੰਘ, ਸੁਖਬੀਰ ਸਿੰਘ, ਰਵਿੰਦਰ ਸਿੰਘ ਅਤੇ ਲਾਭ ਕੌਰ ਦੇ ਪਰਿਵਾਰਾਂ ਨਾਲ ਅਫਸੋਸ ਦਾ ਪ੍ਰਗਟਾਵਾ ਕੀਤਾ ਤੇ ਵਿੱਛੜੀਆਂ ਰੂਹਾਂ ਦੀ ਸ਼ਾਂਤੀ ਲਈ ਅਰਦਾਸ ਕੀਤੀ। ਉਨ੍ਹਾਂ ਨਾਲ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਮਜੀਤ ਕੌਰ ਸਮਾਉਂ, ਕੌਂਸਲਰ ਹਰਪ੍ਰੀਤ ਸਿੰਘ ਚਹਿਲ, ਗੁਰਮੇਲ ਸਿੰਘ ਫਫੜੇ, ਕੁਲਦੀਪ ਸਿੰਘ ਭੰਗੂ, ਗੁਰਇਕਬਾਲ ਸਿੰਘ ਬਾਲੀ, ਵਿਜੈ ਕੁਮਾਰ ਗਰਗ, ਕੁਲਸ਼ੇਰ ਸਿੰਘ ਰੂਬਲ, ਐਡਵੋਕੇਟ ਉਂਕਾਰ ਸਿੰਘ ਮਿੱਤਲ, ਹਰਦੇਵ ਸਿੰਘ ਭੀਖੀ, ਠੇਕੇਦਾਰ ਮਜੀਠਾ ਸਿੰਘ, ਜੀਵਨ ਸਿੰਗਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ। ਮਰਹੂਮ ਪੱਤਰਕਾਰ ਬਲਦੇਵ ਸਿੰਘ ਸਿੱਧੂ ਦੇ ਪਿਤਾ ਜਰਨੈਲ ਸਿੰਘ ਸਿੱਧੂ, ਭਰਾ ਮੱਖਣ ਸਿੰਘ, ਪਤਨੀ ਰਣਧੀਰ ਕੌਰ, ਬੇਟੀ ਸ਼ਵਨੀਤ ਕੌਰ ਤੇ ਸਿਮਰਨ ਕੌਰ, ਪੁੱਤਰ ਗੁਰਸ਼ਾਂਤ ਸਿੰਘ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨਾਂ ਕਿਹਾ ਕਿ ਬਲਦੇਵ ਸਿੱਧੂ ਬੇਬਾਕ ਤੇ ਨਿਰਪੱਖ ਸੋਚ ਦਾ ਪੱਤਰਕਾਰ ਸੀ।

## 158 ਯੂਨਿਟ ਖ਼ੂਨਦਾਨ ਨਾਲ ਮਨੁੱਖਤਾ ਦੀ ਮਿਸਾਲ



**ਬੁਢਲਾਡਾ (ਅਸ਼ੋਕ ਲਾਕੜਾ)**-ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਯੂਥ ਚੇਂਜ ਕੈਂਪੇਨਜ਼ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਆਈ.ਟੀ.ਆਈ. ਵਿਖੇ ਸਵਰਗਵਾਸੀ ਸ਼੍ਰੀ ਸ਼ਿਵ ਕੁਮਾਰ ਦੀ ਪਵਿੱਤਰ ਯਾਦ ਵਿੱਚ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦੌਰਾਨ 158 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਕੈਂਪ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਪੰਜਾਬ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਭਾਗ ਲਿਆ।ਵਿਦਿਆਰਥੀਆਂ ਨੇ ਨਾ ਸਿਰਫ਼ ਖ਼ੁਦ ਖ਼ੂਨਦਾਨ ਕੀਤਾ, ਸਗੋਂ ਆਪਣੇ ਸਾਥੀਆਂ ਤੇ ਆਮ ਲੋਕਾਂ ਨੂੰ ਵੀ ਖ਼ੂਨਦਾਨ ਲਈ ਪ੍ਰੇਰਿਤ ਕੀਤਾ, ਜਿਸ ਕਾਰਨ ਕੈਂਪ 'ਚ ਖ਼ੂਨਦਾਨੀਆਂ ਦੀਆਂ ਲੰਬੀਆਂ ਕਤਾਰਾਂ ਲੱਗੀਆਂ ਰਹੀਆਂ ਤੇ ਕਈ ਲੋਕਾਂ ਨੇ ਘੰਟਿਆਂ ਇੰਤਜ਼ਾਰ ਕਰਕੇ ਮਨੁੱਖਤਾ ਦੀ ਸੇਵਾ ਲਈ ਖ਼ੂਨਦਾਨ ਕੀਤਾ।ਕੈਂਪ 'ਚ ਸਵ: ਸ਼੍ਰੀ ਸ਼ਿਵ ਕੁਮਾਰ ਦੇ ਪਤਨੀ ਸੀਮਾ ਰਾਣੀ, ਭਰਾ ਰਿਟ: ਐਸ ਡੀ ਓ ਅਸ਼ਵਨੀ ਕੁਮਾਰ, ਬੇਟੀ ਸਤੁਤੀ ਤੇ ਹੋਰ ਪਰਿਵਾਰਕ ਮੈਂਬਰਾਂ ਨੇ ਵੀ ਸ਼ਿਰਕਤ ਕੀਤੀ ਤੇ ਉਨ੍ਹਾਂ ਦੀ ਬਰਸੀ ਮੌਕੇ ਉਨ੍ਹਾਂ ਨੂੰ ਭਾਵਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ। ਪਰਿਵਾਰ ਨੇ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤੋਂ ਵੱਡੀ ਸ਼ਰਧਾਂਜਲੀ ਕੋਈ ਨਹੀਂ ਹੋ ਸਕਦੀ, ਕਿਉਂਕਿ ਖ਼ੂਨਦਾਨ ਰਾਹੀਂ ਅਨੇਕਾਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।ਇਸ ਮੌਕੇ ਮਾਨਸਾ ਸਰਕਾਰੀ ਬਲੱਡ ਸੈਂਟਰ ਦੀ ਟੀਮ ਨੇ ਖ਼ੂਨ ਇਕੱਤਰ ਕੀਤਾ ਤੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਰਿਫਰੈਸ਼ਮੈਂਟ ਵੀ ਪ੍ਰਦਾਨ ਕੀਤੀ।ਨੇਕੀ ਫਾਊਂਡੇਸ਼ਨ ਦੇ ਪ੍ਰਬੰਧਕਾਂ ਨੇ ਕਿਹਾ ਕਿ ਯੂਥ ਚੇਂਜ ਕੈਂਪੇਨਜ਼ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਸਮਾਜ ਸੇਵਾ ਨਾਲ ਜੋੜਨਾ, ਖ਼ੂਨਦਾਨ ਵਰਗੀਆਂ ਨੇਕ ਪਹਿਲਾਂ ਲਈ ਪ੍ਰੇਰਿਤ ਕਰਨਾ ਅਤੇ ਮਨੁੱਖਤਾ ਦੀ ਭਲਾਈ ਲਈ ਸਰਗਰਮ ਬਣਾਉਣਾ ਹੈ। 158 ਯੂਨਿਟ ਖ਼ੂਨਦਾਨ ਦਾ ਇਹ ਰਿਕਾਰਡ ਇਸ ਗੱਲ ਦਾ ਸਬੂਤ ਹੈ ਕਿ ਜਦੋਂ ਨੌਜਵਾਨ ਸਮਾਜਿਕ ਜ਼ਿੰਮੇਵਾਰੀ ਨੂੰ ਸਮਝਦੇ ਹਨ ਤਾਂ ਵੱਡਾ ਬਦਲਾਅ ਸੰਭਵ ਹੈ।

## ਪ੍ਰਾਪਰਟੀ ਡੀਲਰ ਐਸੋਸੀਏਸ਼ਨ ਦਾ ਵਿਵਾਦ ਸਹਿਮਤੀ ਨਾਲ ਸੁਲਝਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪ੍ਰਾਪਰਟੀ ਡੀਲਰ ਐਸੋਸੀਏਸ਼ਨ ਵਿੱਚ ਪਿਛਲੇ ਕੁਝ ਸਮੇਂ ਤੋਂ ਚੱਲ ਰਹੀ ਆਪਸੀ ਗਲਤਫਹਿਮੀ ਤੇ ਪ੍ਰਧਾਨਗੀ ਦੇ ਚੱਲ ਰਹੇ ਵਿਵਾਦ ਨੂੰ ਸਾਰੀਆਂ ਧਿਰਾਂ ਦੀ ਮੌਜੂਦਗੀ ਵਿੱਚ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਹੱਲ ਕਰ ਲਿਆ ਗਿਆ ਹੈ।ਐਸੋਸੀਏਸ਼ਨ ਦੇ ਦੋਵਾਂ ਧੜਿਆਂ ਨੇ ਇਕੱਠੇ ਹੋ ਕੇ ਆਪਸੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਦਾ ਫੈਸਲਾ ਕੀਤਾ ਹੈ।ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਵਪਾਰਕ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਵਿੱਚ ਰਾਜਨੀਤੀ ਜਾਂ ਚੋਣਾਂ ਕਾਰਨ ਕੋਈ ਧੜੇਬੰਦੀ ਨਹੀਂ ਹੋਣੀ ਚਾਹੀਦੀ।ਕੁੱਝ ਗ਼ਲਤਫ਼ਹਿਮੀਆਂ ਕਾਰਨ ਦੋ ਪ੍ਰਧਾਨ ਥਾਪੇ ਜਾਣ ਦੀ ਸਥਿਤੀ ਬਣ ਗਈ ਸੀ, ਪਰ ਦੋਵੇਂ ਧਿਰਾਂ (ਰਿੰਕੂ ਅਤੇ ਰਾਜੂ) ਆਪਣੇ ਸਾਥੀਆਂ ਸਮੇਤ ਉਹਨਾਂ ਕੋਲ ਇਕੱਠੀਆਂ ਹੋਈਆਂ ਤੇ ਪੂਰੀ ਐਸੋਸੀਏਸ਼ਨ ਨੂੰ ਇੱਕ ਪਰਵਾਰ ਵਾਂਗ ਇਕਜੁਟ ਰੱਖਣ ਲਈ ਸਹਿਮਤੀ ਬਣੀ।ਐਸੋਸੀਏਸ਼ਨ ਦੀ ਬਿਹਤਰੀ ਤੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਅਗਲੇ ਦੋ ਸਾਲਾਂ ਲਈ ਪ੍ਰਧਾਨਗੀ ਦੀ ਵੰਡ ਕੀਤੀ ਗਈ ਹੈ। ਜਿਸ ਤਹਿਤ ਪਹਿਲਾ ਸਾਲ ਸ਼੍ਰੀ ਰਿੰਕੂ 01 ਜੁਲਾਈ ਤੋਂ ਲੈ ਕੇ 30 ਜੂਨ 2027 ਤੱਕ ਐਸੋਸੀਏਸ਼ਨ ਦੇ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣਗੇ।ਇਸ ਤੋਂ ਬਾਅਦ 1 ਜੁਲਾਈ 2027 ਤੋਂ 30 ਜੂਨ 2028 ਤੱਕ ਪ੍ਰਧਾਨਗੀ ਦੀ ਕਮਾਨ ਸ਼੍ਰੀ ਰਾਜੂ ਨੂੰ ਸੌਂਪੀ ਜਾਵੇਗੀ।ਇਹ ਦੋ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ, ਸਮੁੱਚੀ ਐਸੋਸੀਏਸ਼ਨ (ਹਾਊਸ) ਦੇ ਸਾਰੇ ਮੈਂਬਰ ਆਪਸੀ ਸਹਿਮਤੀ ਨਾਲ ਅਗਲਾ ਫੈਸਲਾ ਲੈਣਗੇ। ਫ਼ੈਸਲੇ ਤੋਂ ਬਾਅਦ ਦੋਵਾਂ ਧਿਰਾਂ ਦੇ ਸਮਰਥਕਾਂ ਨੇ ਇੱਕ-ਦੂਜੇ ਨੂੰ ਹਾਰ ਪਾ ਕੇ ਤੇ ਲੱਡੂ ਖੁਆ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਤੇ ਐਸੋਸੀਏਸ਼ਨ ਦੀ ਬਿਹਤਰੀ ਲਈ ਮਿਲ ਕੇ ਕੰਮ ਕਰਨ ਦਾ ਪ੍ਰਣ ਲਿਆ।

## ਅਰੋੜਾ ਮਹਾਂਸਭਾ ਇਸਤਰੀ ਵਿੰਗ ਫ਼ਿਰੋਜ਼ਪੁਰ ਦਾ ਗਠਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਅਰੋੜਾ ਮਹਾਂਸਭਾ ਇਸਤਰੀ ਵਿੰਗ ਫ਼ਿਰੋਜ਼ਪੁਰ ਦਾ ਗਠਨ ਹਰੀਸ਼ ਵੈਜੀਟੇਰੀਅਨ ਵਿਖੇ ਕੀਤਾ ਗਿਆ। ਇਸ ਮੌਕੇ ਅਰੋੜਾ ਪਰਵਾਰ ਦੇ ਵੱਡੀ ਗਿਣਤੀ ਵਿੱਚ ਮੈਂਬਰ ਤੇ ਸਮਾਜ ਦੇ ਸੱਜਣ ਹਾਜ਼ਰ ਰਹੇ। ਸਮਾਗਮ ਦੌਰਾਨ ਸਰਬਸੰਮਤੀ ਨਾਲ ਰਜਨੀ ਜੱਗਾ ਗੋਕਲਾਨੀ ਨੂੰ ਅਰੋੜਾ ਮਹਾਂਸਭਾ ਇਸਤਰੀ ਵਿੰਗ ਫ਼ਿਰੋਜ਼ਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਤੇ ਉਨ੍ਹਾਂ ਨੂੰ ਇਸਤਰੀ ਵਿੰਗ ਦੀਆਂ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਬੋਲਦਿਆਂ ਹਾਜ਼ਰ ਆਗੂਆਂ ਨੇ ਕਿਹਾ ਕਿ ਰਜਨੀ ਜੱਗਾ ਗੋਕਲਾਨੀ ਕਿਸੇ ਵੀ ਜਾਣ-ਪਛਾਣ ਦੇ ਮੋਹਤਾਜ ਨਹੀਂ ਹਨ। ਉਹ ਲੰਬੇ ਸਮੇਂ ਤੋਂ ਸਿੱਖਿਆ, ਸਮਾਜ ਸੇਵਾ ਤੇ ਸਮਾਜਿਕ ਸਰਗਰਮੀਆਂ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਉਨ੍ਹਾਂ ਦੀ ਨਿਸ਼ਠਾ, ਸੇਵਾ ਭਾਵਨਾ ਤੇ ਲੀਡਰਸ਼ਿਪ ਨੂੰ ਦੇਖਦੇ ਹੋਏ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ। ਆਪਣੇ ਸੰਬੋਧਨ ਵਿੱਚ ਰਜਨੀ ਜੱਗਾ ਗੋਕਲਾਨੀ ਨੇ ਅਰੋੜਾ ਮਹਾਂਸਭਾ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਭਰੋਸੇ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਦਾ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਇਸਤਰੀ ਵਿੰਗ ਨੂੰ ਹੋਰ ਮਜ਼ਬੂਤ ਬਣਾਉਣ, ਮਹਿਲਾਵਾਂ ਨੂੰ ਸਮਾਜ ਸੇਵਾ ਨਾਲ ਜੋੜਨ ਤੇ ਅਰੋੜਾ ਪਰਿਵਾਰ ਨੂੰ ਹਰ ਸਮਾਜਿਕ, ਸੱਭਿਆਚਾਰਕ ਤੇ ਸੇਵਾ ਕਾਰਜ ਵਿਚ ਅੱਗੇ ਲੈ ਕੇ ਜਾਣ ਲਈ ਪੂਰੀ ਟੀਮ ਨਾਲ ਮਿਲ ਕੇ ਕੰਮ ਕੀਤਾ ਜਾਵੇਗਾ। ਇਸ ਮੌਕੇ ਸਤੀਸ਼ ਅਰੋੜਾ ਵਾਈਸ ਪ੍ਰਧਾਨ, ਅਸ਼ਵਨੀ ਕੁਮਾਰ ਢੀਂਗਰਾ ਐਡਵੋਕੇਟ ਜਨਰਲ ਸਕੱਤਰ ਅਰੋੜਾ ਮਹਾਸਭਾ ਪੰਜਾਬ ਅਰੋੜਾ ਮਹਾਸਭਾ ਪੰਜਾਬ ਪ੍ਰਧਾਨ, ਤਿਲਕ ਰਾਜ ਅਰੋੜਾ ਪ੍ਰਧਾਨ ਅਰੋੜਾ ਮਹਾ ਸਭਾ ਫ਼ਿਰੋਜ਼ਪੁਰ ਸਿਟੀ, ਅਸ਼ੋਕ ਪਸਰੀਚਾ ਚੇਅਰਮੈਨ, ਅਰੋੜਾ ਮਹਾਂਸਭਾ ਜ਼ਿਲ੍ਹਾ ਫ਼ਿਰੋਜ਼ਪੁਰ, ਐਡਵੋਕੇਟ ਗਗਨ ਗੋਕਲਾਨੀ, ਸ਼ਿਵਾਨੀ ਗੋਕਲਾਨੀ, ਗਿਆਨ ਗੋਕਲਾਨੀ, ਮੀਨਾ ਕੁਮਾਰੀ, ਸੋਨੂੰ ਨੀਲਮ, ਸਵੀਟ ਬਾਲਾ, ਪਾਇਲ, ਵੀਰਮ ਬਾਲਾ ਬੈਂਕ ਮੈਨੇਜਰ, ਅਦਿਤੀ, ਬੱਬਰ, ਐਡਵੋਕੇਟ ਰਾਜ ਗਗਨ ਗੋਕਲਾਨੀ ਤੇ ਨੀਵ ਗਗਨ ਗੋਕਲਾਨੀ ਅਰੋੜਾ ਪਰਵਾਰ ਦੇ ਮੈਂਬਰ ਵੀ ਹਾਜ਼ਰ ਸਨ। ਇਸ ਮੌਕੇ ਸਾਰਿਆਂ ਨੇ ਰਜਨੀ ਜੱਗਾ ਗੋਕਲਾਨੀ ਨੂੰ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ ਤੇ ਭਵਿੱਖ ਵਿੱਚ ਹੋਰ ਤਰੱਕੀ ਕਰਨ ਦੀਆਂ ਦੁਆਵਾਂ ਦਿੱਤੀਆਂ।

## ਸਫਾ 1 ਦੇ ਬਾਕੀ...

### ਇਤਿਹਾਸ ਦੁਹਰਾਉਣ ਲੱਗੇ...

ਵੱਜੀ ਸਿਆਸੀ ਸੱਟ ਦਾ ਜ਼ਿਕਰ ਹੈ। ਮੀਟਿੰਗ 'ਚ ਚਰਚਾ ਹੋਈ ਕਿ ਵੜਿੰਗ ਦੀ ਮਰਹੂਮ ਬੂਟਾ ਸਿੰਘ ਬਾਰੇ ਬਿਆਨਬਾਜ਼ੀ ਕਰਕੇ ਦਲਿਤ ਭਾਈਚਾਰਾ ਨਾਰਾਜ਼ ਹੋ ਗਿਆ ਸੀ ਅਤੇ ਤਰਨ ਤਾਰਨ ਵਿਚਲੇ ਬਿਆਨਾਂ ਕਰਕੇ ਸਿੱਖ ਭਾਈਚਾਰਾ ਵੀ ਔਖ 'ਚ ਹੈ। ਇਸੇ ਤਰ੍ਹਾਂ ਗਿਆਨੀ ਜ਼ੈਲ ਸਿੰਘ ਖਿਲਾਫ ਬਿਆਨਬਾਜ਼ੀ ਕਰਕੇ ਓ ਬੀ ਸੀ ਭਾਈਚਾਰਾ ਵੀ ਕਾਂਗਰਸ ਪ੍ਰਤੀ ਗਿਲਾ ਰੱਖ ਰਿਹਾ ਹੈ। ਸੂਤਰ ਦੱਸਦੇ ਹਨ ਕਿ ਇਨ੍ਹਾਂ ਲੀਡਰਾਂ ਵੱਲੋਂ ਇਹ ਸੁਨੇਹਾ ਦਿੱਤਾ ਜਾਣਾ ਹੈ ਕਿ ਪੰਜਾਬ ਦੀ ਜ਼ਮੀਨੀ ਹਕੀਕਤ ਨੂੰ ਸਮਝਿਆ ਜਾਵੇ ਤੇ ਵੜਿੰਗ ਦੀ ਅਗਵਾਈ 'ਚ ਕਾਂਗਰਸ ਚੋਣਾਂ ਨਹੀਂ ਜਿੱਤ ਸਕੇਗੀ। ਮੀਟਿੰਗ ਤੋਂ ਬਾਅਦ ਆਗੂਆਂ ਨੇ ਚੰਨੀ ਨਾਲ ਫੋਟੋਆਂ ਵੀ ਖਿਚਵਾਈਆਂ। ਪਾਰਟੀ ਦੇ ਅੰਦਰੂਨੀ ਸੂਤਰਾਂ ਨੇ ਦੱਸਿਆ ਕਿ ਘੱਟੋ-ਘੱਟ ਤਿੰਨ ਮੌਜੂਦਾ ਵਿਧਾਇਕ, ਕੁਝ ਸਾਬਕਾ ਮੰਤਰੀ ਅਤੇ ਕਈ ਜ਼ਿਲ੍ਹਾ ਪੱਧਰੀ ਆਗੂ, ਜੋ ਹੁਣ ਤੱਕ ਜਨਤਕ ਅੰਦਰੂਨੀ ਲੜਾਈ ਤੋਂ ਦੂਰ ਰਹੇ ਸਨ, ਨੇ ਹੁਣ ਚੰਨੀ ਕੈਂਪ ਨੂੰ ਸਮਰਥਨ ਦਿੱਤਾ ਹੈ। ਚੰਨੀ ਦੇ ਨੇੜਲੇ ਸੂਤਰਾਂ ਨੇ ਇਹ ਵੀ ਦਾਅਵਾ ਕੀਤਾ ਕਿ ਮਾਲਵਾ, ਮਾਝਾ ਅਤੇ ਦੋਆਬਾ ਖੇਤਰਾਂ ਵਿੱਚ ਸਮਰਥਨ ਵਧ ਰਿਹਾ ਹੈ। ਇੱਕ ਸੀਨੀਅਰ ਵਿਧਾਇਕ ਨੇ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਕਿਹਾ, "ਹਰ ਘੰਟੇ ਹੋਰ ਆਗੂ ਸੰਪਰਕ ਕਰ ਰਹੇ ਹਨ। ਉਹ ਚੰਨੀ ਨੂੰ ਪ੍ਰਦੇਸ਼ ਕਾਂਗਰਸ ਪ੍ਰਧਾਨ ਦੇ ਅਹੁਦੇ ਅਤੇ ਪਾਰਟੀ ਦੇ ਮੁੱਖ ਮੰਤਰੀ ਦੇ ਚਿਹਰੇ ਦੋਵਾਂ ਲਈ ਕੁਦਰਤੀ ਪਸੰਦ ਵਜੋਂ ਦੇਖਦੇ ਹਨ।"

### ਬ੍ਰਾਜ਼ੀਲ ਤੇ ਮੈਕਸੀਕੋ...

ਲਗਾਤਾਰ ਛੇਵਾਂ ਫੀਫਾ ਵਿਸ਼ਵ ਕੱਪ ਹੈ, ਜਿਸ ਵਿੱਚ ਬ੍ਰਾਜ਼ੀਲ ਕਿਸੇ ਯੂਰਪੀਅਨ ਟੀਮ ਤੋਂ ਹਾਰਿਆ ਹੈ। ਉਹ 2006 ਵਿੱਚ ਫਰਾਂਸ, 2010 ਵਿੱਚ ਨੀਦਰਲੈਂਡ, 2014 ਵਿੱਚ ਜਰਮਨੀ, 2018 ਵਿੱਚ ਬੈਲਜੀਅਮ, 2022 ਵਿੱਚ ਕ੍ਰੋਏਸ਼ੀਆ ਅਤੇ 2026 ਵਿੱਚ ਨਾਰਵੇ ਤੋਂ ਹਾਰਿਆ।

ਇੰਗਲੈਂਡ ਨੇ ਪ੍ਰੀ-ਕੁਆਰਟਰ ਫਾਈਨਲ ਵਿੱਚ ਮੇਜ਼ਬਾਨ ਮੈਕਸੀਕੋ ਨੂੰ 3-2 ਨਾਲ ਹਰਾ ਕੇ ਲਗਾਤਾਰ ਤੀਜੀ ਵਾਰ ਕੁਆਰਟਰ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਦੂਜੇ ਹਾਫ ਵਿੱਚ ਜੈਰਲ ਕੁਆਂਸਾ ਨੂੰ ਲਾਲ ਕਾਰਡ ਦਿਖਾਏ ਜਾਣ ਤੋਂ ਬਾਅਦ, ਇੰਗਲੈਂਡ ਲਗਪਗ 35 ਮਿੰਟਾਂ ਤੱਕ 10 ਖਿਡਾਰੀਆਂ ਨਾਲ ਖੇਡਿਆ, ਪਰ ਆਪਣੀ ਲੀਡ ਬਣਾਈ ਰੱਖੀ। ਜੂਡ ਬੇਲਿੰਘਮ ਨੇ 36ਵੇਂ ਅਤੇ 38ਵੇਂ ਮਿੰਟ ਵਿੱਚ ਲਗਾਤਾਰ ਦੋ ਗੋਲ ਕਰਕੇ ਇੰਗਲੈਂਡ ਨੂੰ 2-0 ਦੀ ਲੀਡ ਦਿਵਾਈ। ਜੂਲੀਅਨ ਕੁਇਨੋਨਸ ਨੇ ਹਾਫ ਟਾਈਮ ਤੋਂ ਠੀਕ ਪਹਿਲਾਂ ਇੱਕ ਗੋਲ ਉਤਾਰਿਆ। ਕੁਏਨਕਾ ਨੂੰ 54ਵੇਂ ਮਿੰਟ ਵਿੱਚ ਲਾਲ ਕਾਰਡ ਮਿਲਿਆ। ਇਸ ਦੇ ਬਾਵਜੂਦ ਹੈਰੀ ਕੇਨ ਨੇ 60ਵੇਂ ਮਿੰਟ ਵਿੱਚ ਪੈਨਲਟੀ 'ਤੇ ਗੋਲ ਕਰਕੇ ਇੰਗਲੈਂਡ ਨੂੰ 3-1 ਦੀ ਬੜ੍ਹਤ ਦਿਵਾਈ। ਰਾਊਲ ਜਿਮੇਨੇਜ਼ ਨੇ 69ਵੇਂ ਮਿੰਟ ਵਿੱਚ ਪੈਨਲਟੀ 'ਤੇ ਗੋਲ ਕਰਕੇ ਸਕੋਰ 3-2 ਕਰ ਦਿੱਤਾ, ਪਰ ਮੈਕਸੀਕੋ ਬਰਾਬਰੀ ਨਹੀਂ ਕਰ ਸਕਿਆ। ਮੈਕਸੀਕੋ 1986 ਤੋਂ ਬਾਅਦ ਅੱਠਵੀਂ ਵਾਰ ਪ੍ਰੀ-ਕੁਆਰਟਰ ਫਾਈਨਲ ਤੋਂ ਅੱਗੇ ਵਧਣ ਵਿੱਚ ਅਸਫਲ ਰਿਹਾ।

### ਭਾਜਪਾ ਨੇ ਹਿੰਦੂ ਧਰਮ...

ਅਤੇ ਦੇਸ਼ਵਾਸੀਆਂ ਤੋਂ ਉਨ੍ਹਾਂ ਦੀ ਪੂਜਾ ਕਰਵਾਉਣਗੇ। 'ਆਪ' ਦੇ ਦਿੱਲੀ ਪ੍ਰਦੇਸ਼ ਪ੍ਰਧਾਨ ਸੌਰਭ ਭਾਰਦਵਾਜ ਨੇ ਨਿਤਿਨ ਨਬੀਨ ਨੂੰ ਮੁਖਾਤਿਬ ਹੁੰਦਿਆਂ ਕਿਹਾ, "ਲੱਖਾਂ ਹਿੰਦੂਆਂ ਵਾਂਗ, ਇਸ ਘਟਨਾ ਨੇ ਮੇਰੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਡੂੰਘੀ ਠੇਸ ਪਹੁੰਚਾਈ ਹੈ। ਇਹ ਮੇਰੇ ਹਿੰਦੂ ਧਰਮ ਅਤੇ ਮੇਰੇ ਸਤਿਕਾਰਯੋਗ ਹਨੂੰਮਾਨ ਜੀ ਦਾ ਸਿੱਧਾ ਅਪਮਾਨ ਹੈ। ਕਿਰਪਾ ਕਰਕੇ ਆਪਣੀ ਇਸ ਕਾਰਵਾਈ ਲਈ ਮੁਆਫੀ ਮੰਗੋ। ਹਨੂੰਮਾਨ ਜੀ ਦੇ ਮੰਦਰ ਜਾਓ ਅਤੇ ਉੱਥੇ ਜਾ ਕੇ ਭੁੱਲ ਬਖਸ਼ਾਓ, ਇਸ ਨਾਲ ਤੁਸੀਂ ਛੋਟੇ ਨਹੀਂ ਹੋ ਜਾਵੋਗੇ। ਮੈਂ ਭਾਜਪਾ ਨੂੰ ਵੀ ਇਸ ਹਰਕਤ ਲਈ ਇੱਕ ਪਾਰਟੀ ਵਜੋਂ ਮੁਆਫੀ ਮੰਗਣ ਦੀ ਅਪੀਲ ਕਰਦਾ ਹਾਂ।"

ਦਿੱਲੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਨੇ ਕਿਹਾ ਕਿ ਜਿਹੜੇ ਭਾਜਪਾ ਆਗੂ ਕੱਲ੍ਹ ਤੋਂ ਇਹ ਸ਼ਿਕਾਇਤ ਕਰ ਰਹੇ ਹਨ ਕਿ ਨਿਤਿਨ ਨਬੀਨ ਦਾ ਅਪਮਾਨ ਕੀਤਾ ਗਿਆ ਹੈ, ਕੀ ਉਨ੍ਹਾਂ ਵਿੱਚ ਅੱਜ ਬਜਰੰਗਬਲੀ ਦੇ ਹੋਏ ਅਪਮਾਨ ਬਾਰੇ ਬੋਲਣ ਦੀ ਹਿੰਮਤ ਹੈ? ਉਨ੍ਹਾ ਦੋਸ਼ ਲਾਇਆ ਕਿ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਅਤੇ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ, ਆਪਣੇ ਆਪ ਨੂੰ ਭਗਵਾਨ ਹਨੂੰਮਾਨ ਤੋਂ ਵੀ ਵੱਡਾ ਸਮਝਦੇ ਹਨ, ਜੋ ਪਾਰਟੀ ਦੇ ਝੰਡੇ ਨਾਲ ਭਗਵਾਨ ਨੂੰ ਆਪਣੇ ਸਾਹਮਣੇ ਨਚਾ ਰਹੇ ਹਨ।

### ਸਾਮਰਾਜਵਾਦੀਆਂ ਦੀ ਮੁਨਾਫ਼ਾ...

ਚੁੱਪ ਵੱਟ ਲੈਂਦੇ ਹਨ। ਇਸ ਦੇ ਨਾਲ ਹੀ ਦੇਸ਼ ਦੇ ਬੁੱਧੀਜੀਵੀਆਂ, ਪੱਤਰਕਾਰਾਂ, ਲੇਖਕਾਂ ਆਦਿ ਨੂੰ ਸ਼ਹਿਰੀ ਨਕਸਲਵਾਦੀਆਂ ਦਾ ਨਾਂਅ ਦੇ ਕੇ ਕਾਲ ਕੋਠੜੀਆਂ ਅੰਦਰ ਬੰਦ ਕਰਨ ਦਾ ਸਿਲਸਲਾ ਤੇਜ਼ ਕੀਤਾ ਜਾ ਰਿਹਾ ਹੈ। ਕਮਿਊਨਿਸਟ ਆਗੂਆਂ ਨੇ ਦੇਸ਼ ਹਿਤੈਸ਼ੀ ਤੇ ਖੱਬੀਆਂ ਧਿਰਾਂ ਨੂੰ ਅਪੀਲ ਕੀਤੀ ਕਿ ਦੇਸ਼ ਦਾ ਸੰਵਿਧਾਨ ਤੇ ਜਮਹੂਰੀਅਤ ਨੂੰ ਬਚਾਉਣ ਲਈ ਹੋਰ ਹੀਲੇ-ਵਸੀਲੇ ਤਲਾਸ਼ੇ ਜਾਣ।

ਪੰਜਾਬ ਦੀ ਗੱਲ ਕਰਦਿਆਂ ਕਾਮਰੇਡ ਬੰਤ ਬਰਾੜ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਸਰਕਾਰ ਦੀ ਇੱਛਾ ਸ਼ਕਤੀ ਕਿਧਰੇ ਉਡਾਰੀ ਮਾਰ ਗਈ ਹੈ। ਪੰਜਾਬ ਵਿੱਚ ਨਸ਼ਾ ਆਮ ਮਿਲਣ ਲੱਗ ਪਿਆ ਹੈ।

ਕਤਲ, ਫਿਰੌਤੀਆਂ, ਲੁੱਟਾਂ-ਖੋਹਾਂ, ਗੈਂਗਸਟਰਵਾਦ ਦਾ ਪਾਸਾਰਾ ਇੱਥੇ ਨਿੱਤ ਦਾ ਵਰਤਾਰਾ ਬਣ ਚੁੱਕਾ ਹੈ। ਸਰਕਾਰ ਦੀ ਇੱਛਾ ਸ਼ਕਤੀ ਮਜ਼ਬੂਤ ਹੋਵੇ ਤਾਂ ਬੁਰੇ ਹਾਲਾਤ ਨੂੰ ਮੋੜਾ ਦਿੱਤਾ ਜਾ ਸਕਦਾ ਹੈ। ਕਾਮਰੇਡ ਬਰਾੜ ਨੇ ਇੱਕ ਅਗਸਤ ਤੋਂ 15 ਅਗਸਤ ਤੱਕ ਸੀ ਪੀ ਆਈ ਵੱਲੋਂ ਮਨਾਏ ਜਾ ਰਹੇ ਵਿਸ਼ੇਸ਼ ਪੰਦਰਵਾੜੇ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਨਾ ਦਿੱਤੀ। ਪਹਿਲੀ ਸਤੰਬਰ ਨੂੰ ਦਿੱਲੀ ਦੀ ਰਾਮ ਲੀਲ੍ਹਾ ਗਰਾਊਂਡ ਵਿੱਚ ਕੀਤੀ ਜਾ ਰਹੀ ਰੈਲੀ ਦੀ ਸਫ਼ਲਤਾ ਲਈ ਵੀ ਗਹਿਰ-ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੇ ਸ਼ੁਰੂ ਵਿੱਚ ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ ਨੇ ਸ਼ੋਕ ਮਤਾ ਪੇਸ਼ ਕੀਤਾ। ਇਸ ਵਿੱਚ ਈਰਾਨ ਦੇ ਮਰਹੂਮ ਆਗੂ ਆਇਤੁਲਾ ਅਲੀ ਖਾਮਨੇਈ, ਰਜਿੰਦਰ ਮੰਡ, 'ਨਵਾਂ ਜ਼ਮਾਨਾ' ਦੇ ਸੀਨੀਅਰ ਸਟਾਫ਼ ਮੈਂਬਰ ਗਿਆਨ ਚੰਦ ਤੇ ਹੋਰ ਵਿੱਛੜ ਚੁੱਕੇ ਵਿਅਕਤੀਆਂ ਦੇ ਨਾਂਅ ਸ਼ਾਮਲ ਸਨ।

ਵਿਛੋੜਾ ਦੇ ਗਏ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਮਹਿੰਦਰ ਸਿੰਘ ਘੋੜਾਬਾਹੀ ਨੇ ਕੀਤੀ।

ਮੀਟਿੰਗ ਵਿੱਚ ਸਰਵਸਾਥੀ ਹਰਜਿੰਦਰ ਸਿੰਘ ਮੌਜੀ, ਸੱਤਪਾਲ ਭਗਤ, ਪਰਮਜੀਤ ਸਿੰਘ ਸਮਰਾਏ, ਸਿਕੰਦਰ ਸੰਧੂ, ਵੀਰ ਕੁਮਾਰ, ਸੁਨੀਲ ਕੁਮਾਰ, ਨਿਰਮਲਾ ਦੇਵੀ, ਪਰਵਿੰਦਰ ਫਲਪੋਤਾ ਅਤੇ ਸੋਢੀ ਰਾਮ ਨੇ ਵੀ ਆਪਣੇ ਵਿਚਾਰ ਰੱਖੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਜੀਤ ਸਿੰਘ ਫਤਿਹਪੁਰ ਭੰਗਵਾਂ ਤੇ ਸੁਖਦੇਵ ਸਿੰਘ ਧੰਜੂ ਸ਼ਾਹਕੋਟ ਤੇ ਰਣਜੀਤ ਸਿੰਘ ਰਾਣਾ ਵੀ ਮੌਜੂਦ ਸਨ।

### ਚੰਪਤ ਰਾਏ ਤੋਂ ਖਹਿੜਾ...

ਵਰਚੁਅਲੀ ਸ਼ਾਮਲ ਹੋਏ। ਉਨ੍ਹਾ ਕਿਹਾ, 'ਅਸਤੀਫਾ ਸਵੀਕਾਰ ਕਰਦੇ ਸਮੇਂ ਅਸੀਂ ਸ਼ੁਰੂ ਤੋਂ ਹੀ ਉਨ੍ਹਾਂ ਦੇ ਯੋਗਦਾਨ ਦੀ ਕਦਰ ਕਰਦੇ ਹਾਂ।' ਗਿਰੀ ਨੇ ਅੱਗੇ ਕਿਹਾ, 'ਅਸੀਂ 22 ਤਰੀਕ ਨੂੰ ਦੁਬਾਰਾ ਮਿਲ ਰਹੇ ਹਾਂ। ਉਸ ਸਮੇਂ ਤੱਕ ਸਾਨੂੰ ਉਮੀਦ ਹੈ ਕਿ ਸਿੱਟ ਦੀ ਅੰਤਮ ਰਿਪੋਰਟ ਆ ਜਾਵੇਗੀ। ਚੋਰੀ ਤਾਂ ਚੋਰੀ ਹੀ ਹੁੰਦੀ ਹੈ। ਸਿੱਟ ਆਪਣਾ ਕੰਮ ਕਰ ਰਹੀ ਹੈ। ਅਸੀਂ ਇਸ ਗੱਲ 'ਤੇ ਵੀ ਜ਼ੋਰ ਦਿੰਦੇ ਹਾਂ ਕਿ ਜਿਹੜੇ ਵੀ ਦੋਸ਼ੀ ਹਨ ਜਾਣੇ-ਪਛਾਣੇ ਜਾਂ ਅਣਜਾਣ, ਉਨ੍ਹਾਂ ਸਾਰਿਆਂ ਨੂੰ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ।'

ਟਰੱਸਟ ਦੇ ਚੇਅਰਮੈਨ ਨ੍ਰਿਤਿਆ ਗੋਪਾਲ ਦਾਸ ਨੇ ਚੱਲ ਰਹੇ ਦਾਨ ਵਿਵਾਦ 'ਤੇ ਆਪਣੀ ਪਹਿਲੀ ਟਿੱਪਣੀ 'ਚ ਫੰਡਾਂ ਦੇ ਕਥਿਤ ਗਬਨ ਵਿੱਚ ਸ਼ਾਮਲ ਲੋਕਾਂ ਲਈ ਸਖ਼ਤ ਸਜ਼ਾ ਦੀ ਮੰਗ ਕੀਤੀ। ਉਨ੍ਹਾ ਕਿਹਾ, 'ਮੈਨੂੰ ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਪੂਰਾ ਵਿਸ਼ਵਾਸ ਹੈ ਕਿ ਇਸ ਗਲਤ ਕੰਮ ਵਿੱਚ ਸ਼ਾਮਲ ਹਰ ਵਿਅਕਤੀ ਨੂੰ ਕਿਸੇ ਵੀ ਤਰੀਕੇ ਨਾਲ ਨਿਆਂ ਦੇ ਕਟਹਿਰੇ ਵਿੱਚ ਲਿਆਂਦਾ ਜਾਵੇਗਾ ਅਤੇ ਕਾਨੂੰਨ ਅਨੁਸਾਰ ਸਜ਼ਾ ਦਿੱਤੀ ਜਾਵੇਗੀ।'

### ਚੰਡੀਗੜ੍ਹ ਪੁਲਸ...

ਇਰਾਦੇ ਨਾਲ ਜਾਣਬੁੱਝ ਕੇ ਕੀਤੇ ਗਏ ਕੰਮਾਂ ਨਾਲ ਸੰਬੰਧਤ ਹੈ। ਸ਼ਿਕਾਇਤਕਰਤਾ ਨੇ ਅਧਿਕਾਰੀਆਂ ਨੂੰ ਇਸ ਸਮਾਗਮ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਭੂਮਿਕਾ ਦੀ ਜਾਂਚ ਕਰਨ ਦੀ ਵੀ ਅਪੀਲ ਕੀਤੀ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਕਿਉਂਕਿ ਇਹ ਘਟਨਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਅਤੇ ਇੱਕ ਮੁੱਖ ਮੰਤਰੀ ਸਮੇਤ ਸੀਨੀਅਰ ਭਾਜਪਾ ਨੇਤਾਵਾਂ ਦੀ ਮੌਜੂਦਗੀ ਵਿੱਚ ਵਾਪਰੀ ਸੀ, ਇਸ ਲਈ ਜਾਂਚ ਕਰਤਾਵਾਂ ਨੂੰ ਪ੍ਰਬੰਧਕਾਂ, ਸਮਾਗਮ ਪ੍ਰਬੰਧਕਾਂ, ਭਗਵਾਨ ਹਨੂੰਮਾਨ ਦੇ ਪਹਿਰਾਵੇ ਵਿੱਚ ਆਏ ਵਿਅਕਤੀ ਅਤੇ ਹਰ ਉਸ ਵਿਅਕਤੀ ਦੀ ਭੂਮਿਕਾ ਦੀ ਜਾਂਚ ਕਰਨੀ ਚਾਹੀਦੀ ਹੈ, ਜਿਸ ਨੇ ਇਸ ਕਾਰਵਾਈ ਨੂੰ ਅਧਿਕਾਰਤ, ਉਤਸ਼ਾਹਤ ਜਾਂ ਜਾਣਬੁੱਝ ਕੇ ਇਜਾਜ਼ਤ ਦਿੱਤੀ ਸੀ। ਸ਼ਿਕਾਇਤ ਵਿੱਚ ਅੱਗੇ ਬੇਨਤੀ ਕੀਤੀ ਗਈ ਹੈ ਕਿ ਘਟਨਾ ਨਾਲ ਜੁੜੇ ਸਾਰੇ ਇਲੈਕਟ੍ਰਾਨਿਕ, ਡਿਜੀਟਲ ਅਤੇ ਦਸਤਾਵੇਜ਼ੀ ਸਬੂਤ ਬਿਨਾਂ ਦੇਰੀ ਦੇ ਸੁਰੱਖਿਅਤ ਕੀਤੇ ਜਾਣ। ਇਸ ਵਿੱਚ ਜਾਂਚ ਦੌਰਾਨ ਜ਼ਿੰਮੇਵਾਰ ਪਾਏ ਜਾਣ ਵਾਲੇ ਹਰੇਕ ਵਿਅਕਤੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਵੀ ਕੀਤੀ ਗਈ ਹੈ, ਭਾਵੇਂ ਉਸ ਦਾ ਰੈਂਕ ਜਾਂ ਅਧਕਾਰਤ ਅਹੁਦਾ ਕੋਈ ਵੀ ਹੋਵੇ।

### ਤੁਸੀਂ ਕੌਣ ਹੋ ?

ਨਿਤਿਨ ਨਬੀਨ ਵੱਲੋਂ ਲਖਨਊ ਵਿੱਚ ਪਾਰਟੀ ਦੇ 'ਸ਼ਕਤੀ ਕੇਂਦਰ ਸੰਯੋਜਕ ਸੰਮੇਲਨ' ਦੌਰਾਨ ਦਿੱਤੇ ਗਏ ਇੱਕ ਬਿਆਨ ਤੋਂ ਹੋਈ। ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਨਬੀਨ ਨੇ ਵਿਰੋਧੀ ਧਿਰ ਦੇ ਆਗੂਆਂ 'ਤੇ ਤਿੱਖੇ ਨਿਸ਼ਾਨੇ ਸਾਧੇ ਸਨ ਅਤੇ ਕਿਹਾ ਸੀ ਕਿ ਜਦੋਂ ਵੀ ਹਿੰਦੂ ਦੇਵੀ-ਦੇਵਤਿਆਂ ਦਾ ਅਪਮਾਨ ਹੁੰਦਾ ਹੈ, ਤਾਂ ਇਹ ਆਗੂ ਚੁੱਪ ਧਾਰ ਲੈਂਦੇ ਹਨ। ਉਨ੍ਹਾ ਰਾਹੁਲ ਗਾਂਧੀ, ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਅਤੇ ਅਰਵਿੰਦ ਕੇਜਰੀਵਾਲ ਦਾ ਨਾਂਅ ਲੈਂਦਿਆਂ ਕਿਹਾ ਸੀ ਕਿ ਉਹ ਇਹ ਨਾ ਸਮਝਣ ਕਿ ਹਿੰਦੂ ਆਸਥਾ ਇੰਨੀ ਕਮਜ਼ੋਰ ਹੈ ਕਿ ਲੋਕ ਉਨ੍ਹਾਂ ਦੇ ਬਿਆਨਾਂ ਨੂੰ ਬਿਨਾਂ ਕਿਸੇ ਸਵਾਲ ਦੇ ਸਵੀਕਾਰ ਕਰ ਲੈਣਗੇ। ਨਬੀਨ ਦੀ ਇਸੇ ਆਲੋਚਨਾ ਦਾ ਜਵਾਬ ਦਿੰਦਿਆਂ ਕੇਜਰੀਵਾਲ ਨੇ 'ਤੁਸੀਂ ਕੌਣ ਹੋ ?'

### ਇਹ ਦਿੱਲੀ ...

ਚੀਜ਼ ਦਾ ਕੰਟਰੋਲ ਆਪਣੇ ਹੱਥਾਂ ਵਿੱਚ ਲੈ ਲਿਆ। ਕੀ ਤੁਸੀਂ ਇਹ ਸਧਾਰਨ ਗੱਲ ਵੀ ਨਹੀਂ ਸਮਝ ਸਕਦੇ? ਇਹ ਸਿੱਟ ਕੀ ਹੈ? ਇਸ ਦੀ ਰਿਪੋਰਟ ਕਿਸ ਨੂੰ ਸੌਂਪੀ ਗਈ? ਤੁਸੀਂ ਇਹ ਸਧਾਰਨ ਸੱਚਾਈ ਵੀ ਨਹੀਂ ਸਮਝਦੇ।'

ਯੂ ਪੀ ਦੇ ਸਾਬਕਾ ਮੁੱਖ ਮੰਤਰੀ ਨੇ ਦੋਸ਼ ਲਗਾਇਆ ਕਿ ਜਾਂਚ ਏਜੰਸੀ ਦੀ ਚੋਣ ਸੱਤਾਧਾਰੀ ਪਾਰਟੀ ਦੇ ਅੰਦਰਲੇ ਅੰਦਰੂਨੀ ਸਿਆਸੀ ਸਮੀਕਰਨਾਂ ਨੂੰ ਦਰਸਾਉਂਦੀ ਹੈ। ਉਨ੍ਹਾ ਵਿਅੰਗ ਨਾਲ ਕਿਹਾ, "ਲੋਕ ਪੈਸਾ ਦੇਖ ਕੇ ਪੂਰੀ ਤਰ੍ਹਾਂ ਆਪਣਾ ਆਪਾ ਗੁਆ ਬੈਠੇ ਹਨ। ਸਾਡਾ ਮੰਨਣਾ ਹੈ ਕਿ ਭਗਵਾਨ ਰਾਮ ਦੇ ਜੀਵਨ ਦਾ ਅਧਿਐਨ ਕਰਨ ਵਾਲਾ ਕੋਈ ਵੀ ਵਿਅਕਤੀ 'ਲਕਸ਼ਮਣ ਰੇਖਾ' ਬਾਰੇ ਜਾਣਦਾ ਹੈ, ਫਿਰ ਵੀ ਇੱਥੇ ਹਰ ਕੋਈ ਹੱਦਾਂ ਪਾਰ ਕਰ ਗਿਆ ਹੈ।"

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : **nawanzamana@gmail.com * Web : www.nawanzamana.in**

# ਪੁਲਸ ਐਨਕਾਊਂਟਰ 'ਚ ਦੋ ਗ੍ਰਿਫ਼ਤਾਰ

## ਪਿਸਤੌਲ, ਦੋ ਮੋਬਾਈਲ ਤੇ ਥਾਰ ਗੱਡੀ ਬਰਾਮਦ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**- ਅਜਨਾਲਾ ਨੇੜਲੇ ਪਿੰਡ ਭੱਖਾ ਵਿਖੇ ਨਹਿਰ ਦੇ ਨੇੜੇ ਪੰਜਾਬ ਪੁਲਸ ਅਤੇ ਦੋ ਕਥਿਤ ਬਦਮਾਸ਼ਾਂ ਵਿਚਾਲੇ ਹੋਏ ਮੁਕਾਬਲੇ ਦੌਰਾਨ ਪੁਲਸ ਨੇ ਕਿਸੇ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰਨ ਦਾ ਦਾਅਵਾ ਕੀਤਾ ਹੈ।ਇਸ ਸਬੰਧੀ ਐੱਸ ਐੱਸ ਪੀ ਅੰਮ੍ਰਿਤਸਰ ਦਿਹਾਤੀ ਕਵਲਪ੍ਰੀਤ ਸਿੰਘ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਸ ਟੀਮ ਨੇ ਸ਼ੱਕੀ ਵਿਅਕਤੀਆਂ ਦਾ ਪਿੱਛਾ ਕੀਤਾ।ਇਸ ਦੌਰਾਨ ਮੁਲਜ਼ਮਾਂ ਨੇ ਪੁਲਸ ਪਾਰਟੀ 'ਤੇ ਗੋਲੀਬਾਰੀ ਕਰ ਦਿੱਤੀ ਤਾਂ ਪੁਲਸ ਨੇ ਵੀ ਆਪਣੀ ਸਵੈ-ਰੱਖਿਆ ਵਿੱਚ ਜਵਾਬੀ ਕਾਰਵਾਈ ਕੀਤੀ, ਜਿਸ ਦੌਰਾਨ ਇੱਕ ਮੁਲਜ਼ਮ ਗੋਲੀ ਲੱਗਣ ਕਾਰਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਜ਼ਖ਼ਮੀ ਨੂੰ ਤੁਰੰਤ ਸਿਵਲ ਹਸਪਤਾਲ ਅਜਨਾਲਾ ਵਿਖੇ ਇਲਾਜ ਲਈ ਦਾਖ਼ਲ ਕਰਵਾਇਆ ਗਿਆ।ਉਨ੍ਹਾਂ ਦੱਸਿਆ ਕਿ ਪੁਲਸ ਨੇ



ਦੋਵੇਂ ਮੁਲਜ਼ਮਾਂ ਨੂੰ ਮੌਕੇ ਤੋਂ ਹੀ ਕਾਬੂ ਕਰ ਲਿਆ ਜਿਨ੍ਹਾਂ ਦੀ ਪਹਿਚਾਣ ਸੁਖਰਾਜ ਸਿੰਘ ਅਤੇ ਅਰਜੁਨ ਸ਼ਰਮਾ ਵਜੋਂ ਹੋਈ ਹੈ ਅਤੇ ਤਲਾਸ਼ੀ ਦੌਰਾਨ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਪਿਸਤੌਲ, ਦੋ ਮੋਬਾਈਲ ਫੋਨ ਅਤੇ ਇੱਕ ਥਾਰ ਗੱਡੀ ਬਰਾਮਦ ਕੀਤੀ ਗਈ ਹੈ।ਐੱਸ ਐੱਸ ਪੀ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਸ ਪੂਰੇ ਮਡਿਊਲ ਨੂੰ ਯੂਕੇ ਵਿੱਚ ਬੈਠਾ ਗੈਂਗਸਟਰ ਚਲਾ ਰਿਹਾ ਸੀ ਅਤੇ ਪੁਲਸ ਨੂੰ ਸ਼ੱਕ ਹੈ ਕਿ ਇਹ ਮੁਲਜ਼ਮ ਕਿਸੇ ਵੱਡੀ ਘਟਨਾ ਨੂੰ ਅੰਜਾਮ ਦੇਣ ਜਾ ਰਹੇ ਸਨ, ਜਿਨ੍ਹਾਂ ਖਿਲਾਫ ਪੁਲਸ ਨੇ ਮਾਮਲਾ ਦਰਜ ਕਰਕੇ ਪੂਰੀ ਡੂੰਘਾਈ ਨਾਲ ਜਾਂਚ ਸ਼ੁਰੂ ਕਰ ਦਿੱਤੀ ਹੈ ।

# ਤਲਬੀਰ ਗਿੱਲ ਨੇ ਕੋਟਲਾ ਗੁੱਜਰਾਂ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

**ਮਜੀਠਾ (ਸੋਇਮ ਆਨੰਦ)**- ਪੰਜਾਬ ਸਰਕਾਰ ਦੀ ਲੋਕਾਂ ਨਾਲ ਸਿੱਧਾ ਸੰਵਾਦ ਕਾਇਮ ਕਰਨ ਵਾਲੀ 'ਲੋਕ ਮਿਲਣੀ ਮੁਹਿੰਮ' ਤਹਿਤ ਹਲਕਾ ਮਜੀਠਾ ਦੇ ਪਿੰਡ ਕੋਟਲਾ ਗੁੱਜਰਾਂ ਵਿਖੇ ਆਮ ਆਦਮੀ ਪਾਰਟੀ ਦੀ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ 'ਆਪ' ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਇਲਾਕੇ ਦੇ ਲੋਕਾਂ ਨਾਲ ਉਨ੍ਹਾਂ ਦੇ ਮਸਲਿਆਂ ਬਾਰੇ ਖੁੱਲ੍ਹ ਕੇ ਗੱਲਬਾਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਤਲਬੀਰ ਸਿੰਘ ਗਿੱਲ ਨੇ



ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ 'ਆਪ' ਸਰਕਾਰ ਦਾ ਮੁੱਖ ਉਦੇਸ਼ ਸਰਕਾਰੀ ਸਕੀਮਾਂ ਦਾ ਲਾਭ ਹਰ ਲੋੜਵੰਦ ਤੱਕ ਬਿਨਾਂ ਵਿਚੋਲੇ ਦੇ ਪਹੁੰਚਾਉਣਾ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਸਿਰਫ਼ ਮੀਟਿੰਗਾਂ ਤੱਕ ਸੀਮਤ ਨਹੀਂ ਹੈ।ਇਹ ਲੋਕਾਂ ਅਤੇ ਸਰਕਾਰ ਵਿਚਕਾਰ ਸਿੱਧੇ ਸੰਪਰਕ ਦਾ ਸਾਧਨ ਹੈ।ਅਸੀਂ ਪਿੰਡਾਂ ਵਿੱਚ ਜਾ ਕੇ ਲੋਕਾਂ ਦੀਆਂ ਗੱਲਾਂ ਖੁਦ ਸੁਣਦੇ ਹਾਂ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਕਰਦੇ ਹਾਂ।ਗਿੱਲ ਨੇ ਕਿਹਾ ਕਿ ਪਹਿਲਾਂ ਲੋਕਾਂ ਨੂੰ ਆਪਣੇ ਛੋਟੇ ਕੰਮਾਂ ਲਈ ਵੀ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨੇ ਪੈਂਦੇ ਸਨ, ਪਰ ਹੁਣ ਸਰਕਾਰ ਖੁਦ ਲੋਕਾਂ ਦੇ ਘਰ-ਦਰ 'ਤੇ ਪਹੁੰਚ ਰਹੀ ਹੈ।ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਖੇਤੀਬਾੜੀ, ਸਿਹਤ, ਸਿੱਖਿਆ ਅਤੇ ਬਿਜਲੀ ਦੇ ਖੇਤਰ ਵਿੱਚ ਵੱਡੇ ਪੱਧਰ ਤੇ ਸੁਧਾਰ ਕੀਤੇ ਜਾ ਰਹੇ ਹਨ।300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕ ਅਤੇ ਨੌਜਵਾਨਾਂ ਲਈ ਰੁਜ਼ਗਾਰ ਸਕੀਮਾਂ ਦਾ ਫਾਇਦਾ ਹਰ ਘਰ ਤੱਕ ਪਹੁੰਚ ਰਿਹਾ ਹੈ।ਮਜੀਠਾ ਹਲਕੇ ਵਿੱਚ ਵੀ ਸੜਕਾਂ, ਪੀਣ ਵਾਲੇ ਪਾਣੀ ਅਤੇ ਸੀਵਰੇਜ ਦੇ ਕੰਮਾਂ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾ ਰਿਹਾ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਆਪਣੀਆਂ ਵੱਖ-ਵੱਖ ਸਮੱਸਿਆਵਾਂ ਤਲਬੀਰ ਗਿੱਲ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਦੇ ਜਲਦੀ ਨਿਪਟਾਰੇ ਦਾ ਉਨ੍ਹਾਂ ਨੇ ਭਰੋਸਾ ਦਿੱਤਾ।ਇਸ ਇਕੱਤਰਤਾ ਵਿੱਚ ਜਸਵੰਤ ਸਿੰਘ, ਯਾਦਵਿੰਦਰ ਸਿੰਘ ਚੇਅਰਮੈਨ, ਭੁਪਿੰਦਰ ਸਿੰਘ, ਜੁਗਰਾਜ ਸਿੰਘ, ਦਵਿੰਦਰਪਾਲ ਸਿੰਘ, ਗੁਰਦਿਆਲ ਸਿੰਘ, ਕੁਲਵਿੰਦਰ ਸਿੰਘ, ਦੀਪਕਰਾਜ ਸਿੰਘ, ਹਰਪ੍ਰੀਤ ਸਿੰਘ, ਮਨਕਰਨਬੀਰ ਸਿੰਘ, ਰਤਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਪਿੰਡ ਦੇ ਲੋਕ ਹਾਜ਼ਰ ਸਨ।ਹਾਜ਼ਰ ਲੋਕਾਂ ਨੇ ਲੋਕ ਮਿਲਣੀ ਮੁਹਿੰਮ ਦੀ ਸ਼ਲਾਘਾ ਕਰਦਿਆਂ ਸਰਕਾਰ ਦੇ ਵਿਕਾਸ ਕਾਰਜਾਂ 'ਤੇ ਸੰਤੁਸ਼ਟੀ ਜਤਾਈ ਅਤੇ ਭਵਿੱਖ ਵਿੱਚ ਵੀ ਪੂਰਨ ਸਹਿਯੋਗ ਦੇਣ ਦਾ ਐਲਾਨ ਕੀਤਾ।

# ਨਰੇਗਾ ਕਰਮਚਾਰੀਆਂ ਵੱਲੋਂ ਕਲਮਛੋੜ ਹੜਤਾਲ ਜਾਰੀ

## ਪੰਚਾਇਤ ਮੰਤਰੀ ਦੀ ਰਿਹਾਇਸ਼ ਅੱਗੇ ਰੋਸ ਪ੍ਰਦਰਸ਼ਨ ਕਰਨ ਦੀ ਦਿੱਤੀ ਚਿਤਾਵਨੀ

**ਮਜੀਠਾ (ਸੋਇਮ ਆਨੰਦ)** ਨਰੇਗਾ ਕਰਮਚਾਰੀਆਂ ਦੀ ਕਲਮਛੋੜ ਹੜਤਾਲ ਹੁਣ ਦੂਜੇ ਮਹੀਨੇ ਵਿੱਚ ਦਾਖ਼ਲ ਹੋ ਗਈ ਹੈ। ਭਾਰਤ ਸਰਕਾਰ ਵੱਲੋਂ ਨਰੇਗਾ ਦੀ ਥਾਂ 'ਵਿਕਸਤ ਭਾਰਤ ਜੀ-ਰਾਮ' ਸਕੀਮ ਲਾਗੂ ਕਰਨ ਦੇ ਐਲਾਨ ਤੋਂ ਬਾਅਦ ਮੁਲਾਜ਼ਮਾਂ ਦਾ ਸੰਘਰਸ਼ ਹੋਰ ਤੇਜ਼ ਹੋ ਗਿਆ ਹੈ।ਯੂਨੀਅਨ ਆਗੂਆਂ ਨੇ ਐਲਾਨ ਕੀਤਾ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਤਾਂ 7 ਜੁਲਾਈ ਨੂੰ ਪੰਚਾਇਤ ਮੰਤਰੀ ਦੀ ਰਿਹਾਇਸ਼ ਅੱਗੇ ਵੱਡਾ ਰੋਸ ਪ੍ਰਦਰਸ਼ਨ ਕਰਕੇ ਘਿਰਾਓ ਕੀਤਾ ਜਾਵੇਗਾ।ਯੂਨੀਅਨ ਦੇ ਪ੍ਰਤੀਨਿਧੀਆਂ ਨੇ ਦੱਸਿਆ ਕਿ ਨਰੇਗਾ ਕਰਮਚਾਰੀ ਕਰੀਬ 18 ਸਾਲਾਂ ਤੋਂ ਆਪਣੀਆਂ ਸੇਵਾਵਾਂ ਨੂੰ ਰੈਗੂਲਰ ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਵੱਖ-ਵੱਖ ਸਰਕਾਰਾਂ ਨੇ ਉਨ੍ਹਾਂ ਤੋਂ ਨਿਰੰਤਰ ਕੰਮ ਤਾਂ ਲਿਆ, ਪਰ ਨੌਕਰੀ ਦੀ ਸੁਰੱਖਿਆ ਅਤੇ ਭਵਿੱਖ ਨੂੰ ਯਕੀਨੀ ਬਣਾਉਣ ਲਈ ਕੋਈ ਪੱਕਾ ਹੱਲ ਨਹੀਂ ਕੀਤਾ।ਉਨ੍ਹਾਂ ਨੇ



ਦੱਸਿਆ ਕਿ 1 ਜੂਨ ਨੂੰ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਧ ਅਤੇ 10 ਜੂਨ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਹੋਈਆਂ ਮੀਟਿੰਗਾਂ ਦੌਰਾਨ ਯੂਨੀਅਨ ਦੀਆਂ ਮੰਗਾਂ 'ਤੇ ਸਕਾਰਾਤਮਕ ਰਵੱਈਆ ਅਪਣਾਇਆ ਗਿਆ ਸੀ।ਅਧਿਕਾਰੀਆਂ ਨੂੰ ਨਰੇਗਾ ਕਰਮਚਾਰੀਆਂ ਨੂੰ ਪੰਚਾਇਤ ਵਿਭਾਗ ਦੀਆਂ ਖਾਲੀ ਅਸਾਮੀਆਂ 'ਤੇ ਮਰਜ ਕਰਨ ਸਬੰਧੀ ਕਾਰਵਾਈ ਕਰਨ ਲਈ ਵੀ ਕਿਹਾ ਗਿਆ ਸੀ, ਪਰ ਅਜੇ ਤੱਕ ਕੋਈ ਠੋਸ ਫੈਸਲਾ ਲਾਗੂ ਨਹੀਂ ਹੋਇਆ।ਮੁਲਾਜ਼ਮ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਸਿਰਫ਼ ਭਰੋਸੇ ਦਿੱਤੇ ਜਾ ਰਹੇ ਹਨ, ਜਦਕਿ ਹਕੀਕਤ ਵਿੱਚ ਕੋਈ ਕਾਰਵਾਈ ਨਹੀਂ ਹੋ ਰਹੀ। ਇਸ ਕਾਰਨ ਕਰਮਚਾਰੀਆਂ ਵਿੱਚ ਨਿਰਾਸ਼ਾ ਅਤੇ ਰੋਸ ਵਧਦਾ ਜਾ ਰਿਹਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਮੰਗਾਂ ਨੂੰ ਲਿਖਤੀ ਰੂਪ ਵਿੱਚ ਮਨਜ਼ੂਰ ਕਰਕੇ ਅਮਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਕਲਮ ਛੋੜ ਹੜਤਾਲ ਜਾਰੀ ਰਹੇਗੀ।ਇਸ ਮੌਕੇ ਹਰਪ੍ਰਤਾਪ ਸਿੰਘ (ਜੇ. ਈ. ਨਰੇਗਾ), ਸੰਦੀਪ ਕੌਰ, ਰਣਜੀਤ ਸਿੰਘ, ਹਰਵਿੰਦਰ ਸਿੰਘ, ਜੋਬਨਜੀਤ ਸਿੰਘ, ਗੁਰਚੈਨ ਸਿੰਘ, ਕ੍ਰਿਪਾਲ ਸਿੰਘ, ਜਸਦੀਪ ਸਿੰਘ, ਮਲਕੀਤ ਸਿੰਘ, ਗੁਰਵਿੰਦਰ ਸਿੰਘ, ਨਿਰਵੈਰ ਸਿੰਘ, ਗੁਰਦੇਵ ਸਿੰਘ, ਰਾਜੇਸ਼ ਕੁਮਾਰ, ਅਜੈ ਕੁਮਾਰ, ਗੁਰਮੁਖ ਸਿੰਘ, ਓਂਕਾਰ ਸਿੰਘ, ਜਸਬੀਰ ਸਿੰਘ ਅਤੇ ਹਰਜਿੰਦਰ ਸਿੰਘ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

# ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਤਕਸੀਮ



**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**- ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਸੇਖਵਾਂ ਵਿਖੇ ਮੇਰੀ ਰਸੋਈ ਯੋਜਨਾ ਤਹਿਤ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ।ਇਸ ਮੌਕੇ ਉਨ੍ਹਾਂ ਹਾਜ਼ਰ ਲੋਕਾਂ ਨੂੰ ਸੰਬੋਧਿਤ ਹੁੰਦਿਆਂ ਕਿਹਾ ਕਿ ਮਾਨ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦੇ ਹਰ ਘਰ ਤੱਕ ਪੌਸ਼ਟਿਕ ਆਹਾਰ ਪਹੁੰਚੇ ਅਤੇ ਕੋਈ ਵੀ ਪਰਿਵਾਰ ਬੁਨਿਆਦੀ ਲੋੜਾਂ ਤੋਂ ਵਾਂਝਾ ਨਾ ਰਹੇ। ਇਸ ਮੌਕੇ ਸਰਪੰਚ ਮਲਕੀਤ ਸਿੰਘ, ਜਗੀਰ ਸਿੰਘ, ਸੁਖਦੇਵ ਸਿੰਘ ਮੱਲ੍ਹੀ, ਕੇਵਲ ਸਿੰਘ ਫ਼ੌਜੀ, ਨਿਰਮਲ ਸਿੰਘ, ਬਾਬਾ ਜਗਦੇਵ ਸਿੰਘ, ਮੁਖਤਿਆਰ ਸਿੰਘ ਅਤੇ ਇਲਾਕੇ ਦੇ ਹੋਰ ਮੁਹਤਬਰ ਸੱਜਣ ਵੀ ਹਾਜ਼ਰ ਰਹੇ।



ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੇ ਦਿਹਾੜੇ ਨੂੰ ਸਮਰਪਿਤ ਅਮਰੀਕ ਸਿੰਘ ਵੈਲਡਿੰਗ ਵਰਕਸ ਠੱਠਾ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।ਛਬੀਲ ਦੀ ਸੇਵਾ ਕਰਦੇ ਹੋਏ ਸੇਵਾਦਾਰ ਅਮਰੀਕ ਸਿੰਘ, ਤੇਜਿੰਦਰ ਸਿੰਘ ਰਾਜੂ ਛੀਨਾ, ਰਿੰਕੂ, ਬਿਸਮਜੀਤ ਸਿੰਘ ਏਕਮ, ਸਾਹਿਲ, ਰੋਬਿਨ ਸਿੰਘ ਛੀਨਾ, ਸਰਤਾਜ ਸਿੰਘ, ਸੋਨੂੰ, ਸਤਨਾਮ ਸਿੰਘ, ਜੁਗਰਾਜ ਸਿੰਘ, ਬਲਵਿੰਦਰ ਸਿੰਘ, ਜੋਬਨ ਸਿੰਘ, ਗੁਰਲਾਲ ਸਿੰਘ, ਮਾਨਵ, ਸਹਬਜੀਤ ਸਿੰਘ, ਜੌਹਰ, ਗੁਰਸਿਮਰਨ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ। (ਫੋਟੋ ਤੇ ਵੇਰਵਾ: **ਹਰਜਿੰਦਰ ਸਿੰਘ ਸੋਨੀ**)

# ਰੋਟਰੀ ਕਲੱਬ ਆਸਥਾ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਨਾਲ ਨਵੇਂ ਸਾਲ ਦਾ ਸ਼ੁਭ ਆਰੰਭ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਕਲੱਬ ਆਸਥਾ ਵੱਲੋਂ ਕਲੱਬ ਦੇ ਨਵੇਂ ਚੁਣੇ ਪ੍ਰਧਾਨ ਅਸ਼ੋਕ ਸ਼ਰਮਾ ਸਕੱਤਰ ਸਰਬਜੀਤ ਸਿੰਘ ਵੱਲੋਂ ਰੋਟਰੀ ਦੇ ਸਾਲ 2026-27 ਦਾ ਸ਼ੁਭ ਆਰੰਭ ਗੁਰਦੁਆਰਾ ਸ਼ਹੀਦ ਬਾਬਾ ਬੁਖਾਰੀ ਦੇ ਦਰਬਾਰ ਵਿਖੇ ਸੁਖਮਨੀ ਸਾਹਿਬ ਪਾਠ ਦੇ ਨਾਲ ਕਲੱਬ ਦੇ ਸਮੂਹ ਮੈਂਬਰਾਂ ਦੇ ਨਾਲ ਨਤਮਸਤਕ ਹੋ ਕੇ ਉਸ ਵਾਹਿਗੁਰੂ ਦਾ ਆਸ਼ੀਰਵਾਦ ਲੈਂਦੇ ਹੋਏ ਕੀਤਾ। ਕਲੱਬ ਦੇ ਸਾਬਕਾ ਪ੍ਰਧਾਨ ਅਮਨ ਸ਼ਰਮਾ ਅਤੇ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਇਸ ਮੌਕੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਅਸ਼ੋਕ ਸ਼ਰਮਾ, ਸਕੱਤਰ ਸਰਬਜੀਤ ਸਿੰਘ ਅਤੇ ਕਲੱਬ ਦੇ ਸਮੂਹ ਮੈਂਬਰਾਂ ਨੂੰ ਸਿਰੋਪੇ ਦੇ ਕੇ ਸਨਮਾਨਿਤ ਕੀਤਾ। ਰੋਟਰੀ ਦੇ ਜ਼ੋਨਲ ਚੇਅਰਮੈਨ ਡਾ. ਜਸਪ੍ਰੀਤ ਗਰੋਵਰ, ਸਹਾਇਕ ਗਵਰਨਰ ਵਰੁਣ ਕੱਕੜ ਉਚੇਚੇ ਤੌਰ ਤੇ ਸ਼ਾਮਿਲ ਹੋਏ। ਕਲੱਬ ਦੇ ਵੱਲੋਂ ਇਕ ਸਾਦਾ ਸਮਾਗਮ ਦਾ ਆਯੋਜਨ ਕੀਤਾ ਗਿਆ। ਐੱਮ. ਓ. ਸੀ. ਦੀ ਭੂਮਿਕਾ ਕਲੱਬ ਦੇ ਸਾਬਕਾ ਪ੍ਰਧਾਨ ਸੀਨੀਅਰ ਰੋਟੇਰੀਅਨ ਪਰਮਜੀਤ ਸਿੰਘ ਵੱਲੋਂ ਨਿਭਾਈ ਗਈ।ਸਾਲ ਦੇ ਪ੍ਰਧਾਨ ਰਾਜੇਸ਼ ਦੀ ਤਬੀਅਤ ਠੀਕ ਨਾ ਹੋਣ ਕਾਰਨ ਬੋਰਡ ਮੈਂਬਰਾਂ ਵੱਲੋਂ ਅਸ਼ੋਕ ਸ਼ਰਮਾ ਅਤੇ ਸਕੱਤਰ ਸਰਬਜੀਤ ਸਿੰਘ ਨੂੰ ਅਗਲੇ ਸਾਲ ਦੇ ਲਈ ਵੀ ਨਿਰੰਤਰ



ਪ੍ਰਧਾਨ ਅਤੇ ਸਕੱਤਰ ਅਹੁੱਦੇ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕ ਤੇ 3070 ਦੇ ਆਉਣ ਵਾਲੇ ਗਵਰਨਰ ਰੋਟਰੀ ਆਸਥਾ ਦੇ ਚਾਰਟਡ ਪ੍ਰਧਾਨ ਐੱਚ. ਐੱਸ. ਜੋਗੀ, ਕਲੱਬ ਦੀ ਪ੍ਰਥਮ ਮਹਿਲਾ ਸਤਿਆਪ੍ਰਭਾ ਸ਼ਰਮਾ ਅਤੇ ਕਲੱਬ ਦੇ ਸਾਬਕਾ ਪ੍ਰਧਾਨ ਅੰਦੇਸ਼ ਭੱਲਾ, ਹਰਦੇਸ਼ ਦਵੇਸਰ, ਜਤਿੰਦਰ ਸਿੰਘ ਪੱਪੂ, ਸਹਾਇਕ ਗਵਰਨਰ ਕੇ. ਐੱਸ. ਚੱਠਾ, ਮਨਮੋਹਨ ਸਿੰਘ, ਗੁਰਮੀਤ ਸਿੰਘ, ਚੰਦਰਮੋਹਨ, ਰਾਜ ਕੁਮਾਰ, ਬਲਦੇਵ ਸਿੰਘ ਸੰਧੂ, ਹਰਦੇਸ਼ ਦਵੇਸਰ, ਡਾ. ਗਗਨਦੀਪ ਸਿੰਘ, ਸਤੀਸ਼ ਸ਼ਰਮਾ, ਰਾਕੇਸ਼ ਸ਼ਰਮਾ, ਵਿਨੋਦ ਕਪੂਰ, ਰਣਬੀਰ ਬੇਰੀ, ਮਨਿੰਦਰ, ਬ੍ਰਿਗੇਡੀਅਰ ਗਿਆਨ ਸਿੰਘ ਸੰਧੂ, ਜੇ. ਐੱਸ. ਲਿਖਾਰੀ, ਪ੍ਰਿੰਸੀਪਲ ਦਵਿੰਦਰ ਸਿੰਘ, ਸਤਪਾਲ ਕੌਰ, ਮਮਤਾ ਅਰੋੜਾ, ਰਚਨਾ ਸਿੰਗਲਾ, ਸੋਨੀਆ ਬੁੱਧੀ ਰਾਜਾ, ਸਮੇਤ ਰੋਟਰੀ ਕਲੱਬ ਆਸਥਾ ਦੇ ਸਮੂਹ ਮੈਂਬਰ ਮੌਜੂਦ ਸਨ।

# ਐੱਸ ਆਈ ਆਰ ਦੌਰਾਨ ਫਾਰਮ ਭਰਨਾ ਤੇ ਨਵੀਂ ਫੋਟੋ ਦੇਣਾ ਲਾਜ਼ਮੀ : ਜ਼ਿਲ੍ਹਾ ਚੋਣ ਅਫ਼ਸਰ

**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੀ ਪ੍ਰਕਿਰਿਆ 25 ਜੂਨ ਤੋਂ ਵੱਡੇ ਪੱਧਰ 'ਤੇ ਜਾਰੀ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ, ਤਾਂ ਜੋ ਇੱਕ ਸਾਫ਼-ਸੁਥਰੀ, ਸਹੀ ਅਤੇ ਅਪਡੇਟ ਵੋਟਰ ਸੂਚੀ ਤਿਆਰ ਕੀਤੀ ਜਾ ਸਕੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਹਰੇਕ ਯੋਗ ਵੋਟਰ ਲਈ ਆਪਣਾ ਗਣਨਾ ਫਾਰਮ ਭਰਨਾ ਅਤੇ ਉਸ ਨਾਲ ਇੱਕ ਨਵੀਂ/ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਲਗਾਉਣਾ ਲਾਜ਼ਮੀ ਹੈ। ਉਨ੍ਹਾ ਸਪੱਸ਼ਟ ਕੀਤਾ ਕਿ ਜੇਕਰ ਕੋਈ ਵੋਟਰ ਆਪਣਾ ਗਣਨਾ ਫਾਰਮ ਜਮ੍ਹਾਂ ਨਹੀਂ ਕਰਵਾਉਂਦਾ ਤਾਂ ਉਸ ਦਾ ਨਾਂਅ 3 ਅਗਸਤ ਨੂੰ ਪ੍ਰਕਾਸ਼ਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ। ਉਨ੍ਹਾ ਸਮੂਹ ਵੋਟਰਾਂ ਨੂੰ ਅਪੀਲ ਕੀਤੀ



ਕਿ ਉਹ ਆਪਣੇ ਇਲਾਕੇ ਦੇ ਬੂਥ ਲੈਵਲ ਅਫ਼ਸਰ ਨਾਲ ਤੁਰੰਤ ਸੰਪਰਕ ਕਰਕੇ ਆਪਣਾ ਭਰਿਆ ਹੋਇਆ ਗਣਨਾ ਫਾਰਮ ਸਮੇਂ ਸਿਰ ਜਮ੍ਹਾਂ ਕਰਵਾਉਣ। ਪੇਂਡੂ ਵਿਧਾਨ ਸਭਾ ਹਲਕਿਆਂ ਵਿੱਚ 10 ਜੁਲਾਈ ਅਤੇ ਸ਼ਹਿਰੀ ਵਿਧਾਨ ਸਭਾ ਹਲਕਿਆਂ ਵਿੱਚ 15 ਜੁਲਾਈ ਤੱਕ ਹਰ ਹਾਲ ਵਿੱਚ ਗਣਨਾ ਫਾਰਮ ਜਮ੍ਹਾਂ ਕਰਵਾਉਣਾ ਯਕੀਨੀ ਬਣਾਇਆ ਜਾਵੇ। ਫਾਰਮ ਇਕੱਠੇ ਕਰਨ ਅਤੇ ਉਨ੍ਹਾਂ ਦੀ ਤਸਦੀਕ ਦੀ ਸਮੁੱਚੀ ਪ੍ਰਕਿਰਿਆ 24 ਜੁਲਾਈ ਤੱਕ ਮੁਕੰਮਲ ਕੀਤੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਨੂੰ ਹੋਰ ਮਜ਼ਬੂਤ ਬਣਾਉਣ ਲਈ ਆਪਣਾ ਗਣਨਾ ਫਾਰਮ ਭਰ ਕੇ ਸਮੇਂ ਸਿਰ ਆਪਣੇ ਬੀ ਐੱਲ ਓ ਨੂੰ ਜਮ੍ਹਾਂ ਕਰਵਾਉਣ ਅਤੇ ਆਪਣੀ ਵੋਟ ਦੀ ਤਸਦੀਕ ਜ਼ਰੂਰ ਕਰਵਾਉਣ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਾ ਰਹਿ ਜਾਵੇ। ਉਨ੍ਹਾ ਦੁਹਰਾਇਆ ਕਿ ਗਣਨਾ ਫਾਰਮ ਜਮ੍ਹਾਂ ਨਾ ਕਰਵਾਉਣ ਦੀ ਸੂਰਤ ਵਿੱਚ ਸੰਬੰਧਤ ਵੋਟਰ ਦਾ ਨਾਂਅ 3 ਅਗਸਤ ਨੂੰ ਪ੍ਰਕਾਸ਼ਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ।

# ਕਾਦੀਆਂ ਗੁੱਜਰਾਂ ਤੋਂ ਸ਼ਰਧਾਲੂਆਂ ਦੀ ਬੱਸ ਰਵਾਨਾ



**ਧਾਰੀਵਾਲ, (ਮਨਦੀਪ ਵਿੱਕੀ)**- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਹੇਠ ਡੇਰਾ ਬਾਬਾ ਨਾਨਕ ਹਲਕੇ ਤੋਂ ਲਗਾਤਾਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੰਗਤਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ, ਜਿਸ ਦੇ ਚੱਲਦਿਆਂ ਪਿੰਡ ਕਾਦੀਆਂ ਗੁੱਜਰਾਂ ਤੋਂ ਪਵਿੱਤਰ ਧਰਤੀ ਸ੍ਰੀ ਆਨੰਦਪੁਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਮਨਰੂਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਪਿੰਡ ਕਾਦੀਆਂ ਗੁੱਜਰਾਂ ਤੋਂ ਸ਼ਰਧਾਲੂਆਂ ਨੂੰ ਤੀਰਥ ਯਾਤਰਾ ਲਈ ਰਵਾਨਾ ਕੀਤੀ ਗਈ ਹੈ।ਉਨ੍ਹਾਂ ਇਸ ਪਵਿੱਤਰ ਯਾਤਰਾ 'ਤੇ ਜਾਣ ਵਾਲੇ ਸਮੂਹ ਸ਼ਰਧਾਲੂਆਂ ਨੂੰ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਸਭ ਨੂੰ ਚੜ੍ਹਦੀ ਕਲਾ, ਸੁਖ-ਸ਼ਾਂਤੀ ਅਤੇ ਸੁਰੱਖਿਅਤ ਯਾਤਰਾ ਦੀ ਬਖ਼ਸ਼ਿਸ਼ ਕਰਨ।ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਅਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ਼੍ਰੀ ਆਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਅਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ।ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਅਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖ਼ੁਸ਼ੀ ਵਰਗਾ ਮਾਹੌਲ ਹੈ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

# ਸਰਕਾਰੀ ਕੰਮਾਂ 'ਚ ਸਿਰਫ਼ ਚੁਣੇ ਹੋਏ ਮਹਿਲਾ ਪ੍ਰਤੀਨਿਧੀ ਨਾਲ ਹੀ ਸੰਪਰਕ ਕੀਤਾ ਜਾਵੇ : ਵੈਟਰਨ ਰਾਣਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਡਿਫੈਂਸ ਵੈਟਰਨਜ਼ ਆਰਗੇਨਾਈਜ਼ੇਸ਼ਨ ਦੇ ਮੀਤ ਪ੍ਰਧਾਨ ਵੈਟਰਨ ਜਤਿੰਦਰ ਸਿੰਘ ਰਾਣਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਰਪੰਚ, ਮੈਂਬਰ ਪਚਾਇਤ, ਮੇਅਰ ਅਤੇ ਕੌਂਸਲਰ ਪਤਨੀਆਂ ਦੇ ਪਤੀਆਂ ਨੂੰ ਸਰਕਾਰੀ ਕੰਮਾਂ ਦੀਆਂ ਮੀਟਿੰਗਾਂ ਜਾਂ ਥਾਣਿਆਂ ਵਿੱਚ



ਹਿੱਸਾ ਲੈਣ ਦੀ ਅਣ ਅਧਿਕਾਰਤ ਅਤੇ ਗੈਰ-ਕਾਨੂੰਨੀ ਪ੍ਰਥਾ ਤੁਰੰਤ ਬੰਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ 73ਵੇਂ ਅਤੇ 74ਵੇਂ ਸੰਵਿਧਾਨਕ ਸੋਧਾਂ ਦਾ ਮਕਸਦ ਮਹਿਲਾਵਾਂ ਨੂੰ ਅਸਲ ਰਾਜਨੀਤਿਕ ਸਸ਼ਕਤੀਕਰਨ ਦੇਣਾ ਹੈ। ਕਿਸੇ ਵੀ ਪਤੀ ਜਾਂ ਰਿਸ਼ਤੇਦਾਰ ਨੂੰ ਚੁਣੀ ਹੋਈ ਮਹਿਲਾ ਸਰਪੰਚ, ਮੇਅਰ, ਪੰਚ ਜਾਂ ਕੌਂਸਲਰ ਦੀ ਥਾਂ ਸਰਕਾਰੀ ਮੀਟਿੰਗਾਂ, ਪੁਲਿਸ ਜਾਂ ਪ੍ਰਸ਼ਾਸਨਿਕ ਕਾਰਵਾਈਆਂ ਵਿੱਚ ਹਾਜ਼ਰ ਹੋਣ ਜਾਂ ਫ਼ੈਸਲੇ ਲੈਣ ਦਾ ਕੋਈ ਕਾਨੂੰਨੀ ਅਧਿਕਾਰ ਨਹੀਂ । ਉਨ੍ਹਾਂ ਦੱਸਿਆ ਕਿ ਸੁਪਰੀਮ ਕੋਰਟ ਦੇ ਫ਼ੈਸਲਿਆਂ, ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਵਿਚਾਰਾਂ ਅਤੇ ਸੰਵਿਧਾਨ ਦੀਆਂ ਧਾਰਾਵਾਂ 14, 15(3), 2434 ਅਤੇ 243 ਅਨੁਸਾਰ ਚੁਣੀ ਹੋਈ ਮਹਿਲਾ ਪ੍ਰਤੀਨਿਧੀ ਹੀ ਆਪਣੇ ਅਹੁਦੇ ਦੀਆਂ ਸ਼ਕਤੀਆਂ ਵਰਤ ਸਕਦੀ ਹੈ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਾਰੇ ਡਿਪਟੀ ਕਮਿਸ਼ਨਰਾਂ, ਪੁਲਸ ਅਤੇ ਹੋਰ ਸਰਕਾਰੀ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ ਕਿ ਸਰਕਾਰੀ ਕੰਮਾਂ ਵਿੱਚ ਸਿਰਫ਼ ਚੁਣੇ ਹੋਏ ਮਹਿਲਾ ਪ੍ਰਤੀਨਿਧੀ ਨਾਲ ਹੀ ਸੰਪਰਕ ਕੀਤਾ ਜਾਵੇ ਅਤੇ ਕਿਸੇ ਵੀ ਅਣਅਧਿਕਾਰਤ ਵਿਅਕਤੀ ਦੀ ਨੁਮਾਇੰਦਗੀ ਨੂੰ ਸਖ਼ਤੀ ਨਾਲ ਰੋਕਿਆ ਜਾਵੇ।

# ਸਰਪੰਚ ਮਨਜੀਤ ਕੌਰ ਬਾਠ ਨੇ ਲੋੜਵੰਦਾਂ ਨੂੰ ਸੂਟ ਵੰਡੇ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਇਤਿਹਾਸਕ ਗੁਰਦੁਆਰਾ ਬੀਬੀ ਵੀਰੋ ਜੀ ਝਬਾਲ ਵਿਖੇ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ ।ਇਸ ਮੌਕੇ ਸਵੇਰੇ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ।ਉਪਰੰਤ ਰਾਗੀ ਸਿੰਘਾਂ ਨੇ ਗੁਰਬਾਣੀ ਦੇ ਸ਼ਬਦ ਕੀਰਤਨ ਕੀਤੇ।ਇਸ ਸਮੇਂ ਹਰ ਸਾਲ ਦੀ ਤਰਾਂ ਗੁਰਦੁਆਰਾ ਕਮੇਟੀ ਵੱਲੋਂ ਰਿਸੀਵਰ ਬਲਵਿੰਦਰ ਸਿੰਘ ਸਵਰਗਾਪੁਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬੀਬੀ ਮਨਜੀਤ ਕੌਰ ਬਾਠ, ਸਾਬਕਾ ਸਰਪੰਚ ਹਰਦਿਆਲ ਸਿੰਘ ਝਬਾਲ,ਸਾਬਕਾ ਸਰਪੰਚ ਬਲਵਿੰਦਰ ਸਿੰਘ ਬਾਬਾ ਲੰਗਾਹ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਅੱਡਾ ਝਬਾਲ, ਚੇਅਰਮੈਨ ਹਰਵੰਤ ਸਿੰਘ ਝਬਾਲ, ਚੇਅਰਮੈਨ ਗੁਰਬੀਰ ਸਿੰਘ, ਗੁਰਿੰਦਰ ਸਿੰਘ ਬਾਬਾ ਲੰਗਾਹ,ਸਾਬਕਾ ਸਰਪੰਚ ਜਗਤਾਰ ਸਿੰਘ ਸਵਰਗਾਪੁਰੀ, ਕਰਨ ਘਪਲਾ ਮੈਨੇਜਰ ਹਰਦੇਵ ਸਿੰਘ ਨੇ ਲੋੜਵੰਦ ਬੀਬੀਆਂ ਨੂੰ ਸੂਟ ਵੰਡੇ।ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਪ੍ਰਬੰਧਕ ਕਮੇਟੀ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਪੁਲਸ ਵੱਲੋਂ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਦੀਨਾਨਗਰ ਦੇ ਤਫ਼ਤੀਸ਼ੀ ਅਫ਼ਸਰ ਏ. ਐੱਸ. ਆਈ. ਕੁਲਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਓਵਰਬ੍ਰਿਜ ਹੇਠਾਂ ਰੇਲਵੇ ਸਟੇਸ਼ਨ ਰੋਡ ਦੀਨਾਨਗਰ ਤੋਂ ਸੰਦੀਪ ਉਰਫ ਟਿੰਕੂ ਪੁੱਤਰ ਅਸ਼ੋਕ ਵਾਸੀ ਅਵਾਂਖਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਤਾਂ ਉਸ ਕੋਲੋਂ 9 ਗਰਾਮ ਹੈਰੋਇਨ ਅਤੇ 500 ਰੁਪਏ ਡਰੱਗ ਮਨੀ ਭਾਰਤੀ ਕਰੰਸੀ ਬਰਾਮਦ ਹੋਈ ਹੈ। ਇਸੇ ਤਰ੍ਹਾਂ ਏ. ਐੱਸ. ਆਈ. ਸਲਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਮੁੱਖਬਰ ਖਾਸ ਦੀ ਇਤਲਾਹ 'ਤੇ ਦਲਬੀਰ ਚੰਦ ਪੁੱਤਰ ਕਾਲਾ ਰਾਮ ਵਾਸੀ ਪਨਿਆੜ ਜੋ ਨਜਾਇਜ਼ ਸ਼ਰਾਬ ਵੇਚਣ ਦਾ ਕੰਮ ਕਰਦਾ ਸੀ, ਨੂੰ 30 ਹਜ਼ਾਰ ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਸਿਟੀ ਗੁਰਦਾਸਪੁਰ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਦਫਤਰ ਦੇ ਪੱਤਰ ਨੰ. 4997-99 ਰਾਹੀਂ ਦੱਸਿਆ ਕਿ 22 ਜੁਲਾਈ ਨੂੰ ਵਾਰਡ 8 ਚੱਕੀਆਂ ਦੀ ਤਲਾਸ਼ੀ ਕੀਤੀ ਗਈ ਤਾਂ ਕੁਝ ਮਾਤਰਾ ਵਿਚ ਖੁੱਲ੍ਹਾ ਤੰਬਾਕੂ ਅਤੇ ਚੱਕੀ ਨੰਬਰ 2 ਦੀ ਤਲਾਸ਼ੀ ਦੌਰਾਨ ਮੋਬਾਇਲ ਬਿਨਾਂ ਸਿੰਮ ਅਤੇ ਬੈਟਰੀ ਬਰਾਮਦ ਹੋਈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅੰਰਭ ਕਰ ਦਿੱਤੀ ਹੈ।



ਰਾਇਲ ਹੁੱਕ ਜਿਮ ਵੱਲੋਂ ਹਰਪ੍ਰੀਤ ਹੈਪੀ ਤੇ ਪਰਮਜੀਤ ਲਾਟੀ ਪਹਿਲਵਾਨ ਦੀ ਅਗਵਾਈ ਵਿਚ ਪੁਤਲੀਘਰ ਵਿੱਚ ਛਬੀਲ ਲਗਾਈ ਗਈ। ਇਸ ਮੌਕੇ ਇੰਪਰੂਵਮੈਂਟ ਟਰੱਸਟ ਅੰਮ੍ਰਿਤਸਰ ਦੇ ਸਾਬਕਾ ਚੇਅਰਮੈਨ ਅਸ਼ੋਕ ਤਲਵਾਰ ਤੇ ਆਮ ਆਦਮੀ ਪਾਰਟੀ ਐੱਸੀ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਛਬੀਲ ਵਰਤਾਈ। ਜਿਮ ਪ੍ਰਬੰਧਕਾਂ ਵੱਲੋਂ ਦੋਵੇਂ ਆਗੂਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਾਹਿਬ ਸਿੰਘ, ਕ੍ਰਿਸ਼ਨਾ ਮਲਹੋਤਰਾ, ਰੁਪਿੰਦਰ ਪਿੰਦੀ, ਭੋਲਾ, ਜਸ਼ਨਪ੍ਰੀਤ ਸਿੰਘ, ਸੁਰਿੰਦਰ ਸਿੰਘ ਕਾਕਾ ਆਦਿ ਹਾਜ਼ਰ ਸਨ।

(ਤਸਵੀਰ ਤੇ ਵੇਰਵਾ : **ਮਨੋਜ ਕੁਮਾਰ, ਛੇਹਰਟਾ**)

# ਭਰੋਮਜਾਰਾ ਵਿਖੇ ਹੋਈ 'ਮੇਰੀ ਰਸੋਈ' ਸਕੀਮ ਦੀ ਸ਼ੁਰੂਆਤ

**ਬੰਗਾ (ਅਵਤਾਰ ਕਲੇਰ)**- ਪਿੰਡ ਭਰੋਮਜਾਰਾ ਵਿਖੇ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਮੇਰੀ ਰਸੋਈ ਸਕੀਮ ਦੀ ਸ਼ੁਰੂਆਤ ਰਾਸ਼ਨ ਕਿੱਟਾਂ ਵੰਡ ਕੇ ਕੀਤੀ ਗਈ।ਇਸ ਅਧੀਨ ਪਿੰਡ ਦੇ ਲਗਭਗ 210 ਨੀਲੇ ਕਾਰਡਾਂ ਧਾਰਕਾਂ ਨੂੰ ਮੇਰੀ ਰਸੋਈ ਸਕੀਮ ਦੇ ਤਹਿਤ ਕਿੱਟਾਂ ਵੰਡੀਆਂ ਗਈਆਂ।ਇਸ ਕਿੱਟ ਵਿੱਚ ਛੋਲਿਆਂ ਦੀ ਦਾਲ ਦੋ ਕਿਲੋ, ਦੋ ਕਿਲੋ ਚੀਨੀ, ਇਕ ਕਿਲੋ ਨਮਕ, 200 ਗ੍ਰਾਮ ਹਲਦੀ ਅਤੇ ਇਕ ਲੀਟਰ ਸਰ੍ਹੋਂ ਦਾ



ਤੇਲ ਕਿੱਟ ਦਾ-ਕੁੱਲ ਵਜ਼ਨ 6 ਕਿਲੋ 200 ਗ੍ਰਾਮ ਰਾਮ ਦੱਸਿਆ ਜਾ ਰਿਹਾ ਹੈ।ਇਸ ਮੌਕੇ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤਾ ਹਰ ਵਾਅਦਾ ਲਗਭਗ ਸਾਢੇ ਚਾਰ ਸਾਲ ਵਿੱਚ ਹੀ ਪੂਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ 90 ਫੀਸਦੀ ਪਰਿਵਾਰਾਂ ਨੂੰ ਮੁਫਤ ਅਤੇ ਨਿਰੰਤਰ ਬਿਜਲੀ ਦੀ ਸਪਲਾਈ ਮਿਲ ਰਹੀ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਲਈ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸੰਭਵ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਅਜੇ ਤੱਕ 10 ਲੱਖ ਰੁਪਏ ਵਾਲੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਨਹੀਂ ਬਣਾਏ, ਉਹ ਬਣਾ ਕੇ ਇਹਦਾ ਲਾਭ ਲੈ ਸਕਦੇ ਹਨ।

ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰੀ ਸਿੱਖਿਆ ਪ੍ਰਦਾਨ ਕਰਕੇ ਸਰਕਾਰੀ ਸਕੂਲਾਂ ਨੂੰ ਅਪਡੇਟ ਕੀਤਾ ਗਿਆ ਹੈ। ਸ਼ਰਧਾਲੂਆਂ ਦੀ ਆਸਥਾ ਨੂੰ ਪੂਰਾ ਕਰਨ ਲਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਦੇ ਨੀਲੇ ਕਾਰਡ ਅਜੇ ਤੱਕ ਨਹੀਂ ਬਣੇ ਉਨ੍ਹਾਂ ਦੇ ਵੀ ਨੀਲੇ ਕਾਰਡ ਬਣਾਏ ਜਾਣਗੇ।ਇਸ ਮੌਕੇ ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਸੰਗਠਨ ਇੰਚਾਰਜ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਆਮ ਆਦਮੀ ਸਰਕਾਰ ਵੱਲੋਂ ਮਹਿਲਾਵਾਂ ਨਾਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਮਹਿਲਾਵਾਂ ਹੁਣ ਸੰਤੁਸ਼ਟ ਹਨ।

ਐੱਸਸੀ ਮਹਿਲਾਵਾਂ ਦੇ ਖਾਤਿਆਂ ਵਿਚ 4500 ਰੁਪਏ ਅਤੇ ਜਨਰਲ ਭੈਣਾਂ ਦੇ ਖਾਤਿਆਂ ਵਿਚ 3000 ਰੁਪਏ ਆ ਚੁੱਕੇ ਹਨ।ਇਸ ਮੌਕੇ ਫੂਡ ਇੰਸਪੈਕਟਰ ਦਵਿੰਦਰ ਸਿੰਘ, ਸਰਪੰਚ ਸੁਰਿੰਦਰ ਪਾਲ, ਡਾ. ਨਵਕਾਂਤ ਭਰੋਮਜਾਰਾ, ਰਾਮ ਸਿੰਘ ਸਾਬਕਾ ਸਰਪੰਚ, ਨੰਬਰਦਾਰ ਗੁਰਦੀਪ ਸਿੰਘ ਪੂੰਨੀ, ਸਤਨਾਮ ਸਿੰਘ ਨਾਗਰਾ ਸੋਨੂੰ ਭਰੋਮਜਾਰਾ, ਲੱਖਾ, ਤੀਰਥ ਸਿੰਘ, ਰਾਜਪਾਲ, ਤੇਲੂ ਰਾਮ, ਆਦਿ ਵੀ ਹਾਜ਼ਰ ਸਨ।

# ਹਰਕੀਰਤ ਸਿੰਘ ਦੀ ਅੰਤਰਰਾਸ਼ਟਰੀ ਭੰਗੜਾ ਮੁਕਾਬਲੇ ਲਈ ਚੋਣ

**ਬਟਾਲਾ (ਡਾ. ਮਲਵਿੰਦਰ ਸਿੰਘ)**- ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਇਹ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਅਤੇ ਮਾਣ ਮਹਿਸੂਸ ਕਰ ਰਿਹਾ ਹੈ ਕਿ ਛੇਵੀਂ ਜਮਾਤ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਹਰਕੀਰਤ ਸਿੰਘ ਨੂੰ ਨੱਚਦਾ ਪੰਜਾਬ ਯੂਥ ਕਲੱਬ, ਕੁਰਾਲੀ, ਚੰਡੀਗੜ੍ਹ ਦੀ ਇੱਕ ਟੀਮ ਦੇ ਨਾਲ ਯੂਨਾਈਟਿਡ ਕਿੰਗਡਮ ਵਿੱਚ ਵਿਸ਼ਵ-ਪ੍ਰਸਿੱਧ ਲੈਂਗੋਲੇਨ ਇੰਟਰਨੈਸ਼ਨਲ ਮਿਊਜ਼ੀਕਲ ਆਈਸਟੇਡਫੋਡ ਫੈਸਟੀਵਲ ਵਿੱਚ ਪ੍ਰਦਰਸ਼ਨ ਕਰਨ ਲਈ ਚੁਣਿਆ ਗਿਆ ਹੈ।ਇਹ ਅੰਤਰਰਾਸ਼ਟਰੀ ਸੱਭਿਆਚਾਰਕ ਤਿਉਹਾਰ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਦੇ ਕਲਾਕਾਰਾਂ ਨੂੰ ਆਪਣੇ ਸੱਭਿਆਚਾਰ, ਸੰਗੀਤ ਅਤੇ ਲੋਕ ਨਾਚਾਂ ਨੂੰ ਪ੍ਰਦਰਸ਼ਿਤ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ।ਹਰਕੀਰਤ ਸਿੰਘ ਨੇ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਨਿਰੰਤਰ ਅਭਿਆਸ ਰਾਹੀਂ ਇਹ ਪ੍ਰਾਪਤੀ ਹਾਸਲ ਕੀਤੀ ਹੈ।ਉਹ ਭਾਰਤੀ ਸੱਭਿਆਚਾਰ ਅਤੇ ਖਾਸ ਕਰਕੇ ਪੰਜਾਬ ਦੀ ਅਮੀਰ ਲੋਕ ਸੱਭਿਆਚਾਰਕ ਵਿਰਾਸਤ ਨੂੰ ਅੰਤਰਰਾਸ਼ਟਰੀ ਮੰਚ 'ਤੇ ਪੇਸ਼ ਕਰੇਗਾ।ਇਹ ਪ੍ਰਾਪਤੀ ਨਾ ਸਿਰਫ਼ ਉਸਦੇ ਪਰਿਵਾਰ ਅਤੇ ਸਕੂਲ ਲਈ, ਸਗੋਂ ਪੂਰੇ ਖੇਤਰ ਲਈ ਮਾਣ ਵਾਲੀ ਗੱਲ ਹੈ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਹਰਕੀਰਤ ਸਿੰਘ ਨੂੰ ਉਸਦੀ ਸ਼ਾਨਦਾਰ ਸਫਲਤਾ 'ਤੇ



ਵਧਾਈ ਦਿੱਤੀ ਅਤੇ ਕਿਹਾ ਕਿ ਇਹ ਪ੍ਰਾਪਤੀ ਸਕੂਲ ਦੇ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਹਰਕੀਰਤ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਅੰਤਰਰਾਸ਼ਟਰੀ ਪੱਧਰ ਤੇ ਭਾਰਤ ਦਾ ਨਾਂਅ ਹੋਰ ਉਚਾ ਕਰੇਗਾ।ਹਰਕੀਰਤ, ਉਸਦੇ ਮਾਪਿਆਂ, ਕੋਚ ਰਾਜਿੰਦਰ ਪਾਲੀ ਅਤੇ ਨੱਚਦਾ ਪੰਜਾਬ ਯੂਥ ਕਲੱਬ, ਚੰਡੀਗੜ੍ਹ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਅਜਿਹੇ ਮੌਕੇ ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿਕਾਸ, ਆਤਮਵਿਸ਼ਵਾਸ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ, ਸਮਰਪਣ ਅਤੇ ਅਨੁਸ਼ਾਸਨ ਨਾਲ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਅਤੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪਲੇਟਫਾਰਮਾਂ ਤੇ ਸਕੂਲ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਦੇ ਲਈ ਪ੍ਰੇਰਿਆ।

# ਨਸ਼ੇ 'ਚ ਧੁੱਤ ਨੌਜਵਾਨ ਦੀ ਵੀਡੀਓ ਵਾਇਰਲ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਸ਼ਹਿਰ ਦੇ ਜਾਜਾ ਚੌਕ ਬਾਈਪਾਸ ਤੋਂ ਜਿੱਥੇ ਇੱਕ ਨੌਜਵਾਨ ਨਸ਼ੇ ਵਿੱਚ ਧੁੱਤ ਸੜਕ ਕਿਨਾਰੇ ਖੜ੍ਹਾ ਨਜ਼ਰ ਆ ਰਿਹਾ ਹੈ। ਇਸ ਨਸ਼ੇ ਵਿੱਚ ਧੁੱਤ ਨੌਜਵਾਨ ਦੀ ਰਾਹਗੀਰਾ ਵਲੋਂ ਆਪਣੇ ਮੋਬਾਈਲ ਫੋਨਾਂ 'ਤੇ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ ਗਈ ਜੋ ਕਿ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ।ਮੌਕੇ ਦੀ ਵਾਇਰਲ ਵੀਡੀਓ ਵੇਖਣ ਤੇ ਸਾਫ਼ ਨਜ਼ਰ ਆਉਂਦਾ ਹੈ ਕਿ ਉਕਤ ਨੌਜਵਾਨ ਪੂਰੀ ਤਰ੍ਹਾ ਨਸ਼ਾ ਵਿਚ ਧੁੱਤ ਹੈ ਤੇ ਉਸਤੋਂ ਖੜਿਆ ਵੀ ਨਹੀ ਜਾ ਰਿਹਾ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਜਾਜਾ ਬਾਈਪਾਸ, ਜਲੰਧਰ-ਜੰਮੂ ਹਾਈਵੇਅ ਹੋਣ ਕਰਕੇ ਬੱਸਾ, ਟਰੱਕਾ ਦਾ ਰਾਜ਼ ਰਹਿੰਦਾ ਹੈ ਤੇ ਅਕਸਰ ਜਾਜਾ ਬਾਈਪਾਸ 'ਤੇ ਟਾਡਾ ਪੁਲਸ ਦੀ ਇਕ ਗੱਡੀ ਮੌਜੂਦ ਰਹਿੰਦੀ ਹੈ। ਸਿਵਲ ਹਸਪਤਾਲ ਟਾਡਾ ਦੇ ਸੀਨੀਅਰ ਮੈਡੀਕਲ ਅਫਸਰ ਤਾ ਕਰਨ ਸੈਣੀ ਨੂੰ ਇਹ ਵਾਇਰਲ ਵੀਡੀਓ ਦਿਖਾ ਕੇ ਜਾਨਣ ਦੀ ਕੋਸ਼ਿਸ਼ ਕੀਤੀ ਕਿ ਅਜਿਹੇ ਵਿਅਕਤੀ ਕਿਹੜਾ ਨਸ਼ਾ ਕਰਦੇ ਹਨ ਜੋ ਵਿਅਕਤੀ ਇਸ ਤਰ੍ਹਾ ਦੇ ਹਾਲਾਤਾਂ ਵਿੱਚ ਪਹੁੰਚ ਜਾਂਦਾ ਹੈ ਤਾ ਐੱਸ ਐੱਮ ਓ ਕਰਨ ਸੈਣੀ ਨੇ ਦੱਸਿਆ ਕਿ ਅਜਿਹੇ ਵਿਅਕਤੀ ਜਾਂ ਤਾਂ ਮੈਡੀਕਲ ਨਸ਼ੇ ਦਾ ਉਵਰਡੋਜ਼ ਕਰ ਲੈਂਦੇ ਹਨ ਜਾਂ ਫਿਰ ਚਿੱਟੇ ਦਾ ਓਵਰਡੋਜ਼ ਹੋ ਸਕਦਾ ਹੈ ਤਾਂ ਅਜਿਹੇ ਵਿਚ ਨਸ਼ਾ ਸੇਵਨ



ਕਰਨ ਵਾਲੇ ਵਿਅਕਤੀ ਦੀ ਮੌਤ ਵੀ ਹੋ ਸਕਦੀ ਹੈ। ਉਨ੍ਹਾਂ ਲੋਕਾ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਅਜਿਹਾ ਵਿਅਕਤੀ ਜਿਸਨੇ ਸੰਭਾਵੀ ਨਸ਼ਾ ਕੀਤਾ ਹੋਵੇ ਤਾਂ ਵੀਡੀਓ ਬਣਾਉਣ ਦੀ ਬਜਾਏ 108 ਹੈਲਪ ਲਾਈਨ 'ਤੇ ਫੋਨ ਕਰਕੇ ਸਰਕਾਰੀ ਹਸਪਤਾਲ ਪਹੁੰਚਾਓ ਤਾ ਜੋ ਵਿਅਕਤੀ ਦੀ ਜਾਨ ਬਚਾਈ ਜਾ ਸਕੇ।

ਇਸ ਵਾਇਰਲ ਵੀਡੀਓ ਸੰਬੰਧੀ ਜਦੋ ਟਾਡਾ ਪੁਲਿਸ ਸਟੇਸ਼ਨ ਦੇ ਐਸਐਚਓ ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨਾਲ ਗੱਲਬਾਤ ਕਰਦਿਆ ਪੁੱਛਿਆ ਕਿ ਨਸ਼ਾ ਵਿਕਣੇ ਕਿਉਂ ਨਹੀ ਰੁਕ ਰਿਹਾ ਤਾਂ ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਮੁਖੀ ਹੁਸ਼ਿਆਰਪੁਰ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਨਸ਼ਾ ਤਸਕਰਾਂ 'ਤੇ ਕਾਬੂ ਪਾਉਣ ਲਈ ਨਸ਼ਾ ਵਿਰੋਧੀ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ।ਲਗਾਤਾਰ ਨਸ਼ਾ ਵੇਚਣ ਵਾਲਿਆ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਿਆ ਜਾ ਰਿਹਾ ਹੈ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਕੈਬਨਿਟ ਮੰਤਰੀ ਈਟੀਓ ਨੂੰ ਦਿੱਤਾ ਰੋਸ ਪੱਤਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਫਰੰਟ, ਸਾਂਝਾ ਮੁਲਾਜ਼ਮ ਮੰਚ ਅਤੇ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਬੈਨਰ ਹੇਠ ਗੁਰਦੀਪ ਸਿੰਘ ਬਾਜਵਾ, ਜਗਦੀਸ਼ ਠਾਕੁਰ, ਅਜੈ ਸਨੋਤਰਾ, ਅਸ਼ਵਨੀ ਅਵਸਥੀ, ਜੋਗਿੰਦਰ ਸਿੰਘ, ਬੋਬਿੰਦਰ ਸਿੰਘ, ਹਰਜਿੰਦਰਪਾਲ ਸਿੰਘ ਪੰਨੂ, ਮਨਜੀਤ ਸਿੰਘ ਬਾਸਰਕੇ, ਨਿਰਮਲਜੀਤ ਸਿੰਘ ਬਾਜਵਾ, ਨਰਿੰਦਰ ਬੱਲ, ਚਰਨ ਸਿੰਘ, ਰਾਮ ਲੁਭਾਇਆ, ਮਨਜਿੰਦਰ ਸਿੰਘ ਸੰਧੂ, ਮਦਨ ਲਾਲ ਮੰਨਣ ਅਤੇ ਸ਼ਮਸ਼ੇਰ ਸਿੰਘ ਕੋਹਰੀ ਦੀ ਸਾਂਝੀ ਅਗਵਾਈ ਹੇਠ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਘਰ ਨੇੜੇ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਰੋਸ ਰੈਲੀ ਤੋਂ ਬਾਅਦ ਮੁਲਾਜ਼ਮਾਂ/ਪੈਨਸ਼ਨਰਾਂ ਵੱਲੋਂ ਮੰਤਰੀ ਦੇ ਘਰ ਦਾ ਘਿਰਾਓ ਕਰਨ ਜਾਣ ਤੋਂ ਪਹਿਲਾਂ ਈ ਮੰਤਰੀ ਵੱਲੋਂ ਰੈਲੀ ਵਿੱਚ ਪਹੁੰਚ ਕੇ ਰੋਸ ਪੱਤਰ ਪ੍ਰਾਪਤ ਕੀਤਾ ਤੇ ਭਰੋਸਾ ਦਿੱਤਾ ਕਿ ਇਸ ਰੋਸ ਪੱਤਰ ਵਿੱਚ ਦਰਜ ਮੰਗਾਂ ਦਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮੀਟਿੰਗ ਕਰਕੇ ਹੱਲ ਕੱਢਿਆ ਜਾਵੇਗਾ। ਇਸ ਮੌਕੇ ਸੰਬੋਧਨ ਕਰਦਿਆਂ ਸਵਿੰਦਰ ਸਿੰਘ ਮੋਲੋਵਾਲੀ, ਦਲਜੀਤ ਸਿੰਘ ਕੋਹਲੀ, ਗੁਰਪ੍ਰੀਤ ਸਿੰਘ ਰਿਆੜ, ਗੁਰਮੀਤ ਸਿੰਘ ਭੁੱਲਰ, ਸੁਖਦੇਵ ਰਾਜ ਕਾਲੀਆ, ਅਮਨ ਸ਼ਰਮਾ, ਹਰਪਾਲ ਸਿੰਘ ਸਮਰਾ, ਡਾਕਟਰ ਨਿਰਮਲ ਸਿੰਘ ਅਨੰਦ, ਬਲਜਿੰਦਰ ਸਿੰਘ ਵਡਾਲੀ, ਸੁੱਚਾ ਸਿੰਘ ਟਰਪਈ, ਗੁਰਬਿੰਦਰ ਖਹਿਰਾ, ਦਲਬੀਰ ਸਿੰਘ ਬਾਜਵਾ, ਕਰਮ ਸਿੰਘ, ਤਜਿੰਦਰ ਢਿੱਲੋਂ, ਨਰਿੰਦਰ ਪ੍ਰਧਾਨ, ਬਲਰਾਜ ਸਿੰਘ ਭੰਗੂ, ਸੁਖਰਾਜ ਸਰਕਾਰੀਆ, ਜਗਦੀਪ ਸਿੰਘ ਜੌਹਲ, ਕੁਲਵੰਤ ਸਿੰਘ ਘੁੱਕੇਵਾਲੀ, ਧਰਮਿੰਦਰ ਸਿੰਘ, ਲਖਵਿੰਦਰ ਸਿੰਘ ਕੋਹਾਲੀ ਅਤੇ ਇੰਦਰਮਾਨ ਸਿੰਘ ਨੇ ਕਿਹਾ ਕਿ ਸੂਬੇ ਦੀ ਸਰਕਾਰ ਜਦੋਂ ਦੀ ਹੋਂਦ ਵਿੱਚ ਆਈ ਹੈ ਉਦੋਂ ਤੋਂ ਹੀ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀਆਂ ਬੜੀ ਤੇਜ਼ੀ ਨਾਲ ਲਾਗੂ ਕਰ ਰਹੀ ਹੈ, ਆਪਣੀਆਂ ਮੰਗਾਂ ਦੀ ਖਾਤਰ ਸੰਘਰਸ਼ ਕਰਦੇ ਮੁਲਾਜ਼ਮਾਂ 'ਤੇ ਦਮਨਕਾਰੀ ਨੀਤੀ ਲਾਗੂ ਕਰਦਿਆਂ ਲਾਠੀਆਂ ਨਾਲ ਕੁੱਟਿਆ ਜਾ ਰਿਹਾ ਹੈ ਅਤੇ ਝੂਠੇ ਕੇਸ ਬਣਾ ਕੇ ਜੇਲਾਂ ਅੰਦਰ ਡੱਕਿਆ ਜਾ ਰਿਹਾ ਹੈ। ਬੁਲਾਰਿਆਂ ਵੱਲੋਂ ਕਿਹਾ ਗਿਆ ਕਿ ਇਸ ਸੰਘਰਸ਼ 18% ਮਹਿੰਗਾਈ ਭੱਤਾ ਜਾਰੀ ਕਰਾਉਣ, ਪੈਨਸ਼ਨਰਾਂ ਤੇ 2.59 ਗੁਣਾਂਕ ਲਾਗੂ ਕਰਾਉਣ, ਪੁਰਾਣੀ ਪੈਨਸ਼ਨ ਬਹਾਲ ਕਰਵਾਉਣ, ਹਰ ਤਰ੍ਹਾਂ ਦੇ ਕੱਚੇ ਮੁਲਾਜ਼ਮ ਪੱਕੇ ਕਰਾਉਣ ਅਤੇ ਮਾਣ ਭੱਤਾ/ ਇਨਸੈਂਟਿਵ

**17 ਦੀ ਚੰਡੀਗੜ੍ਹ ਸੂਬਾ ਪੱਧਰੀ ਰੈਲੀ 'ਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ**



ਮੁਲਾਜ਼ਮਾਂ ਤੇ ਘੱਟੋ-ਘੱਟ ਤਨਖਾਹ ਸਕੇਲ ਲਾਗੂ ਕਰਾਉਣ, ਪ੍ਰੋਬੇਸ਼ਨਲ ਪੀਰੀਅਡ ਪੂਰੀ ਤਨਖਾਹ ਸਮੇਤ ਇਕ ਸਾਲ ਕਰਵਾਉਣ, ਕੇਂਦਰੀ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕਰਵਾਉਣ, ਬੰਦ ਕੀਤੇ ਭੱਤੇ ਸੋਧ ਕੇ ਬਹਾਲ ਕਰਾਉਣ ਅਤੇ 200 ਰੁਪਏ ਜਜ਼ੀਆ ਟੈਕਸ ਖਤਮ ਕਰਵਾਉਣ ਲਈ ਰੋਸ ਪੱਤਰ ਕੈਬਨਿਟ ਮੰਤਰੀ ਨੂੰ ਸੌਂਪਿਆ ਗਿਆ ਹੈ। ਰੈਲੀ ਵਿੱਚ ਐਲਾਨ ਕੀਤਾ ਗਿਆ ਕਿ ਸਾਂਝੇ ਫਰੰਟ ਅਤੇ ਸਾਂਝੇ ਮੰਚ ਵੱਲੋਂ 17 ਜੁਲਾਈ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਵਿੱਚੋਂ ਹਰੇਕ ਜੱਥੇਬੰਦੀ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਮਜੀਤ ਕੇ. ਪੀ., ਹਰਵਿੰਦਰ ਸਿੰਘ ਸੁਲਤਾਨਵਿੰਡ, ਗੁਰਿੰਦਰ ਸਿੰਘ ਘੁੱਕੇਵਾਲੀ, ਹਰਮਨਦੀਪ ਭੰਗਾਲੀ, ਅਮਰਜੀਤ ਵੇਰਕਾ ਅਤੇ ਸਵਿੰਦਰ ਸਿੰਘ ਭੱਟੀ, ਜੈਮਲ ਸਿੰਘ, ਕਮਲਜੀਤ ਕੌਰ ਰੰਧਾਵਾ, ਬਿਕਰਮਜੀਤ ਸਿੰਘ ਛੀਨਾ, ਬਲਦੇਵ ਰਾਜ ਸ਼ਰਮਾ, ਹਰਭਜਨ ਸਿੰਘ ਗਿੱਲ, ਕੁਲਦੀਪ ਸਿੰਘ ਬੋਪਾਰਾਏ, ਜਤਿੰਦਰ ਲਖਨਪਾਲ, ਅਮਰਜੀਤ ਭੱਲਾ, ਕਵਰਜੀਤ ਸਿੰਘ, ਗੁਰਬਖਸ਼ ਸਿੰਘ ਸ਼ੇਰਗਿੱਲ, ਇੰਦਰਜੀਤ ਰਿਸ਼ੀ, ਸਰਬਜੀਤ ਸਿੰਘ, ਰੇਸ਼ਮ ਸਿੰਘ ਚਮਿਆਰੀ, ਨਰਿੰਦਰ ਸ਼ਰਮਾ, ਸੁਖਦੇਵ ਸਿੰਘ ਸੰਧੂ, ਨਾਨਕ ਚੰਦ, ਵਿਨੋਦ ਕੁਮਾਰ, ਬਾਬਾ ਮੰਗਲ ਦਾਸ ਬੀਈਓ, ਲਖਵਿੰਦਰ ਗਿੱਲ, ਨਵਜੋਤ ਰਤਨ ਅਤੇ ਰੇਸ਼ਮ ਸਿੰਘ ਭੋਮਾ ਹਾਜ਼ਰ ਸਨ।

# ਸੀ ਟੀ ਗਰੁੱਪ ਦੀਆਂ ਵੱਖ-ਵੱਖ ਸ਼ਾਖਾਵਾਂ ਨੇ ਮਨਾਇਆ ਵਣ-ਮਹਾਉਤਸਵ



**ਜਲੰਧਰ (ਸ਼ੈਲੀ ਐਲਬਰਟ)**- ਵਾਤਾਵਰਣ ਦੀ ਸੰਭਾਲ ਅਤੇ ਦੇਸ਼ ਨਿਰਮਾਣ ਪ੍ਰਤੀ ਆਪਣੀ ਵਚਨਬੱਧਤਾ ਦਰਸਾਉਂਦੇ ਹੋਏ ਸੀ ਟੀ ਗਰੁੱਪ ਵੱਲੋਂ ਵਣ-ਮਹਾਉਤਸਵ 2026 ਮੌਕੇ ਵਿਸ਼ਾਲ ਰੁੱਖ ਲਗਾਉਣ ਦੀ ਮੁਹਿੰਮ ਚਲਾਈ ਗਈ। ਇਹ ਮੁਹਿੰਮ ਭਾਰਤ ਸਰਕਾਰ ਦੀ 'ਇੱਕ ਪੇੜ ਮਾਂ ਦੇ ਨਾਮ' ਯੋਜਨਾ ਹੇਠ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਮਕਸੂਦਾਂ ਕੈਂਪਸ, ਸ਼ਾਹਪੁਰ ਕੈਂਪਸ, ਸੀ ਟੀ ਪਬਲਿਕ ਸਕੂਲ ਅਤੇ ਸੀ ਟੀ ਵਰਲਡ ਸਕੂਲ ਵਿੱਚ ਆਯੋਜਿਤ ਕੀਤੀ ਗਈ। ਇਸ ਦੌਰਾਨ 500 ਤੋਂ ਵੱਧ ਪੌਦੇ ਲਗਾਏ ਗਏ।ਵਣ-ਮਹਾਉਤਸਵ ਹਰ ਸਾਲ 1 ਤੋਂ 7 ਜੁਲਾਈ ਤੱਕ ਮਨਾਇਆ ਜਾਂਦਾ ਹੈ, ਜਿਸ ਦੀ ਸ਼ੁਰੂਆਤ 1950 ਵਿੱਚ ਡਾ. ਕੇ. ਐਮ. ਮੁਨਸ਼ੀ ਵੱਲੋਂ ਕੀਤੀ ਗਈ ਸੀ। ਇਸ ਮੁਹਿੰਮ ਨੂੰ ਪਰਿਆਵਰਨ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦਾ ਸਮਰਥਨ ਹੈ। ਸੀ ਟੀ ਗਰੁੱਪ ਵੱਲੋਂ ਕੀਤੀ ਗਈ ਇਹ ਪਹਿਲ ਏ ਆਈ ਸੀ ਟੀ ਈ ਦੇ ਨਿਰਦੇਸ਼ਾਂ ਅਨੁਸਾਰ ਵੀ ਸੀ।ਰੁੱਖ ਲਗਾਉਣ ਦੀਆਂ ਗਤੀਵਿਧੀਆਂ ਮਕਸੂਦਾਂ ਬਾਈਪਾਸ, ਮਕਸੂਦਾਂ ਅਤੇ ਸ਼ਾਹਪੁਰ ਕੈਂਪਸ, ਸੀ ਟੀ ਪਬਲਿਕ ਸਕੂਲ, ਸੀ ਟੀ ਵਰਲਡ ਸਕੂਲ ਅਤੇ ਨੇੜਲੇ ਖੇਤਰਾਂ ਵਿੱਚ ਕੀਤੀਆਂ ਗਈਆਂ। ਇਸ ਵਿੱਚ ਮੈਨੇਜਮੈਂਟ, ਅਧਿਆਪਕਾਂ, ਸਟਾਫ, ਵਿਦਿਆਰਥੀਆਂ ਅਤੇ ਸੇਵਾਦਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸ਼ਾਹਪੁਰ ਕੈਂਪਸ ਵਿੱਚ ਟੀਮ ਵਾਰਿਅਰਜ਼ ਐਨ ਜੀ ਓ ਵੱਲੋਂ ਵੀ ਸਹਿਯੋਗ ਦਿੱਤਾ ਗਿਆ।ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ, ਪ੍ਰਕਿਰਤੀ ਸਾਡੀ ਸਭ ਤੋਂ ਵੱਡੀ ਅਧਿਆਪਕ ਹੈ ਅਤੇ ਇਸ ਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੁਹਿੰਮ ਰਾਹੀਂ ਅਸੀਂ ਵਿਦਿਆਰਥੀਆਂ ਵਿੱਚ ਜ਼ਿੰਮੇਵਾਰੀ ਅਤੇ ਸਥਿਰਤਾ ਦੇ ਮੂਲ ਭਾਵ ਵਿਕਸਿਤ ਕਰ ਰਹੇ ਹਾਂ। ਡਾ. ਅਨੁਰਾਗ ਸ਼ਰਮਾ ਨੇ ਕਿਹਾ, ਇਹ ਮੁਹਿੰਮ ਵਿਦਿਆਰਥੀਆਂ ਨੂੰ ਵਾਤਾਵਰਨ ਸੰਭਾਲ ਅਤੇ ਭਵਿੱਖ ਦੀਆਂ ਪੀੜ੍ਹੀਆਂ ਲਈ ਸੰਤੁਲਨ ਬਣਾਈ ਰੱਖਣ ਲਈ ਪ੍ਰੇਰਿਤ ਕਰਦੀ ਹੈ। ਸੀ ਟੀ ਪਬਲਿਕ ਸਕੂਲ ਦੀ ਪ੍ਰਿੰਸੀਪਲ ਮਨੀਸ਼ਾ ਬਸਨੈਂਟ ਨੇ ਕਿਹਾ, ਛੋਟੀ ਉਮਰ ਤੋਂ ਵਾਤਾਵਰਣ ਤੇ ਇਸ ਦੇ ਮੁੱਲਾਂ ਦੀ ਸਿੱਖਿਆ ਬਹੁਤ ਜ਼ਰੂਰੀ ਹੈ। ਸੀ ਟੀ ਵਰਲਡ ਸਕੂਲ ਦੀ ਪ੍ਰਿੰਸੀਪਲ ਆਰਤੀ ਜਸਵਾਲ ਨੇ ਕਿਹਾ, ਅੱਜ ਲਗਾਇਆ ਇੱਕ ਪੌਦਾ ਭਵਿੱਖ ਲਈ ਵੱਡਾ ਬਦਲਾਅ ਲਿਆਉਂਦਾ ਹੈ। ਕਾਰਜਕ੍ਰਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਪੌਦੇ ਲਗਾਉਣ ਤੇ ਇਨ੍ਹਾਂ ਦੀ ਸੰਭਾਲ ਕਰਨ ਅਤੇ ਰੋਜ਼ਾਨਾ ਜੀਵਨ ਵਿੱਚ ਵਾਤਾਵਰਣ ਪ੍ਰੇਮੀ ਬਨਣ ਦਾ ਸੰਕਲਪ ਦਾ ਸੰਕਲਪ ਲਿਆ।

ਨਵਾਂ ਜ਼ਮਾਨਾ
ਮੰਗਲਵਾਰ, 7 ਜੁਲਾਈ 2026

# ਪੀੜਾ ਦੇ ਹਜ਼ਾਰ ਦਿਨ

ਇੱਕ ਹਜ਼ਾਰ ਦਿਨ। ਇਤਿਹਾਸ ਦੇ ਪੈਮਾਨੇ 'ਤੇ ਇਹ ਬਹੁਤ ਲੰਮਾ ਸਮਾਂ ਨਹੀਂ ਜਾਪਦਾ, ਪਰ ਜੇ ਹਰ ਦਿਨ ਬੰਬਾਂ ਦੀ ਗਰਜ, ਭੁੱਖਮਰੀ, ਉਜਾੜੇ, ਅਜ਼ੀਜ਼ਾਂ ਦੇ ਗੁਆਚਣ ਅਤੇ ਭਵਿੱਖ ਦੇ ਲਗਾਤਾਰ ਢਹਿਣ ਦਾ ਸਮਾਨਾਰਥੀ ਹੈ, ਤਾਂ ਇੱਕ ਹਜ਼ਾਰ ਦਿਨ ਇੱਕ ਪੂਰੀ ਪੀੜ੍ਹੀ ਨੂੰ ਖਾ ਸਕਦੇ ਹਨ। ਅੱਜ ਦਾ ਗਾਜ਼ਾ ਇਸ ਦੁਖਾਂਤ ਦਾ ਪ੍ਰਤੀਕ ਹੈ।

ਹਾਲ ਹੀ ਵਿੱਚ ਜਾਰੀ ਕੀਤੇ ਗਏ ਅੰਕੜਿਆਂ ਮੁਤਾਬਕ 7 ਅਕਤੂਬਰ, 2023 ਨੂੰ ਸ਼ੁਰੂ ਹੋਏ 1,000 ਦਿਨਾਂ ਦੇ ਹਮਲਿਆਂ ਵਿੱਚ ਹਜ਼ਾਰਾਂ ਬੱਚਿਆਂ ਸਮੇਤ ਵੱਡੀ ਗਿਣਤੀ ਵਿੱਚ ਫਲਸਤੀਨੀ ਨਾਗਰਿਕ ਮਾਰੇ ਗਏ ਹਨ। ਯੂਨੀਸੇਫ, ਯੂ ਐੱਨ ਵੂਮੈਨ ਸਮੇਤ ਸੰਯੁਕਤ ਰਾਸ਼ਟਰ ਦੀਆਂ ਏਜੰਸੀਆਂ ਤੇ ਕਈ ਕੌਮਾਂਤਰੀ ਮਾਨਵਤਾਵਾਦੀ ਸੰਗਠਨਾਂ ਨੇ ਵਾਰ-ਵਾਰ ਚੇਤਾਵਨੀ ਦਿੱਤੀ ਹੈ ਕਿ ਗਾਜ਼ਾ ਵਿੱਚ ਬੱਚੇ ਇੱਕ ਬੇਮਿਸਾਲ ਮਨੁੱਖੀ ਸੰਕਟ ਦਾ ਸਾਹਮਣਾ ਕਰ ਰਹੇ ਹਨ। ਦੂਜੇ ਪਾਸੇ, ਇਜ਼ਰਾਈਲ ਦਾ ਕਹਿਣਾ ਹੈ ਕਿ ਉਸ ਦੀ ਫੌਜੀ ਕਾਰਵਾਈ ਹਮਾਸ ਦੇ ਵਿਰੁੱਧ ਹੈ, ਜਿਸ ਨੇ 7 ਅਕਤੂਬਰ, 2023 ਨੂੰ ਇਜ਼ਰਾਈਲ 'ਤੇ ਹਮਲਾ ਕੀਤਾ ਸੀ, ਜਿਸ ਵਿੱਚ ਲੱਗਭੱਗ 1,200 ਲੋਕ ਮਾਰੇ ਗਏ ਸਨ ਅਤੇ ਬਹੁਤ ਸਾਰੇ ਲੋਕਾਂ ਨੂੰ ਬੰਦੀ ਬਣਾਇਆ ਸੀ, ਪਰ ਯੁੱਧ ਦੀ ਕਾਨੂੰਨੀਅਤ ਅਤੇ ਇਸ ਨੂੰ ਚਲਾਉਣ ਦੇ ਤਰੀਕੇ ਦੋ ਵੱਖ-ਵੱਖ ਸਵਾਲ ਹਨ। ਅੱਜ ਦੁਨੀਆ ਬਾਅਦ ਵਾਲੇ ਸਵਾਲ 'ਤੇ ਵਧੇਰੇ ਚਿੰਤਤ ਜਾਪਦੀ ਹੈ।

ਜੇ ਕਿਸੇ ਟਕਰਾਅ ਵਿੱਚ ਬੱਚਿਆਂ ਦੀ ਮੌਤ ਆਮ ਖਬਰ ਬਣ ਜਾਵੇ, ਤਾਂ ਇਹ ਸਮਝਣਾ ਚਾਹੀਦਾ ਹੈ ਕਿ ਸੱਭਿਅਤਾ ਡੂੰਘੇ ਸੰਕਟ ਵਿੱਚ ਹੈ। ਜੰਗਾਂ ਵਿੱਚ ਆਮ ਨਾਗਰਿਕਾਂ ਦੀ ਮੌਤ ਨੂੰ ਹਮੇਸ਼ਾ ਮੰਦਭਾਗਾ ਮੰਨਿਆ ਜਾਂਦਾ ਹੈ, ਪਰ ਜਦੋਂ ਹਸਪਤਾਲ, ਸਕੂਲ, ਸ਼ਰਨਾਰਥੀ ਕੈਂਪ ਅਤੇ ਰਾਹਤ ਕੇਂਦਰ ਵੀ ਸੁਰੱਖਿਅਤ ਨਹੀਂ ਹੁੰਦੇ, ਤਾਂ ਇਹ ਸਿਰਫ ਇੱਕ ਫੌਜੀ ਟਕਰਾਅ ਤੋਂ ਵੱਧ ਬਣ ਜਾਂਦਾ ਹੈ; ਇਹ ਮਨੁੱਖਤਾ ਦੀ ਬੁਨਿਆਦੀ ਨੈਤਿਕਤਾ ਦੀ ਪ੍ਰੀਖਿਆ ਬਣ ਜਾਂਦਾ ਹੈ।

ਸਭ ਤੋਂ ਪਰੇਸ਼ਾਨ ਕਰਨ ਵਾਲੀ ਗੱਲ ਇਹ ਹੈ ਕਿ ਹਜ਼ਾਰਾਂ ਬੱਚੇ ਜਾਂ ਤਾਂ ਮਾਰੇ ਗਏ, ਗੰਭੀਰ ਰੂਪ ਵਿੱਚ ਜ਼ਖਮੀ ਹੋਏ, ਜਾਂ ਅਨਾਥ ਹੋ ਗਏ। ਕਈਆਂ ਦੇ ਅੰਗ ਕੱਟਣੇ ਪਏ। ਡਾਕਟਰਾਂ ਦਾ ਕਹਿਣਾ ਹੈ ਕਿ ਬਹੁਤ ਸਾਰੇ ਆਪ੍ਰੇਸ਼ਨ ਬਿਨਾਂ ਢੁੱਕਵੀਂ ਐਨਸਥੀਸੀਆ ਦੇ ਕੀਤੇ ਗਏ। ਇਨ੍ਹਾਂ ਬੱਚਿਆਂ ਨੇ ਕਦੇ ਬਚਪਨ ਦਾ ਅਨੁਭਵ ਨਹੀਂ ਕੀਤਾ; ਉਨ੍ਹਾਂ ਨੇ ਸਿਰਫ ਧਮਾਕੇ, ਧੂੜ, ਭੁੱਖ ਅਤੇ ਮੌਤ ਦੇਖੀ ਹੈ। ਕਿਸੇ ਵੀ ਸਮਾਜ ਦੀ ਸਭ ਤੋਂ ਵੱਡੀ ਸੰਪਤੀ ਇਸ ਦੇ ਬੱਚੇ ਹੁੰਦੇ ਹਨ। ਜੇ ਇੱਕ ਪੂਰੀ ਪੀੜ੍ਹੀ ਸਰੀਰਕ ਅਤੇ ਮਾਨਸਿਕ ਸਦਮੇ ਨਾਲ ਵੱਡੀ ਹੁੰਦੀ ਹੈ, ਤਾਂ ਇਸ ਦੇ ਪ੍ਰਭਾਵ ਦਹਾਕਿਆਂ ਤੱਕ ਰਹਿਣਗੇ। ਜੰਗ ਸਿਰਫ ਸਰੀਰਾਂ ਨੂੰ ਹੀ ਨਹੀਂ ਮਾਰਦੀ; ਇਹ ਯਾਦਾਂ, ਸੁਪਨਿਆਂ ਅਤੇ ਵਿਸ਼ਵਾਸ ਨੂੰ ਵੀ ਤਬਾਹ ਕਰ ਦਿੰਦੀ ਹੈ। ਮਨੋਵਿਗਿਆਨੀ ਕਹਿੰਦੇ ਹਨ ਕਿ ਜੋ ਬੱਚੇ ਲਗਾਤਾਰ ਹਿੰਸਾ ਦੇਖਦੇ ਹਨ, ਉਨ੍ਹਾਂ ਵਿੱਚ ਉਦਾਸੀ, ਡਰ, ਅਸੁਰੱਖਿਆ ਅਤੇ ਹਿੰਸਾ ਪ੍ਰਤੀ ਅਸਾਧਾਰਨ ਸੰਵੇਦਨਹੀਣਤਾ ਪੈਦਾ ਹੋ ਸਕਦੀ ਹੈ। ਗਾਜ਼ਾ ਦੇ ਬਹੁਤ ਸਾਰੇ ਬੱਚਿਆਂ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਉਹ ਕਿਸੇ ਵੀ ਸਮੇਂ ਮਰ ਸਕਦੇ ਹਨ। ਮਨੁੱਖੀ ਅਸਫਲਤਾ ਦਾ ਇਸ ਤੋਂ ਵੱਡਾ ਸਬੂਤ ਕੀ ਹੋ ਸਕਦਾ ਹੈ?

ਅੰਤਮ ਕਾਨੂੰਨੀ ਨਤੀਜਾ ਨਿਆਂਇਕ ਪ੍ਰਕਿਰਿਆ ਰਾਹੀਂ ਆਵੇਗਾ, ਪਰ ਉਦੋਂ ਤੱਕ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਸਾਰੀਆਂ ਧਿਰਾਂ ਦੀ ਜ਼ਿੰਮੇਵਾਰੀ ਹੈ। ਇਹ ਵੀ ਦੁਖਦਾਈ ਹੈ ਕਿ ਕੌਮਾਂਤਰੀ ਭਾਈਚਾਰਾ ਇਸ ਯੁੱਧ ਨੂੰ ਰੋਕਣ ਵਿੱਚ ਅਸਮਰੱਥ ਜਾਪਦਾ ਹੈ। ਸੰਯੁਕਤ ਰਾਸ਼ਟਰ ਵਾਰ-ਵਾਰ ਅਪੀਲ ਕਰਦਾ ਹੈ, ਪਰ ਸੁਰੱਖਿਆ ਪ੍ਰੀਸ਼ਦ ਸੁਪਰਪਾਵਰ ਰਾਜਨੀਤੀ ਵਿੱਚ ਉਲਝ ਜਾਂਦੀ ਹੈ। ਅਮਰੀਕਾ, ਯੂਰਪੀਅਨ ਦੇਸ਼, ਰੂਸ, ਚੀਨ ਅਤੇ ਖੇਤਰੀ ਸ਼ਕਤੀਆਂ ਆਪਣੇ ਰਣਨੀਤਕ ਹਿੱਤਾਂ ਅਨੁਸਾਰ ਜਵਾਬ ਦਿੰਦੀਆਂ ਹਨ। ਨਤੀਜੇ ਵਜੋਂ, ਯੁੱਧ ਲੰਮਾ ਪੈਂਦਾ ਜਾਂਦਾ ਹੈ ਅਤੇ ਨਾਗਰਿਕਾਂ ਨੂੰ ਸਭ ਤੋਂ ਵੱਡੀ ਕੀਮਤ ਚੁਕਾਉਣੀ ਪੈਂਦੀ ਹੈ। ਕਿਸੇ ਵੀ ਟਕਰਾਅ ਵਿੱਚ ਨਿਰਦੋਸ਼ ਨਾਗਰਿਕਾਂ ਦੀ ਪੀੜਾ ਦਾ ਅਰਥ ਕਿਸੇ ਦਹਿਸ਼ਤਗਰਦ ਜਥੇਬੰਦੀ ਦੇ ਕਾਰਿਆਂ ਦਾ ਸਮਰਥਨ ਨਹੀਂ ਹੁੰਦਾ। ਹਮਾਸ ਵੱਲੋਂ 7 ਅਕਤੂਬਰ ਨੂੰ ਕੀਤਾ ਗਿਆ ਹਮਲਾ ਕੌਮਾਂਤਰੀ ਮਾਨਵਤਾਵਾਦੀ ਕਾਨੂੰਨ ਦੇ ਵਿਰੁੱਧ ਸੀ ਅਤੇ ਇਸ ਦੀ ਵਿਆਪਕ ਤੌਰ 'ਤੇ ਨਿੰਦਾ ਹੋਈ। ਇਸੇ ਤਰ੍ਹਾਂ ਜੇ ਕਿਸੇ ਵੀ ਫੌਜੀ ਕਾਰਵਾਈ ਦੇ ਨਤੀਜੇ ਵਜੋਂ ਗੈਰ-ਅਨੁਪਾਤਕ ਨਾਗਰਿਕ ਜਾਨੀ ਨੁਕਸਾਨ ਹੁੰਦਾ ਹੈ, ਤਾਂ ਇੱਕ ਨਿਰਪੱਖ ਜਾਂਚ ਅਤੇ ਜਵਾਬਦੇਹੀ ਜ਼ਰੂਰੀ ਹੈ। ਨਿਆਂ ਚੋਣਵਾਂ ਨਹੀਂ ਹੋ ਸਕਦਾ; ਇਹ ਸਾਰੀਆਂ ਧਿਰਾਂ ਲਈ ਬਰਾਬਰ ਹੋਣਾ ਚਾਹੀਦਾ ਹੈ।

ਗਾਜ਼ਾ ਅੱਜ ਸਿਰਫ ਜ਼ਮੀਨ ਦਾ ਇੱਕ ਟੁਕੜਾ ਨਹੀਂ ਹੈ; ਇਹ ਸਾਡੇ ਸਮੇਂ ਦਾ ਨੈਤਿਕ ਸ਼ੀਸ਼ਾ ਬਣ ਗਿਆ ਹੈ। ਮਲਬੇ ਹੇਠ ਦੱਬੇ ਲੋਕ, ਭੁੱਖੇ ਬੱਚੇ, ਤਬਾਹ ਹੋਏ ਪਰਵਾਰ ਅਤੇ ਸਿੱਖਿਆ ਤੋਂ ਵਾਂਝੀ ਇੱਕ ਪੂਰੀ ਪੀੜ੍ਹੀ ਸਾਨੂੰ ਪੁੱਛ ਰਹੀ ਹੈ ਕਿ ਕੀ ਮਨੁੱਖੀ ਅਧਿਕਾਰ ਸਿਰਫ ਦਸਤਾਵੇਜ਼ਾਂ 'ਤੇ ਲਿਖੇ ਸ਼ਬਦ ਹਨ, ਜਾਂ ਕੀ ਉਨ੍ਹਾਂ ਦਾ ਕੋਈ ਅਸਲ ਅਰਥ ਵੀ ਹੈ? ਹਜ਼ਾਰ ਦਿਨਾਂ ਬਾਅਦ ਜਿਸ ਚੀਜ਼ ਦੀ ਸਭ ਤੋਂ ਵੱਧ ਲੋੜ ਹੈ, ਉਹ ਇੱਕ ਪੱਖ ਦੀ ਜਿੱਤ ਨਹੀਂ, ਸਗੋਂ ਮਨੁੱਖਤਾ ਦੀ ਜਿੱਤ ਹੈ। ਲੜਾਈਆਂ ਅੰਤ ਵਿੱਚ ਗੱਲਬਾਤ ਦੀ ਮੇਜ਼ 'ਤੇ ਖਤਮ ਹੁੰਦੀਆਂ ਹਨ। ਜੇ ਅਜਿਹਾ ਹੈ ਤਾਂ ਜਿੰਨੀ ਜਲਦੀ ਇਸ ਨੂੰ ਸਵੀਕਾਰ ਕੀਤਾ ਜਾਵੇ, ਓਨੀਆਂ ਹੀ ਜ਼ਿਆਦਾ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਤਿਹਾਸ ਇਹ ਨਹੀਂ ਪੁੱਛੇਗਾ ਕਿ ਕਿਸ ਕੋਲ ਜ਼ਿਆਦਾ ਸ਼ਕਤੀਸ਼ਾਲੀ ਹਥਿਆਰ ਸਨ, ਇਹ ਪੁੱਛੇਗਾ ਕਿ ਜਦੋਂ ਬੱਚੇ ਮਰ ਰਹੇ ਸਨ ਤਾਂ ਦੁਨੀਆ ਕੀ ਕਰ ਰਹੀ ਸੀ।

## ਕਬਜ਼ਾ ਮਸੰਦਾਂ ਦਾ!

'ਸੇਹ ਵਾਲਾ ਤੱਕਲਾ' ਨਾ ਸੋਚਦੇ ਗੱਡਣ ਵਾਲੇ,
ਬੱਝ ਜਾਂਦਾ ਮੁੱਢ ਪੈਰੋਕਾਰਾਂ 'ਚ 'ਦਵੰਦਾਂ' ਦਾ।
ਆਸਰੇ ਧਰਮ ਦੇ ਜੋ ਹੋਰ 'ਗੋਂਦਾਂ ਗੁੰਦੀ' ਜਾਂਦੇ,
ਆਊਗਾ ਸੁਨੇਹਾ ਦੱਸੋ ਫੇਰ ਕੀ ਅਨੰਦਾਂ ਦਾ।
ਸੋਚ ਤੇ ਵਿਚਾਰ ਛੱਡ ਤੱਤੇ ਨਾਹਰੇ ਲਾਈ ਜਾਣ,
ਹੁੰਦੀ ਨ੍ਹੀਂ ਅੰਦਾਜ਼ਾ ਅੱਗੇ ਗਲ ਪੈਣੇ ਫੰਦਾਂ ਦਾ।
ਪੈਂਦਾ ਏ ਭੁਗਤਣਾ ਜੀ ਪੀੜ੍ਹੀਆਂ ਨੂੰ ਲੰਬਾ ਚਿਰ,
ਕੀਤਾ ਹੋਇਆ ਕਾਰਾ ਕੁਝ ਥੋੜ੍ਹੇ ਜਿਹੇ ਬੰਦਾਂ ਦਾ।
ਕੌਣ ਕਿਹਦੇ ਵਾਸਤੇ ਕਿਉਂ 'ਕਿੱਲ੍ਹਦਾ' ਸਟੇਜ 'ਤੇ,
ਪਤਾ ਹੁੰਦਾ ਸਾਰਿਆਂ ਨੂੰ 'ਅੰਦਰਲੇ ਸੰਬੰਧਾਂ' ਦਾ।
ਰਹਿੰਦਾ ਨ੍ਹੀਂ ਵੱਕਾਰ ਉਦੋਂ ਸੰਸਥਾ ਦਾ ਸੱਚ ਜਾਣੋ,
ਜਦੋਂ ਕੇਂਦਰ 'ਤੇ ਕਬਜ਼ਾ ਹੋ ਜਾਂਦਾ ਏ ਮਸੰਦਾਂ ਦਾ।

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਮੋਦੀ ਸਰਕਾਰ ਦੇ ਬਾਰਾਂ ਵਰ੍ਹੇ, ਲੋਕਾਂ ਦੇ ਸੁਪਨਿਆਂ ਦਾ ਘਾਣ


ਗੁਰਮੀਤ ਸਿੰਘ ਪਲਾਹੀ

ਸਾਲ 2014 ਵਿੱਚ ਜਦੋਂ ਨਰਿੰਦਰ ਮੋਦੀ ਪਹਿਲੀ ਵਾਰ ਦੇਸ਼ ਦੇ ਪ੍ਰਧਾਨ ਮੰਤਰੀ ਬਣੇ, ਤਾਂ ਉਨ੍ਹਾਂ ਨੇ 'ਅੱਛੇ ਦਿਨ' ਅਤੇ ਵੱਡੇ ਬਦਲਾਅ ਦਾ ਵਾਅਦਾ ਕੀਤਾ ਸੀ। ਅੱਜ ਸਰਕਾਰ ਵੱਲੋਂ ਵਿਕਾਸ ਦੇ ਵੱਡੇ-ਵੱਡੇ ਅੰਕੜੇ ਪੇਸ਼ ਕੀਤੇ ਜਾਂਦੇ ਹਨ, ਜਿਵੇਂ ਦੇਸ਼ ਵਿੱਚ ਹਵਾਈ ਅੱਡਿਆਂ ਦੀ ਗਿਣਤੀ 74 ਤੋਂ ਵਧ ਕੇ 160 ਹੋ ਗਈ ਹੈ, ਐੱਕਸਪ੍ਰੈੱਸਵੇਅ 1000 ਕਿਲੋਮੀਟਰ ਤੋਂ ਵਧ ਕੇ 5700 ਕਿਲੋਮੀਟਰ ਤੱਕ ਫੈਲ ਗਏ ਹਨ ਅਤੇ ਮੈਟਰੋ ਰੇਲ ਨੈੱਟਵਰਕ, ਜੋ ਕਦੇ ਸਿਰਫ਼ 5 ਸ਼ਹਿਰਾਂ ਵਿੱਚ ਸੀ, ਅੱਜ 20 ਵੱਡੇ ਸ਼ਹਿਰਾਂ ਦੀ ਸ਼ਾਨ ਬਣ ਚੁੱਕਾ ਹੈ, ਪਰ ਇਸ ਚਮਕ-ਦਮਕ ਦੇ ਪਿੱਛੇ ਲੁਕੀ ਅਸਲ ਸੱਚਾਈ ਬੇਹੱਦ ਦਰਦਨਾਕ ਹੈ। ਵੱਡਾ ਸਵਾਲ ਇਹ ਉਠਦਾ ਹੈ ਕਿ ਇਹ ਗਗਨਚੁੰਬੀ ਇਮਾਰਤਾਂ, ਮਹਿੰਗੇ ਐੱਕਸਪ੍ਰੈੱਸਵੇਅ ਅਤੇ ਹਵਾਈ ਅੱਡੇ ਦੇਸ਼ ਦੇ ਕਿਸ ਵਰਗ ਲਈ ਬਣਾਏ ਗਏ ਹਨ? ਕੀ ਦੇਸ਼ ਦਾ ਗਰੀਬ, ਮਜ਼ਦੂਰ ਅਤੇ ਮੱਧਮ ਵਰਗ ਇਨ੍ਹਾਂ ਮਹਿੰਗੀਆਂ ਸਹੂਲਤਾਂ ਦਾ ਆਨੰਦ ਲੈਣ ਦੇ ਸਮਰੱਥ ਹੈ? ਹਕੀਕਤ ਇਹ ਹੈ ਕਿ ਇਸ ਚਮਕਦੀ ਤਸਵੀਰ ਦੇ ਓਹਲੇ ਦੇਸ਼ ਦਾ ਆਮ ਆਦਮੀ, ਮਜ਼ਦੂਰ ਅਤੇ ਕਿਸਾਨ ਅੱਜ ਵੀ ਬੇਹਾਲ ਬਸਤੀਆਂ, ਧੂੜ-ਮਿੱਟੀ ਅਤੇ ਗੰਦੇ ਪਾਣੀ ਨਾਲ ਨਰਕ ਬਣ ਚੁੱਕੇ ਪਿੰਡਾਂ ਤੇ ਸ਼ਹਿਰਾਂ ਵਿੱਚ ਜ਼ਿੰਦਗੀ ਕੱਟਣ ਲਈ ਮਜਬੂਰ ਹੈ। ਸਰਕਾਰ ਵੱਲੋਂ ਚਲਾਏ ਜਾ ਰਹੇ ਸਰਕਾਰੀ ਸਕੂਲ ਰੱਦੀ ਹਨ, ਜਿੱਥੇ ਗਰੀਬਾਂ ਦੇ ਬੱਚੇ ਪੜ੍ਹਦੇ ਹਨ ਅਤੇ ਖਸਤਾ ਹਾਲ ਸਰਕਾਰੀ ਹਸਪਤਾਲ ਇਸ ਗੱਲ ਦਾ ਸਬੂਤ ਹਨ ਕਿ ਆਮ ਲੋਕਾਂ ਲਈ ਬੁਨਿਆਦੀ ਸਹੂਲਤਾਂ ਅੱਜ ਵੀ ਜ਼ੀਰੋ ਦੇ ਬਰਾਬਰ ਹਨ। ਕੋਰੋਨਾ ਕਾਲ ਦੇ ਉਸ ਭਿਆਨਕ ਦੌਰ ਨੂੰ ਦੇਸ਼ ਕਦੇ ਨਹੀਂ ਭੁੱਲ ਸਕਦਾ, ਜਦੋਂ ਆਕਸੀਜਨ, ਬੈੱਡਾਂ ਅਤੇ ਇਲਾਜ ਦੀ ਘਾਟ ਕਾਰਨ ਲੱਖਾਂ ਲੋਕਾਂ ਨੇ ਦਮ ਤੋੜਿਆ ਅਤੇ ਸਭ ਤੋਂ ਵੱਧ ਮਾਰ ਇਸੇ ਗਰੀਬ ਜਨਤਾ 'ਤੇ ਪਈ ਸੀ। ਆਜ਼ਾਦੀ ਦੇ 70-77 ਸਾਲਾਂ ਬਾਅਦ ਵੀ ਆਮ ਇਨਸਾਨ ਲਈ 'ਰੋਟੀ ਦੀ ਟੋਕਰੀ' ਅਤੇ ਸਨਮਾਨਜਨਕ ਜ਼ਿੰਦਗੀ ਉਸ ਦੀ ਪਹੁੰਚ ਤੋਂ ਓਨੀ ਹੀ ਦੂਰ ਹੈ, ਜਿੰਨੀ ਪਹਿਲਾਂ ਸੀ। ਇਹ ਕਿਹੋ ਜਿਹਾ ਵਿਕਾਸ ਹੈ, ਜੋ ਕਾਰਪੋਰੇਟਾਂ ਦੀਆਂ ਤਿਜੌਰੀਆਂ ਤਾਂ ਭਰਦਾ ਹੈ, ਪਰ ਗ਼ਰੀਬ ਦੀ ਥਾਲੀ ਵਿੱਚੋਂ ਰੋਟੀ ਖੋਹ ਲੈਂਦਾ ਹੈ। ਦਰਅਸਲ ਇਹ ਮਨਾਏ ਜਾ ਰਹੇ ਜਸ਼ਨ ਦੇਸ਼ ਦੇ ਅਸਲ ਵਿਕਾਸ ਦੇ ਨਹੀਂ, ਸਗੋਂ ਵਿਰੋਧੀ ਧਿਰਾਂ ਨੂੰ ਕੁਚਲਣ ਅਤੇ ਆਪਣੀ ਸਿਆਸੀ ਸਰਦਾਰੀ ਕਾਇਮ ਕਰਨ ਦੇ ਹਨ। ਪੱਛਮੀ ਬੰਗਾਲ ਵਿੱਚ ਮਮਤਾ ਬਨਰਜੀ ਅਤੇ ਤ੍ਰਿਣਮੂਲ ਕਾਂਗਰਸ (ਟੀ ਐੱਮ ਸੀ) ਦੇ ਅਜਿੱਤ ਕਿਲ੍ਹੇ ਨੂੰ ਢਾਹੁਣ ਲਈ ਸਰਕਾਰ ਨੇ ਸਾਮ, ਦਾਮ, ਡੰਡ, ਭੇਦ ਸਭ ਨੀਤੀਆਂ ਦਾ ਨੰਗਾ ਨਾਚ ਕੀਤਾ। ਵਿਧਾਨ ਸਭਾ ਚੋਣ ਉਪਰੰਤ ਟੀ ਐੱਮ ਸੀ ਦੇ 20 ਸੰਸਦ ਮੈਂਬਰਾਂ ਨੂੰ ਬਾਗੀ ਕਰਵਾ ਕੇ ਤ੍ਰਿਪੁਰਾ ਦੀ ਖੇਤਰੀ ਪਾਰਟੀ 'ਨੈਸ਼ਨਲ ਸਿਟੀਜ਼ਨਜ਼ ਪਾਰਟੀ ਆਫ਼ ਇੰਡੀਆ' ਵਿੱਚ ਸ਼ਾਮਲ ਕਰਵਾ ਦਿੱਤਾ ਗਿਆ। ਇਸ ਵੱਡੀ ਸਿਆਸੀ ਤੋੜ-ਭੰਨ ਦੇ ਪਿੱਛੇ ਇੱਕ ਬਹੁਤ ਹੀ ਗੰਭੀਰ ਅਤੇ ਖ਼ਤਰਨਾਕ ਚਾਲ ਲੁਕੀ ਹੋਈ ਹੈ। ਸਰਕਾਰ ਲੋਕ ਸਭਾ ਅਤੇ ਰਾਜ ਸਭਾ-ਦੋਵਾਂ ਸਦਨਾਂ ਵਿੱਚ 'ਦੋ-ਤਿਹਾਈ ਬਹੁਮਤ' ਹਾਸਲ ਕਰਨਾ ਚਾਹੁੰਦੀ ਹੈ। ਰਾਜ ਸਭਾ ਵਿੱਚ ਭਾਜਪਾ ਬਹੁਮਤ ਦੇ ਬੇਹੱਦ ਨਜ਼ਦੀਕ ਪਹੁੰਚ ਰਹੀ ਹੈ, ਜਿਸ ਤੋਂ ਬਾਅਦ ਦੇਸ਼ ਦੇ ਪਵਿੱਤਰ ਸੰਵਿਧਾਨ ਨੂੰ ਆਪਣੀ ਇੱਛਾ ਅਤੇ 'ਹਿੰਦੂਤਵਵਾਦੀ ਨੀਤੀਆਂ' ਅਨੁਸਾਰ ਬਦਲਣ ਜਾਂ ਨਵੇਂ ਸਿਰੇ ਤੋਂ ਲਿਖਣ ਦਾ ਰਸਤਾ ਸਾਫ਼ ਹੋ ਜਾਵੇਗਾ।

ਕੀ ਦੂਜੀਆਂ ਪਾਰਟੀਆਂ ਵਿੱਚ ਅਜਿਹੀ ਫੁੱਟ ਪਾਉਣਾ ਅਤੇ ਜਨਾਦੇਸ਼ ਦਾ ਅਪਮਾਨ ਕਰਨਾ ਗ਼ੈਰ-ਲੋਕਤੰਤਰਿਕ ਨਹੀਂ ਹੈ? ਅੱਜ ਲੋਕਤੰਤਰ ਦੀ ਦੁਹਾਈ ਦੇਣ ਵਾਲੀ ਸਰਕਾਰ ਵਿਰੋਧੀਆਂ ਨੂੰ ਝੁਕਾਉਣ ਲਈ ਈ ਡੀ, ਸੀ ਬੀ ਆਈ ਅਤੇ ਇੱਥੋਂ ਤੱਕ ਕਿ ਚੋਣ ਕਮਿਸ਼ਨ ਵਰਗੀਆਂ ਸੰਵਿਧਾਨਕ ਸੰਸਥਾਵਾਂ ਦੀ ਸ਼ਰੇਆਮ ਅਤੇ ਸ਼ਰਮਨਾਕ ਵਰਤੋਂ ਕਰ ਰਹੀ ਹੈ। ਵਿਰੋਧੀ ਨੇਤਾਵਾਂ ਨੂੰ ਜੇਲ੍ਹਾਂ ਵਿੱਚ ਡੱਕਣਾ, ਉਨ੍ਹਾਂ ਦੇ ਫੰਡ ਫ੍ਰੀਜ਼ ਕਰਨਾ ਅਤੇ ਰਾਤੋ-ਰਾਤ ਪਾਰਟੀਆਂ ਨੂੰ ਤੋੜਨਾ ਸਿੱਧੀ ਤਾਨਾਸ਼ਾਹੀ ਵੱਲ ਇਸ਼ਾਰਾ ਕਰਦਾ ਹੈ। ਅੱਜ ਦੀਆਂ ਸੰਸਥਾਵਾਂ ਨਿਰਪੱਖ ਹੋਣ ਦੀ ਬਜਾਏ ਸੱਤਾਧਾਰੀ ਪਾਰਟੀ ਦੇ ਵਿੰਗ ਵਜੋਂ ਕੰਮ ਕਰਦੀਆਂ ਪ੍ਰਤੀਤ ਹੁੰਦੀਆਂ ਹਨ। ਹਾਲਾਂਕਿ, ਇਹ ਬਿਮਾਰੀ ਭਾਰਤੀ ਰਾਜਨੀਤੀ ਵਿੱਚ ਪੁਰਾਣੀ ਹੈ। ਕਾਂਗਰਸ ਦੇ ਰਾਜ ਦੌਰਾਨ ਵੀ ਵਿਰੋਧੀ ਸਰਕਾਰਾਂ ਨੂੰ ਧਾਰਾ 356 ਦੀ ਦੁਰਵਰਤੋਂ ਕਰਕੇ ਬੇਰਹਿਮੀ ਨਾਲ ਡਿਗਾਇਆ ਜਾਂਦਾ ਸੀ ਅਤੇ ਇੰਦਰਾ ਗਾਂਧੀ ਨੇ ਵੀ ਸੱਤਾ ਵਿੱਚ ਬਣੇ ਰਹਿਣ ਲਈ ਸੀ ਬੀ ਆਈ ਨੂੰ 'ਪਿੰਜਰੇ ਦਾ ਤੋਤਾ' ਬਣਾ ਕੇ ਰੱਖਿਆ ਸੀ। ਅੱਜ ਦੇ ਹਾਕਮਾਂ ਨੇ ਉਸੇ ਪੁਰਾਣੇ ਤਾਨਾਸ਼ਾਹੀ ਮਾਡਲ ਨੂੰ ਹੋਰ ਵੀ ਆਧੁਨਿਕ ਅਤੇ ਮਾਰੂ ਬਣਾ ਕੇ ਪੇਸ਼ ਕਰ ਦਿੱਤਾ ਹੈ। ਵੋਟਾਂ ਹਥਿਆਉਣ ਲਈ ਬਹੁਗਿਣਤੀ ਭਾਵਨਾਵਾਂ ਨੂੰ ਭੜਕਾਇਆ ਗਿਆ, ਫਿਰ ਜਾਤ-ਪਾਤ ਦੇ ਵਰਤਾਰੇ ਨੂੰ ਹਵਾ ਦਿੱਤੀ ਗਈ ਅਤੇ ਹੁਣ ਹਰ ਉਠਣ ਵਾਲੀ ਵਿਰੋਧੀ ਅਤੇ ਸੱਚੀ ਆਵਾਜ਼ ਨੂੰ ਦੇਸ਼-ਧ੍ਰੋਹ ਦਾ ਲੇਬਲ ਲਗਾ ਕੇ ਖ਼ਤਮ ਕੀਤਾ ਜਾ ਰਿਹਾ ਹੈ। ਚਰਚਾ ਤਾਂ ਇੱਥੋਂ ਤੱਕ ਹੈ ਕਿ ਦੇਸ਼ ਦੀ ਨਿਆਂ ਪਾਲਿਕਾ ਦੀ ਆਜ਼ਾਦੀ ਨੂੰ ਵੀ ਹੌਲੀ-ਹੌਲੀ ਖ਼ਤਮ ਕਰਕੇ ਉਸ ਨੂੰ ਸਰਕਾਰੀ ਇੱਛਾ ਅਨੁਸਾਰ ਢਾਲਣ ਦੇ ਕੋਝੇ ਯਤਨ ਕੀਤੇ ਜਾ ਰਹੇ ਹਨ। ਚੌਥਾ ਸਤੰਭ ਕਹਾਉਣ ਵਾਲਾ ਮੀਡੀਆ ਅੱਜ 'ਗੋਦੀ ਮੀਡੀਆ' ਬਣ ਕੇ ਸੱਤਾ ਦੇ ਸੋਹਲੇ ਗਾ ਰਿਹਾ ਹੈ ਅਤੇ ਜਨਤਾ ਦੇ ਅਸਲ ਸਵਾਲਾਂ ਨੂੰ ਗਾਇਬ ਕਰ ਚੁੱਕਾ ਹੈ। ਅਜਿਹਾ ਘੁਟਣ ਭਰਿਆ ਅਤੇ ਦਮਨਕਾਰੀ ਮਾਹੌਲ ਭਾਰਤੀ ਲੋਕਤੰਤਰ ਦੇ ਪਿਛਲੇ 77 ਸਾਲਾਂ ਦੇ ਇਤਿਹਾਸ ਵਿੱਚ ਕਿਸੇ ਵੀ ਹੋਰ ਸ਼ਾਸਨ ਵਿੱਚ ਦੇਖਣ ਨੂੰ ਨਹੀਂ ਮਿਲਿਆ। ਦੇਸ਼ ਦੀ ਜਨਤਾ ਨੇ ਇੱਕ 'ਚਾਹ ਵੇਚਣ ਵਾਲੇ' ਦੇ ਸਾਧਾਰਨ ਅਤੇ ਗਰੀਬ ਪਿਛੋਕੜ ਤੋਂ ਪ੍ਰਭਾਵਿਤ ਹੋ ਕੇ ਉਸ ਦੇ ਹੰਝੂਆਂ 'ਤੇ ਵਿਸ਼ਵਾਸ ਕਰਕੇ ਦੇਸ਼ ਦੀ ਕਮਾਨ ਸੌਂਪੀ ਸੀ, ਪਰ ਅੱਜ ਉਹ ਪ੍ਰਧਾਨ ਮੰਤਰੀ, ਉਨ੍ਹਾ ਦੇ ਮੰਤਰੀ, ਸੰਸਦ ਮੈਂਬਰ ਅਤੇ ਮੋਦੀ ਭਗਤ ਕਿਸੇ ਤਾਨਾਸ਼ਾਹ ਰਾਜੇ-ਮਹਾਰਾਜੇ ਵਾਂਗ ਅਲੀਸ਼ਾਨ ਬੰਗਲਿਆਂ, ਅਰਬਾਂ ਰੁਪਏ ਦੇ ਹਵਾਈ ਜਹਾਜ਼ਾਂ ਅਤੇ ਮਹਿੰਗੀਆਂ ਗੱਡੀਆਂ ਦੇ ਕਾਫ਼ਲਿਆਂ ਵਿੱਚ ਰਹਿੰਦੇ ਹਨ। ਇਹ ਲੋਕਤੰਤਰ ਨਹੀਂ, ਸਗੋਂ ਜਨਤਾ ਦੇ ਪੈਸੇ 'ਤੇ ਪਲ ਰਹੀ ਇੱਕ ਨਵੀਂ 'ਰਾਜਸ਼ਾਹੀ' ਹੈ। ਕੀ ਮੋਦੀ ਜੀ ਦੇਸ਼ ਦੇ ਇਸ ਲੜਖੜਾਉਂਦੇ ਅਤੇ ਅਧਮੋਏ ਹੋ ਚੁੱਕੇ ਲੋਕਤੰਤਰ ਤੋਂ ਅਣਜਾਣ ਹਨ? ਉਹ ਭਾਵੇਂ ਵਿਦੇਸ਼ੀ ਮੰਚਾਂ 'ਤੇ ਜਾ ਕੇ ਭਾਰਤ ਨੂੰ 'ਲੋਕਤੰਤਰ ਦੀ ਜਨਨੀ' ਕਹਿਣ ਅਤੇ ਦੇਸ਼ ਦੀਆਂ ਰੈਲੀਆਂ ਵਿੱਚ ਲੱਖਾਂ ਪ੍ਰਾਪਤੀਆਂ ਦੇ ਦਾਅਵੇ ਕਰਨ, ਪਰ ਜਦੋਂ ਦੇਸ਼ ਦੀ ਅਸਲ ਸਥਿਤੀ, ਬੇਰੁਜ਼ਗਾਰੀ, ਕਿਸਾਨਾਂ ਦੀਆਂ ਖੁਦਕੁਸ਼ੀਆਂ ਅਤੇ ਡਿੱਗਦੀ ਆਰਥਿਕਤਾ 'ਤੇ ਤਿੱਖੇ ਸਵਾਲ ਉੱਠਦੇ ਹਨ, ਤਾਂ ਉਹ ਜਨਤਾ ਅਤੇ ਸੁਤੰਤਰ ਪੱਤਰਕਾਰਾਂ ਦੇ ਸਾਹਮਣੇ ਇੱਕ ਵੀ ਖੁੱਲ੍ਹੀ ਪ੍ਰੈੱਸ ਕਾਨਫਰੰਸ ਕਰਨ ਤੋਂ ਕੰਨੀ ਕਤਰਾਉਂਦੇ ਹਨ। ਦੇਸ਼ ਦਾ ਪੜ੍ਹਿਆ-ਲਿਖਿਆ ਨੌਜਵਾਨ ਅੱਜ ਡਿਗਰੀਆਂ ਹੱਥਾਂ ਵਿੱਚ ਲੈ ਕੇ ਨੌਕਰੀਆਂ ਨਾ ਮਿਲਣ ਕਾਰਨ ਮਾਨਸਿਕ ਤੌਰ 'ਤੇ ਪਰੇਸ਼ਾਨ ਹੈ। ਆਪਣੀ ਇਸੇ ਮਜਬੂਰੀ, ਨਿਰਾਸ਼ਾ ਅਤੇ ਸਿਸਟਮ ਖ਼ਿਲਾਫ਼ ਗੁੱਸੇ ਨੂੰ ਪ੍ਰਗਟ ਕਰਨ ਲਈ ਨੌਜਵਾਨਾਂ ਨੇ ਹੁਣ 'ਕਾਕਰੋਚ ਪਾਰਟੀ' ਵਰਗੇ ਅਨੋਖੇ ਅਤੇ ਵਿਅੰਗਆਤਮਕ ਤਰੀਕੇ ਅਪਨਾ ਕੇ ਮੋਦੀ ਸਿਸਟਮ 'ਤੇ ਚੋਟ ਕਰਨੀ ਸ਼ੁਰੂ ਕਰ ਦਿੱਤੀ ਹੈ। ਇਹ ਨੌਜਵਾਨਾਂ ਦੀ ਮਜਬੂਰੀ ਦੀ ਚੀਕ ਹੈ, ਉਨ੍ਹਾਂ ਦੇ ਸੁਪਨਿਆਂ ਦੇ ਟੁੱਟਣ ਦੀ ਆਵਾਜ਼ ਹੈ ਅਤੇ ਹਾਕਮਾਂ ਲਈ ਇੱਕ ਬਹੁਤ ਵੱਡੀ ਚੇਤਾਵਨੀ ਹੈ।

ਜਸ਼ਨਾਂ ਵਿੱਚ ਡੁੱਬੇ ਅਤੇ ਹੰਕਾਰ ਦੇ ਨਸ਼ੇ ਵਿੱਚ ਅੰਨ੍ਹੇ ਹੋ ਚੁੱਕੇ ਸ਼ਾਸਕਾਂ ਨੂੰ ਇਹ ਗੱਲ ਚੇਤੇ ਰੱਖਣੀ ਪਵੇਗੀ ਕਿ ਜਨਤਾ ਅੱਤ ਦੀ ਤਾਨਾਸ਼ਾਹੀ, ਜ਼ੁਲਮ ਅਤੇ ਹੰਕਾਰ ਨੂੰ ਕਦੇ ਲੰਮੇ ਸਮੇਂ ਤੱਕ ਬਰਦਾਸ਼ਤ ਨਹੀਂ ਕਰਦੀ। ਭਾਰਤੀ ਵੋਟਰ ਸ਼ਾਂਤ ਰਹਿ ਕੇ ਸਭ ਦੇਖਦਾ ਹੈ, ਪਰ ਜਦੋਂ ਉਹ ਬਦਲਾਅ ਦੀ ਕਰਵਟ ਲੈਂਦਾ ਹੈ, ਤਾਂ ਵੱਡੇ-ਵੱਡੇ ਸੂਰਮਿਆਂ ਦਾ ਹੰਕਾਰ ਅਤੇ ਉਨ੍ਹਾਂ ਦੇ ਤਖ਼ਤ-ਓ-ਤਾਜ ਮਿੱਟੀ ਵਿੱਚ ਮਿਲ ਜਾਂਦੇ ਹਨ। ਇਤਿਹਾਸ ਗਵਾਹ ਹੈ ਕਿ ਹੰਕਾਰ ਭਾਵੇਂ ਰਾਵਣ ਦਾ ਹੋਵੇ ਜਾਂ ਹਿਟਲਰ ਦਾ, ਉਹ ਕਦੇ ਸਲਾਮਤ ਨਹੀਂ ਰਿਹਾ। ਸ਼ਾਇਦ ਇਸੇ ਲਈ, ਮੋਦੀ ਜੀ ਅਤੇ ਉਨ੍ਹਾਂ ਦੇ ਅੰਨ੍ਹੇ ਭਗਤਾਂ ਨੂੰ ਸੱਤਾ ਦੇ ਨਸ਼ੇ ਵਿੱਚੋਂ ਬਾਹਰ ਕੱਢਣ ਅਤੇ ਆਈਨਾ ਦਿਖਾਉਣ ਲਈ ਕਿਸੇ ਨੇ ਇਹ ਪ੍ਰਸਿੱਧ ਸ਼ੇਅਰ ਯਾਦ ਕਰਵਾਇਆ ਹੈ:

ਤੁਮ ਸੇ ਪਹਿਲੇ ਵੋ ਜੋ ਏਕ ਸ਼ਖ਼ਸ ਯਹਾਂ ਤਖ਼ਤ ਨਸ਼ੀਂ ਥਾ,
ਉਸ ਕੋ ਭੀ ਅਪਨੇ ਖ਼ੁਦਾ ਹੋਨੇ ਕਾ ਇਤਨਾ ਹੀ ਯਕੀਂ ਥਾ।

ਪਿਛਲੇ ਦਿਨੀਂ ਕੇਂਦਰ ਦੀ ਸੱਤਾ 'ਤੇ ਕਾਬਜ਼ ਨਰਿੰਦਰ ਮੋਦੀ ਸਰਕਾਰ ਦੇ 12 ਸਾਲ ਪੂਰੇ ਹੋਣ 'ਤੇ ਦੇਸ਼ ਭਰ ਵਿੱਚ ਮੋਦੀ ਭਗਤਾਂ, ਕਾਰਪੋਰੇਟ ਘਰਾਣਿਆਂ ਅਤੇ ਸਰਕਾਰੀ ਖੁਸ਼ਾਮਦੀਆਂ ਵੱਲੋਂ ਬੜੀ ਧੂਮ-ਧਾਮ ਨਾਲ ਜਸ਼ਨ ਮਨਾਏ ਗਏ। ਇਸ ਦੌਰਾਨ ਪ੍ਰਧਾਨ ਮੰਤਰੀ ਦੀਆਂ ਪ੍ਰਾਪਤੀਆਂ ਦੇ ਸੋਹਲੇ ਗਾਏ ਗਏ ਅਤੇ ਉਨ੍ਹਾ ਨੂੰ ਅਜੋਕੇ ਭਾਰਤ ਦਾ ਮਸੀਹਾ ਬਣਾ ਕੇ ਪੇਸ਼ ਕੀਤਾ ਗਿਆ। ਚਾਪਲੂਸੀ ਅਤੇ ਖੁਸ਼ਾਮਦ ਦਾ ਇਹ ਆਲਮ ਦੇਖ ਕੇ ਸਿਆਸੀ ਮਾਹਰਾਂ ਨੂੰ ਵੀ ਹੈਰਾਨੀ ਹੋਈ, ਕਿਉਂਕਿ ਅਜਿਹੀ ਪੂਜਾ ਅਤੇ ਜਸ਼ਨ ਤਾਂ ਭਾਰਤੀ ਇਤਿਹਾਸ ਵਿੱਚ ਆਪਣੇ ਲੰਮੇ ਕਾਰਜਕਾਲ ਦੌਰਾਨ ਲੋਕਤੰਤਰ ਨੂੰ ਛਿੱਕੇ ਟੰਗ ਕੇ ਐਮਰਜੈਂਸੀ (ਆਪਾਤਕਾਲ) ਲਗਾਉਣ ਵਾਲੀ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਵੀ ਨਹੀਂ ਕਰਵਾਏ ਸਨ। ਜਦੋਂ ਸੱਤਾ ਦੇ ਗਲਿਆਰਿਆਂ ਵਿੱਚ ਹਾਕਮਾਂ ਦੀ ਆਰਤੀ ਉਤਾਰੀ ਜਾਣ ਲੱਗੇ, ਤਾਂ ਸਮਝ ਲੈਣਾ ਚਾਹੀਦਾ ਹੈ ਕਿ ਲੋਕਤੰਤਰ ਦੀ ਸਿਹਤ ਠੀਕ ਨਹੀਂ ਹੈ।

# ਸੰਪਰਕ : 98158-02070

# ਬਦਲਦੇ ਪਰਿਵਾਰਕ ਰਿਸ਼ਤਿਆਂ 'ਚ ਔਰਤ ਦੀ ਭੂਮਿਕਾ


ਰਮਨਦੀਪ ਕੌਰ ਮਾਨ

ਪਰਿਵਾਰ ਮਨੁੱਖੀ ਸਮਾਜ ਦੀ ਸਭ ਤੋਂ ਪੁਰਾਣੀ ਅਤੇ ਸਭ ਤੋਂ ਮਜ਼ਬੂਤ ਸੰਸਥਾ ਮੰਨੀ ਜਾਂਦੀ ਹੈ। ਮਨੁੱਖ ਦਾ ਪਹਿਲਾ ਸਕੂਲ ਪਰਿਵਾਰ ਹੁੰਦਾ ਹੈ, ਜਿੱਥੇ ਉਹ ਪਿਆਰ, ਤਿਆਗ, ਸਹਿਣਸ਼ੀਲਤਾ, ਜ਼ਿੰਮੇਵਾਰੀ ਅਤੇ ਆਪਸੀ ਸਤਿਕਾਰ ਵਰਗੀਆਂ ਕਦਰਾਂ-ਕੀਮਤਾਂ ਸਿੱਖਦਾ ਹੈ, ਪਰ ਸਮੇਂ ਦੇ ਨਾਲ ਸਮਾਜ ਵਿੱਚ ਆਰਥਿਕ, ਸਮਾਜਿਕ, ਸੱਭਿਆਚਾਰਕ ਅਤੇ ਤਕਨੀਕੀ ਤਬਦੀਲੀਆਂ ਆਈਆਂ ਹਨ, ਜਿਨ੍ਹਾਂ ਪਰਿਵਾਰਾਂ ਦੇ ਢਾਂਚੇ ਅਤੇ ਰਿਸ਼ਤਿਆਂ ਨੂੰ ਵੀ ਪ੍ਰਭਾਵਤ ਕੀਤਾ ਹੈ। ਸਾਂਝੇ ਪਰਿਵਾਰਾਂ ਦੀ ਥਾਂ ਇਕਹਿਰੇ ਪਰਿਵਾਰਾਂ ਨੇ ਲੈ ਲਈ ਹੈ, ਰਿਸ਼ਤਿਆਂ ਦੀ ਨੇੜਤਾ ਵਿੱਚ ਕਮੀ ਆਈ ਹੈ ਅਤੇ ਜੀਵਨ ਦੀ ਰਫ਼ਤਾਰ ਪਹਿਲਾਂ ਨਾਲੋਂ ਕਈ ਗੁਣਾ ਤੇਜ਼ ਹੋ ਗਈ ਹੈ। ਅਜਿਹੇ ਬਦਲਦੇ ਦੌਰ ਵਿੱਚ ਔਰਤ ਦੀ ਭੂਮਿਕਾ ਪਹਿਲਾਂ ਨਾਲੋਂ ਕਿਤੇ ਵੱਧ ਮਹੱਤਵਪੂਰਨ ਅਤੇ ਬਹੁਪੱਖੀ ਬਣ ਗਈ ਹੈ।

ਇੱਕ ਸਮਾਂ ਸੀ, ਜਦੋਂ ਔਰਤ ਦੀ ਪਛਾਣ ਸਿਰਫ਼ ਘਰ ਦੀ ਚਾਰਦੀਵਾਰੀ ਤੱਕ ਸੀਮਿਤ ਕਰ ਦਿੱਤੀ ਜਾਂਦੀ ਸੀ, ਉਸ ਨੂੰ ਘਰ ਸੰਭਾਲਣ, ਬੱਚਿਆਂ ਦੀ ਪਰਵਰਿਸ਼ ਕਰਨ ਅਤੇ ਪਰਿਵਾਰ ਦੇ ਬਜ਼ੁਰਗਾਂ ਦੀ ਸੇਵਾ ਕਰਨ ਵਾਲੀ ਮੰਨਿਆ ਜਾਂਦਾ ਸੀ। ਉਸ ਦੀਆਂ ਇੱਛਾਵਾਂ ਅਤੇ ਸੁਪਨਿਆਂ ਨੂੰ ਪਰਿਵਾਰ ਦੀਆਂ ਲੋੜਾਂ ਦੇ ਪਿੱਛੇ ਰੱਖ ਦਿੱਤਾ ਜਾਂਦਾ ਸੀ। ਪਰ ਸਿੱਖਿਆ, ਜਾਗਰੂਕਤਾ ਅਤੇ ਸਮਾਜਿਕ ਬਦਲਾਅ ਨੇ ਔਰਤ ਨੂੰ ਨਵੀਂ ਪਛਾਣ ਦਿੱਤੀ ਹੈ। ਅੱਜ ਉਹ ਡਾਕਟਰ, ਅਧਿਆਪਕਾ, ਵਿਗਿਆਨੀ, ਵਕੀਲ, ਪ੍ਰਸ਼ਾਸਨਿਕ ਅਧਿਕਾਰੀ, ਉਦਯੋਗਪਤੀ, ਕਿਸਾਨ ਅਤੇ ਰਾਜਨੇਤਾ ਵਜੋਂ ਆਪਣਾ ਯੋਗਦਾਨ ਪਾ ਰਹੀ ਹੈ। ਇਸ ਦੇ ਨਾਲ-ਨਾਲ ਉਹ ਪਰਿਵਾਰ ਦੀਆਂ ਜ਼ਿੰਮੇਵਾਰੀਆਂ ਵੀ ਨਿਭਾ ਰਹੀ ਹੈ। ਇਹ ਦੋਹਰੀ ਭੂਮਿਕਾ ਉਸ ਦੇ ਸੰਘਰਸ਼ ਅਤੇ ਸਮਰੱਥਾ ਦੋਵਾਂ ਨੂੰ ਦਰਸਾਉਂਦੀ ਹੈ।ਬਦਲਦੇ ਪਰਿਵਾਰਕ ਰਿਸ਼ਤਿਆਂ ਵਿੱਚ ਸਭ ਤੋਂ ਵੱਡੀ ਤਬਦੀਲੀ ਆਪਸੀ ਸੰਵਾਦ ਦੀ ਘਾਟ ਹੈ। ਮੋਬਾਈਲ ਫ਼ੋਨ, ਸੋਸ਼ਲ ਮੀਡੀਆ ਅਤੇ ਰੁਝੇਵੇਂ ਭਰੇ ਜੀਵਨ ਨੇ ਪਰਿਵਾਰ ਦੇ ਮੈਂਬਰਾਂ ਨੂੰ ਇੱਕੋ ਘਰ ਵਿੱਚ ਰਹਿੰਦੇ ਹੋਏ ਵੀ ਇੱਕ-ਦੂਜੇ ਤੋਂ ਦੂਰ ਕਰ ਦਿੱਤਾ ਹੈ। ਪਹਿਲਾਂ ਸ਼ਾਮ ਨੂੰ ਸਾਰਾ ਪਰਿਵਾਰ ਇਕੱਠੇ ਬੈਠਦਾ ਸੀ, ਗੱਲਾਂ ਹੁੰਦੀਆਂ ਸਨ, ਦੁੱਖ-ਸੁੱਖ ਸਾਂਝੇ ਕੀਤੇ ਜਾਂਦੇ ਸਨ। ਹੁਣ ਹਰ ਮੈਂਬਰ ਆਪਣੀ ਡਿਜੀਟਲ ਦੁਨੀਆ ਵਿੱਚ ਰੁਝਿਆ ਰਹਿੰਦਾ ਹੈ। ਅਜਿਹੀ ਸਥਿਤੀ ਵਿੱਚ ਔਰਤ ਹੀ ਉਹ ਕੜੀ ਬਣ ਸਕਦੀ ਹੈ, ਜੋ ਪਰਿਵਾਰ ਦੇ ਮੈਂਬਰਾਂ ਨੂੰ ਮੁੜ ਆਪਸ ਵਿੱਚ ਜੋੜੇ। ਜੇਕਰ ਘਰ ਵਿੱਚ ਸੰਵਾਦ, ਸਾਂਝ ਅਤੇ ਸਹਿਯੋਗ ਦਾ ਮਾਹੌਲ ਬਣਦਾ ਹੈ ਤਾਂ ਉਸ ਵਿੱਚ ਔਰਤ ਦੀ ਮਹੱਤਵਪੂਰਨ ਭੂਮਿਕਾ ਹੁੰਦੀ ਹੈ।

ਅੱਜ ਦੀ ਔਰਤ ਸਿਰਫ਼ ਘਰ ਚਲਾਉਣ ਵਾਲੀ ਨਹੀਂ, ਸਗੋਂ ਪਰਿਵਾਰ ਦੇ ਆਰਥਿਕ ਢਾਂਚੇ ਦੀ ਵੀ ਮਹੱਤਵਪੂਰਨ ਸਾਥੀ ਹੈ। ਮਹਿੰਗਾਈ ਅਤੇ ਵਧਦੇ ਖ਼ਰਚਿਆਂ ਦੇ ਦੌਰ ਵਿੱਚ ਪਤੀ-ਪਤਨੀ ਦੋਵਾਂ ਦਾ ਕਮਾਉਣਾ ਕਈ ਪਰਿਵਾਰਾਂ ਦੀ ਲੋੜ ਬਣ ਗਿਆ ਹੈ, ਪਰ ਦੁੱਖ ਦੀ ਗੱਲ ਇਹ ਹੈ ਕਿ ਨੌਕਰੀ ਤੋਂ ਘਰ ਆਉਣ ਤੋਂ ਬਾਅਦ ਵੀ ਘਰੇਲੂ ਕੰਮਾਂ ਦਾ ਵੱਡਾ ਹਿੱਸਾ ਅਜੇ ਵੀ ਔਰਤ ਦੇ ਸਿਰ ਹੀ ਰਹਿੰਦਾ ਹੈ।

ਸਾਂਝੇ ਪਰਿਵਾਰਾਂ ਦੇ ਟੁੱਟਣ ਨਾਲ ਬਜ਼ੁਰਗਾਂ ਦੀ ਇਕੱਲਤਾ ਇੱਕ ਗੰਭੀਰ ਸਮੱਸਿਆ ਬਣ ਕੇ ਸਾਹਮਣੇ ਆਈ ਹੈ। ਬਹੁਤ ਸਾਰੇ ਬੱਚੇ ਰੁਜ਼ਗਾਰ ਲਈ ਵਿਦੇਸ਼ ਜਾਂ ਮਹਾਨਗਰਾਂ ਵਿੱਚ ਚਲੇ ਜਾਂਦੇ ਹਨ ਅਤੇ ਮਾਪੇ ਪਿੰਡਾਂ ਜਾਂ ਸ਼ਹਿਰਾਂ ਵਿੱਚ ਇਕੱਲੇ ਰਹਿ ਜਾਂਦੇ ਹਨ। ਕਈ ਘਰਾਂ ਵਿੱਚ ਨੂੰਹ ਹੀ ਉਹ ਵਿਅਕਤੀ ਹੁੰਦੀ ਹੈ, ਜੋ ਬਜ਼ੁਰਗਾਂ ਦੀ ਦੇਖਭਾਲ ਕਰਦੀ ਹੈ। ਜਿੱਥੇ ਆਪਸੀ ਸਤਿਕਾਰ ਅਤੇ ਸਮਝ ਹੁੰਦੀ ਹੈ, ਉੱਥੇ ਪਰਿਵਾਰ ਖ਼ੁਸ਼ਹਾਲ ਰਹਿੰਦਾ ਹੈ, ਪਰ ਜਿੱਥੇ ਸ਼ੱਕ, ਹੰਕਾਰ ਜਾਂ ਦਖ਼ਲਅੰਦਾਜ਼ੀ ਵਧ ਜਾਂਦੀ ਹੈ, ਉਥੇ ਰਿਸ਼ਤਿਆਂ ਵਿੱਚ ਤਣਾਅ ਪੈਦਾ ਹੋ ਜਾਂਦਾ ਹੈ। ਇਸ ਲਈ ਸੱਸ-ਨੂੰਹ ਦੇ ਰਿਸ਼ਤੇ ਨੂੰ ਟਕਰਾਅ ਦੀ ਥਾਂ ਸਾਂਝੇਦਾਰੀ ਦਾ ਰਿਸ਼ਤਾ ਬਣਾਉਣ ਦੀ ਲੋੜ ਹੈ।ਬੱਚਿਆਂ ਦੇ ਚਰਿੱਤਰ ਨਿਰਮਾਣ ਵਿੱਚ ਵੀ ਔਰਤ ਦੀ ਭੂਮਿਕਾ ਬੇਹੱਦ ਅਹਿਮ ਹੈ। ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ। ਬੱਚਾ ਜੋ ਕੁਝ ਘਰ ਵਿੱਚ ਦੇਖਦਾ ਅਤੇ ਮਹਿਸੂਸ ਕਰਦਾ ਹੈ, ਉਹੀ ਉਸ ਦੇ ਸੁਭਾਅ ਦਾ ਹਿੱਸਾ ਬਣ ਜਾਂਦਾ ਹੈ। ਜੇ ਘਰ ਵਿੱਚ ਆਪਸੀ ਸਤਿਕਾਰ, ਸਹਿਣਸ਼ੀਲਤਾ, ਬਰਾਬਰੀ ਅਤੇ ਪਿਆਰ ਦਾ ਮਾਹੌਲ ਹੋਵੇ ਤਾਂ ਬੱਚੇ ਵੀ ਇਹੀ ਮੁੱਲ ਅਪਣਾਉਂਦੇ ਹਨ। ਇਸ ਲਈ ਔਰਤ ਸਿਰਫ਼ ਆਪਣੇ ਪਰਿਵਾਰ ਦਾ ਨਹੀਂ, ਸਗੋਂ ਸਮਾਜ ਦੇ ਭਵਿੱਖ ਦਾ ਵੀ ਨਿਰਮਾਣ ਕਰ ਰਹੀ ਹੁੰਦੀ ਹੈ।ਮਜ਼ਬੂਤ ਪਰਿਵਾਰ ਤਦੋਂ ਹੀ ਬਣਦੇ ਹਨ, ਜਦੋਂ ਪਤੀ-ਪਤਨੀ ਇੱਕ-ਦੂਜੇ ਨੂੰ ਬਰਾਬਰ ਦਾ ਸਾਥੀ ਮੰਨਣ, ਘਰੇਲੂ ਕੰਮਾਂ ਅਤੇ ਫ਼ੈਸਲਿਆਂ ਵਿੱਚ ਸਾਂਝ ਪਾਉਣ ਅਤੇ ਇੱਕ-ਦੂਜੇ ਦੇ ਸੁਪਨਿਆਂ ਦਾ ਸਤਿਕਾਰ ਕਰਨ। ਪਰਿਵਾਰਕ ਰਿਸ਼ਤੇ ਇੱਕ ਵਿਅਕਤੀ ਦੀ ਨਹੀਂ, ਸਾਰੇ ਮੈਂਬਰਾਂ ਦੀ ਸਾਂਝੀ ਜ਼ਿੰਮੇਵਾਰੀ ਹੁੰਦੇ ਹਨ।

ਪ੍ਰਵਾਸ ਨੇ ਵੀ ਪਰਿਵਾਰਕ ਰਿਸ਼ਤਿਆਂ ਨੂੰ ਨਵਾਂ ਰੂਪ ਦਿੱਤਾ ਹੈ। ਪੰਜਾਬ ਦੇ ਹਜ਼ਾਰਾਂ ਪਰਿਵਾਰਾਂ ਵਿੱਚ ਪਤੀ ਵਿਦੇਸ਼ ਹੈ ਅਤੇ ਪਤਨੀ ਬੱਚਿਆਂ ਅਤੇ ਬਜ਼ੁਰਗਾਂ ਨਾਲ ਪੰਜਾਬ ਵਿੱਚ ਰਹਿ ਰਹੀ ਹੈ ਜਾਂ ਇਸ ਦੇ ਉਲਟ। ਲੰਮੀ ਦੂਰੀ ਦੇ ਰਿਸ਼ਤਿਆਂ ਵਿੱਚ ਵਿਸ਼ਵਾਸ, ਧੀਰਜ ਅਤੇ ਭਾਵਨਾਤਮਕ ਸਹਿਯੋਗ ਦੀ ਲੋੜ ਵਧ ਜਾਂਦੀ ਹੈ। ਅਜਿਹੇ ਹਾਲਾਤਾਂ ਵਿੱਚ ਔਰਤ ਘਰ ਦੀਆਂ ਆਰਥਿਕ, ਸਮਾਜਿਕ ਅਤੇ ਭਾਵਨਾਤਮਕ ਜ਼ਿੰਮੇਵਾਰੀਆਂ ਇਕੱਠੀਆਂ ਨਿਭਾਉਂਦੀ ਹੈ। ਉਸ ਦਾ ਇਹ ਯੋਗਦਾਨ ਅਕਸਰ ਚਰਚਾ ਤੋਂ ਬਾਹਰ ਰਹਿ ਜਾਂਦਾ ਹੈ।

ਆਧੁਨਿਕ ਸਮੇਂ ਵਿੱਚ ਔਰਤਾਂ ਦੀ ਮਾਨਸਿਕ ਸਿਹਤ ਵੀ ਇੱਕ ਮਹੱਤਵਪੂਰਨ ਮੁੱਦਾ ਹੈ। ਨੌਕਰੀ ਦਾ ਦਬਾਅ, ਘਰੇਲੂ ਕੰਮ, ਬੱਚਿਆਂ ਦੀ ਪਰਵਰਿਸ਼, ਬਜ਼ੁਰਗਾਂ ਦੀ ਸੰਭਾਲ ਅਤੇ ਸਮਾਜਿਕ ਉਮੀਦਾਂ—ਇਹ ਸਭ ਉਸ ਉੱਤੇ ਵਾਧੂ ਬੋਝ ਪਾਂਦੀਆਂ ਹਨ। ਜੇ ਪਰਿਵਾਰ ਉਸ ਦੀਆਂ ਭਾਵਨਾਵਾਂ ਨੂੰ ਸਮਝੇ, ਉਸ ਨੂੰ ਆਰਾਮ, ਸਹਿਯੋਗ ਅਤੇ ਫ਼ੈਸਲੇ ਕਰਨ ਦੀ ਆਜ਼ਾਦੀ ਦੇਵੇ, ਤਾਂ ਉਹ ਹੋਰ ਵੀ ਵਧੀਆ ਢੰਗ ਨਾਲ ਪਰਿਵਾਰ ਅਤੇ ਸਮਾਜ ਲਈ ਆਪਣਾ ਯੋਗਦਾਨ ਪਾ ਸਕਦੀ ਹੈ।ਅੱਜ ਦੇ ਬਦਲਦੇ ਸਮਾਜ ਵਿੱਚ ਇਹ ਸੋਚ ਵੀ ਬਦਲਣੀ ਪਵੇਗੀ ਕਿ ਪਰਿਵਾਰ ਨੂੰ ਜੋੜ ਕੇ ਰੱਖਣਾ ਕੇਵਲ ਔਰਤ ਦੀ ਜ਼ਿੰਮੇਵਾਰੀ ਹੈ। ਪਰਿਵਾਰ ਉਦੋਂ ਹੀ ਮਜ਼ਬੂਤ ਬਣਦਾ ਹੈ, ਜਦੋਂ ਪਿਆਰ, ਸਤਿਕਾਰ, ਸੰਵਾਦ ਅਤੇ ਬਰਾਬਰੀ ਚਾਰਾਂ ਪਾਸਿਆਂ ਤੋਂ ਮਿਲਣ। ਜਦੋਂ ਮਰਦ ਅਤੇ ਔਰਤ ਇੱਕ-ਦੂਜੇ ਨੂੰ ਮੁਕਾਬਲੇਬਾਜ਼ ਨਹੀਂ, ਸਗੋਂ ਸਾਥੀ ਵਜੋਂ ਦੇਖਦੇ ਹਨ, ਤਾਂ ਰਿਸ਼ਤਿਆਂ ਵਿੱਚ ਭਰੋਸਾ ਅਤੇ ਸਥਿਰਤਾ ਆਪਣੇ ਆਪ ਆ ਜਾਂਦੀ ਹੈ।ਔਰਤ ਅੱਜ ਵੀ ਪਰਿਵਾਰ ਦੀ ਧੁਰੀ ਹੈ, ਪਰ ਹੁਣ ਉਹ ਇਕੱਲੀ ਧੁਰੀ ਨਹੀਂ, ਉਹ ਪਰਿਵਾਰ ਦੀ ਸਾਥੀ, ਫ਼ੈਸਲਾ ਲੈਣ ਵਾਲੀ, ਕਮਾਉਣ ਵਾਲੀ, ਸੰਭਾਲ ਕਰਨ ਵਾਲੀ ਅਤੇ ਨਵੀਂ ਪੀੜ੍ਹੀ ਦੀ ਮਾਰਗਦਰਸ਼ਕ ਹੈ। ਬਦਲਦੇ ਪਰਿਵਾਰਕ ਰਿਸ਼ਤਿਆਂ ਵਿੱਚ ਉਸ ਦੀ ਭੂਮਿਕਾ ਹੋਰ ਵੀ ਵਿਸ਼ਾਲ ਅਤੇ ਅਰਥਪੂਰਨ ਹੋ ਗਈ ਹੈ।

# ਸੰਪਰਕ : 98763-49858

# ਸਫਾਈ ਪ੍ਰਤੀ ਸਮਾਜ ਦੀ ਲਾਪਰਵਾਹੀ ਚਿੰਤਾਜਨਕ

ਗੁਰਬਿੰਦਰ ਸਿੰਘ ਮਾਣਕ

ਸੰਸਾਰ ਵਿਚ ਮਨੁੱਖ ਨੂੰ ਬੁੱਧੀਮਾਨ ਪ੍ਰਾਣੀ ਕਿਹਾ ਜਾਂਦਾ ਹੈ, ਕਿਉਂਕਿ ਮਨੁੱਖ ਨੂੰ ਕੁਦਰਤ ਨੇ ਸੋਚਣ-ਵਿਚਾਰਨ ਲਈ ਦਿਮਾਗ ਦਿੱਤਾ ਹੋਇਆ ਹੈ। ਦੂਜੇ ਪ੍ਰਾਣੀਆਂ ਨਾਲੋਂ ਮਨੁੱਖ ਦਾ ਫਰਕ ਹੀ ਇਹ ਹੈ ਕਿ ਮਨੁੱਖ ਆਪਣੀ ਬੁੱਧੀ-ਵਿਵੇਕ ਦੀ ਵਰਤੋਂ ਕਰਕੇ ਕਿਸੇ ਵੀ ਗੱਲ ਪ੍ਰਤੀ ਆਪਣਾ ਫੈਸਲਾ ਲੈਣ ਦੇ ਯੋਗ ਹੈ। ਜੇਕਰ ਸਾਡਾ ਆਲਾ-ਦੁਆਲਾ ਸਾਫ਼-ਸੁਥਰਾ ਹੋਵੇ ਤਾਂ ਇਹ ਮਨੁੱਖੀ ਜ਼ਿੰਦਗੀ ਲਈ ਵਰਦਾਨ ਹੈ, ਪਰ ਜੇ ਆਪਣੇ ਆਸ-ਪਾਸ ਵੱਲ ਇਕ ਝਾਤ ਮਾਰੀਏ ਤਾਂ ਇਹੀ ਮਹਿਸੂਸ ਹੁੰਦਾ ਹੈ ਕਿ ਅਸੀਂ ਮਨੁੱਖੀ ਬੁੱਧੀ ਦੇ ਮਾਲਕ ਹੋਣ ਦੇ ਬਾਵਜੂਦ ਸਫਾਈ ਪ੍ਰਤੀ ਸ਼ਾਇਦ ਸਭ ਤੋਂ ਵੱਧ ਅਲਗਰਜ਼ ਤੇ ਗੈਰਜ਼ਿੰਮੇਵਾਰ ਹਾਂ। ਹਾਲਾਂਕਿ ਮਨੁੱਖੀ ਜੀਵਨ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਅਰੋਗ ਤੇ ਨਰੋਆ ਰੱਖਣ ਲਈ ਗੰਦਗੀ ਤੋਂ ਰਹਿਤ, ਸਾਫ ਆਲਾ-ਦੁਆਲਾ ਬੇਹੱਦ ਲੋੜੀਂਦਾ ਹੈ।

ਸਫਾਈ ਦੀ ਮਹੱਤਤਾ ਇਸ ਗੱਲ ਤੋਂ ਵੀ ਪ੍ਰਗਟ ਹੁੰਦੀ ਹੈ ਕਿ ਅਕਸਰ ਹੀ ਕਿਹਾ ਜਾਂਦਾ ਹੈ ਕਿ ਜਿੱਥੇ ਸਫਾਈ, ਉੱਥੇ ਖੁਦਾਈ। ਇਹ ਗੱਲ ਵੀ ਹੈਰਾਨ ਕਰਨ ਵਾਲੀ ਹੈ ਕਿ ਸਾਡਾ ਦੇਸ਼ ਧਾਰਮਿਕ ਬਿਰਤੀ ਵਾਲੇ ਲੋਕਾਂ ਦਾ ਦੇਸ਼ ਕਿਹਾ ਜਾਂਦਾ ਹੈ। ਸ਼ਰਧਾਲੂ ਸਵੇਰੇ ਉੱਠ ਕੇ ਆਪਣੇ-ਆਪਣੇ ਧਾਰਮਿਕ ਪੂਜਾ ਅਸਥਾਨਾਂ 'ਤੇ ਨਿੱਤ ਸਫਾਈ ਕਰਦੇ ਹਨ। ਘਰਾਂ ਵਿਚ ਵੀ ਸੁਆਣੀਆਂ ਸਵੇਰੇ ਜਾਗਣ ਤੋਂ ਬਾਅਦ ਸਭ ਤੋਂ ਪਹਿਲਾ ਕੰਮ ਸਫਾਈ ਦਾ ਹੀ ਕਰਦੀਆਂ ਹਨ।

ਜੀਵਨ ਵਿਚ ਸਾਫ-ਸਫਾਈ ਦੀ ਏਨੀ ਮਹੱਤਤਾ ਦੇ ਬਾਵਜੂਦ ਅਸੀਂ ਇਸ ਪੱਖੋਂ ਬਹੁਤ ਅਵੇਸਲੇ ਹਾਂ। ਅਜੋਕੇ ਸਮਿਆਂ ਵਿਚ ਸਿਖਿਆ ਦੇ ਪਾਸਾਰ ਕਾਰਨ ਮਨੁੱਖ ਆਪਣੀ ਸਰੀਰਕ ਤੇ ਮਾਨਸਿਕ ਸਿਹਤ ਪ੍ਰਤੀ ਪਹਿਲਾਂ ਨਾਲੋਂ ਵੱਧ ਚੇਤਨ ਤਾਂ ਭਾਵੇਂ ਹੋਇਆ ਹੈ, ਪਰ ਇਹ ਸਭ ਕੁਝ ਸਿਧਾਂਤਕ ਰੂਪ ਵਿਚ ਹੀ ਨਜ਼ਰ ਆਉਂਦਾ ਹੈ, ਜਦੋਂ ਕਿ ਵਿਹਾਰਕ ਰੂਪ ਵਿਚ ਦੇਖੀਏ ਤਾਂ ਸਾਡੇ ਆਲੇ-ਦੁਆਲੇ ਫੈਲੀ ਗੰਦਗੀ, ਸਾਡੀ ਸੋਚ ਤੇ ਬੁੱਧੀ ਦੇ ਬੌਣੇਪਨ ਨੂੰ ਦਰਸਾਉਂਦੀ ਹੈ। ਉਂਜ ਤਾਂ ਬਹੁਤ ਅਜਿਹੀਆਂ ਗੱਲਾਂ ਹਨ, ਜਿੱਥੇ ਮਨੁੱਖ ਨੇ ਆਪਣੇ ਮਨੁੱਖ ਹੋਣ ਦਾ ਫਰਜ਼ ਨਹੀਂ ਨਿਭਾਇਆ।

ਸਫਾਈ ਦੇ ਪੱਖ ਤੋਂ ਤਾਂ ਹਾਲਤ ਏਨੀ ਬਦਤਰ ਹੋ ਚੁੱਕੀ ਹੈ ਕਿ ਜਾਪਦਾ ਹੈ ਕਿ ਅਸੀਂ ਆਪਣੇ ਆਪ ਨੂੰ ਇਨਸਾਨ ਕਹਾਉਣ ਦੇ ਅਜੇ ਤੱਕ ਜੋਗ ਹੀ ਨਹੀਂ ਹੋਏ। ਦੇਸ਼ ਦੇ ਕਿਸੇ ਕੋਨੇ ਵਿਚ ਵੀ ਚਲੇ ਜਾਉ, ਹਰ ਥਾਂ ਗੰਦਗੀ ਦੇ ਢੇਰ ਹੀ ਤੁਹਾਡਾ ਸਵਾਗਤ ਕਰਨਗੇ। ਇਸ ਪੱਖੋਂ ਪਿੰਡਾਂ-ਸ਼ਹਿਰਾਂ ਦਾ ਵੀ ਬਹੁਤਾ ਫਰਕ ਨਹੀਂ ਹੈ। ਕੋਈ ਵਿਰਲਾ ਸ਼ਹਿਰ ਹੀ ਹੋਵੇਗਾ, ਜਿਸ ਦੇ ਬਾਜ਼ਾਰਾਂ, ਗਲੀਆਂ ਤੇ ਸੜਕਾਂ ਉੱਤੇ ਬਦਬੂ ਫੈਲਾਉਂਦੇ ਗੰਦਗੀ ਦੇ ਢੇਰਾਂ ਦੇ ਢੇਰ ਨਾ ਹੋਣ।

ਭਾਵੇਂ ਪਿੰਡ ਹੋਣ, ਸ਼ਹਿਰ ਵੱਡਾ ਹੋਵੇ, ਭਾਵੇਂ ਛੋਟਾ,ਸਰਕਾਰਾਂ ਨੇ ਜਾਂ ਸਥਾਨਿਕ ਪ੍ਰਸ਼ਾਸਨ ਨੇ ਕਦੇ ਵੀ ਸਫਾਈ ਪ੍ਰਤੀ ਸਥਾਈ ਪ੍ਰਬੰਧ ਨਹੀਂ ਕੀਤੇ। ਹੈਰਾਨੀ ਹੁੰਦੀ ਹੈ ਕਿ ਜਿਹੜੀ ਗੱਲ ਮਨੁੱਖੀ ਸਿਹਤ ਨਾਲ ਜੁੜੀ ਹੋਈ ਹੈ,ਉਸ ਪ੍ਰਤੀ ਵੀ ਨਾ ਸਰਕਾਰਾਂ ਗੰਭੀਰ ਹੁੰਦੀਆਂ ਹਨ ਤੇ ਨਾ ਹੀ ਲੋਕ ਜਾਗਰੂਕ ਨਾਗਰਿਕ ਹੋਣ ਦਾ ਫਰਜ਼ ਨਿਭਾਉਂਦੇ ਹਨ। ਸ਼ਹਿਰਾਂ ਵਿਚ ਹਰ ਪਾਸੇ ਗੰਦਗੀ ਦੇ ਢੇਰਾਂ ਦਾ ਸਾਲ-ਦਰ-ਸਾਲ ਉੱਚੇ ਹੋਈ ਜਾਣਾ, ਇਹੀ ਦਰਸਾਉਂਦਾ ਹੈ ਕਿ ਸਫਾਈ ਪ੍ਰਤੀ ਸਾਡੀ ਸੋਚ ਕਿਹੋ ਜਿਹੀ ਹੈ।

ਕੂੜਾ-ਕਚਰਾ ਤਾਂ ਹਰ ਦਿਨ ਪੈਦਾ ਹੋਣਾ ਹੀ ਹੈ, ਫਿਰ ਇਸ ਪ੍ਰਤੀ ਅਣਗਹਿਲੀ ਵਰਤਣ ਨਾਲ ਸਥਿਤੀ ਬਦ ਤੋਂ ਬਦਤਰ ਹੋ ਜਾਂਦੀ ਹੈ। ਭਾਰਤ ਵਿਚ ਸ਼ਹਿਰ ਭਾਵੇਂ ਛੋਟੇ ਹੋਣ ਜਾਂ ਮਹਾਂਨਗਰ, ਹਰ ਪਾਸੇ ਹੀ ਗੰਦਗੀ ਦੇ ਢੇਰਾਂ ਦੇ ਢੇਰ ਦਿਖਾਈ ਦਿੰਦੇ ਹਨ। ਕਈ ਥਾਵਾਂ ਉੱਤੇ ਤਾਂ ਲਗਾਤਾਰ ਇਕੱਠੇ ਹੁੰਦੇ ਕੂੜੇ-ਕਚਰੇ ਦੀ ਹਾਲਤ ਇਹ ਬਣ ਜਾਂਦੀ ਹੈ ਕਿ ਇਹ ਗੰਦਗੀ ਦੇ ਪਹਾੜ ਦਾ ਰੂਪ ਧਾਰ ਲੈਂਦੇ ਹਨ। ਸਰਕਾਰ ਤੇ ਪ੍ਰਸ਼ਾਸਨ ਦੀ ਨਾ-ਅਹਿਲੀਅਤ ਤੇ ਬਹੁਤੇ ਲੋਕਾਂ ਦਾ ਸਫਾਈ ਪ੍ਰਤੀ ਗੈਰਜ਼ਿੰਮੇਵਾਰ ਰਵੱਈਆ ਹੋਣਾ, ਹਰ ਪਾਸੇ ਫੈਲੀ ਗੰਦਗੀ ਲਈ ਜ਼ਿੰਮੇਵਾਰ ਹੈ।

ਅਕਸਰ ਹੀ ਦੇਖਿਆ ਜਾਂਦਾ ਹੈ ਕਿ ਧਾਰਮਿਕ ਰਹਿਬਰਾਂ ਦੇ ਪੁਰਬ ਮਨਾਉਣ ਸਮੇਂ ਸ਼ਰਧਾਲੂ ਝਾੜੂ ਫੜ ਕੇ ਸੜਕਾਂ ਸਾਫ ਕਰਨ ਲਈ ਇਕ-ਦੂਜੇ ਤੋਂ ਮੂਹਰੇ ਹੋ ਕੇ ਸੇਵਾ ਕਰਦੇ ਹਨ, ਪਰ ਆਮ ਹਾਲਤਾਂ ਵਿਚ ਅਸੀਂ ਆਪਣੇ ਘਰਾਂ ਦਾ ਕੂੜਾ ਸਾਫ ਕਰਕੇ ਗਲ਼ੀ ਵਿਚ ਜਾਂ ਨੇੜੇ-ਤੇੜੇ ਕਿਸੇ ਸੜਕ ਦੇ ਕੰਢੇ ਉੱਤੇ ਸੁੱਟਣ ਲੱਗੇ ਕਦੇ ਇਹ ਨਹੀਂ ਸੋਚਦੇ ਕਿ ਅਸੀਂ ਆਲੇ-ਦੁਆਲੇ ਵਿਚ ਗੰਦਗੀ ਫੈਲਾਉਣ ਦੇ ਦੋਸ਼ੀ ਹਾਂ। ਘਰ ਦੀ ਸਫਾਈ ਦਾ ਮਹੱਤਵ ਤਾਂ ਉਦੋਂ ਹੀ ਹੋਣਾ ਹੈ, ਜਦੋਂ ਸਾਡਾ ਸਾਰਾ ਚੌਗਿਰਦਾ ਵੀ ਸਾਫ ਹੋਵੇ। ਹਰ ਪਾਸੇ ਫੈਲਾਈ ਗੰਦਗੀ ਦੇ ਢੇਰ ਮੱਛਰ, ਮੱਖੀਆਂ, ਬਦਬੂ ਤੇ ਭਿਆਨਕ ਬਿਮਾਰੀਆਂ ਪੈਦਾ ਕਰ ਲੋਕਾਂ ਦੀ ਸਿਹਤ ਲਈ ਸੰਕਟ ਪੈਦਾ ਕਰ ਰਹੇ ਹਨ। ਸਾਹ ਲੈਣ ਲਈ ਮਨੁੱਖ ਨੂੰ ਸਾਫ ਤੇ ਸ਼ੁੱਧ ਆਕਸੀਜਨ ਦੀ ਲੋੜ ਹੈ ਤੇ ਗੰਦਗੀ ਦੇ ਢੇਰਾਂ ਵਿਚੋਂ ਨਿਕਲਦੀਆਂ ਬਦਬੂ ਮਾਰਦੀਆਂ ਗੈਸਾਂ ਕਾਰਨ ਹਵਾ ਪ੍ਰਦੂਸ਼ਤ ਹੋ ਜਾਂਦੀ ਹੈ ਤੇ ਸਾਹ ਲੈਣਾ ਔਖਾ ਹੋ ਜਾਂਦਾ ਹੈ। ਜਿਹੜੇ ਲੋਕ ਮਜਬੂਰੀ ਵਸ ਗੰਦਗੀ ਦੇ ਢੇਰਾਂ ਦੇ ਨੇੜੇ-ਤੇੜੇ ਵਸਦੇ ਹਨ, ਉਨ੍ਹਾਂ ਨੂੰ ਪੁੱਛ ਕੇ ਦੇਖੋ, ਜ਼ਿੰਦਗੀ ਕਿਵੇਂ ਨਰਕ ਬਣੀ ਹੋਈ ਹੈ।

ਦੀਵਾਲੀ ਦੇ ਤਿਉਹਾਰ ਤੋਂ ਕਈ-ਕਈ ਦਿਨ ਪਹਿਲਾਂ ਹੀ ਲੋਕ ਆਪਣੇ ਘਰਾਂ ਦੀ ਸਫਾਈ ਕਰਨ ਲੱਗ ਜਾਦੇ ਹਨ। ਸੁਆਣੀਆਂ ਘਰ ਦੇ ਹਰ ਕੋਨੇ ਨੂੰ ਸਵਾਰਦੀਆਂ, ਸ਼ਿੰਗਾਰਦੀਆਂ ਹਨ। ਹਾਲਾਂਕਿ ਸਫਾਈ ਤਾਂ ਹਰ ਰੋਜ਼ ਕੀਤੀ ਜਾਂਦੀ ਹੈ, ਪਰ ਦੀਵਾਲੀ ਦੇ ਅਵਸਰ 'ਤੇ ਸਫਾਈ ਦੀ ਮੁਹਿੰਮ ਵੱਡੇ ਪੱਧਰ 'ਤੇ ਚਲਾਈ ਜਾਂਦੀ ਹੈ। ਅਕਸਰ ਹੀ ਘਰਾਂ ਦੇ ਪੁਰਾਣੇ ਸਮਾਨ ਤੇ ਵਾਧੂ ਖਿਲਾਰੇ ਨੂੰ ਕੱਢ ਕੇ ਨਵੀਆਂ ਚੀਜ਼ਾਂ-ਵਸਤਾਂ ਨਾਲ ਘਰ ਸ਼ਿੰਗਾਰਿਆ ਜਾਂਦਾ ਹੈ। ਘਰ ਦਾ ਹਰ ਕੋਨਾ ਘਰ ਦੀਆਂ ਸੁਆਣੀਆਂ ਵੱਲੋਂ ਸੁਆਰਿਆ ਜਾਂਦਾ ਹੈ। ਘਰ ਵਿਚ ਸਫਾਈ ਹੋਣਾ ਬਹੁਤ ਚੰਗੀ ਗੱਲ ਹੈ, ਪਰ ਸਫਾਈ ਦਾ ਸੰਕਲਪ ਉਦੋਂ ਤੱਕ ਅਧੂਰਾ ਹੈ, ਜਦੋਂ ਤੱਕ ਘਰਾਂ ਦੇ ਆਲੇ-ਦੁਆਲੇ ਤੇ ਸਮੁੱਚੇ ਮੁਹੱਲੇ, ਪਿੰਡ ਜਾਂ ਕਿਸੇ ਇਲਾਕੇ ਨੂੰ ਸਾਫ-ਸੁਥਰਾ ਰੱਖਣ ਦੀ ਸੋਚ ਪੈਦਾ ਨਹੀਂ ਹੁੰਦੀ। ਜਿੱਥੇ ਹਰ ਪਾਸੇ ਗੰਦਗੀ ਦੇ ਢੇਰ ਹੋਣਗੇ, ਉੱਥੇ ਸਾਹ ਲੈਣ ਲਈ ਜੇ ਵਾਤਾਵਰਣ ਹੀ ਮੁਸ਼ਕ ਮਾਰਦਾ ਹੋਇਆ ਤਾਂ ਘਰਾਂ ਦੀ ਸਫਾਈ ਦਾ ਮਹੱਤਵ ਹੀ ਖਤਮ ਹੋ ਜਾਂਦਾ ਹੈ।

ਬਿਨਾਂ ਸ਼ੱਕ ਇਹੋ ਜਿਹੇ ਬਹੁਤੇ ਕੰਮ ਸਰਕਾਰਾਂ ਨੇ ਕਰਨੇ ਹੁੰਦੇ ਹਨ। ਸਥਾਨਕ ਪ੍ਰਸ਼ਾਸਨ ਦਾ ਇਹ ਫਰਜ਼ ਹੁੰਦਾ ਹੈ ਕਿ ਉਹ ਅਜਿਹੀ ਵਿਵਸਥਾ ਬਣਾਏ ਕਿ ਹਰ ਕੋਈ ਉਸ ਦਾ ਪਾਲਣਾ ਕਰੇ, ਪਰ ਸਫਾਈ ਦੇ ਪੱਖੋਂ ਦੇਖੀਏ ਤਾਂ ਨਾ ਸਰਕਾਰਾਂ ਗੰਭੀਰ ਤੇ ਜਵਾਬਦੇਹ ਹਨ ਤੇ ਨਾ ਹੀ ਲੋਕ ਇਸ ਸੰਬੰਧੀ ਆਪਣਾ ਫਰਜ਼ ਨਿਭਾਉਂਦੇ ਹਨ।

ਥਾਂ-ਥਾਂ ਗੰਦਗੀ ਨੂੰ ਫਰੋਲਦੇ ਕੁੱਤੇ ਤੇ ਆਵਾਰਾ ਜਾਨਵਰ ਅਜਿਹਾ ਦ੍ਰਿਸ਼ ਪੈਦਾ ਕਰਦੇ ਹਨ ਕਿ ਮਨੁੱਖ ਸ਼ਰਮਸਾਰ ਹੋਏ ਬਿਨਾਂ ਨਹੀਂ ਰਹਿ ਸਕਦਾ। ਦੁਖਦਾਈ ਵਰਤਾਰਾ ਹੈ ਕਿ ਬਹੁਤੇ ਲੋਕ ਘਰਾਂ ਦੇ ਕੂੜੇ-ਕਚਰੇ ਦੇ ਲਿਫਾਫੇ ਭਰ ਕੇ ਸੜਕਾਂ 'ਤੇ ਸੁੱਟ ਕੇ ਆਪਣੀ ਸਫਾਈ ਪ੍ਰਤੀ ਮਲੀਨ ਮਾਨਸਿਕਤਾ ਦਾ ਪ੍ਰਗਟਾਵਾ ਕਰਦੇ ਹਨ। ਅਸੀਂ ਆਜ਼ਾਦੀ ਦਾ ਅਰਥ ਅਸਲ ਵਿਚ ਇਹੀ ਸਮਝ ਲਿਆ ਹੈ ਕਿ ਅਸੀਂ ਜਿਹੜਾ ਵੀ ਕੰਮ ਚਾਹੀਏ, ਉਹ ਬਿਨਾਂ ਕਿਸੇ ਰੋਕ-ਟੋਕ ਤੋਂ ਕਰ ਸਕਦੇ ਹਾਂ। ਇੱਥੇ ਤਾਂ ਹਾਲਤ ਇਹ ਹੈ ਕਿ ਲੋਕ ਆਪਣੇ ਨੇੜੇ ਵਗਦੀ ਕਿਸੇ ਨਦੀ/ਦਰਿਆ ਨੂੰ ਵੀ ਨਹੀਂ ਬਖਸ਼ਦੇ, ਉਨ੍ਹਾਂ ਵਿਚ ਵੀ ਗੰਦਗੀ ਸੁੱਟੀ ਜਾਂਦੇ ਹਨ।

ਦੇਸ਼ ਦੇ ਨੇਤਾ,ਪ੍ਰਸ਼ਾਸਨਿਕ ਅਧਿਕਾਰੀ ਤੇ ਹੋਰ ਵੱਡੀ ਗਿਣਤੀ ਵਿਚ ਲੋਕ ਅਕਸਰ ਹੀ ਵਿਦੇਸ਼ਾਂ ਵਿਚ ਜਾਂਦੇ ਰਹਿੰਦੇ ਹਨ। ਕੀ ਉਨ੍ਹਾਂ ਦੇਸ਼ਾਂ ਦੀ ਸਫਾਈ ਵਿਵਸਥਾ ਉਨ੍ਹਾਂ ਨੂੰ ਪ੍ਰਭਾਵਿਤ ਨਹੀਂ ਕਰਦੀ? ਬਹੁਤੇ ਨੇਤਾ ਮਾੜਾ ਜਿਹਾ ਸਿਰ ਵੀ ਦੁਖੇ ਤਾਂ ਵਿਦੇਸ਼ਾਂ ਨੂੰ ਭੱਜ ਉੱਠਦੇ ਹਨ। ਕੀ ਉਨ੍ਹਾਂ ਦੇਸ਼ਾਂ ਦੀਆਂ ਚੰਗੀਆਂ ਗੱਲਾਂ ਨੂੰ ਆਪਣੇ ਦੇਸ਼ ਵਿਚ ਲਾਗੂ ਕਰਨ ਦੀ ਸੋਚ ਉਨ੍ਹਾਂ ਦੇ ਮਨ ਵਿਚ ਨਹੀਂ ਆਉਂਦੀ। ਘੱਟੋ-ਘੱਟ ਸਫਾਈ ਵਿਵਸਥਾ ਬਾਰੇ ਤਾਂ ਸਭ ਲੋਕਾਂ ਨੂੰ ਸੋਚਣ ਦੀ ਲੋੜ ਹੈ।

ਨਰੋਏ ਤੇ ਸਿਹਤਮੰਦ ਮਨੁੱਖੀ ਜੀਵਨ ਲਈ ਸਫਾਈ ਪਹਿਲੀ ਸ਼ਰਤ ਹੈ। ਹੈਰਾਨੀਜਨਕ ਗੱਲ ਹੈ ਕਿ ਅਸੀਂ ਇਸ ਨੂੰ ਬਿਲਕੁਲ ਹੀ ਅਣਗੌਲਿਆ ਕਰ ਦਿੱਤਾ ਹੈ। ਇਸ ਸਬੰਧੀ ਸੋਚ ਬਦਲਣ ਦੀ ਲੋੜ ਹੈ। ਵੱਡੀ ਗੱਲ ਇਹ ਹੈ ਕਿ ਬਹੁਤੇ ਲੋਕ ਇਸ ਪ੍ਰਤੀ ਚਿੰਤਤ ਹਨ, ਜੇ ਸਾਰੇ ਲੋਕ ਇੱਕ ਆਵਾਜ਼ ਹੋ ਕੇ ਸਰਕਾਰਾਂ ਤੇ ਪ੍ਰਸ਼ਾਸਨ ਨੂੰ ਸਫਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਮਜਬੂਰ ਕਰਨ ਤਾਂ ਹੀ ਇਹ ਗੰਭੀਰ ਮੁੱਦੇ ਪ੍ਰਤੀ ਸਰਕਾਰਾਂ ਦੀ ਨੀਂਦ ਖੁੱਲ੍ਹ ਸਕਦੀ ਹੈ। ਸਫਾਈ ਪ੍ਰਤੀ ਹਰ ਮਨੁੱਖ ਨੂੰ ਆਪਣੀ ਜ਼ਿੰਮੇਵਾਰੀ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ।

# ਸੰਪਰਕ : 98153-56086

# ਵਕੀਲ ਖ਼ਿਲਾਫ਼ ਦਰਜ ਮਾਮਲੇ ਦੇ ਵਿਰੋਧ 'ਚ ਬਾਰ ਐਸੋਸੀਏਸ਼ਨ ਵੱਲੋਂ ਧਰਨਾ

**ਇਨਸਾਫ ਨਾ ਮਿਲਣ 'ਤੇ ਜ਼ਿਲ੍ਹਾ ਤੇ ਪੰਜਾਬ ਪੱਧਰ ਦੇ ਸੰਘਰਸ਼ ਦੀ ਚਿਤਾਵਨੀ**



**ਤਲਵੰਡੀ ਸਾਬੋ (ਜਗਦੀਪ ਗਿੱਲ)**
ਐਡਵੋਕੇਟ ਯਾਦਵਿੰਦਰ ਸਿੰਘ ਤੇ ਉਨ੍ਹਾਂ ਦੀ ਪਤਨੀ ਖ਼ੁਸ਼ਵਿੰਦਰ ਕੌਰ ਵਾਸੀ ਪਿੰਡ ਭਾਗੀਵਾਂਦਰ ਨਾਲ ਜੁੜੇ ਮਾਮਲੇ ਵਿੱਚ ਇਨਸਾਫ ਦੀ ਮੰਗ ਨੂੰ ਲੈ ਕੇ ਸੋਮਵਾਰ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਵੱਲੋਂ ਥਾਣਾ ਤਲਵੰਡੀ ਸਾਬੋ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ। ਧਰਨੇ ਦੌਰਾਨ ਵੱਡੀ ਗਿਣਤੀ ਵਿੱਚ ਵਕੀਲਾਂ ਨੇ ਪੁਲਸ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ 'ਪੁਲਸ ਪ੍ਰਸ਼ਾਸਨ ਮੁਰਦਾਬਾਦ' ਦੇ ਨਾਅਰੇ ਲਗਾਉਂਦੇ ਹੋਏ ਦੋਸ਼ ਲਾਇਆ ਕਿ ਵਾਰ-ਵਾਰ ਬੇਨਤੀ ਕਰਨ ਦੇ ਬਾਵਜੂਦ ਉਨ੍ਹਾਂ ਨੂੰ ਇਨਸਾਫ ਨਹੀਂ ਮਿਲਿਆ।

ਧਰਨੇ ਨੂੰ ਸੰਬੋਧਨ ਕਰਦਿਆਂ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਦੇ ਪ੍ਰਧਾਨ ਐਡਵੋਕੇਟ ਸਤਿੰਦਰ ਸਿੱਧੂ ਨੇ ਕਿਹਾ ਕਿ ਪਿਛਲੇ ਚਾਰ-ਪੰਜ ਦਿਨਾਂ ਤੋਂ ਉਹ ਤੇ ਬਾਰ ਐਸੋਸੀਏਸ਼ਨ ਦੇ ਹੋਰ ਮੈਂਬਰ ਲਗਾਤਾਰ ਡੀਐੱਸਪੀ ਤੇ ਐੱਸਐੱਚਓ ਨਾਲ ਸੰਪਰਕ ਕਰਕੇ ਮਾਮਲੇ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰ ਰਹੇ ਸਨ।ਉਨ੍ਹਾਂ ਦਾ ਕਹਿਣਾ ਸੀ ਕਿ ਹਰ ਵਾਰ ਭਰੋਸਾ ਦਿੱਤਾ ਗਿਆ ਕਿ ਮਸਲਾ ਹੱਲ ਕਰ ਦਿੱਤਾ ਜਾਵੇਗਾ, ਪਰ ਅਮਲੀ ਤੌਰ 'ਤੇ ਕੋਈ ਕਾਰਵਾਈ ਨਹੀਂ ਹੋਈ।ਉਨ੍ਹਾਂ ਦੱਸਿਆ ਕਿ ਇੱਕ ਦਿਨ ਪਹਿਲਾਂ ਵੀ ਐੱਸਐੱਚਓ ਨੂੰ ਸਪੱਸ਼ਟ ਕਰ ਦਿੱਤਾ ਗਿਆ ਸੀ ਕਿ ਜੇ ਅਗਲੇ ਦਿਨ ਸਵੇਰੇ 11 ਵਜੇ ਤੱਕ ਇਨਸਾਫ ਨਾ ਮਿਲਿਆ ਤਾਂ ਸਮੁੱਚੀ ਬਾਰ ਐਸੋਸੀਏਸ਼ਨ ਥਾਣੇ ਅੱਗੇ ਧਰਨਾ ਦੇਵੇਗੀ, ਪਰ ਇਸ ਦੇ ਬਾਵਜੂਦ ਕੋਈ ਕਾਰਵਾਈ ਨਹੀਂ ਕੀਤੀ ਗਈ।

ਉਨ੍ਹਾਂ ਦੋਸ਼ ਲਾਇਆ ਕਿ ਸਬੰਧਤ ਜ਼ਮੀਨੀ ਵਿਵਾਦ ਵਿੱਚ ਮਾਣਯੋਗ ਅਦਾਲਤ ਵੱਲੋਂ ਸਟੇਅ ਆਰਡਰ ਜਾਰੀ ਹੋਣ ਦੇ ਬਾਵਜੂਦ ਕਥਿਤ ਤੌਰ 'ਤੇ ਵਿਰੋਧੀ ਧਿਰ ਨੂੰ ਜ਼ਮੀਨ 'ਤੇ ਕਬਜ਼ਾ ਕਰਨ ਤੋਂ ਨਹੀਂ ਰੋਕਿਆ ਗਿਆ।ਉਨ੍ਹਾਂ ਕਿਹਾ ਕਿ ਐਡਵੋਕੇਟ ਯਾਦਵਿੰਦਰ ਸਿੰਘ ਦੀ ਪਤਨੀ ਖ਼ੁਸ਼ਵਿੰਦਰ ਕੌਰ ਤੇ ਹੋਰ ਪਰਿਵਾਰਕ ਮੈਂਬਰ ਜਦੋਂ ਆਪਣੀ ਜ਼ਮੀਨ 'ਤੇ ਪਾਣੀ ਲਗਾਉਣ ਗਏ ਤਾਂ ਉਨ੍ਹਾਂ ਨਾਲ ਕਥਿਤ ਕੁੱਟਮਾਰ ਕੀਤੀ ਗਈ, ਜਿਸ ਦੌਰਾਨ ਖ਼ੁਸ਼ਵਿੰਦਰ ਕੌਰ ਨੂੰ ਸੱਟਾਂ ਲੱਗੀਆਂ ਤੇ ਉਨ੍ਹਾਂ ਦੇ ਕੱਪੜੇ ਵੀ ਪਾੜੇ ਗਏ।ਉਨ੍ਹਾਂ ਦਾ ਦੋਸ਼ ਸੀ ਕਿ ਉਨ੍ਹਾਂ ਦੇ ਪੱਖ ਵੱਲੋਂ ਦਿੱਤੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ, ਸਗੋਂ ਉਲਟ ਉਨ੍ਹਾਂ ਖ਼ਿਲਾਫ਼ ਹੀ ਪਰਚਾ ਦਰਜ ਕਰ ਦਿੱਤਾ ਗਿਆ ਤੇ ਘਰਾਂ 'ਤੇ ਪੁਲਸ ਰੇਡਾਂ ਸ਼ੁਰੂ ਕਰ ਦਿੱਤੀਆਂ ਗਈਆਂ।

ਉਨ੍ਹਾਂ ਮੰਗ ਕੀਤੀ ਕਿ ਐਡਵੋਕੇਟ ਯਾਦਵਿੰਦਰ ਸਿੰਘ ਦੇ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ, ਉਨ੍ਹਾਂ ਖ਼ਿਲਾਫ਼ ਦਰਜ ਕੇਸ ਰੱਦ ਕੀਤਾ ਜਾਵੇ, ਖ਼ੁਸ਼ਵਿੰਦਰ ਕੌਰ 'ਤੇ ਹੋਏ ਕਥਿਤ ਹਮਲੇ ਦੀ ਨਿਰਪੱਖ ਜਾਂਚ ਕਰਕੇ ਦੂਜੇ ਪੱਖ ਖ਼ਿਲਾਫ਼ ਬਣਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਜਾਵੇ ਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ।ਐਡਵੋਕੇਟ ਸਿੱਧੂ ਨੇ ਚਿਤਾਵਨੀ ਦਿੱਤੀ ਕਿ ਜੇ ਬੁੱਧਵਾਰ ਸ਼ਾਮ ਤੱਕ ਮਾਮਲੇ ਦਾ ਸੰਤੋਸ਼ਜਨਕ ਹੱਲ ਨਾ ਹੋਇਆ ਤਾਂ ਬਾਰ ਐਸੋਸੀਏਸ਼ਨ ਮੁੜ ਥਾਣਾ ਤਲਵੰਡੀ ਸਾਬੋ ਅੱਗੇ ਧਰਨਾ ਦੇਵੇਗੀ।ਇਸ ਤੋਂ ਬਾਅਦ ਤਲਵੰਡੀ ਸਾਬੋ ਦੀਆਂ ਅਦਾਲਤਾਂ ਦਾ ਕੰਮਕਾਜ ਮੁਕੰਮਲ ਤੌਰ 'ਤੇ ਬੰਦ ਕੀਤਾ ਜਾਵੇਗਾ।ਜੇ ਫਿਰ ਵੀ ਇਨਸਾਫ ਨਾ ਮਿਲਿਆ ਤਾਂ ਪਹਿਲਾਂ ਜ਼ਿਲ੍ਹਾ ਪੱਧਰ 'ਤੇ ਹੜਤਾਲ ਤੇ ਉਸ ਤੋਂ ਬਾਅਦ ਪੰਜਾਬ ਭਰ ਦੀਆਂ ਬਾਰ ਐਸੋਸੀਏਸ਼ਨਾਂ ਨੂੰ ਨਾਲ ਲੈ ਕੇ ਪੰਜਾਬ ਪੱਧਰ ਦਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਥਾਣਾ ਤਲਵੰਡੀ ਸਾਬੋ ਦੇ ਮੁੱਖ ਅਫ਼ਸਰ ਅਮਰੀਕ ਸਿੰਘ ਵੱਲੋਂ ਜਾਂਚ ਕਰਕੇ ਮਾਮਲੇ ਨੂੰ ਕਾਨੂੰਨ ਅਨੁਸਾਰ ਨਿਪਟਾਉਣ ਦਾ ਭਰੋਸਾ ਦਿੱਤੇ ਜਾਣ ਤੋਂ ਬਾਅਦ ਫਿਲਹਾਲ ਬਾਰ ਐਸੋਸੀਏਸ਼ਨ ਨੇ ਆਪਣਾ ਧਰਨਾ ਮੁਲਤਵੀ ਕਰ ਦਿੱਤਾ।ਧਰਨੇ ਦੌਰਾਨ ਹਰਦੇਵ ਸਿੰਘ ਭਾਗੀਵਾਂਦਰ, ਅਵਤਾਰ ਸਿੰਘ ਸਿੱਧੂ, ਅਮਰਿੰਦਰ ਸਿੰਘ ਹਨੀ, ਹਰਦੇਵ ਸਿੰਘ ਧਿੰਗੜ, ਜਗਦੀਪ ਸਿੰਘ ਪੂਨੀਆ, ਗੁਰਟੇਕ ਸਿੰਘ ਜਟਾਣਾ, ਗੁਰਪ੍ਰਤਾਪ ਸਿੰਘ ਭਾਕਰ, ਕੁਲਵਿੰਦਰ ਸਿੰਘ ਫੌਜੀ ਤੋਂ ਇਲਾਵਾ ਸਮੁੱਚਾ ਵਕੀਲ ਭਾਈਚਾਰਾ ਮੌਜੂਦ ਸੀ।

# ਸੀਵਰੇਜ ਤੇ ਨਿਕਾਸੀ ਪ੍ਰਬੰਧ ਠੱਪ, ਮੁਹੱਲਾ ਵਾਸੀਆਂ ਨੇ ਈ ਓ ਨੂੰ ਸੌਂਪਿਆ ਮੰਗ ਪੱਤਰ



**ਭਵਾਨੀਗੜ੍ਹ (ਰਾਜ ਖੁਰਮੀ)**
ਪਿਛਲੇ ਦਿਨੀਂ ਹੋਈ ਮੋਹਲੇਧਾਰ ਬਾਰਿਸ਼ ਨੇ ਨਿਕਾਸੀ ਵਿਵਸਥਾ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ।ਬਾਰਿਸ਼ ਰੁਕਣ ਤੋਂ ਦੋ ਦਿਨ ਬਾਅਦ ਵੀ ਸ਼ਹਿਰ ਦੀਆਂ ਕਈ ਸੜਕਾਂ ਤੇ ਗਲੀਆਂ ਵਿੱਚ ਪਾਣੀ ਖੜ੍ਹਾ ਰਿਹਾ, ਜਿਸ ਕਾਰਨ ਲੋਕਾਂ ਨੂੰ ਆਵਾਜਾਈ ਦੌਰਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਇਸ ਸਬੰਧੀ ਸ਼ਹਿਰ ਦੇ ਵਸਨੀਕਾਂ ਨੇ ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ (ਈ.ਓ.) ਨੂੰ ਮੰਗ ਪੱਤਰ ਸੌਂਪ ਕੇ ਗਲੀਆਂ ਵਿੱਚੋਂ ਖੜ੍ਹਾ ਪਾਣੀ ਤੁਰੰਤ ਕੱਢਣ ਤੇ ਸੀਵਰੇਜ ਪ੍ਰਣਾਲੀ ਦੀ ਸਫ਼ਾਈ ਕਰਾਉਣ ਦੀ ਮੰਗ ਕੀਤੀ।

ਮੁਹੱਲਾ ਵਾਸੀਆਂ ਨੇ ਦੱਸਿਆ ਕਿ ਨਗਰ ਕੌਂਸਲ ਦਫ਼ਤਰ ਦੇ ਨਾਲ ਲੱਗਦੀ ਪ੍ਰੀਤ ਕਲੋਨੀ ਵਾਲੀ ਸੜਕ 'ਤੇ ਪਾਣੀ ਲਗਾਤਾਰ ਖੜ੍ਹਾ ਰਹਿਣ ਕਾਰਨ ਬਦਬੂ ਫੈਲ ਰਹੀ ਹੈ।ਇਸੇ ਤਰ੍ਹਾਂ ਦਸ਼ਮੇਸ਼ ਨਗਰ ਦੀ ਮੁੱਖ ਸੜਕ 'ਤੇ ਸੀਵਰੇਜ ਦਾ ਗੰਦਾ ਪਾਣੀ ਵਾਪਸ ਓਵਰਫਲੋਅ ਹੋ ਕੇ ਗਲੀਆਂ ਵਿੱਚ ਫੈਲ ਰਿਹਾ ਹੈ।ਇਸ ਨਾਲ ਦਸ਼ਮੇਸ਼ ਨਗਰ, ਅਜੀਤ ਨਗਰ, ਪ੍ਰੀਤ ਕਲੋਨੀ, ਦੀਪ ਕਲੋਨੀ ਅਤੇ ਗੁਪਤਾ ਕਲੋਨੀ ਸਮੇਤ ਆਲੇ-ਦੁਆਲੇ ਦੇ ਇਲਾਕਿਆਂ ਦੇ ਲੋਕਾਂ ਨੂੰ ਗੰਭੀਰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਨੇ ਖ਼ਦਸ਼ਾ ਜਤਾਇਆ ਕਿ ਜੇਕਰ ਸਮੇਂ ਸਿਰ ਸਫ਼ਾਈ ਨਾ ਕਰਵਾਈ ਗਈ ਤਾਂ ਬਰਸਾਤੀ ਮੌਸਮ ਦੌਰਾਨ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਬਣ ਸਕਦਾ ਹੈ।

ਕੌਂਸਲਰ ਹਰਪ੍ਰੀਤ ਸਿੰਘ ਬਾਜਵਾ ਨੇ ਕਿਹਾ ਕਿ ਬਰਸਾਤਾਂ ਦਾ ਸੀਜ਼ਨ ਅਜੇ ਅੱਗੇ ਹੈ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਦੇਖਦਿਆਂ ਪ੍ਰਸ਼ਾਸਨ ਨੂੰ ਪਹਿਲਾਂ ਹੀ ਚੌਕਸ ਹੋਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਮੁਹੱਲਾ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅੱਜ ਈ.ਓ. ਨੂੰ ਮੰਗ ਪੱਤਰ ਦਿੱਤਾ ਗਿਆ ਹੈ ਤਾਂ ਜੁ ਬਰਸਾਤਾਂ ਤੋਂ ਪਹਿਲਾਂ ਸੀਵਰੇਜ ਦੀ ਮੁਕੰਮਲ ਸਫ਼ਾਈ ਅਤੇ ਪਾਣੀ ਦੀ ਨਿਕਾਸੀ ਦੇ ਪੱਕੇ ਪ੍ਰਬੰਧ ਯਕੀਨੀ ਬਣਾਏ ਜਾ ਸਕਣ।

# ਸਫ਼ਾਈ ਸੇਵਕਾਂ ਦੀ ਹੜਤਾਲ ਖ਼ਤਮ, ਅੱਜ ਕੰਮ 'ਤੇ ਪਰਤਣਗੇ ਮੁਲਾਜ਼ਮ

- ਮਈ ਤੇ ਜੂਨ ਮਹੀਨੇ ਦੀ ਤਨਖ਼ਾਹ ਜਾਰੀ ਹੋਣ ਮਗਰੋਂ ਲਿਆ ਫ਼ੈਸਲਾ
- ਸ਼ਹਿਰ 'ਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾਵੇਗੀ : ਚੇਅਰਮੈਨ ਧਾਲੀਵਾਲ

**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**
ਪੰਜਾਬ ਸਰਕਾਰ ਦੇ ਯਤਨਾਂ ਸਦਕਾ ਨਗਰ ਕੌਂਸਲ ਫ਼ਰੀਦਕੋਟ ਦੇ ਸਫ਼ਾਈ ਸੇਵਕਾਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਕੀਤੀ ਜਾ ਰਹੀ ਹੜਤਾਲ ਅੱਜ ਪੂਰਨ ਤੌਰ 'ਤੇ ਸਮਾਪਤ ਹੋ ਗਈ ਹੈ।ਸਫ਼ਾਈ ਸੇਵਕਾਂ ਨੂੰ ਉਨ੍ਹਾਂ ਦੀ ਮਈ ਤੇ ਜੂਨ ਮਹੀਨੇ ਦੀ ਰੁਕੀ ਹੋਈ ਤਨਖ਼ਾਹ ਜਾਰੀ ਕਰ ਦਿੱਤੀ ਗਈ ਹੈ, ਜਿਸ ਤੋਂ ਬਾਅਦ ਉਨ੍ਹਾਂ ਮੰਗਲਵਾਰ ਤੋਂ ਮੁੜ ਆਪਣੀਆਂ ਡਿਊਟੀਆਂ 'ਤੇ ਪਰਤਣ ਦਾ ਐਲਾਨ ਕੀਤਾ ਹੈ।

ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਇੰਪਰੂਵਮੈਂਟ ਟਰੱਸਟ ਫ਼ਰੀਦਕੋਟ ਦੇ ਚੇਅਰਮੈਨ ਗਗਨਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਸ਼ਹਿਰ ਵਾਸੀਆਂ ਨੂੰ ਸਫ਼ਾਈ ਪੱਖੋਂ ਕੋਈ ਪ੍ਰੇਸ਼ਾਨੀ ਨਾ ਆਵੇ, ਇਸ ਲਈ ਪ੍ਰਸ਼ਾਸਨਕ ਅਧਿਕਾਰੀਆਂ ਤੇ ਸਫ਼ਾਈ ਸੇਵਕਾਂ ਨਾਲ ਲਗਾਤਾਰ ਰਾਬਤਾ ਕਾਇਮ ਰੱਖ ਕੇ ਇਸ ਮਸਲੇ ਦਾ ਸੁਖਾਵਾਂ ਹੱਲ ਕੱਢਿਆ ਗਿਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਤੇ ਆਮ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਚੇਅਰਮੈਨ ਧਾਲੀਵਾਲ ਨੇ ਦੱਸਿਆ ਕਿ ਹੜਤਾਲ ਕਾਰਨ ਸ਼ਹਿਰ ਦੀ ਪ੍ਰਭਾਵਿਤ ਹੋਈ ਸਫ਼ਾਈ ਵਿਵਸਥਾ ਨੂੰ ਮੁੜ ਪਟੜੀ 'ਤੇ ਲਿਆਉਣ ਲਈ ਨਗਰ ਕੌਂਸਲ ਵੱਲੋਂ ਸਾਰੇ ਵਾਰਡਾਂ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾਵੇਗੀ ਤੇ ਪੈਂਡਿੰਗ ਪਏ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇਗਾ।ਉਨ੍ਹਾਂ ਸਫ਼ਾਈ ਸੇਵਕਾਂ ਵੱਲੋਂ ਦਿੱਤੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਅਪੀਲ ਕੀਤੀ ਕਿ ਉਹ ਪਹਿਲਾਂ ਵਾਂਗ ਹੀ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਡਿਊਟੀ ਨਿਭਾਉਣ ਤਾਂ ਜੋ ਫ਼ਰੀਦਕੋਟ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਇਆ ਜਾ ਸਕੇ।



# ਰਾਕੇਸ਼ ਕਾਲਾ ਨਗਰ ਨਿਗਮ ਦੇ ਸੀਨੀਅਰ ਡਿਪਟੀ ਮੇਅਰ ਤੇ ਗੌਰਵ ਗਰਗ ਡਿਪਟੀ ਮੇਅਰ ਬਣੇ

**ਪੰਜਾਬ ਸਰਕਾਰ ਸੂਬੇ ਦੇ ਹਰੇਕ ਵਰਗ ਦੀ ਭਲਾਈ ਲਈ ਯਤਨਸ਼ੀਲ : ਹਰਦੀਪ ਮੁੰਡੀਆਂ**



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦਾ ਨਤੀਜਾ ਹੈ ਕਿ ਅੱਜ ਆਮ ਘਰਾਂ ਦੇ ਧੀਆਂ-ਪੁੱਤਰ ਮੇਅਰ ਤੇ ਚੇਅਰਮੈਨਾਂ ਸਮੇਤ ਉੱਚ ਅਹੁਦਿਆਂ 'ਤੇ ਬਿਰਾਜਮਾਨ ਹੋ ਰਹੇ ਹਨ, ਜਿਸ ਦੇ ਨਤੀਜੇ ਵਜੋਂ ਕੁਝ ਪਰਵਾਰਾਂ ਦੀ ਰਾਜ ਭਾਗ ਉੱਪਰ ਇਜ਼ਾਰੇਦਾਰੀ ਖ਼ਤਮ ਹੋ ਗਈ ਹੈ।

ਕੈਬਨਿਟ ਮੰਤਰੀ ਮੁੰਡੀਆਂ ਅੱਜ ਮੋਗਾ ਵਿਖੇ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੀ ਚੋਣ ਮੌਕੇ ਪੁੱਜੇ ਸਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਸੱਚਾਈ ਦੀ ਰਾਜਨੀਤੀ ਕੀਤੀ ਹੈ ਤੇ ਆਮ ਘਰਾਂ ਦੇ ਯੋਗ ਧੀਆਂ-ਪੁੱਤਾਂ ਨੂੰ ਅੱਗੇ ਲੈ ਕੇ ਆਉਂਦੀ ਹੈ, ਇੱਥੇ ਪਰਵਾਰਵਾਦ ਦਾ ਕੋਈ ਵੀ ਬੋਲਬਾਲਾ ਨਹੀਂ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵੱਲੋਂ ਹਰੇਕ ਵਰਗ ਦੀ ਭਲਾਈ ਲਈ ਕੰਮ ਕੀਤੇ ਹਨ ਤੇ ਅੱਗੇ ਵੀ ਯਤਨਸ਼ੀਲ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਸਰਕਾਰ ਦਿਨ ਰਾਤ ਯਤਨਸ਼ੀਲ ਹੈ।ਇਸ ਤੋਂ ਪਹਿਲਾਂ ਡਵੀਜ਼ਨਲ ਕਮਿਸ਼ਨਰ ਬਬੀਤਾ ਕਲੇਰ ਦੀ ਨਿਗਰਾਨੀ ਵਿੱਚ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਦੀ ਚੋਣ ਲਈ ਕਾਨੂੰਨੀ ਪ੍ਰਕਿਰਿਆ ਪੂਰੀ ਕੀਤੀ ਗਈ, ਜਿਸ ਤਹਿਤ ਆਮ ਆਦਮੀ ਪਾਰਟੀ ਦੇ ਕੌਂਸਲਰ ਰਕੇਸ਼ ਕੁਮਾਰ ਕਾਲਾ ਬਜਾਜ ਨੂੰ ਸੀਨੀਅਰ ਡਿਪਟੀ ਮੇਅਰ ਤੇ ਗੌਰਵ ਗਰਗ ਨੂੰ ਡਿਪਟੀ ਮੇਅਰ ਨਗਰ ਨਿਗਮ ਮੋਗਾ ਚੁਣਿਆ ਗਿਆ।

ਕੈਬਨਿਟ ਮੰਤਰੀ ਨੇ ਕਿਹਾ ਕਿ ਨਗਰ ਨਿਗਮ ਵਿੱਚ ਹੋਈਆਂ ਨਵੀਆਂ ਨਿਯੁਕਤੀਆਂ ਨਾਲ ਮੋਗਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ ਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਲਈ ਨਗਰ ਨਿਗਮ ਵਚਨਬੱਧ ਰਹੇਗਾ।ਉਨ੍ਹਾਂ ਨਿਵ-ਨਿਯੁਕਤ ਸੀਨੀਅਰ ਡਿਪਟੀ ਮੇਅਰ ਤੇ ਡਿਪਟੀ ਮੇਅਰ ਨੂੰ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਨਗਰ ਨਿਗਮ ਦੇ ਕਮਿਸ਼ਨਰ ਗੁਰਵਿੰਦਰ ਸਿੰਘ ਜੌਹਲ, ਮੇਅਰ ਵਿਨੈਪਾਲ ਕੌਰ ਤੇ ਹੋਰ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

# ਨੀਲ ਨਿਤਿਨ ਮੁਕੇਸ਼ ਵੱਲੋਂ ਡਾ. ਅੰਸ਼ੂ ਕਟਾਰੀਆ ਦਾ ਸਨਮਾਨ

**ਆਰੀਅਨਜ਼ ਕਾਲਜ ਨੂੰ ਸਰਵੋਤਮ ਐਵਾਰਡ ਨਾਲ ਕੀਤਾ ਸਨਮਾਨਤ**



**ਰਾਜਪੁਰਾ (ਰਮੇਸ਼ ਕਟਾਰੀਆ)**
ਆਰੀਅਨਜ਼ ਕਾਲਜ ਆਫ਼ ਲਾਅ ਰਾਜਪੁਰਾ (ਚੰਡੀਗੜ੍ਹ ਦੇ ਨੇੜੇ) ਨੂੰ ਰੈਡੀਸਨ ਰੈੱਡ ਮੋਹਾਲੀ ਵਿਖੇ ਆਯੋਜਿਤ ਨਿਊਜ਼ 18 ਆਈਕੋਨਿਕ ਬ੍ਰਾਂਡਜ਼ ਆਫ਼ ਨੌਰਥ 2026 ਅਵਾਰਡਾਂ ਵਿੱਚ 'ਚੰਡੀਗੜ੍ਹ ਖੇਤਰ ਦੇ ਸਰਵੋਤਮ ਪ੍ਰਾਈਵੇਟ ਲਾਅ ਕਾਲਜ' ਵਜੋਂ ਸਨਮਾਨਤ ਕੀਤਾ ਗਿਆ ਹੈ।ਇਹ ਪੁਰਸਕਾਰ ਬਾਲੀਵੁੱਡ ਅਦਾਕਾਰ ਨੀਲ ਨਿਤਿਨ ਮੁਕੇਸ਼ ਦੁਆਰਾ ਪੇਸ਼ ਕੀਤਾ ਗਿਆ ਤੇ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਦੁਆਰਾ ਪ੍ਰਾਪਤ ਕੀਤਾ ਗਿਆ।

ਧੰਨਵਾਦ ਪ੍ਰਗਟ ਕਰਦੇ ਹੋਏ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਇਹ ਸਨਮਾਨ ਨਵੀਨਤਾ, ਵਿਹਾਰਕ ਐਕਸਪੋਜ਼ਰ, ਅਕਾਦਮਿਕ ਉੱਤਮਤਾ ਤੇ ਮੁੱਲ-ਅਧਾਰਤ ਸਿੱਖਿਆ ਰਾਹੀਂ ਕਾਨੂੰਨੀ ਸਿੱਖਿਆ ਨੂੰ ਬਦਲਣ ਦੇ ਸਾਡੇ ਨਿਰੰਤਰ ਯਤਨਾਂ ਦੀ ਮਾਨਤਾ ਹੈ।ਆਰੀਅਨਜ਼ ਵਿਖੇ ਅਸੀਂ ਵਿਦਿਆਰਥੀਆਂ ਨੂੰ ਬੇਮਿਸਾਲ ਅਕਾਦਮਿਕ ਮੌਕੇ, ਉੱਘੇ ਕਾਨੂੰਨਦਾਨਾਂ ਨਾਲ ਗੱਲਬਾਤ, ਅਦਾਲਤੀ ਐਕਸਪੋਜ਼ਰ ਤੇ ਉਦਯੋਗ-ਅਧਾਰਤ ਪਹਿਲਕਦਮੀਆਂ ਪ੍ਰਦਾਨ ਕਰਕੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਕਾਨੂੰਨੀ ਪੇਸ਼ੇਵਰਾਂ ਦਾ ਪਾਲਣ-ਪੋਸ਼ਣ ਕਰਨ ਲਈ ਵਚਨਬੱਧ ਹਾਂ।ਅਸੀਂ ਇਹ ਪੁਰਸਕਾਰ ਆਪਣੇ ਵਿਦਿਆਰਥੀਆਂ, ਫੈਕਲਟੀ, ਸਾਬਕਾ ਵਿਦਿਆਰਥੀਆਂ ਤੇ ਆਪਣੇ ਸਾਰੇ ਹਿੱਸੇਦਾਰਾਂ ਨੂੰ ਸਮਰਪਤ ਕਰਦੇ ਹਾਂ, ਜਿਨ੍ਹਾਂ ਦਾ ਵਿਸ਼ਵਾਸ ਤੇ ਸਮਰਥਨ ਸਾਨੂੰ ਪ੍ਰੇਰਿਤ ਕਰਦਾ ਰਹਿੰਦਾ ਹੈ।ਪਿਛਲੇ ਸਾਲਾਂ ਦੌਰਾਨ ਆਰੀਅਨਜ਼ ਲਾਅ ਦੇ ਵਿਦਿਆਰਥੀਆਂ ਨੂੰ ਭਾਰਤ ਦੇ ਕਾਨੂੰਨ ਤੇ ਨਿਆਂ ਮੰਤਰੀ ਸ਼੍ਰੀ ਸ਼ਸ਼ੀ ਰੂਬੀ ਸਮੇਤ ਕਈ ਉੱਘੇ ਕਾਨੂੰਨੀ ਪ੍ਰਕਾਸ਼ਕਾਂ ਨਾਲ ਗੱਲਬਾਤ ਕਰਨ ਤੇ ਉਨ੍ਹਾਂ ਦਾ ਮਾਰਗਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।ਅਰਜੁਨ ਰਾਮ ਮੇਘਵਾਲ, ਜਸਟਿਸ ਸੂਰਿਆ ਕਾਂਤ, ਜਸਟਿਸ ਅਰੁਣ ਪੱਲੀ, ਜਸਟਿਸ ਸਵਤੰਤਰ ਕੁਮਾਰ, ਜਸਟਿਸ ਏ. ਕੇ. ਸੀਕਰੀ, ਜਸਟਿਸ ਅਨਿਲ ਆਰ. ਦਵੇ, ਜਸਟਿਸ ਵਿਜੇਂਦਰ ਜੈਨ, ਜਸਟਿਸ ਅਹਿਮਦ ਅੰਸਾਰੀ, ਜਸਟਿਸ ਜੋਤੀ ਸਿੰਘ, ਜਸਟਿਸ ਪ੍ਰਤਿਬਾ ਐਮ. ਸਿੰਘ, ਜਸਟਿਸ ਵਿਨੋਦ ਕੁਮਾਰ ਸ਼ਰਮਾ (ਸੇਵਾਮੁਕਤ), ਜਸਟਿਸ ਐਸ. ਫਤਿਹ ਦੀਪ ਸਿੰਘ, ਜਸਟਿਸ ਮਹਾਂਵੀਰ ਐੱਸ. ਚੌਹਾਨ, ਐਡਵੋਕੇਟ ਸੱਤਿਆ ਪਾਲ ਜੈਨ, ਕੇ.ਟੀ.ਐਸ. ਤੁਲਸੀ, ਡਾ: ਅਨਮੋਲ ਰਤਨ ਸਿੱਧੂ, ਚੰਦਰ ਮੋਹਨ ਮੁੰਜਾਲ, ਡਾ: ਵਿਜੇ ਨਾਗਪਾਲ, ਡਾ: ਪਰਮਜੀਤ ਸਿੰਘ, ਗਗਨ ਪ੍ਰਦੀਪ ਸਿੰਘ ਬੱਲ, ਐਡ. ਅਮਿਤ ਰਾਣਾ, ਡੀ.ਪੀ.ਐਸ. ਰੰਧਾਵਾ, ਡਾ: ਵਰਿੰਦਰ ਕੁਮਾਰ ਕੌਸ਼ਿਕ, ਡਾ: ਭੁਪਿੰਦਰ ਸਿੰਘ ਵਿਰਕ, ਵੈਭਵ ਅਗਨੀਹੋਤਰੀ, ਐਡ. ਐੱਚ.ਸੀ. ਅਰੋੜਾ, ਸਰਬਜੀਤ ਸਿੰਘ ਵਿਰਕ ਤੇ ਡਾ. ਭਾਰਤ ਸਮੇਤ ਕਈ ਹੋਰ ਵੀ ਸ਼ਾਮਲ ਸਨ।

# ਜਿਨ੍ਹਾਂ ਦੇ ਆਪਣੇ ਘਰ ਸ਼ੀਸ਼ੇ ਦੇ ਹੋਣ, ਉਹ ਦੂਜਿਆਂ 'ਤੇ ਪੱਥਰ ਨਹੀਂ ਮਾਰਦੇ : ਚੇਅਰਮੈਨ ਸੂਦ



**ਰਾਜਪੁਰਾ (ਰਮੇਸ਼ ਕਟਾਰੀਆ)**
ਪੰਜਾਬ ਕਾਂਗਰਸ ਦੀ ਲੀਡਰਸ਼ਿਪ ਵਿੱਚ ਚੱਲ ਰਿਹਾ ਕਾਟੋ ਕਲੇਸ਼ ਵਧਦਾ ਹੀ ਜਾ ਰਿਹਾ ਹੈ ਅਤੇ ਹੁਣ ਕਾਂਗਰਸੀ ਆਗੂ ਆਪਣੇ ਕਾਟੋ ਕਲੇਸ਼ ਦੀ ਸਮਾਪਤੀ ਲਈ ਦਿੱਲੀ ਦੇ ਹੁਕਮਾਂ ਦੀ ਉਡੀਕ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਉੱਘੇ ਆਗੂ ਤੇ ਮਾਰਕੀਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ ਵੱਲੋਂ ਕਾਂਗਰਸ ਪਾਰਟੀ ਅੰਦਰ ਚੱਲ ਰਹੀ ਪ੍ਰਧਾਨਗੀ ਦੀ ਲੜਾਈ ਸਬੰਧੀ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।

ਚੇਅਰਮੈਨ ਦੀਪਕ ਸੂਦ ਨੇ ਕਿਹਾ ਕਿ ਕਾਂਗਰਸੀ ਹਰ ਚੌਥੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਤੇ ਆਪ ਦੀ ਪੰਜਾਬ ਇਕਾਈ ਉੱਪਰ ਦਿੱਲੀ ਦੇ ਇਸ਼ਾਰਿਆਂ 'ਤੇ ਚੱਲਣ ਦੇ ਦੋਸ਼ ਲਾਉਂਦੇ ਰਹਿੰਦੇ ਸਨ, ਪਰ ਹੁਣ ਪੰਜਾਬ ਕਾਂਗਰਸ ਦੀ ਆਪਸੀ ਧੜੇਬੰਦੀ ਇੰਨੀ ਜ਼ਿਆਦਾ ਉੱਭਰ ਕੇ ਸਾਹਮਣੇ ਆ ਗਈ ਹੈ ਕਿ ਹਰ ਚੌਥੇ ਦਿਨ ਪੰਜਾਬ ਦੇ ਕਾਂਗਰਸੀਆਂ ਨੂੰ ਹੁਕਮ ਚਾੜ੍ਹ ਕੇ ਦਿੱਲੀ ਬੁਲਾਇਆ ਜਾਂਦਾ ਹੈ ਅਤੇ ਹੁਣ ਅਹੁਦੇਦਾਰੀਆਂ ਐਲਾਨਣ ਦੇ ਬਾਵਜੂਦ ਕਾਂਗਰਸ ਵਿੱਚ ਪਿਆ ਕਾਟੋ ਕਲੇਸ਼ ਖਤਮ ਹੋਣ ਦਾ ਨਾਂ ਨਹੀਂ ਲੈ ਰਿਹਾ।ਪੰਜਾਬ ਦੇ ਕਾਂਗਰਸੀ ਆਗੂ ਇਸ ਕਾਟੋ ਕਲੇਸ਼ ਦੀ ਸਮਾਪਤੀ ਲਈ ਆਪਣੀ ਦਿੱਲੀ ਸਥਿਤ ਪਾਰਟੀ ਹਾਈ ਕਮਾਂਡ ਵੱਲ ਵੇਖ ਰਹੇ ਹਨ।ਉਨ੍ਹਾਂ ਕਾਂਗਰਸੀਆਂ 'ਤੇ ਸਿਆਸੀ ਵਾਰ ਕਰਦਿਆਂ ਕਿਹਾ ਕਿ ਜਿਨ੍ਹਾਂ ਦੇ ਆਪਣੇ ਘਰ ਸ਼ੀਸ਼ੇ ਦੇ ਹੋਣ, ਉਹ ਦੂਜਿਆਂ ਉੱਤੇ ਪੱਥਰ ਨਹੀਂ ਮਾਰਦੇ।ਉਨ੍ਹਾਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਸ੍ਰੀ ਕੇਜਰੀਵਾਲ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਇਕਾਈ ਨੂੰ ਪੰਜਾਬ ਦੇ ਹਾਲਾਤਾਂ ਅਨੁਸਾਰ ਫੈਸਲੇ ਲੈਣ ਦੀ ਖੁੱਲ੍ਹ ਦਿੱਤੀ ਹੋਈ ਹੈ।

# 17 ਦੀ ਚੰਡੀਗੜ੍ਹ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਸਾਂਝੀ ਕੋਆਰਡੀਨੇਸ਼ਨ ਕਮੇਟੀ ਦੀ 17 ਜੁਲਾਈ ਦੀ ਚੰਡੀਗੜ੍ਹ ਰੈਲੀ ਦੀਆਂ ਤਿਆਰੀਆਂ ਵਾਸਤੇ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਯੂਨੀਅਨ ਦਫਤਰ ਫਿਰੋਜ਼ਪੁਰ ਛਾਉਣੀ ਵਿਖੇ ਮੀਟਿੰਗ ਕੀਤੀ। ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਤਰਸੇਮ ਬੇਦੀ ਨੇ ਕੀਤੀ। ਮੀਟਿੰਗ ਵਿਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਲ ਹੋਏ।

ਮੀਟਿੰਗ ਵਿਚ ਸਟੇਟ ਆਗੂ ਬਲਵੀਰ ਸਿੰਘ ਕੰਬੋਜ, ਜ਼ਿਲ੍ਹਾ ਪ੍ਰਧਾਨ ਤਰਸੇਮ ਬੇਦੀ, ਪੈਨਸ਼ਨਰ ਆਗੂ ਕਿਸ਼ਨ ਚੰਦ ਜਾਗੋਵਾਲੀਆ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਚੁੱਪੀ ਧਾਰੀ ਬੈਠੀ ਹੈ, ਚੋਣਾਂ ਮੌਕੇ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਜਾ ਰਹੇ, ਸਗੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੁਆਰਾ ਸੰਘਰਸ਼ਾਂ ਨਾਲ ਪ੍ਰਾਪਤ ਕੀਤੀਆਂ ਸਹੂਲਤਾਂ ਨੂੰ ਖੋਹਿਆ ਜਾ ਰਿਹਾ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜੇਕਰ ਮੰਗਾਂ ਦਾ ਹੱਲ ਜਲਦੀ ਨਾ ਕੀਤਾ ਤਾਂ ਮੁਲਾਜ਼ਮ ਤੇ ਪੈਨਸ਼ਨਰ 17 ਜੁਲਾਈ ਨੂੰ ਚੰਡੀਗੜ੍ਹ ਵਿਖੇ ਵੱਡਾ ਇਕੱਠ ਕਰਕੇ ਵਿਸ਼ਾਲ ਰੋਸ ਰੈਲੀ ਕਰਨਗੇ। ਇਸ ਰੋਸ ਰੈਲੀ ਵਿਚ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਮੁਲਾਜ਼ਮ ਤੇ ਪੈਨਸ਼ਨਰ ਸ਼ਾਮਲ ਹੋਣਗੇ। ਮੀਟਿੰਗ ਵਿੱਚ ਰਣਬੀਰ ਸਿੰਘ ਕੁੱਕੂ, ਖਜਾਨ ਸਿੰਘ, ਰੂਲੀਆ ਸਿੰਘ, ਕੇਵਲ ਸਿੰਘ, ਜੀਤ ਸਿੰਘ, ਜਸਪਾਲ ਸਿੰਘ ਮੱਲਵਾਲ, ਮੰਗਲ ਸਿੰਘ, ਮਹਿੰਦਰ ਸਿੰਘ, ਮਲੂਕਾ, ਗੁਰਮੇਸ਼ ਸਿੰਘ, ਰਾਜੇਸ਼ ਕੁਮਾਰ, ਓਮ ਪ੍ਰਕਾਸ਼ ਤੇ ਸਵਰਨ ਸਿੰਘ ਸ਼ਾਮਲ ਹੋਏ।

# ਸੁਰਿੰਦਰ ਰਾਮਪੁਰੀ ਦੇ ਕਾਵਿ ਸੰਗ੍ਰਹਿ 'ਕਵਿਤਾ ਦੇ ਪ੍ਰਛਾਵੇਂ' 'ਤੇ ਵਿਚਾਰ-ਚਰਚਾ



**ਸਮਰਾਲਾ (ਸੁਰਜੀਤ ਸਿੰਘ)**
ਪੰਜਾਬੀ ਦੇ ਪ੍ਰਸਿੱਧ ਕਹਾਣੀਕਾਰ ਤੇ ਕਵੀ ਸੁਰਿੰਦਰ ਰਾਮਪੁਰੀ ਦੇ ਕਹਾਣੀ ਸਗ੍ਰਹਿ 'ਕਵਿਤਾ ਦੇ ਪਰਛਾਵੇਂ' ਕਲਾ ਸੰਗਮ ਨੀਲੋਂ ਪੁਲ ਦੀ ਮਾਸਿਕ ਮੀਟਿੰਗ ਦੌਰਾਨ ਰਿਲੀਜ਼ ਕੀਤੀ ਗਈ ਅਤੇ ਉਪਸਥਿਤ ਲੇਖਕਾਂ ਤੇ ਅਦੀਬਾਂ ਦੀ ਹਾਜ਼ਰੀ ਵਿਚ ਵਿਚਾਰ ਚਰਚਾ ਹੋਈ।ਕਾਵਿ ਸੰਗ੍ਰਹਿ ਉਪਰ ਤੇਲੂ ਰਾਮ ਕੁਹਾੜਾ, ਬੁੱਧ ਸਿੰਘ ਨੀਲੋਂ, ਸਤਿੰਦਰ ਸਿੰਘ ਨੰਦਾ ਤੇ ਗੁਰਸੇਵਕ ਢਿੱਲੋਂ ਨੇ ਪੇਪਰ ਪੜ੍ਹੇ।ਤੇਲੂ ਰਾਮ ਕੁਹਾੜਾ ਨੇ ਹਾਜ਼ਰ ਲੇਖਕਾਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਸੁਰਿੰਦਰ ਰਾਮਪੁਰੀ ਇੱਕ ਬਹੁ-ਵਿਧਾਵੀ ਲੇਖਕ ਹੈ, ਜਿਸ ਨੇ ਸਾਹਿਤ ਦੀ ਹਰ ਵਿਧਾ 'ਤੇ ਸਫਲਤਾਪੂਰਵਕ ਹੱਥ ਅਜ਼ਮਾਇਆ ਹੈ।ਉਨ੍ਹਾਂ ਦੱਸਿਆ ਕਿ ਰਾਮਪੁਰੀ ਦੇ ਇਸ ਤੋਂ ਪਹਿਲਾਂ 7 ਕਹਾਣੀ ਸੰਗ੍ਰਹਿ, 3 ਕਾਵਿ ਸੰਗ੍ਰਹਿ, ਚੰਦਨ ਦੇ ਰੁੱਖ ਤੇ ਕਿਸੇ ਬਹਾਨੇ ਵਾਰਤਕ, ਆਲੋਚਨਾ ਉੱਤੇ 6 ਪੁਸਤਕਾਂ ਅਤੇ ਅਨੁਵਾਦ ਪੁਸਤਕਾਂ ਵੀ ਪ੍ਰਕਾਸ਼ਿਤ ਹੋ ਚੁੱਕੀਆਂ ਹਨ।ਉਨ੍ਹਾਂ ਕਿਹਾ ਕਿ ਸਾਹਿਤ ਲੇਖਨ ਸੁਰਿੰਦਰ ਰਾਮਪੁਰੀ ਦੀ ਰੂਹ ਦੀ ਖੁਰਾਕ ਵਾਂਗ ਹੈ।

ਇਸ ਤੋਂ ਇਲਾਵਾ ਦੀਪ ਦਿਲਬਰ, ਬਲਵੰਤ ਮਾਂਗਟ, ਅਮਨ ਆਜ਼ਾਦ, ਗੁਰਭਗਤ ਸਿੰਘ, ਕਰਨੈਲ ਸਿਵੀਆ ਤੇ ਸੁਖਮਿੰਦਰਪਾਲ ਸਿੰਘ ਗਰੇਵਾਲ ਨੇ ਵੀ ਪੁਸਤਕ ਬਾਰੇ ਚਰਚਾ ਵਿੱਚ ਭਾਗ ਲਿਆ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਸੁਖਮਿੰਦਰਪਾਲ ਸਿੰਘ ਗਰੇਵਾਲ ਨੇ ਆਪਣੇ ਮਾਤਾ ਪਿਤਾ ਦੀ ਯਾਦ ਵਿੱਚ ਸਭਾ ਨੂੰ ਮਾਇਕ ਸਹਾਇਤਾ ਦਿੱਤੀ।ਉਨ੍ਹਾਂ ਸੁਰਿੰਦਰ ਰਾਮਪੁਰੀ ਤੇ ਮਾਸਟਰ ਤੇਲੂ ਰਾਮ ਕੁਹਾੜਾ ਦੇ ਨਾਲ ਜੁੜੀਆਂ ਯਾਦਾਂ ਨੂੰ ਹਾਜ਼ਰ ਸਰੋਤਿਆਂ ਨਾਲ ਸਾਂਝਾ ਕੀਤਾ।ਇਸ ਮੌਕੇ ਹਾਜ਼ਰ ਕਵੀਆਂ ਨੇ ਆਪਣੀਆਂ ਰਚਨਾਵਾਂ ਸੁਣਾਈਆਂ।ਕਵੀ ਦਰਬਾਰ ਦੀ ਪ੍ਰਧਾਨਗੀ ਬਲਦੇਵ ਸਿੰਘ ਝੱਜ, ਗੁਰਸੇਵਕ ਸਿੰਘ ਢਿੱਲੋਂ, ਸੁਰਿੰਦਰ ਰਾਮਪੁਰੀ ਤੇ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਕੀਤੀ।

ਇਸ ਕਵੀ ਦਰਬਾਰ ਵਿੱਚ ਅਮਰਜੀਤ ਸ਼ੇਰਪੁਰੀ, ਨੇਤਰ ਸਿੰਘ ਮੁੱਤੋਂ, ਦੀਪ ਦਿਲਬਰ, ਬਲਵੰਤ ਮਾਂਗਟ, ਸੁਖਵਿੰਦਰ ਸਿੰਘ ਭਾਦਲਾ, ਕਮਲਜੀਤ ਨੀਲੋਂ, ਦਲਬੀਰ ਕਲੇਰ, ਨਰਿੰਦਰ ਮਣਕੂ, ਜੱਗਾ ਮਕਸੂਦੜਾ, ਸੁਖਵਿੰਦਰ ਸਿੰਘ ਬਿੱਟੂ, ਬਿੱਟੂ ਮਾਨੂੰਪੁਰੀ, ਮਨਜੀਤ ਸਿੰਘ ਧੰਜਲ, ਬੁੱਧ ਸਿੰਘ ਨੀਲੋਂ ਆਦਿ ਰਚਨਾਵਾਂ ਸੁਣਾਈਆਂ।ਸਭਾ ਵੱਲੋਂ ਪਿਛਲੇ ਸਮਿਆਂ ਵਿੱਚ ਵਿਛੋੜਾ ਦੇ ਗਏ ਸਾਹਿਤਕਾਰ ਡਾਕਟਰ ਹਰਬੰਸ ਸਿੰਘ ਧੀਮਾਨ, ਟਹਿਲ ਸਿੰਘ ਨੀਲੋਂ, ਦਲੀਪ ਸਿੰਘ ਉੱਪਲ ਤੇ ਉਰਦੂ ਦੇ ਨਾਮਵਰ ਸ਼ਾਇਰ ਬਸ਼ੀਰ ਬਦਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਦੌਰਾਨ ਸਰਬਸੰਮਤੀ ਨਾਲ ਸਭਾ ਵੱਲੋਂ ਬਲਵੰਤ ਮਾਂਗਟ ਨੂੰ ਮੀਡੀਆ ਸਕੱਤਰ ਬਣਾਇਆ ਗਿਆ।ਅਨਿਲ ਫ਼ਤਹਿਗੜ੍ਹ ਜੱਟਾਂ ਨੇ ਆਏ ਲੇਖਕਾਂ ਨੂੰ ਜੀ ਆਇਆਂ ਆਖਦਿਆਂ ਸਾਰਿਆਂ ਦਾ ਧੰਨਵਾਦ ਕੀਤਾ।ਸਮਾਗਮ ਦੀ ਕਾਰਵਾਈ ਸਭਾ ਦੇ ਜਨਰਲ ਸਕੱਤਰ ਬੁੱਧ ਸਿੰਘ ਨੀਲੋਂ ਨੇ ਨਿਭਾਈ।

# 280 ਗ੍ਰਾਮ ਹੈਰੋਇਨ ਸਮੇਤ ਸਿਪਾਹੀ ਸਣੇ ਤਿੰਨ ਕਾਬੂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾ, ਪੂਜਾ)**-ਨਸ਼ਾ ਤਸਕਰੀ ਖ਼ਿਲਾਫ਼ ਵੱਡੀ ਕਾਰਵਾਈ ਕਰਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ 280 ਗ੍ਰਾਮ ਹੈਰੋਇਨ ਸਮੇਤ ਪੰਜਾਬ ਪੁਲਸ ਦੇ ਇੱਕ ਸੀਨੀਅਰ ਸਿਪਾਹੀ ਸਣੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਵਿਖੇ ਮੁਕੱਦਮਾ ਨੰਬਰ 170 ਮਿਤੀ 05-07-2026 ਨੂੰ ਧਾਰਾ 21(3)/61/85 ਐਨ ਡੀ ਪੀ ਐਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ।ਜਾਂਚ ਅਧਿਕਾਰੀ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਸ੍ਰੀ ਮੁਕਤਸਰ ਸਾਹਿਬ-ਜਲਾਲਾਬਾਦ ਮੁੱਖ ਸੜਕ 'ਤੇ ਪਿੰਡ ਬਧਾਈ ਤੋਂ ਕਰੀਬ ਦੋ ਕਿਲੋਮੀਟਰ ਅੱਗੇ ਜਲਾਲਾਬਾਦ ਵੱਲ ਇੱਕ ਚਿੱਟੇ ਰੰਗ ਦੀ ਮਾਰੂਤੀ ਆਲਟੋ (ਪੀ ਬੀ-22ਐੱਨ-0969) ਸੜਕ ਕਿਨਾਰੇ ਖੜ੍ਹੀ ਨਜ਼ਰ ਆਈ।ਸ਼ੱਕ ਦੇ ਆਧਾਰ 'ਤੇ ਪੁਲਸ ਨੇ ਕਾਰ ਦੀ ਜਾਂਚ ਕੀਤੀ, ਜਿਸ ਵਿੱਚ ਤਿੰਨ ਨੌਜਵਾਨ ਸਵਾਰ ਸਨ।ਪੁੱਛਗਿੱਛ ਦੌਰਾਨ ਤਿੰਨਾਂ ਨੇ ਆਪਣੀ ਪਛਾਣ ਜੋਗਿੰਦਰ ਸਿੰਘ, ਜੋ ਪੰਜਾਬ ਪੁਲਸ ਵਿੱਚ ਸੀਨੀਅਰ ਸਿਪਾਹੀ ਹੈ ਤੇ ਪਿੰਡ ਚੱਕ ਪਾਲੀਵਾਲਾ ਦਾ ਵਸਨੀਕ ਹੈ, ਅਰਸ਼ਦੀਪ ਸਿੰਘ ਉਰਫ਼ ਅਰਸ਼ ਵਾਸੀ ਪਿੰਡ ਮਮਦੋਟ (ਜ਼ਿਲ੍ਹਾ ਫਿਰੋਜ਼ਪੁਰ) ਤੇ ਦਿਲਸ਼ੇਰ ਸਿੰਘ ਉਰਫ਼ ਲਾਡੀ ਵਾਸੀ ਗੋਨਿਆਣਾ ਰੋਡ, ਗਲੀ ਨੰਬਰ 2, ਸ੍ਰੀ ਮੁਕਤਸਰ ਸਾਹਿਬ (ਹਾਲ ਅਬਾਦ ਅਬੋਹਰ) ਵਜੋਂ ਦੱਸੀ।ਕਾਰ ਦੀ ਤਲਾਸ਼ੀ ਦੌਰਾਨ ਪੁਲਸ ਨੇ 280 ਗ੍ਰਾਮ ਹੈਰੋਇਨ ਬਰਾਮਦ ਕੀਤੀ। ਇਸ ਤੋਂ ਇਲਾਵਾ ਮਾਰੂਤੀ ਆਲਟੋ ਕਾਰ ਤੇ ਪੰਜ ਮੋਬਾਈਲ ਫੋਨ ਵੀ ਕਬਜ਼ੇ ਵਿੱਚ ਲਏ ਗਏ।ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਪੰਜਾਬੀ ਸਾਹਿਤ ਸਭਾ ਧੂਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ




**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬੀ ਸਾਹਿਤ ਸਭਾ ਧੂਰੀ ਦਾ ਮਹੀਨਾਵਾਰ ਸਾਹਿਤਕ ਸਮਾਗਮ ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਸਥਾਨਕ ਡਾ. ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਹੋਇਆ, ਜਿਸ ਵਿੱਚ ਸਾਹਿਤ, ਸੱਭਿਆਚਾਰ ਤੇ ਸਾਹਿਤਕਾਰਾਂ ਦੇ ਕਦਰਦਾਨ ਮਹੰਤ ਸ੍ਰੀ ਹਰਪਾਲ ਦਾਸ ਜੀ ਮਾਮਗੜ੍ਹ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਸਮਾਗਮ ਦੌਰਾਨ ਮਹੰਤ ਸ੍ਰੀ ਹਰਪਾਲ ਦਾਸ ਵੱਲੋਂ ਸਭਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਅਸ਼ੀਰਵਾਦ ਦੇਣ ਤੋਂ ਇਲਾਵਾ ਹਾਲ ਕਮਰੇ ਲਈ ਇੱਕ ਕੂਲਰ ਦੀ ਸੇਵਾ ਤੇ ਅਗਲੇ ਮਹੀਨੇ ਦਾ ਸਮਾਗਮ ਪਿੰਡ ਮਾਮਗੜ੍ਹ ਵਿਖੇ ਕਰਨ ਦਾ ਸੱਦਾ ਦਿੱਤਾ ਗਿਆ।

ਸ਼ਹੀਦ ਊਧਮ ਸਿੰਘ ਨੂੰ ਸਮਰਪਤ ਇਸ ਸਮਾਗਮ ਦੇ ਮੁੱਖ ਵਿਸ਼ੇ 'ਆਜ਼ਾਦੀ ਤੋਂ ਲੈ ਕੇ ਹੁਣ ਤੱਕ ਦੀਆਂ ਸਰਕਾਰਾਂ ਵੱਲੋਂ ਮਾਤ-ਭਾਸ਼ਾ ਦੀ ਬੇਕਦਰੀ' ਬਾਰੇ ਹੋਈ ਵਿਚਾਰ ਚਰਚਾ ਦਾ ਨਿਚੋੜ ਇਹ ਨਿੱਕਲਿਆ ਕਿ ਸਾਬਕਾ ਮੁੱਖ ਮੰਤਰੀ ਲਛਮਣ ਸਿੰਘ ਗਿੱਲ ਤੋਂ ਬਿਨਾਂ ਕਿਸੇ ਵੀ ਸਰਕਾਰ ਨੇ ਮਾਤ ਭਾਸ਼ਾ ਪੰਜਾਬੀ ਨਾਲ਼ ਨਿਆਂ ਨਹੀਂ ਕੀਤਾ।ਕੁੱਝ ਬੁਲਾਰਿਆਂ ਨੇ ਆਪਣੀ ਸਭਾ ਤੇ ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ ਸੰਸਥਾ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਤੇ ਸਮੇਂ ਸਮੇਂ 'ਤੇ ਹੋਈਆਂ ਸੋਧਾਂ ਬਾਰੇ ਕਾਨੂੰਨੀ ਕਾਰਵਾਈ ਰਾਹੀਂ ਕੀਤੀਆਂ ਪ੍ਰਾਪਤੀਆਂ ਦਾ ਜ਼ਿਕਰ ਵੀ ਕੀਤਾ।

ਦੂਸਰੇ ਦੌਰ ਵਿੱਚ ਜਨਵਰੀ ਮਹੀਨੇ ਤੋਂ ਸ਼ੁਰੂ ਕੀਤੇ ਕਵਿਤਾ ਸਿਖਲਾਈ ਸਕੂਲ ਦਾ ਸੱਤਵਾਂ ਪਾਠ ਪ੍ਰਸਿੱਧ ਭਾਸ਼ਾ ਮਾਹਰ ਜੰਗ ਸਿੰਘ ਫ਼ੱਟੜ ਵੱਲੋਂ ਪੜ੍ਹਾਇਆ ਗਿਆ।ਹਰ ਵਾਰੀ ਦੀ ਤਰ੍ਹਾਂ ਚਰਨਜੀਤ ਮੀਮਸਾ ਦੇ ਮੰਚ ਸੰਚਾਲਨ ਅਧੀਨ ਕੀਤੇ ਕਵੀ ਦਰਬਾਰ ਵਿੱਚ ਜਗਦੇਵ ਸ਼ਰਮਾ ਬੁਗਰਾ, ਗੁਰਦਿਆਲ ਨਿਰਮਾਣ, ਰੋਬਿਨ ਮਣਕੂ, ਰਣਜੀਤ ਆਜ਼ਾਦ ਕਾਂਝਲਾ, ਮਨਜੀਤ ਕੌਰ ਸੰਧੂ, ਬੀਬਾ ਰੇਣੂੰ ਸ਼ਰਮਾ, ਮਨਪ੍ਰੀਤ ਕੌਰ ਢੀਂਡਸਾ, ਜਸਪ੍ਰੀਤ ਕੌਰ, ਗੁਰਮੀਤ ਸਿੰਘ ਸੋਹੀ, ਹਰਬੰਸ ਬੇਨੜਾ, ਬਖ਼ਸ਼ੀਸ਼ ਸਿੰਘ ਅਲਾਲ, ਡਾ. ਪਰਮਜੀਤ ਸਿੰਘ ਦਰਦੀ, ਪ੍ਰਦੀਪ ਢੀਂਡਸਾ, ਬਿੰਦਰ ਪਾਲ, ਮੁਹੰਮਦ ਸਾਦਿਕ, ਨਵੀਨ ਸਿੰਗਲਾ, ਕਰਮਜੀਤ ਸਿੰਘ, ਡਾ. ਹਰਪਾਲ ਸਿੰਘ ਭੜੀ, ਜਗਤਾਰ ਸਿੰਘ ਧੂਰੀ, ਬਲਜੀਤ ਸਿੰਘ ਬਾਂਸਲ ਤੇ ਸੁੱਖੀ ਮੂਲੋਵਾਲ ਨੇ ਆਪੋ ਆਪਣੀਆਂ ਰਚਨਾਵਾਂ ਨਾਲ਼ ਖ਼ੂਬ ਰੰਗ ਬੰਨ੍ਹਿਆ।

ਅੰਤ ਵਿੱਚ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇਣ ਵਾਲ਼ੇ ਲੇਖਕਾਂ, ਕਲਾਕਾਰਾਂ ਤੇ ਮੈਂਬਰਾਂ ਦੇ ਸਕੇ ਸੰਬੰਧੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸਭਾ ਦੇ ਸਰਪ੍ਰਸਤ ਜਗਦੇਵ ਸ਼ਰਮਾ ਨੂੰ ਪੜਦਾਦਾ ਬਣਨ 'ਤੇ ਮੁਬਾਰਕਬਾਦ ਵੀ ਦਿੱਤੀ ਗਈ।

# ਸਾਬਕਾ ਕੌਂਸਲਰ ਸ਼ਸ਼ੀ ਗਰਗ ਕਾਂਗਰਸ ਵਪਾਰ ਮੰਡਲ ਦੇ ਪ੍ਰਧਾਨ ਨਿਯੁਕਤ

**ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਤੇ ਜਗਸੀਰ ਸਿੰਘ ਕਾਲੇਕੇ ਨੇ ਸੌਂਪਿਆ ਨਿਯੁਕਤੀ ਪੱਤਰ**



**ਬਾਘਾ ਪੁਰਾਣਾ (ਮਨੀ ਸਿੰਗਲਾ)**
ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਤੇ ਵਪਾਰੀ ਵਰਗ ਨੂੰ ਪਾਰਟੀ ਨਾਲ ਹੋਰ ਨੇੜਿਓਂ ਜੋੜਨ ਦੇ ਮੰਤਵ ਨਾਲ ਕਾਂਗਰਸ ਹਾਈ ਕਮਾਂਡ ਵੱਲੋਂ ਪ੍ਰਸਿੱਧ ਸਮਾਜ ਸੇਵੀ ਤੇ ਵਪਾਰੀ ਆਗੂ ਸ਼ਸ਼ੀ ਗਰਗ ਨੂੰ ਵਪਾਰ ਮੰਡਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਵਰਕਰਾਂ, ਵਪਾਰੀਆਂ ਤੇ ਸ਼ਹਿਰ ਦੇ ਵੱਖ-ਵੱਖ ਵਰਗਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਨਿਯੁਕਤੀ ਦੀ ਖ਼ਬਰ ਮਿਲਦਿਆਂ ਹੀ ਸ਼ਸ਼ੀ ਗਰਗ ਦੇ ਨਿਵਾਸ ਤੇ ਦਫ਼ਤਰ ਵਿਖੇ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂਆਂ, ਵਪਾਰੀਆਂ, ਸਮਾਜ ਸੇਵੀਆਂ ਤੇ ਸ਼ੁਭਚਿੰਤਕਾਂ ਨੇ ਫੁੱਲਾਂ ਦੇ ਗੁਲਦਸਤੇ ਭੇਟ ਕਰ ਕੇ, ਸਿਰੋਪਾਓ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ।ਇਹ ਨਿਯੁਕਤੀ ਜ਼ਿਲ੍ਹਾ ਕਾਂਗਰਸ ਪ੍ਰਧਾਨ ਹਰੀ ਸਿੰਘ ਖਾਈ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਅਤੇ ਸਿਫ਼ਾਰਸ਼ 'ਤੇ ਕਾਂਗਰਸ ਹਾਈ ਕਮਾਂਡ ਵੱਲੋਂ ਕੀਤੀ ਗਈ।ਆਪਣੀ ਨਿਯੁਕਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਸ਼ਸ਼ੀ ਗਰਗ ਨੇ ਕਾਂਗਰਸ ਹਾਈ ਕਮਾਂਡ, ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਤੇ ਸੀਨੀਅਰ ਆਗੂ ਜਗਸੀਰ ਸਿੰਘ ਕਾਲੇਕੇ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰਾ ਉਤਰਣਗੇ।ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ, ਟੈਕਸਾਂ, ਬਾਜ਼ਾਰਾਂ ਦੀਆਂ ਮੁਸ਼ਕਲਾਂ, ਛੋਟੇ ਵਪਾਰੀਆਂ ਦੇ ਹਿੱਤਾਂ ਤੇ ਉਨ੍ਹਾਂ ਦੇ ਵਿਕਾਸ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਗੁਰਬਚਨ ਸਿੰਘ ਬਰਾੜ, ਗੁਰਜੰਟ ਸਿੰਘ ਧਾਲੀਵਾਲ ਸ਼ਹਿਰੀ ਪ੍ਰਧਾਨ, ਦੀਪਾ ਅਰੋੜਾ, ਜਗਸੀਰ ਸਿੰਘ ਜੱਗਾ, ਗੁਰਮੁੱਖ ਸਿੰਘ, ਹਰਪ੍ਰੀਤ ਸਿੰਘ ਘੁੱਟੂ, ਕਾਕਾ ਬਰਾੜ ਆਲਮਵਾਲਾ, ਯੋਗੇਸ਼ ਬਾਸਲ, ਸੁਰਿੰਦਰ ਬਾਂਸਲ ਡੀ ਐੱਮ, ਪ੍ਰਧਾਨ ਅਸ਼ੋਕ ਗਰਗ ਸ਼ੋਕੀ, ਸੰਜੀਵ ਮਿੱਤਲ ਆੜ੍ਹਤੀ ਨਹਿਰੂ ਮੰਡੀ, ਪ੍ਰਧਾਨ ਦੀਪਕ ਗਰਗ ਬੌਬੀ, ਕੇਵਲ ਕ੍ਰਿਸ਼ਨ ਬਾਸਲ, ਸੁੱਖਾ ਲੰਗਿਆਣਾ, ਰਮਨ ਆਗਰਵਾਲ ਐਕਸਪਰਟ ਇਮੀਗ੍ਰੇਸ਼ਨ, ਵਿਜੇ ਬੰਟੀ ਜਿੰਦਲ, ਅਕਾਸ਼ ਅਰੋੜਾ, ਤੀਰਥ ਬਾਸਲ ਕੋਟਲੇ ਵਾਲੇ, ਰਾਮ ਲਾਲ ਗਰਗ, ਰਜਿੰਦਰ ਗੋਇਲ ਆਦਿ ਹਾਜ਼ਰ ਸਨ।

# ਵਿਸ਼ਵਕਰਮਾ ਵੈੱਲਫੇਅਰ ਸੁਸਾਇਟੀ ਵੱਲੋਂ ਮਾਣਮੱਤੀਆਂ ਸ਼ਖਸੀਅਤਾਂ ਦਾ ਸਨਮਾਨ

**ਗੁਰਪ੍ਰੀਤ ਸਿੰਘ ਮਣਕੂ ਨੇ ਭਾਈਚਾਰੇ ਦਾ ਨਾਂਅ ਚਮਕਾਇਆ : ਮਣਕੂ, ਧੀਮਾਨ, ਜਗਦੇ**



**ਜਗਰਾਉਂ (ਅਮਿਤ ਖੰਨਾ)**-ਰਾਮਗੜ੍ਹੀਆ ਭਾਈਚਾਰੇ ਨਾਲ ਸੰਬੰਧਤ ਧਾਰਮਿਕ ਤੇ ਸਮਾਜਿਕ ਕਾਰਜਾਂ ਨਾਲ ਸਬੰਧਤ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਸਰਬਸਾਂਝੀ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਤੇ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਇੱਕ ਸਾਦੇ ਤੇ ਸਾਂਝੇ ਸਮਾਗਮ ਸਮੇਂ ਸ਼ਹਿਰ ਦੀਆਂ ਮਾਣਮੱਤੀ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਦੇ ਸਰਬ ਸਾਂਝੀ ਦੇ ਪ੍ਰਧਾਨ ਪ੍ਰਤਪਾਲ ਸਿੰਘ ਮਣਕੂ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰਪਾਲ ਧੀਮਾਨ ਤੇ ਗੁਰਦੁਆਰਾ ਰਾਮਗੜ੍ਹੀਆ ਸਾਹਿਬ ਦੇ ਪ੍ਰਧਾਨ ਕਰਮ ਸਿੰਘ ਜਗਦੇ ਨੇ ਆਖਿਆ ਕਿ ਜਿੱਥੇ ਅੱਜ ਨਗਰ ਕੌਂਸਲ ਦੇ ਨਵੇਂ ਚੁਣੇ ਕੌਂਸਲਰ ਪ੍ਰਧਾਨ ਕਵਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਪੱਪੂ ਤੇ ਮੀਤ ਪ੍ਰਧਾਨ ਵਰਿੰਦਰ ਸਿੰਘ ਕਲੇਰ ਨੂੰ ਜਥੇਬੰਦੀਆਂ ਵੱਲੋਂ ਸਨਮਾਨਤ ਕੀਤਾ ਗਿਆ, ਉੱਥੇ ਰਾਮਗੜ੍ਹੀਆ ਭਾਈਚਾਰੇ ਨਾਲ ਸੰਬੰਧਤ ਆਰਟ ਵਿੱਚ ਆਪਣੀ ਕਲਾ ਦਾ ਲੋਹਾ ਮਨਵਾਉਣ ਵਾਲੇ ਗੁਰਪ੍ਰੀਤ ਸਿੰਘ ਮਣਕੂ ਨੂੰ ਦੇਸ਼ ਦੇ ਰਾਸ਼ਟਰਪਤੀ ਵੱਲੋਂ ਸਨਮਾਨ ਕੀਤਾ ਅਤੇ ਰਾਮਗੜ੍ਹੀਆ ਵੈੱਲਫੇਅਰ ਬੋਰਡ ਦੇ ਵਾਈਸ ਚੇਅਰਮੈਨ ਤੇ ਕੌਂਸਲਰ ਗੁਰਪ੍ਰੀਤ ਸਿੰਘ ਸੈਂਭੀ ਵੱਲੋਂ ਸ਼ਹਿਰ ਤੇ ਭਾਈਚਾਰੇ ਦਾ ਨਾਂ ਚਮਕਾਉਣ ਤੇ ਸਨਮਾਨਤ ਕੀਤਾ ਗਿਆ ਜਥੇਬੰਦੀਆਂ ਦੇ ਆਗੂਆਂ ਨੇ ਕੌਂਸਲ ਦੇ ਨਵੇਂ ਬਣੇ ਪ੍ਰਧਾਨ ਕਵਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਪੱਪੂ ਤੇ ਮੀਤ ਪ੍ਰਧਾਨ ਵਰਿੰਦਰ ਸਿੰਘ ਕਲੇਰ ਨੇ ਆਖਿਆ ਕਿ ਸ਼ਹਿਰ ਦੇ ਲੋਕਾਂ ਨੇ ਸਾਡੇ 'ਤੇ ਵਿਸ਼ਵਾਸ ਕੀਤਾ ਹੈ ਕਿ ਇਹ ਸ਼ਖਸੀਅਤਾਂ ਸ਼ਹਿਰ ਦੀ ਸਮੱਸਿਆ ਦਾ ਹੱਲ ਕਰ ਸਕਦੀਆਂ ਹਨ, ਕਿਉਂਕਿ ਲੰਬੇ ਸਮੇਂ ਤੋਂ ਸ਼ਹਿਰ ਕੂੜੇ ਦਾ ਡੰਪ ਵਜੋਂ ਜਾਣਿਆ ਜਾਣ ਲੱਗਾ ਸੀ, ਜਿਸ ਤੋਂ ਸ਼ਹਿਰ ਵਾਸੀ ਬੇਹੱਦ ਦੁਖੀ ਸਨ। ਇਸ ਕਰਕੇ ਸਾਡਾ ਫਰਜ਼ ਬਣਦਾ ਹੈ ਕਿ ਸ਼ਹਿਰ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇ।

ਉਨ੍ਹਾਂ ਸਥਾਨਕ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਕਿ ਗੁਰਪ੍ਰੀਤ ਸਿੰਘ ਮਣਕੂ ਰਾਸ਼ਟਰਪਤੀ ਅਵਾਰਡੀ ਦੇ ਆਰਟ ਦੀ ਅਹਿਮੀਅਤ ਨੂੰ ਸਮਝਦਿਆਂ ਸ਼ਹਿਰ ਵਿੱਚ ਕੋਈ ਆਰਟ ਗੈਲਰੀ ਵਾਸਤੇ ਥਾਂ ਦਿੱਤੀ ਜਾਵੇ, ਜਿੱਥੇ ਆਟ ਕਲਾਕਾਰ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਸਕਣ ਤੇ ਨਵੀਂ ਪੀੜ੍ਹੀ ਵਾਸਤੇ ਪ੍ਰੇਰਨਾ ਸਰੋਤ ਬਣ ਸਕਣ। ਇਸ ਮੌਕੇ ਵਿਸ਼ਵਕਰਮਾ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਪ੍ਰਤਪਾਲ ਸਿੰਘ ਮਣਕੂ, ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰ ਪਾਲ ਧੀਮਾਨ, ਕਰਮ ਸਿੰਘ ਜਗਦੇ ਜਨਰਲ ਸਕੱਤਰ, ਹਰਿੰਦਰਪਾਲ ਸਿੰਘ ਕਾਲਾ ਖਜ਼ਾਨਚੀ, ਹਰਨੇਕ ਸਿੰਘ ਸੋਈ, ਸੁਖਪਾਲ ਸਿੰਘ ਖਹਿਰਾ, ਰਜਿੰਦਰ ਸਿੰਘ ਮਠਾੜੂ, ਸੋਹਣ ਸਿੰਘ ਸੱਗੂ, ਮੰਗਲ ਸਿੰਘ ਸਿੱਧੂ, ਹਰਦਿਆਲ ਸਿੰਘ ਭਮਰਾ, ਕਸ਼ਮੀਰੀ ਲਾਲ, ਸੇਵਕ ਸਿੰਘ ਮੱਲਾ, ਹਰਜੀਤ ਸਿੰਘ ਮੀਤ, ਹਰਨੇਕ ਸਿੰਘ ਕਲਸੀ, ਪ੍ਰੀਤਮ ਸਿੰਘ, ਹੈਪੀ ਚਾਨੇ, ਹਰਪ੍ਰੀਤ ਸਿੰਘ ਲੱਕੀ, ਹਰਪ੍ਰੀਤ ਸਿੰਘ ਲੱਕੀ ਆਦਿ ਮੌਜੂਦ ਸਨ।

# ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਲੈਂਡ ਪੂਲਿੰਗ ਦੀ ਨੀਤੀ ਦਾ ਵਿਰੋਧ

**ਲੁਧਿਆਣਾ (ਐਮ ਐਸ ਭਾਟੀਆ)**
ਭਾਰਤੀ ਕਮਿਊਨਿਸਟ ਪਾਰਟੀ ਨੇ ਪੰਜਾਬ ਸਰਕਾਰ ਦੇ ਕੈਬਨਿਟ ਵੱਲੋਂ ਲੈਂਡ ਪੂਲਿੰਗ ਦੀ ਪੁਰਾਣੀ ਨੀਤੀ 'ਚ ਮਾਮੂਲੀ ਜਿਹੀਆਂ ਸੋਧਾਂ ਕਰਕੇ ਪਾਸ ਕਰਨ ਦੀ ਪੁਰਜ਼ੋਰ ਨਿਖੇਧੀ ਕੀਤੀ ਹੈ।ਇਹ ਨੀਤੀ ਸਰਕਾਰ ਦੀ ਕਿਸਾਨ ਵਿਰੋਧੀ, ਖੁਰਾਕ ਸੁਰੱਖਿਆ ਵਿਰੋਧੀ, ਬਿਲਡਰਾਂ ਦੇ ਹੱਕ ਦੇ ਵਿੱਚ ਸੋਚ ਨੂੰ ਉਜਾਗਰ ਕਰਦੀ ਹੈ।ਚੇਤੇ ਰਹੇ ਕਿ ਕੁੱਝ ਸਾਲ ਪਹਿਲਾਂ ਕੇਂਦਰੀ ਸਰਕਾਰ ਨੇ ਜ਼ਮੀਨ ਹੜੱਪੂ ਨੀਤੀ ਲੈ ਕੇ ਆਂਦੀ ਸੀ, ਜਿਸਦਾ ਦੇਸ਼ ਭਰ ਵਿੱਚ ਕਿਸਾਨਾਂ, ਪ੍ਰਗਤੀਸ਼ੀਲ ਤੇ ਸੰਵੇਦਨਸ਼ੀਲ ਨਾਗਰਿਕਾਂ ਵੱਲੋਂ ਜ਼ੋਰਦਾਰ ਵਿਰੋਧ ਕੀਤਾ ਗਿਆ ਸੀ।ਇਸੇ ਢੰਗ ਨਾਲ ਕੁੱਝ ਸਮਾਂ ਪਹਿਲਾਂ ਪੰਜਾਬ ਸਰਕਾਰ ਜੋ ਲੈਂਡ ਪੂਲਿੰਗ ਦੀ ਨੀਤੀ ਲੈ ਕੇ ਆਈ ਸੀ, ਦਾ ਵੀ ਪੁਰਜ਼ੋਰ ਵਿਰੋਧ ਹੋਇਆ ਸੀ, ਜਿਸ ਉਪਰੰਤ ਇਹ ਨੀਤੀ ਪੰਜਾਬ ਸਰਕਾਰ ਵੱਲੋਂ ਵਾਪਸ ਲੈ ਲਈ ਗਈ ਸੀ।

ਹੁਣ ਫੇਰ ਉਹੀ ਨੀਤੀ ਮਾਮੂਲੀ ਜਿਹੀਆਂ ਸੋਧਾਂ ਕਰਕੇ ਦੁਬਾਰਾ ਲਿਆਂਦੀ ਗਈ ਹੈ।ਇਹ ਨਾ ਕੇਵਲ ਕਿਸਾਨ ਵਿਰੋਧੀ ਫ਼ੈਸਲਾ ਹੈ, ਬਲਕਿ ਖੁਰਾਕ ਸੁਰੱਖਿਆ ਲਈ ਇੱਕ ਵੱਡਾ ਖਤਰਾ ਹੈ।ਪੰਜਾਬ ਇੱਕ ਖੇਤੀਬਾੜੀ ਪ੍ਰਧਾਨ ਸੂਬਾ ਹੈ, ਜੋ ਸਾਰੇ ਦੇਸ਼ ਦੀਆਂ ਖੁਰਾਕ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮੋਢੀ ਰੋਲ ਅਦਾ ਕਰਦਾ ਹੈ।ਇਸ ਢੰਗ ਦੇ ਨਾਲ ਉਪਜਾਊ ਜਮੀਨ ਨੂੰ ਬਿਲਡਰਾਂ ਦੇ ਹਵਾਲੇ ਕਰ ਦੇਣਾ ਕਿਸਾਨਾਂ ਦੇ ਰੋਜ਼ਗਾਰ 'ਤੇ ਸੱਟ ਮਾਰੇਗਾ ਤੇ ਨਾਲ ਹੀ ਖੇਤੀਬਾੜੀ ਘੱਟ ਜਾਏਗੀ।ਪੰਜਾਬ ਵਿੱਚ ਦੇਸ਼ ਦੇ 51% ਦੇ ਮੁਕਾਬਲੇ ਵਿੱਚ 83% ਜਮੀਨ ਖੇਤੀ ਅਧੀਨ ਹੈ।ਇਸ ਨੀਤੀ ਦੇ ਨਾਲ ਉਪਜਾਊ ਜ਼ਮੀਨ ਨੂੰ ਕੰਕਰੀਟ ਵਿੱਚ ਬਦਲ ਦਿੱਤਾ ਜਾਏਗਾ, ਜਿਸ ਦਾ ਖਮਿਆਜ਼ਾ ਨਾ ਕੇਵਲ ਕਿਸਾਨਾਂ ਨੂੰ ਜਿਨ੍ਹਾਂ ਦੀ ਕਿ ਰੋਜ਼ਮਰ੍ਹਾ ਦੀ ਆਮਦਨੀ ਦੇ ਸਾਧਨ ਸਮਾਪਤ ਹੋ ਜਾਣਗੇ, ਸਗੋਂ ਸਮੁੱਚੇ ਦੇਸ਼ ਨੂੰ ਖੁਰਾਕ ਸੁਰੱਖਿਆ ਦਾ ਸੰਕਟ ਖੜ੍ਹਾ ਹੋ ਜਾਏਗਾ।ਇਸ ਨੀਤੀ ਦਾ ਖੇਤੀਬਾੜੀ ਨਾਲ ਸਬੰਧਤ ਸਹਾਇਕ ਉਦਯੋਗਾਂ 'ਤੇ ਵੀ ਮਾੜਾ ਅਸਰ ਪਵੇਗਾ।

ਪੰਜਾਬ ਦੇ ਕਿਸਾਨਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਉਹ ਸਮੁੱਚੇ ਦੇਸ਼ ਨੂੰ ਅੰਨ੍ਹ ਮੁਹੱਈਆ ਕਰਾਉਣ ਵਿੱਚ ਮੋਹਰੀ ਭੂਮਿਕਾ ਨਿਭਾਉਂਦੇ ਹਨ।ਅਸੀਂ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਇਸ ਫ਼ੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ। ਇਸ ਦੀ ਬਜਾਏ ਸਰਕਾਰ ਨੂੰ ਖੇਤੀਬਾੜੀ ਨੂੰ ਹੋਰ ਉਤਸ਼ਾਹਤ ਕਰਦੇ ਹੋਏ ਪੇਂਡੂ ਖੇਤਰਾਂ ਵਿੱਚ ਐਗਰੋ-ਇੰਡਸਟਰੀਆਂ ਸਥਾਪਤ ਕਰਨੀਆਂ ਚਾਹੀਦੀਆਂ ਹਨ, ਤਾਂ ਜੁ ਖੇਤੀਬਾੜੀ ਖੇਤਰ ਨੂੰ ਟਿਕਾਊ ਵਿਕਾਸ ਦੀ ਰਾਹ 'ਤੇ ਅੱਗੇ ਵਧਾਇਆ ਜਾ ਸਕੇ।ਇਸ ਦੇ ਨਾਲ ਹੀ ਖੇਤੀਬਾੜੀ ਦਾ ਵਿਭਿੰਨਕਰਨ ਕੀਤਾ ਜਾਵੇ, ਤਾਂ ਜੁ ਕਿਸਾਨਾਂ ਨੂੰ ਆਪਣੀ ਉਪਜ ਦਾ ਵਾਜਬ ਤੇ ਲਾਹੇਵੰਦ ਮੁੱਲ ਮਿਲ ਸਕੇ।

## ਡਾ: ਗਾਂਧੀ ਨੂੰ ਕੰਪੇਨ ਕਮੇਟੀ ਦਾ ਚੇਅਰਮੈਨ ਬਣਨ 'ਤੇ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਦੀ ਅਗਵਾਈ ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਵੱਲੋਂ ਡਾਕਟਰ ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਨੂੰ ਕੰਪੇਨ ਕਮੇਟੀ ਦਾ ਕੋ-ਚੇਅਰਮੈਨ ਬਣਨ 'ਤੇ ਸਨਮਾਨਤ ਕੀਤਾ ਗਿਆ ਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਹਰਵਿੰਦਰ ਸਿੰਘ ਨਿੱਪੀ, ਰਜੇਸ਼ ਮੰਡੋਰਾ, ਮਦਨ ਲਾਲ ਭਾਬਰੀ, ਰਕੇਸ਼ ਸ਼ਰਮਾ ਕੇਸੀ ਪੰਡਿਤ, ਵਿਨੋਦ ਭਟਨਾਗਰ, ਐਡਵੋਕੇਟ ਨਰਿੰਦਰ ਕਪੂਰ, ਸੁਰਿੰਦਰ ਬਾਬੂ, ਮਹਿੰਦਰ ਸਿੰਘ ਬਡੂੰਗਰ, ਰਜਨੀ ਬਡਲਾਨ, ਮਹਿੰਦਰ ਕੁਮਾਰ ਖੱਤਰੀ, ਰਵੀ ਕੁਮਾਰ, ਮੋਹਿਤ ਸ਼ਰਮਾ, ਅਸ਼ੋਕ ਸ਼ਰਮਾ, ਦੀਪਕ ਟਿਵਾਣਾ, ਰਾਮ ਦਿਆਲ, ਅਜੇ ਹੰਸ, ਰੋਹਿਤ ਸ਼ਰਮਾ, ਗੌਤਮ ਸਲੂਜਾ ਤੇ ਦੀਪ ਟੰਡਨ ਦੋਨੋਂ ਸੋਸ਼ਲ ਮੀਡੀਆ ਇੰਚਾਰਜ, ਮਨਪ੍ਰੀਤ, ਲਵਲੀ, ਗੁਰਜੀਤ ਸਿੰਘ, ਸੰਨੀ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਹੁਦੇਦਾਰ ਸ਼ਾਮਲ ਹੋਏ।

## ਗੜੇਮਾਰੀ ਨਾਲ ਤਬਾਹ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਦੇਣ ਦੀ ਮੰਗ



**ਬੱਧਨੀ ਕਲਾਂ (ਲਵਲੀ ਕੁਮਾਰ)**-ਪਿਛਲੀ 11 ਮਈ ਨੂੰ ਬੇ-ਮੌਸਮੀ ਬਰਸਾਤ ਤੇ ਗੜੇਮਾਰੀ ਨਾਲ ਬਲਾਕ ਨਿਹਾਲ ਸਿੰਘ ਵਾਲਾ ਦੇ ਪਿੰਡਾਂ ਵਿੱਚ ਵੱਡੀ ਪੱਧਰ 'ਤੇ ਕਿਸਾਨਾਂ ਦੀਆਂ 100% ਫ਼ਸਲਾਂ ਤਬਾਹ ਹੋ ਗਈਆਂ ਸਨ।ਇਨ੍ਹਾਂ ਤਬਾਹ ਹੋਈਆਂ ਫ਼ਸਲਾਂ ਦੇ ਮੁਆਵਜ਼ੇ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਬਲਾਕ ਨਿਹਾਲ ਸਿੰਘ ਵਾਲਾ ਦੇ ਐੱਸ.ਡੀ.ਐੱਮ. ਦਫ਼ਤਰ ਅੱਗੇ ਧਰਨਾ ਦਿੱਤਾ ਗਿਆ ਤੇ ਐੱਮ.ਐੱਲ.ਏ. ਮਨਜੀਤ ਬਿਲਾਸਪੁਰ ਨਾਲ ਮੀਟਿੰਗ ਕੀਤੀ ਗਈ। ਮਨਜੀਤ ਬਿਲਾਸਪੁਰ ਨੇ ਪੀੜਤ ਕਿਸਾਨਾਂ ਨਾਲ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਮੀਟਿੰਗ ਕਰਵਾਈ ਤੇ ਖੇਤੀਬਾੜੀ ਮੰਤਰੀ ਨੇ ਜਲਦ ਮੁਆਵਜ਼ੇ ਦੀ ਰਕਮ ਪੀੜਤ ਕਿਸਾਨਾਂ ਦੇ ਖਾਤਿਆਂ ਵਿੱਚ ਪਾਉਣ ਦਾ ਭਰੋਸਾ ਦਿਵਾਇਆ, ਪ੍ਰੰਤੂ ਅੱਜ ਦੋ ਮਹੀਨੇ ਦਾ ਸਮਾਂ ਗੁਜਰ ਚੁੱਕਿਆ ਹੈ, ਕਿਸੇ ਵੀ ਪੀੜਤ ਕਿਸਾਨ ਦੇ ਖਾਤੇ ਵਿੱਚ ਇੱਕ ਰੁਪਿਆ ਤੱਕ ਨਹੀਂ ਆਇਆ।ਕਿਸਾਨਾਂ ਪਹਿਲਾਂ ਹੀ ਫ਼ਸਲਾਂ ਦੇ ਮੰਦੇ ਭਾਅ ਤੇ ਕੁਦਰਤੀ ਮਾਰ ਕਾਰਨ ਕਿਸਾਨੀ ਦਾ ਲੱਕ ਟੁੱਟ ਚੁੱਕਾ ਹੈ।ਅੱਜ ਕਿਸਾਨਾਂ ਨੂੰ ਸਰਕਾਰ 'ਤੇ ਵੱਡੀ ਆਸ ਹੈ।ਪੰਜਾਬ ਸਰਕਾਰ ਨੂੰ ਕਿਸਾਨਾਂ ਦੀਆਂ ਫ਼ਸਲਾਂ ਦਾ ਬੀਮਾ ਕਰਨਾ ਚਾਹੀਦਾ ਹੈ।ਇਹ ਬੀਮਾ ਕੋਈ ਪ੍ਰਾਈਵੇਟ ਕੰਪਨੀ ਤੋਂ ਨਹੀਂ ਇਹ ਬੀਮਾ ਪੰਜਾਬ ਸਰਕਾਰ ਸਰਕਾਰੀ ਤੌਰ 'ਤੇ ਕਰੇ।ਇਸ ਨਾਲ ਸਰਕਾਰ ਨੂੰ ਵੀ ਮੁਨਾਫ਼ਾ ਮਿਲੇਗਾ ਤੇ ਕਿਸਾਨਾਂ ਨੂੰ ਵੀ ਆਪਣੀ ਤਬਾਹ ਹੋਈ ਫ਼ਸਲ ਦਾ ਮੁਆਵਜ਼ਾ ਮਿਲ ਜਾਵੇਗਾ।ਜੇਕਰ ਕਿਸਾਨਾਂ ਨੂੰ ਬਚਾਉਣਾ ਹੈ ਤਾਂ ਇਸ ਵੱਲ ਪੰਜਾਬ ਸਰਕਾਰ ਨੂੰ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।ਅੱਜ ਕਿਸਾਨ ਨਿਰਾਸ਼ਾ ਵੱਲ ਵਧ ਰਿਹਾ ਹੈ, ਇਸੇ ਕਰਕੇ ਕਿਸਾਨਾਂ ਦੀਆਂ ਖੁਦਕੁਸ਼ੀ ਦਾ ਰੁਝਾਨ ਵਧ ਰਿਹਾ ਹੈ।ਇਸ ਲਈ ਪੰਜਾਬ ਸਰਕਾਰ ਗੜੇਮਾਰੀ ਨਾਲ ਤਬਾਹ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਕਿਸਾਨਾਂ ਨੂੰ ਤੁਰੰਤ ਦੇਵੇ।ਜੇਕਰ ਗੜੇਮਾਰੀ ਕਾਰਨ ਤਬਾਹ ਹੋਈਆਂ ਫ਼ਸਲਾਂ ਦਾ ਮੁਆਵਜ਼ਾ ਤੁਰੰਤ ਪੀੜਤ ਕਿਸਾਨਾਂ ਨੂੰ ਨਾ ਦਿੱਤਾ ਗਿਆ ਤਾਂ ਪੰਜਾਬ ਸਰਕਾਰ ਖਿਲਾਫ਼ ਕਿਰਤੀ ਕਿਸਾਨ ਯੂਨੀਅਨ ਵੱਲੋਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।

## ਕਾਂਗਰਸ ਹੀ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ : ਨਿਰਮਲ ਭੱਟੀਆਂ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ)**-ਨਿਰਮਲ ਸਿੰਘ ਭੱਟੀਆਂ ਸਾਬਕਾ ਚੇਅਰਮੈਨ ਬੈਂਕ ਫਿਨਕੋ ਪੰਜਾਬ ਨੇ ਕਿਹਾ ਕਿ ਪੰਜਾਬ ਅੱਜ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਕਿਸਾਨ, ਮਜ਼ਦੂਰ, ਵਪਾਰੀ, ਨੌਜਵਾਨ, ਮੁਲਾਜ਼ਮ ਤੇ ਆਮ ਵਰਗ ਆਪਣੇ ਭਵਿੱਖ ਨੂੰ ਲੈ ਕੇ ਚਿੰਤਤ ਹਨ। ਅਜਿਹੇ ਸਮੇਂ ਵਿੱਚ ਲੋਕਾਂ ਨੂੰ ਅਜਿਹੀ ਲੀਡਰਸ਼ਿਪ ਦੀ ਲੋੜ ਹੈ, ਜੋ ਸਿਰਫ਼ ਵਾਅਦੇ ਨਾ ਕਰੇ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕਰੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੀ ਆਵਾਜ਼ ਬਣੀ ਹੈ ਤੇ ਅੱਗੇ ਵੀ ਪੰਜਾਬ ਦੇ ਹੱਕਾਂ ਲਈ ਪੂਰੀ ਦ੍ਰਿੜ੍ਹਤਾ ਨਾਲ ਸੰਘਰਸ਼ ਕਰਦੀ ਰਹੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਹਰ ਵਰਕਰ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੋ ਕੇ ਉਨ੍ਹਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾ ਰਿਹਾ ਹੈ।ਪਾਰਟੀ ਵਰਕਰਾਂ ਨੂੰ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਬਣਾਉਣਾ ਚਾਹੀਦਾ ਹੈ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝ ਕੇ ਸਬੰਧਤ ਅਧਿਕਾਰੀਆਂ ਤੱਕ ਪਹੁੰਚਾਇਆ ਜਾ ਸਕੇ, ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਹਲਕਾ ਸਨੌਰ ਦੇ ਵਿਕਾਸ ਲਈ ਸੜਕਾਂ, ਸਿੱਖਿਆ, ਸਿਹਤ, ਖੇਡਾਂ ਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕਿਆਂ ਨੂੰ ਤਰਜੀਹ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਤੋਂ ਬਿਨਾਂ ਪੰਜਾਬ ਦਾ ਵਿਕਾਸ ਸੰਭਵ ਨਹੀਂ ਅਤੇ ਕਾਂਗਰਸ ਹਮੇਸ਼ਾ ਪਿੰਡਾਂ ਦੇ ਸਰਵਪੱਖੀ ਵਿਕਾਸ ਦੀ ਹਮਾਇਤੀ ਰਹੀ ਹੈ।ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਮੇਰਾ ਰਾਜਨੀਤੀ ਵਿੱਚ ਆਉਣ ਦਾ ਇਕੋ-ਇੱਕ ਮਕਸਦ ਲੋਕ ਸੇਵਾ ਹੈ, ਮੈਂ ਹਲਕਾ ਸਨੌਰ ਦੇ ਹਰ ਪਰਵਾਰ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਹੱਕਾਂ, ਵਿਕਾਸ ਤੇ ਭਲਾਈ ਲਈ ਪਹਿਲਾਂ ਵੀ ਕੰਮ ਕੀਤਾ ਹੈ ਅਤੇ ਅੱਗੇ ਵੀ ਪੂਰੀ ਇਮਾਨਦਾਰੀ, ਸਮਰਪਣ ਤੇ ਦ੍ਰਿੜ੍ਹ ਇਰਾਦੇ ਨਾਲ ਕਰਦਾ ਰਹਾਂਗਾ। ਲੋਕਾਂ ਦਾ ਵਿਸ਼ਵਾਸ ਹੀ ਮੇਰੀ ਸਭ ਤੋਂ ਵੱਡੀ ਤਾਕਤ ਹੈ।

## ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਪੰਜ ਰੋਜ਼ਾ ਰਾਜ ਪੱਧਰੀ ਵਰਕਸ਼ਾਪ ਸੰਪੰਨ



**ਭੀਖੀ (ਧਰਮਵੀਰ ਸ਼ਰਮਾ)**-ਸਰਵਹਿੱਤਕਾਰੀ ਸਿੱਖਿਆ ਸੰਮਤੀ ਜਲੰਧਰ (ਪੰਜਾਬ) ਵੱਲੋਂ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ (ਸੀ.ਬੀ.ਐੱਸ.ਈ.) ਵਿਖੇ ਕਰਵਾਈ ਗਈ ਸੂਬਾ ਪੱਧਰੀ ਪ੍ਰਿੰਸੀਪਲ ਪੰਚਪਦੀ ਵਰਕਸ਼ਾਪ ਸੰਪੰਨ ਹੋਈ। ਪੰਜਾਬ ਦੇ ਵਿੱਦਿਆ ਭਾਰਤੀ ਸਕੂਲਾਂ ਦੇ ਪ੍ਰਿੰਸੀਪਲਾਂ ਦੀ ਇਸ ਪੰਜ ਰੋਜ਼ਾ ਅਹਿਮ ਬੈਠਕ ਵਿੱਚ ਪੰਚਪਦੀ ਅਧਿਆਪਨ ਵਿਧੀ ਨੂੰ ਸਕੂਲਾਂ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ, ਗੁਣਵੱਤਾ ਭਰਪੂਰ ਸਿੱਖਿਆ ਤੇ ਮੁੱਲ-ਅਧਾਰਤ ਅਧਿਆਪਨ ਸੰਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਰਾਸ਼ਟਰੀ ਮਹਾਂਮੰਤਰੀ ਦੇਸ਼ ਰਾਜ, ਸਰਵਹਿੱਤਕਾਰੀ ਸਿੱਖਿਆ ਸਮਿਤੀ ਦੇ ਉਪ ਪ੍ਰਧਾਨ ਡਾ. ਨਵਦੀਪ ਸ਼ੇਖਰ, ਪ੍ਰਾਂਤ ਮਹਾਮੰਤਰੀ ਸੰਦੀਪ ਧੂੜੀਆ ਤੇ ਹੋਰ ਅਧਿਕਾਰੀਆਂ ਨੇ ਪ੍ਰਿੰਸੀਪਲਾਂ ਨੂੰ ਪੰਚਪਦੀ ਅਧਿਆਪਨ ਵਿਧੀ ਦੇ ਵਿਹਾਰਕ ਪੱਖਾਂ ਬਾਰੇ ਜਾਣਕਾਰੀ ਦਿੱਤੀ। ਵਰਕਸ਼ਾਪ ਦੌਰਾਨ ਸਿੱਖਿਆ ਸ਼ਾਸਤਰੀਆਂ ਨੇ ਸਾਂਝੀ ਧਾਰਨਾ ਤਹਿਤ ਕਿਹਾ ਕਿ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਵਿਦਿਅਕ ਵਿਧੀਆਂ ਨੂੰ ਹੋਰ ਪ੍ਰਪੱਕ ਬਣਾਉਣ ਦੀ ਲੋੜ ਹੈ। ਪੰਚ ਕਦਮੀ ਸਿੱਖਣ ਵਿਧੀ ਅਧੀਨ ਹੀ ਛੇਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਵਹਾਰਕ ਤੌਰ 'ਤੇ ਪੜ੍ਹਾਇਆ ਗਿਆ, ਜਿਸ ਨੂੰ ਹਾਜ਼ਰ ਪ੍ਰਿੰਸੀਪਲਾਂ ਤੇ ਅਧਿਕਾਰੀਆਂ ਨੇ ਬਹੁਤ ਸਰਾਹਿਆ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਵੱਲੋਂ ਸਮੂਹ ਪ੍ਰਾਂਤ ਅਧਿਕਾਰੀਆਂ ਤੇ ਭਾਗ ਲੈ ਰਹੇ ਪ੍ਰਿੰਸੀਪਲਾਂ ਦਾ ਵਰਕਸ਼ਾਪ ਵਿੱਚ ਸ਼ਾਮਲ ਹੋਣ 'ਤੇ ਧੰਨਵਾਦ ਕੀਤਾ ਗਿਆ। ਵਰਕਸ਼ਾਪ ਦੀ ਸਮਾਪਤੀ 'ਤੇ ਹਾਜ਼ਰ ਅਧਿਕਾਰੀਆਂ ਤੇ ਸਕੂਲ ਪ੍ਰਿੰਸੀਪਲਜ਼ ਨੇ ਸਕੂਲ ਕੈਂਪਸ ਵਿੱਚ ਬੂਟਾ ਲਗਾ ਕੇ ਜਿੱਥੇ ਵਰਕਸ਼ਾਪ ਨੂੰ ਯਾਦਗਾਰੀ ਬਣਾਇਆ, ਉਥੇ ਵਾਤਾਵਰਨ ਨੂੰ ਸ਼ੁੱਧ ਰੱਖਣ ਦਾ ਸੰਦੇਸ਼ ਵੀ ਦਿੱਤਾ।

## ਵੱਖ ਵੱਖ ਪਾਰਟੀਆਂ ਦੇ ਵੱਡੀ ਗਿਣਤੀ ਆਗੂ ਤੇ ਵਰਕਰ ਕਾਂਗਰਸ 'ਚ ਸ਼ਾਮਲ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਵਿੱਚ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਲਾਕੇ ਦੀ ਸਿਆਸਤ ਵਿੱਚ ਇੱਕ ਵੱਡਾ ਫੇਰਬਦਲ ਦੇਖਣ ਨੂੰ ਮਿਲਿਆ ਹੈ, ਜਿੱਥੇ ਹਲਕੇ ਦੇ ਸਰਵਪੱਖੀ ਵਿਕਾਸ ਤੇ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ 'ਤੇ ਮੋਹਰ ਲਗਾਉਂਦੇ ਹੋਏ ਆਮ ਆਦਮੀ ਪਾਰਟੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਵੱਡੀ ਗਿਣਤੀ ਵਿੱਚ ਪ੍ਰਮੁੱਖ ਆਗੂ ਤੇ ਸਰਗਰਮ ਵਰਕਰ ਕਾਂਗਰਸ ਪਰਵਾਰ ਦਾ ਹਿੱਸਾ ਬਣ ਗਏ।ਇਨ੍ਹਾਂ ਸਾਰੀਆਂ ਰਾਜਨੀਤਕ ਸ਼ਖ਼ਸੀਅਤਾਂ ਨੂੰ ਸੀਨੀਅਰ ਕਾਂਗਰਸੀ ਆਗੂ, ਸਾਬਕਾ ਕੈਬਨਿਟ ਮੰਤਰੀ ਤੇ ਸਾਬਕਾ ਐੱਮ.ਪੀ. ਸ੍ਰੀ ਵਿਜੈ ਇੰਦਰ ਸਿੰਗਲਾ ਨੇ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕਰਵਾਇਆ ਅਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।ਇਸ ਪ੍ਰਭਾਵਸ਼ਾਲੀ ਇਕੱਠ ਦੌਰਾਨ ਕਾਂਗਰਸ ਦੇ ਸਥਾਨਕ ਸੀਨੀਅਰ ਆਗੂ ਰਵਿੰਦਰ ਸਿੰਘ ਮੀਨ, ਚਮਕੌਰ ਸਿੰਘ ਜੱਸੀ, ਮਲਕੀਤ ਸਿੰਘ ਠੇਕੇਦਾਰ ਤੇ ਮਾਸਟਰ ਸਰਬਜੀਤ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ, ਜਿਨ੍ਹਾਂ ਨੇ ਨਵੇਂ ਮੈਂਬਰਾਂ ਦਾ ਹੌਸਲਾ ਵਧਾਇਆ।ਇਸ ਮੌਕੇ ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਸ੍ਰੀ ਵਿਜੈ ਇੰਦਰ ਸਿੰਗਲਾ ਨੇ ਕਿਹਾ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਸੱਤਾਧਾਰੀ ਪਾਰਟੀ ਨੂੰ ਛੱਡ ਕੇ ਲੋਕਾਂ ਦਾ ਵੱਡੀ ਗਿਣਤੀ ਵਿੱਚ ਕਾਂਗਰਸ ਵਿੱਚ ਆਉਣਾ ਇਹ ਸਾਫ਼ ਦਰਸਾਉਂਦਾ ਹੈ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆ ਚੁੱਕੇ ਹਨ ਤੇ ਪੰਜਾਬ ਦੇ ਸੁਨਹਿਰੀ ਭਵਿੱਖ ਲਈ ਕਾਂਗਰਸ ਵੱਲ ਦੇਖ ਰਹੇ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਇਸ ਨਵੇਂ ਸਿਆਸੀ ਬਲ ਨਾਲ ਪਾਰਟੀ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਹੋਵੇਗੀ ਤੇ ਆਉਣ ਵਾਲੇ ਸਮੇਂ ਵਿੱਚ ਜਨਤਾ ਦੇ ਹੱਕਾਂ ਤੇ ਹਲਕੇ ਦੀ ਤਰੱਕੀ ਲਈ ਹੋਰ ਵੀ ਦ੍ਰਿੜ੍ਹਤਾ ਨਾਲ ਕੰਮ ਕਰਦੀ ਰਹੇਗੀ।

## 13 ਨੂੰ ਬਲਕਾਰ ਸਿੰਘ ਡਕੌਂਦਾ ਦੀ ਬਰਸੀ ਮਨਾਈ ਜਾਵੇਗੀ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬਲਾਕ ਭਵਾਨੀਗੜ੍ਹ) ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਚਮਕੌਰ ਸਿੰਘ ਭੱਟੀਵਾਲ ਦੀ ਪ੍ਰਧਾਨਗੀ ਹੇਠ ਬਾਬਾ ਪੋਥੀ ਵਾਲਾ ਸਥਾਨ (ਥਾਣਾ ਭਵਾਨੀਗੜ੍ਹ ਦੇ ਪਿਛਲੇ ਪਾਸੇ) ਵਿਖੇ ਹੋਈ।ਮੀਟਿੰਗ ਵਿੱਚ ਜਥੇਬੰਦੀ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ, ਸੂਬਾ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਤੇ ਜ਼ਿਲ੍ਹਾ ਪ੍ਰਧਾਨ ਕਰਮ ਸਿੰਘ ਬਲਿਆਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਸੰਗਠਨ ਦੇ ਮਰਹੂਮ ਆਗੂ ਬਲਕਾਰ ਸਿੰਘ ਡਕੌਂਦਾ ਦੀ 13 ਜੁਲਾਈ ਨੂੰ ਮਨਾਈ ਜਾਣ ਵਾਲੀ ਬਰਸੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਵੱਧ ਤੋਂ ਵੱਧ ਕਿਸਾਨਾਂ ਨੂੰ ਸਮਾਗਮ 'ਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।ਆਗੂਆਂ ਨੇ ਅਮਰੀਕਾ ਨਾਲ ਕੀਤੀ ਜਾ ਰਹੀ ਟਰੇਡ ਡੀਲ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਮਝੌਤਾ ਦੇਸ਼ ਦੇ ਕਿਸਾਨਾਂ ਦੇ ਹਿੱਤਾਂ ਦੇ ਖ਼ਿਲਾਫ਼ ਹੈ।ਉਨ੍ਹਾਂ ਐਲਾਨ ਕੀਤਾ ਕਿ ਇਸ ਡੀਲ ਦੇ ਵਿਰੋਧ 'ਚ 22 ਜੁਲਾਈ ਨੂੰ ਕਾਲਾਝਾੜ ਟੋਲ ਪਲਾਜ਼ਾ 'ਤੇ ਤਿੰਨ ਘੰਟਿਆਂ ਲਈ ਟੋਲ ਮੁਫ਼ਤ ਕਰਾਉਂਦੇ ਹੋਏ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਮੀਟਿੰਗ 'ਚ ਜ਼ਿਲ੍ਹਾ ਆਗੂ ਬੁੱਧ ਸਿੰਘ ਬਾਲਦ, ਕੁਲਵਿੰਦਰ ਸਿੰਘ ਮਿੱਠੂ, ਜਰਨੈਲ ਸਿੰਘ ਘਰਾਚੋਂ, ਲੱਖਾ ਸਿੰਘ ਕਪਿਆਲ, ਸਤਿਨਾਮ ਸਿੰਘ ਲੱਖੇਵਾਲ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂਆਂ ਤੇ ਵਰਕਰਾਂ ਨੇ ਹਾਜ਼ਰੀ ਭਰੀ।

# 'ਐੱਸ ਆਈ ਆਰ ਲੋਕਾਂ ਦੀ ਨਾਗਰਿਕਤਾ 'ਤੇ ਸਰਕਾਰੀ ਹਮਲਾ' ਵਿਸ਼ੇ 'ਤੇ ਸੈਮੀਨਾਰ



**ਲੁਧਿਆਣਾ (ਸਤੀਸ਼ ਸਚਦੇਵਾ)**

ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਵੱਲੋਂ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ 'ਐੱਸ ਆਈ ਆਰ ਲੋਕਾਂ ਦੀ ਨਾਗਰਿਕਤਾ ਉੱਪਰ ਹਮਲਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ।ਇਸ ਦੇ ਮੁੱਖ ਬੁਲਾਰਿਆਂ ਜਮਹੂਰੀ ਅਧਿਕਾਰ ਸਭਾ ਦੇ ਸੂਬਾ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਤੇ ਸੂਬਾ ਕਮੇਟੀ ਮੈਂਬਰ ਸਵਰਨਜੀਤ ਸਿੰਘ ਨੇ ਐੱਸ ਆਈ ਆਰ ਪਿੱਛੇ ਛੁਪੀ ਕੇਂਦਰ ਸਰਕਾਰ ਦੀ ਲੋਕ ਵਿਰੋਧੀ ਮਾਨਸਿਕਤਾ ਜ਼ਾਹਰ ਕੀਤੀ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨੂੰ ਗਿਆਨ ਦੇਣ ਤੋਂ ਦੂਰ ਰੱਖ ਕੇ ਅਜਿਹੇ ਕੰਮਾਂ ਵਿੱਚ ਉਲਝਾ ਕੇ ਰੱਖਣਾ ਚਾਹੁੰਦੀ ਹੈ, ਜਿਨ੍ਹਾਂ ਰਾਹੀਂ ਉਨ੍ਹਾਂ ਨੂੰ ਮਾਨਸਿਕ ਗੁਲਾਮ ਬਣਾ ਕੇ ਰੱਖਿਆ ਜਾ ਸਕੇ।ਉਨ੍ਹਾਂ ਨੂੰ ਸਾਧਨ ਵਿਹੂਣੇ ਕਰ ਕੇ ਗ਼ੁਲਾਮੀ ਦੇ ਰਸਤੇ ਵੱਲ ਤੋਰਨ ਲਈ ਕਈ ਤਰ੍ਹਾਂ ਦੇ ਯਤਨ ਕੀਤੇ ਜਾ ਰਹੇ ਹਨ।ਬਜਾਏ ਇਕ ਸਪੱਸ਼ਟ ਆਦੇਸ਼ ਦੇ ਕਿ ਨਾਗਰਿਕਤਾ ਦਾ ਮੂਲ ਮਨੁੱਖੀ ਅਧਿਕਾਰ ਦਾ ਅਧਾਰ ਕੀ ਹੋਵੇ, ਇਹ ਨਾ-ਪੱਖੀ ਐਲਾਨ ਕਰ ਦਿੱਤਾ ਕਿ ਪਾਸਪੋਰਟ ਨਾਗਰਿਕਤਾ ਦਾ ਪ੍ਰਮਾਣ ਨਹੀਂ ਹੈ।ਪੰਜਾਬ ਵਿੱਚ ਐੱਸ ਆਈ ਆਰ ਸ਼ੁਰੂ ਕਰਨ ਤੋਂ ਪਹਿਲਾਂ ਇਹ ਬਿਆਨ ਦੇ ਕੇ ਲੋਕਾਂ ਵਿੱਚ ਹਫੜਾ-ਤਫੜੀ ਪੈਦਾ ਕਰ ਦਿੱਤੀ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਕਈ ਸੂਬਿਆਂ ਵਿੱਚ ਐੱਸ ਆਈ ਆਰ ਰਾਹੀਂ ਵੱਡੀ ਪੱਧਰ 'ਤੇ ਲੋਕਾਂ ਦੀਆਂ ਵੋਟਾਂ ਧਰਮ ਨੂੰ ਮੁੱਖ ਰੱਖ ਕੇ ਕੱਟ ਦਿੱਤੀਆਂ ਗਈਆਂ।ਉਨ੍ਹਾਂ ਅੰਕੜੇ ਪੇਸ਼ ਕਰਦਿਆਂ ਕਿਹਾ ਕਿ ਬੰਗਾਲ ਵਿੱਚ 10%, ਬਿਹਾਰ ਵਿੱਚ ਸਾਢੇ 14%, ਯੂ ਪੀ ਵਿੱਚ 13% ਵੋਟਾਂ ਕੱਟ ਦਿੱਤੀਆਂ ਗਈਆਂ।ਬੰਗਾਲ ਵਿੱਚ 27 ਲੱਖ ਵੋਟਰਾਂ ਦੇ ਨਾਮ ਵਿੱਚ ਮਾਮੂਲੀ ਫਰਕ ਹੋਣ ਕਾਰਨ ਉਨ੍ਹਾਂ ਨੂੰ ਉਨ੍ਹਾਂ ਦੇ ਜਮਹੂਰੀ ਹੱਕ ਤੋਂ ਵਾਂਝਾ ਕਰ ਦਿੱਤਾ ਗਿਆ।ਉਨ੍ਹਾਂ ਚੋਣ ਕਮਿਸ਼ਨ ਨੂੰ ਵੀ ਇਸ ਵਿੱਚ ਸਰਕਾਰ ਨਾਲ ਮਿਲੀਭੁਗਤ ਕਰਾਰ ਦਿੱਤਾ।ਸੁਪਰੀਮ ਕੋਰਟ ਵੱਲੋਂ ਵੀ ਲੋਕਾਂ ਨੂੰ ਇਨਸਾਫ਼ ਦੇਣ ਦੀ ਬਜਾਏ ਇਹ ਕਹਿ ਕੇ ਪੱਲਾ ਝਾੜ ਦਿੱਤਾ ਕਿ ਕੋਈ ਗੱਲ ਨਹੀਂ, ਹੁਣ ਤੁਸੀਂ ਅਗਲੀ ਵਾਰ ਵੋਟ ਪਾ ਲੈਣਾ, ਉਸ ਤੋਂ ਪਹਿਲਾਂ ਫੈਸਲਾ ਹੋ ਜਾਵੇਗਾ।ਉਨ੍ਹਾਂ ਇਸ ਮੌਕੇ ਲੋਕਾਂ ਨੂੰ ਇਸ ਹੋ ਰਹੀ ਐੱਸ ਆਈ ਆਰ ਮੌਕੇ ਚੌਕਸੀ ਰੱਖਣ ਦੀ ਅਪੀਲ ਕੀਤੀ, ਕਿਉਂਕਿ ਜਿੱਥੇ ਪਹਿਲਾਂ ਐੱਸ ਆਈ ਆਰ ਹੋਈ ਹੈ, ਉਥੇ ਵੋਟਰ ਹੋਣ ਨੂੰ ਨਾਗਰਿਕਤਾ ਦਾ ਪ੍ਰਮਾਣ ਮੰਨਿਆ ਗਿਆ ਹੈ।

ਇਸ ਮੌਕੇ ਸਵਾਲ ਜਵਾਬ ਦੇ ਸੈਸ਼ਨ ਦੌਰਾਨ ਕਈ ਸਵਾਲ ਉੱਭਰੇ, ਜਿਨ੍ਹਾਂ ਵਿੱਚ 1955 ਵਿੱਚ ਇਸ ਸਬੰਧੀ ਬਣੇ ਐਕਟ ਅਨੁਸਾਰ ਮਨੁੱਖੀ ਅਧਿਕਾਰਾਂ ਨੂੰ ਆਧਾਰ ਬਣਾਉਣ ਦੀ ਗੱਲ ਸਾਹਮਣੇ ਆਈ, ਜਿਸ ਨੂੰ ਹੁਣ ਅਣਗੌਲਿਆ ਕੀਤਾ ਜਾ ਰਿਹਾ ਹੈ।ਇਸ ਐਕਟ ਅਨੁਸਾਰ ਹੁਣ ਤੱਕ ਸਰਕਾਰ ਨੇ ਆਪਣੀ ਬਣਦੀ ਜ਼ੁੰਮੇਵਾਰੀ ਕਿਉਂ ਨਹੀਂ ਨਿਭਾਈ।

ਪਹਿਲੇ ਦਰਜੇ ਦੇ ਨਾਗਰਿਕ ਕਹਾਉਣ ਵਾਲੇ ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਸਮੇਤ ਪੂਰੀ ਪਾਰਲੀਮੈਂਟ ਨੂੰ ਇਹ ਦੱਸਣਾ ਬਣਦਾ ਹੈ ਕਿ ਉਨ੍ਹਾਂ ਦੀ ਨਾਗਰਿਕਤਾ ਨੂੰ ਦਰਸਾਉਂਦਾ ਅਜਿਹਾ ਕਿਹੜਾ ਦਸਤਾਵੇਜ਼ ਹੈ ਤਾਂ ਕਿ ਲੋਕ ਵੀ ਉਨ੍ਹਾਂ ਦੀ ਮਿਸਾਲ ਰਾਹੀਂ ਸਮਝ ਸਕਣ।ਮਨੁੱਖੀ ਅਧਿਕਾਰਾਂ ਨੂੰ ਲਿਤਾੜਨ ਦੇ ਹੋਰ ਵੀ ਅਨੇਕਾਂ ਸਵਾਲ ਹਨ, ਜਿਨ੍ਹਾਂ ਲਈ ਸਰਕਾਰ ਦੀ ਜਵਾਬਦੇਹੀ ਬਣਦੀ ਹੈ।ਸਵਾਲਾਂ ਦੇ ਦੌਰ ਵਿੱਚ ਡਾ. ਵੀ ਕੇ ਵਸ਼ਿਸ਼ਟ, ਯਸ਼ਪਾਲ ਸ਼ਰਮਾ, ਕਸਤੂਰੀ ਲਾਲ, ਕਾ. ਸੁਰਿੰਦਰ, ਐਡਵੋਕੇਟ ਹਰਪ੍ਰੀਤ ਜ਼ੀਰਖ, ਸਤੀਸ਼ ਸੱਚਦੇਵਾ, ਰਾਜੂ ਤੇ ਗੱਲਰ ਚੌਹਾਨ ਨੇ ਭਾਗ ਲਿਆ।ਸਟੇਜ ਸੰਚਾਲਨ ਜਸਵੰਤ ਜ਼ੀਰਖ ਨੇ ਨਿਭਾਇਆ।

# ਹਲਕੀ ਬਾਰਿਸ਼ ਨੇ ਖੋਲ੍ਹੀ ਭਵਾਨੀਗੜ੍ਹ ਦੇ ਵਿਕਾਸ ਕਾਰਜਾਂ ਦੀ ਪੋਲ, ਮੁੱਖ ਸੜਕਾਂ ਬਣੀਆਂ ਤਲਾਬ

## ਮੁਹੱਲਾ ਵਾਸੀਆਂ ਨੇ ਪ੍ਰਸ਼ਾਸਨ ਖ਼ਿਲਾਫ਼ ਜਤਾਇਆ ਰੋਸ



**ਭਵਾਨੀਗੜ੍ਹ (ਰਾਜ ਖੁਰਮੀ)**-ਕਸਬਾ ਭਵਾਨੀਗੜ੍ਹ ਵਿੱਚ ਪਈ ਹਲਕੀ ਬਾਰਿਸ਼ ਨੇ ਹੀ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ।ਸਾਬਕਾ ਵਿਧਾਇਕ ਬਾਬੂ ਪ੍ਰਕਾਸ਼ ਚੰਦ ਗਰਗ ਤੇ ਮੌਜੂਦਾ ਐੱਮ.ਸੀ. ਹਰਪ੍ਰੀਤ ਬਾਜਵਾ ਦੀਆਂ ਰਿਹਾਇਸ਼ਾਂ ਵਾਲੇ ਇਲਾਕਿਆਂ ਦਸਮੇਸ਼ ਨਗਰ, ਪ੍ਰੀਤ ਕਲੋਨੀ ਤੇ ਨਗਰ ਕੌਂਸਲ ਦਫ਼ਤਰ ਨੇੜਲੀਆਂ ਮੁੱਖ ਸੜਕਾਂ 'ਤੇ ਮੀਂਹ ਦਾ ਪਾਣੀ ਕਈ ਫੁੱਟ ਤੱਕ ਇਕੱਠਾ ਹੋ ਗਿਆ, ਜਿਸ ਕਾਰਨ ਆਵਾਜਾਈ ਪ੍ਰਭਾਵਿਤ ਹੋਈ ਅਤੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ।ਰੋਸ ਪ੍ਰਗਟ ਕਰਦੇ ਹੋਏ ਮੁਹੱਲਾ ਵਾਸੀਆਂ ਨੇ ਦੱਸਿਆ ਕਿ ਨਵੇਂ ਬੱਸ ਅੱਡੇ ਨਾਲ ਲੱਗਦੀ ਉਹ ਸੜਕ, ਜੋ ਪੰਜ ਮੁਹੱਲਿਆਂ ਨੂੰ ਨਗਰ ਕੌਂਸਲ ਦਫ਼ਤਰ ਤੇ ਬੱਸ ਅੱਡੇ ਨਾਲ ਜੋੜਦੀ ਹੈ, ਉੱਥੇ ਹਰ ਮੀਂਹ ਮਗਰੋਂ ਦੋ ਤੋਂ ਤਿੰਨ ਫੁੱਟ ਤੱਕ ਪਾਣੀ ਖੜ੍ਹਾ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਦਸਮੇਸ਼ ਨਗਰ ਦੀ ਮੁੱਖ ਸੜਕ 'ਤੇ ਸੀਵਰੇਜ ਦੇ ਓਵਰਫਲੋ ਹੋਣ ਕਾਰਨ ਗੰਦਾ ਪਾਣੀ ਤੇ ਗਾਦ ਸੜਕਾਂ 'ਤੇ ਫੈਲ ਜਾਂਦੀ ਹੈ, ਜਿਸ ਨਾਲ ਬਦਬੂ ਦੇ ਨਾਲ-ਨਾਲ ਡੇਂਗੂ, ਮਲੇਰੀਆ ਤੇ ਹੋਰ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ਵਧ ਗਿਆ ਹੈ।ਇਸ ਸਬੰਧੀ ਇਕੱਠੇ ਹੋਏ ਮੁਹੱਲਾ ਵਾਸੀਆਂ ਨੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਜੇਕਰ ਜ਼ਿੰਮੇਵਾਰ ਅਧਿਕਾਰੀਆਂ ਤੇ ਸਿਆਸੀ ਆਗੂਆਂ ਨੇ ਜਲਦ ਇਸ ਗੰਭੀਰ ਸਮੱਸਿਆ ਦਾ ਪੱਕਾ ਹੱਲ ਨਾ ਕੀਤਾ ਤਾਂ ਉਹ ਸੰਘਰਸ਼ ਦਾ ਰਾਹ ਅਪਣਾਉਣਗੇ।ਮੌਕੇ 'ਤੇ ਪਹੁੰਚੇ ਵਾਰਡ ਦੇ ਐੱਮ.ਸੀ. ਹਰਪ੍ਰੀਤ ਬਾਜਵਾ ਨੇ ਮੁਹੱਲਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸੰਬੰਧਤ ਅਧਿਕਾਰੀਆਂ ਨਾਲ ਫ਼ੋਨ 'ਤੇ ਗੱਲਬਾਤ ਕਰਕੇ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿੱਤਾ।ਜਦੋਂ ਇਸ ਸਬੰਧੀ ਨਗਰ ਕੌਂਸਲ ਦੇ ਐੱਸ.ਆਈ. ਬੌਬੀ ਕੁਮਾਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸੰਗਰੂਰ ਤੋਂ ਸੁਪਰ ਸਕਸ਼ਨ ਮਸ਼ੀਨ ਮੰਗਵਾ ਕੇ ਸੀਵਰੇਜ ਦੀ ਸਫ਼ਾਈ ਕਰਵਾਈ ਜਾਵੇਗੀ, ਤਾਂ ਜੋ ਲੋਕਾਂ ਨੂੰ ਆ ਰਹੀ ਸਮੱਸਿਆ ਤੋਂ ਜਲਦ ਰਾਹਤ ਮਿਲ ਸਕੇ।ਇਸ ਮੌਕੇ ਮਦਨ ਲਾਲ, ਪ੍ਰਦੀਪ ਸ਼ਰਮਾ, ਜੀਵਨ ਸਿੰਘ, ਅਮਨਦੀਪ ਸਿੰਘ, ਧਰਮਪਾਲ ਸਿੰਘ, ਸਿਮਰਨਜੀਤ ਸਿੰਘ, ਕਰਮਜੀਤ ਕੌਰ, ਕੁਲਵਿੰਦਰ ਕੌਰ, ਵੀਨਾ ਰਾਣੀ, ਗਗਨਦੀਪ ਕੌਰ, ਲਾਡੀ ਕੌਸ਼ਿਕ ਸਮੇਤ ਵੱਡੀ ਗਿਣਤੀ ਵਿੱਚ ਮੁਹੱਲਾ ਵਾਸੀ ਹਾਜ਼ਰ ਸਨ।

# ਨਿਗੂਣੀ ਸਹਾਇਤਾ ਰਾਸ਼ੀ ਔਰਤਾਂ ਨਾਲ ਕੋਝਾ ਮਜ਼ਾਕ : ਹਰਸਿਮਰਤ ਬਾਦਲ

## ਜ਼ੈਲਦਾਰ ਤੇ ਬਲਵੀਰ ਸਿੰਘ ਦੇ ਪਰਵਾਰਾਂ ਨਾਲ ਕੀਤਾ ਦੁੱਖ ਸਾਂਝਾ



**ਬਰੇਟਾ (ਰੀਤਵਾਲ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਔਰਤਾਂ ਨੂੰ 3000 ਤੇ 4500 ਰੁਪਏ ਦੀ ਸਹਾਇਤਾ ਰਾਸ਼ੀ ਦੇ ਕੇ ਕੋਝਾ ਮਜ਼ਾਕ ਕਰ ਰਿਹਾ ਹੈ, ਜਦੋਂ ਕਿ ਅੱਜ ਤੱਕ ਦੀ ਕੁੱਲ ਰਕਮ 52 ਹਜ਼ਾਰ ਰੁਪਏ ਬਣਦੀ ਹੈ।ਜੇਕਰ ਮੁੱਖ ਮੰਤਰੀ ਔਰਤਾਂ ਪ੍ਰਤੀ ਸੁਹਿਰਦ ਹਨ ਤਾਂ ਪੂਰਾ ਬਕਾਇਆ ਦੇਣ, ਪਰ ਪੰਜਾਬ ਦੀਆਂ ਮਾਵਾਂ ਧੀਆਂ ਇਹ ਸਭ ਸਮਝਦੀਆਂ ਹਨ ਕਿ ਉਨ੍ਹਾਂ ਨਾਲ ਧੋਖਾ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੂੰ ਅਕਾਲ ਤਖ਼ਤ ਵੱਲੋਂ ਪੰਥਕ ਭਗੌੜਾ ਕਰਾਰ ਦਿੱਤਾ ਗਿਆ ਹੈ।ਸੂਬੇ ਦੀ ਕਮਾਨ ਉਨ੍ਹਾਂ ਹੱਥਾਂ ਵਿਚ ਹੈ, ਜਿਸ ਨੇ ਬੇਅਦਬੀ ਸਬੰਧੀ ਬਣਾਏ ਕਾਨੂੰਨ 'ਤੇ ਬਿਨਾਂ ਪੜ੍ਹੇ ਹੀ ਦਸਤਖ਼ਤ ਕਰ ਦਿੱਤੇ। ਇਹ ਪ੍ਰਗਟਾਵਾ ਸਾਬਕਾ ਕੇਂਦਰੀ ਮੰਤਰੀ ਤੇ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਨੇ ਬਰੇਟਾ ਵਿਖੇ ਸਿਕੰਦਰ ਸਿੰਘ ਜ਼ੈਲਦਾਰ ਦੇ ਮਾਤਾ ਦੇ ਬੀਤੇ ਦਿਨੀਂ ਹੋਏ ਅਚਾਨਕ ਦੇਹਾਂਤ ਉਪਰੰਤ ਅਫ਼ਸੋਸ ਕਰਨ ਲਈ ਗ੍ਰਹਿ ਵਿਖੇ ਕੀਤਾ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਵਿਗੜੀ ਹੋਈ ਹੈ।ਸਰਕਾਰ ਮੁਲਾਜ਼ਮਾਂ ਦਾ ਡੀ ਏ ਦੱਬ ਕੇ ਉਨ੍ਹਾਂ ਦਾ ਬਣਦਾ ਹੱਕ ਮਾਰ ਰਹੀ ਹੈ ਜਦੋਂ ਕਿ ਅਕਾਲੀ ਦਲ ਦੀ ਸਰਕਾਰ ਸਮੇਂ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਪੂਰੇ ਹੱਕ ਮਿਲਦੇ ਰਹੇ ਹਨ।ਭਾਜਪਾ ਨਾਲ ਚੋਣ ਸਮਝੌਤੇ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਇਸ ਸਬੰਧੀ ਪਾਰਟੀ ਹਾਈ ਕਮਾਨ ਹੀ ਫੈਸਲਾ ਕਰ ਸਕਦੀ ਹੈ।ਬੀਬਾ ਬਾਦਲ ਨੇ ਇਸ ਮੌਕੇ ਸ਼ਹਿਰ ਵਾਸੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ।ਉਨ੍ਹਾਂ ਪਿੰਡ ਮੰਡੇਰ ਦੇ ਅਗਨੀ ਵੀਰ ਬਲਵੀਰ ਸਿੰਘ, ਜਿਸ ਦਾ ਬੀਤੇ ਦਿਨ ਸੜਕ ਹਾਦਸੇ ਵਿੱਚ ਦਿਹਾਂਤ ਹੋ ਗਿਆ ਸੀ, ਦੇ ਪਰਵਾਰ ਨਾਲ ਵੀ ਦੁੱਖ ਸਾਂਝਾ ਕੀਤਾ।ਇਸ ਮੌਕੇ ਸੀਨੀਅਰ ਆਗੂ ਰਵਿੰਦਰ ਸਿੰਘ ਚੀਮਾ, ਡਾ. ਨਿਸ਼ਾਨ ਸਿੰਘ, ਗੁਰਦੀਪ ਸਿੰਘ ਟੋਡਰਪੁਰ, ਜਤਿੰਦਰ ਸਿੰਘ ਸੋਢੀ, ਬਲਵੀਰ ਸਿੰਘ ਬੀਰੋਕੇ, ਗੁਰਮੇਲ ਸਿੰਘ ਫਫੜੇ ਭਾਈਕੇ, ਜਥੇਦਾਰ ਬਲਦੇਵ ਸਿੰਘ ਸਿਰਸੀਵਾਲਾ, ਜਸਵੀਰ ਸਿੰਘ ਜੱਸੂ ਕੁਲਰੀਆਂ, ਜਗਜੀਤ ਸਿੰਘ ਗੋਬਿੰਦਪੁਰਾ, ਅਜੈਬ ਸਿੰਘ ਖੁੜਾਲ, ਬਲਵਿੰਦਰ ਸਿੰਘ ਮੰਡੇਰ, ਸੁਖਦੇਵ ਸਿੰਘ ਨੰਬਰਦਾਰ, ਹਰਨੇਕ ਸਿੰਘ ਮੰਡੇਰ, ਦਰਸ਼ਨ ਸਿੰਘ ਫੌਜੀ, ਨਿਰਮਲ ਸਿੰਘ ਮੰਡੇਰ ਆਦਿ ਹਾਜ਼ਰ ਸਨ।

## ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਸਿਟੀ ਮੰਡਲ ਦੀ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਸਿਟੀ ਮੰਡਲ ਫਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਸਾਥੀ ਚੰਨਣ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ, ਜਿਸ ਵਿਚ ਪੰਜਾਬ ਸਰਕਾਰ ਵਿਰੁੱਧ ਲੜਾਈ ਹੋਰ ਤੇਜ਼ ਤੇ ਤਿੱਖੀ ਕਰਨ ਦਾ ਫੈਸਲਾ ਕੀਤਾ ਗਿਆ। ਜਿਵੇਂ ਕਿ ਡੀਏ ਦਾ ਬਕਾਇਆ ਕਿਸ਼ਤਾਂ ਤੇ 18 ਪ੍ਰਤੀਸ਼ਤ ਡੀਏ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ। 31 ਦਸੰਬਰ 2015 ਤੋਂ ਪਹਿਲਾ ਰਿਟਾਇਰਡ ਹੋਏ ਸਾਥੀਆਂ ਨੂੰ 2.59 ਦੇ ਗੁਣਾਂਕ ਨਾਲ ਪੇਅ ਕਮਿਸ਼ਨ ਕਮੇਟੀ ਦੀਆਂ ਸਿਫਾਰਸ਼ਾ ਨੂੰ ਲਾਗੂ ਕੀਤਾ ਜਾਵੇ ਤੇ ਬਾਕੀ ਦੀਆਂ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ।

## ਸੜਕ ਉਸਾਰੀ ਦੇ ਰਿਕਾਰਡ ਨੂੰ ਛੁਪਾਉਣ 'ਤੇ ਘਿਰੀ ਸੰਗਰੂਰ ਅਥਾਰਟੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ)**-ਹਲਕੇ ਵਿੱਚ ਹਾਲ ਹੀ ਦੌਰਾਨ ਬਣੀ ਇੱਕ ਨਵੀਂ ਸੜਕ ਦੀ ਉਸਾਰੀ ਦਾ ਮਾਮਲਾ ਮੀਡੀਆ ਵਿੱਚ ਜ਼ੋਰ-ਸ਼ੋਰ ਨਾਲ ਨਸ਼ਰ ਹੋਣ ਤੋਂ ਬਾਅਦ ਹੁਣ ਇਹ ਮਾਮਲਾ ਪੂਰੀ ਤਰ੍ਹਾਂ ਭਖ ਗਿਆ ਹੈ।ਸੜਕ ਨਿਰਮਾਣ ਵਿੱਚ ਕਥਿਤ ਘਪਲੇਬਾਜ਼ੀ ਤੇ ਘਟੀਆ ਸਮੱਗਰੀ ਦੀ ਵਰਤੋਂ ਦੇ ਖ਼ਦਸ਼ਿਆਂ ਦੇ ਚਲਦਿਆਂ ਹਲਕੇ ਦੇ ਇੱਕ ਜਾਗਰੂਕ ਨਾਗਰਿਕ ਵੱਲੋਂ ਆਰ.ਟੀ.ਆਈ. ਐਕਟ ਤਹਿਤ ਸੰਗਰੂਰ ਦੇ ਸੰਬੰਧਤ ਦਫ਼ਤਰ ਵਿੱਚ ਅਪਲਾਈ ਕੀਤਾ ਗਿਆ ਸੀ। ਬਿਨੈਕਾਰ ਨੇ ਸੜਕ ਦੇ ਟੈਂਡਰ, ਵਰਕ ਆਰਡਰ, ਮੈਜ਼ਰਮੈਂਟ ਬੁੱਕ (ਐੱਮ.ਬੀ.) ਤੇ ਹੋਰ ਅਹਿਮ ਸਰਕਾਰੀ ਦਸਤਾਵੇਜ਼ਾਂ ਦੀ ਮੰਗ ਕੀਤੀ ਸੀ ਤਾਂ ਜੋ ਸੱਚਾਈ ਜਨਤਾ ਸਾਹਮਣੇ ਆ ਸਕੇ।ਸੰਗਰੂਰ ਦਫ਼ਤਰ ਵੱਲੋਂ ਤੈਅ ਸਮੇਂ ਅੰਦਰ ਕੋਈ ਵੀ ਸੂਚਨਾ ਨਾ ਦੇਣ ਕਾਰਨ, ਜਦੋਂ ਬਿਨੈਕਾਰ ਨੇ ਨਿਯਮਾਂ ਮੁਤਾਬਕ ਪਹਿਲੀ ਐਪਲੇਟ ਅਥਾਰਟੀ ਕੋਲ ਅਪੀਲ ਦਾਇਰ ਕੀਤੀ, ਤਾਂ ਵਿਭਾਗ ਦਾ ਇੱਕ ਹੈਰਾਨੀਜਨਕ ਤੇ ਗ਼ੈਰ-ਜ਼ਿੰਮੇਵਾਰਾਨਾ ਰਵੱਈਆ ਸਾਹਮਣੇ ਆਇਆ।ਅਥਾਰਟੀ ਨੇ ਜਵਾਬ ਦਿੰਦਿਆਂ ਕਿਹਾ ਕਿ ਸੰਬੰਧਤ ਠੇਕੇਦਾਰ ਨੇ ਆਪਣੇ ਦਸਤਾਵੇਜ਼ ਤੇ ਸੂਚਨਾ ਜਨਤਕ ਕਰਨ 'ਤੇ ਸਖ਼ਤ ਇਤਰਾਜ਼ ਜਤਾਇਆ ਹੈ।ਹੈਰਾਨੀ ਦੀ ਗੱਲ ਇਹ ਰਹੀ ਕਿ ਫਸਟ ਐਪਲੇਟ ਅਥਾਰਟੀ ਨੇ ਵੀ ਪਾਰਦਰਸ਼ਤਾ ਨੂੰ ਛਿੱਕੇ ਟੰਗ ਕੇ ਠੇਕੇਦਾਰ ਦਾ ਪੱਖ ਪੂਰਿਆ ਤੇ ਅਪੀਲ ਨੂੰ ਖਾਰਜ ਕਰ ਦਿੱਤਾ।ਜਨਤਕ ਪੈਸੇ ਦੀ ਦੁਰਵਰਤੋਂ ਤੇ ਅਫ਼ਸਰਸ਼ਾਹੀ ਦੀ ਇਸ ਮਿਲੀਭੁਗਤ ਖ਼ਿਲਾਫ਼ ਹੁਣ ਅਪੀਲ ਕਰਤਾ ਨੇ ਸਖ਼ਤ ਰੁਖ਼ ਅਖਤਿਆਰ ਕਰ ਲਿਆ ਹੈ।ਪ੍ਰਸ਼ਾਸਨ ਦੇ ਇਸ ਪੱਖਪਾਤੀ ਫੈਸਲੇ ਤੋਂ ਅਸੰਤੁਸ਼ਟ ਹੋ ਕੇ ਉਸ ਨੇ ਹੁਣ ਚੰਡੀਗੜ੍ਹ ਸਥਿਤ ਰਾਜ ਸੂਚਨਾ ਕਮਿਸ਼ਨ ਦਾ ਦਰਵਾਜ਼ਾ ਖੜਕਾਇਆ ਹੈ।ਜਾਣਕਾਰਾਂ ਦਾ ਮੰਨਣਾ ਹੈ ਕਿ ਕਮਿਸ਼ਨ ਦੀ ਦਖ਼ਲਅੰਦਾਜ਼ੀ ਤੋਂ ਬਾਅਦ ਜਿੱਥੇ ਠੇਕੇਦਾਰ ਤੇ ਅਧਿਕਾਰੀਆਂ ਦੀਆਂ ਮੁਸ਼ਕਲਾਂ ਵਧ ਸਕਦੀਆਂ ਹਨ, ਉੱਥੇ ਹੀ ਸੜਕ ਉਸਾਰੀ ਦੇ ਇਸ ਵੱਡੇ ਮਾਮਲੇ ਵਿੱਚ ਕਈ ਅਹਿਮ ਖੁਲਾਸੇ ਹੋਣ ਦੀ ਪੂਰੀ ਉਮੀਦ ਹੈ।

# ਨਗਰ ਕੌਂਸਲ ਚੋਣਾਂ 'ਚ ਕਾਂਗਰਸ ਦੀ ਹੂੰਝਾਫੇਰ ਜਿੱਤ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਨਗਰ ਕੌਂਸਲ ਗੁਰੂ ਹਰਸਹਾਏ ਵਿੱਚ ਪਈਆਂ ਵੋਟਾਂ ਦੀ ਹੋਈ ਗਿਣਤੀ ਦੌਰਾਨ ਐਲਾਨੇ ਗਏ ਨਤੀਜਿਆਂ ਅਨੁਸਾਰ 13 ਸੀਟਾਂ 'ਤੇ ਕਾਂਗਰਸ, ਦੋ ਸੀਟਾਂ 'ਤੇ ਅਕਾਲੀ ਦਲ ਦੇ ਉਮੀਦਵਾਰ ਨੂੰ ਜੇਤੂ ਐਲਾਨਿਆ ਗਿਆ।ਆਮ ਆਦਮੀ ਪਾਰਟੀ ਤੇ ਭਾਜਪਾ ਦਾ ਖਾਤਾ ਵੀ ਨਹੀਂ ਖੁੱਲ੍ਹਿਆ।ਵਰਨਣਯੋਗ ਹੈ ਕਿ ਕਾਂਗਰਸ ਪਾਰਟੀ ਨੇ ਸਾਬਕਾ ਐੱਮ ਐੱਲ ਏ ਰਮਿੰਦਰ ਸਿੰਘ ਆਵਲਾ ਦੀ ਅਗਵਾਈ ਵਿੱਚ ਹੂੰਝਾ ਫੇਰ ਜਿੱਤ ਹਾਸਲ ਕੀਤੀ ਹੈ।ਇਸ ਸਬੰਧੀ ਐੱਸ.ਡੀ.ਐੱਮ.-ਕਮ-ਰਿਟਰਨਿੰਗ ਅਫ਼ਸਰ ਹਰਦੀਪ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਗੁਰੂ ਹਰਸਹਾਏ ਦੀਆਂ ਚੋਣਾਂ ਦੌਰਾਨ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਸਵੇਰ ਤੋਂ ਹੀ ਵੱਖ-ਵੱਖ ਪੋਲਿੰਗ ਬੂਥਾਂ 'ਤੇ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਨਜ਼ਰ ਆਈਆਂ ਤੇ ਲੋਕਾਂ ਨੇ ਉਤਸ਼ਾਹ ਨਾਲ ਆਪਣੇ ਮਤਾਧਿਕਾਰ ਦੀ ਵਰਤੋਂ ਕੀਤੀ।ਰਿਟਰਨਿੰਗ ਅਫ਼ਸਰ ਹਰਦੀਪ ਸਿੰਘ ਨੇ ਦੱਸਿਆ ਕਿ ਨਗਰ ਕੌਂਸਲ ਚੋਣਾਂ ਵਿੱਚ 63.50 ਫੀਸਦੀ ਵੋਟਿੰਗ ਦਰਜ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਮੁੱਚੀ ਚੋਣ ਪ੍ਰਕਿਰਿਆ ਸ਼ਾਂਤਮਈ, ਨਿਰਪੱਖ ਤੇ ਸੁਚੱਜੇ ਢੰਗ ਨਾਲ ਸੰਪੰਨ ਹੋਈ।ਸਾਰੇ ਪੋਲਿੰਗ ਕੇਂਦਰਾਂ 'ਤੇ ਲੋੜੀਂਦੀਆਂ ਸਹੂਲਤਾਂ ਤੇ ਪੁਖ਼ਤਾ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਸਨ।ਰਿਟਰਨਿੰਗ ਅਫਸਰ ਨੇ ਚੋਣ ਡਿਊਟੀ ਵਿੱਚ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਤੇ ਪੁਲਸ ਵੱਲੋਂ ਪੂਰੇ ਦਿਨ ਸਥਿਤੀ 'ਤੇ ਨਜ਼ਰ ਰੱਖੀ ਗਈ।ਉਨ੍ਹਾਂ ਦੱਸਿਆ ਕਿ ਵੋਟਿੰਗ ਦੌਰਾਨ ਕਿਸੇ ਵੀ ਅਣਸੁਖਾਵੀਂ ਘਟਨਾ ਦੀ ਕੋਈ ਸੂਚਨਾ ਪ੍ਰਾਪਤ ਨਹੀਂ ਹੋਈ।ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵੋਟਰਾਂ ਨੇ ਵੱਡੀ ਗਿਣਤੀ ਵਿੱਚ ਵੋਟ ਪਾ ਕੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਆਪਣਾ ਯੋਗਦਾਨ ਪਾਇਆ।ਚੋਣ ਨਤੀਜਿਆਂ ਤੋਂ ਬਾਅਦ ਕਾਂਗਰਸ ਵਰਕਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਉਨ੍ਹਾਂ ਵੱਲੋਂ ਜਸ਼ਨ ਮਨਾਇਆ ਗਿਆ।ਕਾਂਗਰਸ ਆਗੂਆਂ ਨੇ ਇਸ ਜਿੱਤ ਨੂੰ ਲੋਕਾਂ ਵੱਲੋਂ ਪਾਰਟੀ ਦੀਆਂ ਨੀਤੀਆਂ ਤੇ ਵਿਕਾਸ ਕਾਰਜਾਂ 'ਤੇ ਪ੍ਰਗਟਾਏ ਵਿਸ਼ਵਾਸ ਦੀ ਜਿੱਤ ਕਰਾਰ ਦਿੱਤਾ।


**CREDIFIN LIMITED**
(FORMERLY KNOWN AS PHF LEASING LIMITED)
CIN: L65110PB1992PLC012488
Regd. Off: 87, Radio Colony, BMC Chowk, Jalandhar – 144001, PB
E-Mail id:compliance@credif.in Website : www.credif.in, Ph : +91 91151-00401

**34ਵੀਂ ਸਾਲਾਨਾ ਆਮ ਮੀਟਿੰਗ ਅਤੇ ਈ-ਵੋਟਿੰਗ ਦਾ ਨੋਟਿਸ**

ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਮੈਸਰਜ਼ ਕ੍ਰੈਡੀਫਿਨ ਲਿਮਟਿਡ (ਪਹਿਲਾਂ ਪੀ ਐਚ ਐਫ ਲੀਜ਼ਿੰਗ ਲਿਮਟਿਡ ਵਜੋਂ ਜਾਣੀ ਜਾਂਦੀ) ਦੇ ਮੈਂਬਰਾਂ ਦੀ 34ਵੀਂ ਸਾਲਾਨਾ ਆਮ ਮੀਟਿੰਗ (ਏ ਜੀ ਐਮ) ਸ਼ੁੱਕਰਵਾਰ, 31 ਜੁਲਾਈ, 2026 ਨੂੰ ਦੁਪਹਿਰ 12.00 ਵਜੇ (ਆਈ ਐੱਸ ਟੀ) ਵੀਡੀਓ ਕਾਨਫਰੰਸਿੰਗ ("ਵੀ ਸੀ")/ਹੋਰ ਆਡੀਓ ਵਿਜ਼ੂਅਲ ਸਾਧਨਾਂ ("ਓ ਏ ਵੀ ਐੱਮ") ਰਾਹੀਂ ਹੋਵੇਗੀ, ਜਿਵੇਂ ਕਿ ਏ ਜੀ ਐੱਮ ਦੇ ਨੋਟਿਸ ਵਿੱਚ ਦੱਸਿਆ ਗਿਆ ਹੈ। ਕੰਪਨੀ ਨੇ 34ਵੀਂ ਏ ਜੀ ਐੱਮ ਦੇ ਨੋਟਿਸ ਨੂੰ ਭੇਜਣ ਅਤੇ ਕੰਪਨੀ ਦੀ ਸਾਲਾਨਾ ਰਿਪੋਰਟ ਨੂੰ 06 ਜੁਲਾਈ, 2026 ਨੂੰ ਆਗਿਆ ਪ੍ਰਾਪਤ ਢੰਗ ਨਾਲ ਪੂਰਾ ਕਰ ਲਿਆ ਹੈ। ਇਹ ਸਾਲਾਨਾ ਆਮ ਮੀਟਿੰਗ ਵੀਡੀਓ ਕਾਨਫਰੰਸਿੰਗ ("ਵੀ ਸੀ")/ਹੋਰ ਆਡੀਓ ਵਿਜ਼ੂਅਲ ਸਾਧਨ ("ਓ ਏ ਵੀ ਐੱਮ") ਰਾਹੀਂ ਕੰਪਨੀ ਐਕਟ, 2013 ਦੇ ਲਾਗੂ ਉਪਬੰਧਾਂ ਅਤੇ ਇਸ ਦੇ ਅਧੀਨ ਬਣਾਏ ਗਏ ਨਿਯਮਾਂ ਦੀ ਪਾਲਣਾ ਵਿੱਚ ਆਯੋਜਿਤ ਕੀਤੀ ਜਾਵੇਗੀ, ਜੋ ਕਿ ਜਨਰਲ ਸਰਕੂਲਰ ਨੰਬਰ 20/2020 ਮਿਤੀ 5 ਮਈ, 2020, 8 ਅਪ੍ਰੈਲ, 2020, 17/2020 ਮਿਤੀ 13 ਅਪ੍ਰੈਲ, 2020 ਦੇ ਜਨਰਲ ਸਰਕੂਲਰ ਨੰਬਰ 14/2020 ਅਤੇ ਹੋਰ ਸੰਬੰਧਿਤ ਸਰਕੂਲਰਾਂ ਸਮੇਤ, ਜਿਸ ਵਿੱਚ ਜਨਰਲ ਸਰਕੂਲਰ ਨੰਬਰ 03/2025 ਮਿਤੀ 22 ਸਤੰਬਰ, 2025 ("ਐੱਮ ਸੀ ਏ ਸਰਕੂਲਰ") ਅਤੇ ਸੇਬੀ (ਸੂਚੀਬੱਧ ਜ਼ਿੰਮੇਵਾਰੀਆਂ ਅਤੇ ਖੁਲਾਸਾ ਜ਼ਰੂਰਤਾਂ) ਨਿਯਮ, 2015 ("ਸੂਚੀਬੱਧ ਨਿਯਮ") ਵਿਸ਼ੇ 'ਤੇ ਇਸ ਦੇ ਸਾਰੇ ਪੁਰਾਣੇ ਸਰਕੂਲਰਾਂ ਦੇ ਨਾਲ ਪੜ੍ਹੇ ਗਏ ਹਨ, ਇੱਕ ਸਾਂਝੇ ਸਥਾਨ 'ਤੇ ਮੈਂਬਰਾਂ ਦੀ ਭੌਤਿਕ ਮੌਜੂਦਗੀ ਤੋਂ ਬਿਨਾਂ। ਨੋਟਿਸ ਵਿੱਚ ਦੱਸੇ ਅਨੁਸਾਰ ਆਉਣ ਵਾਲੀ ਏ ਜੀ ਐੱਮ ਵਿੱਚ ਲੈਣ-ਦੇਣ ਦਾ ਪ੍ਰਸਤਾਵਿਤ ਵਿਸ਼ੇਸ਼ ਕਾਰੋਬਾਰ, ਕੰਪਨੀ ਦੇ ਡਾਇਰੈਕਟਰ ਬੋਰਡ ਦੁਆਰਾ ਅਟੱਲ ਮੰਨਿਆ ਗਿਆ ਹੈ।

ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕੰਪਨੀਜ਼ ਐਕਟ, 2013 ਦੀ ਧਾਰਾ 108, ਕੰਪਨੀਜ਼ (ਪ੍ਰਬੰਧਨ ਅਤੇ ਪ੍ਰਸ਼ਾਸਨ) ਨਿਯਮਾਂ, 2014 ਦੇ ਨਿਯਮ 20 ਦੇ ਨਾਲ ਪੜ੍ਹੇ ਜਾਣ ਵਾਲੇ ਉਪਬੰਧਾਂ ਦੀ ਪਾਲਣਾ ਵਿੱਚ, ਜਿਵੇਂ ਕਿ ਸਮੇਂ-ਸਮੇਂ 'ਤੇ ਸੋਧਿਆ ਜਾਂਦਾ ਹੈ ਅਤੇ ਭਾਰਤੀ ਪ੍ਰਤੀਭੂਤੀਆਂ ਅਤੇ ਐਕਸਚੇਂਜ ਬੋਰਡ (ਸੂਚੀਕਰਨ ਜ਼ਿੰਮੇਵਾਰੀਆਂ ਅਤੇ ਖੁਲਾਸਾ ਜ਼ਰੂਰਤਾਂ) ਨਿਯਮਾਂ, 2015 ਦੇ ਨਿਯਮ 44, ਕੰਪਨੀ ਆਪਣੇ ਮੈਂਬਰਾਂ ਨੂੰ ਇਲੈਕਟ੍ਰਾਨਿਕ ਸਾਧਨਾਂ ਦੁਆਰਾ ਵੋਟ ਪਾਉਣ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ ਤਾਂ ਜੋ ਉਹ ਰਿਮੋਟ ਈ-ਵੋਟਿੰਗ ਰਾਹੀਂ ਇਲੈਕਟ੍ਰਾਨਿਕ ਢੰਗ ਨਾਲ ਆਪਣੀ ਵੋਟ ਪਾ ਸਕਣ ਅਤੇ ਇਲੈਕਟ੍ਰਾਨਿਕ ਢੰਗਾਂ ਦੁਆਰਾ 34ਵੀਂ ਸਾਲਾਨਾ ਆਮ ਮੀਟਿੰਗ ਵਿੱਚ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰ ਸਕਣ ਅਤੇ ਕਾਰੋਬਾਰ ਨੈਸ਼ਨਲ ਸਿਕਿਉਰਿਟੀਜ਼ ਡਿਪਾਜ਼ਿਟਰੀਜ਼ ਲਿਮਟਿਡ (ਐੱਨ ਐੱਸ ਡੀ ਐੱਲ) ਦੁਆਰਾ ਪ੍ਰਦਾਨ ਕੀਤੀਆਂ ਗਈਆਂ ਈ-ਵੋਟਿੰਗ ਸੇਵਾਵਾਂ ਰਾਹੀਂ ਕੀਤਾ ਜਾ ਸਕੇ।

ਈ-ਵੋਟਿੰਗ ਲਈ ਹਦਾਇਤਾਂ ਏ ਜੀ ਐੱਮ ਦੇ ਨੋਟਿਸ ਵਿੱਚ ਦਿੱਤੀਆਂ ਗਈਆਂ ਹਨ। ਮੈਂਬਰਾਂ ਨੂੰ ਹੇਠ ਲਿਖੀਆਂ ਗੱਲਾਂ ਦਾ ਧਿਆਨ ਰੱਖਣ ਦੀ ਬੇਨਤੀ ਕੀਤੀ ਜਾਂਦੀ ਹੈ:-

ਏ) ਰਿਮੋਟ ਈ-ਵੋਟਿੰਗ ਮੰਗਲਵਾਰ, 28 ਜੁਲਾਈ, 2026 ਨੂੰ ਸਵੇਰੇ 09:00 ਵਜੇ (ਆਈ ਐੱਸ ਟੀ) ਸ਼ੁਰੂ ਹੋਵੇਗੀ ਅਤੇ ਵੀਰਵਾਰ, 30 ਜੁਲਾਈ, 2026 ਨੂੰ ਸ਼ਾਮ 05:00 ਵਜੇ (ਆਈ ਐੱਸ ਟੀ) ਖਤਮ ਹੋਵੇਗੀ। ਇਸ ਤੋਂ ਬਾਅਦ ਵੋਟਿੰਗ ਲਈ ਐੱਨ ਐੱਸ ਡੀ ਐੱਲ ਦੁਆਰਾ ਈ-ਵੋਟਿੰਗ ਮਾਡਿਊਲ ਨੂੰ ਅਯੋਗ ਕਰ ਦਿੱਤਾ ਜਾਵੇਗਾ ਅਤੇ ਉਕਤ ਮਿਤੀ ਅਤੇ ਸਮੇਂ ਤੋਂ ਬਾਅਦ ਰਿਮੋਟ ਈ-ਵੋਟਿੰਗ ਦੀ ਆਗਿਆ ਨਹੀਂ ਹੋਵੇਗੀ।

ਬੀ) ਮੈਂਬਰਾਂ ਦੇ ਏ ਜੀ ਐੱਮ ਦੌਰਾਨ ਰਿਮੋਟ ਈ-ਵੋਟਿੰਗ ਜਾਂ ਈ-ਵੋਟਿੰਗ ਰਾਹੀਂ ਵੋਟ ਪਾਉਣ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਦੇ ਵੋਟ ਪਾਉਣ ਦੇ ਅਧਿਕਾਰ ਸ਼ੁੱਕਰਵਾਰ, 24 ਜੁਲਾਈ, 2026 (ਕਾਰੋਬਾਰੀ ਘੰਟਿਆਂ ਦੀ ਸਮਾਪਤੀ ਤੋਂ ਬਾਅਦ) ("ਕਟ-ਆਫ ਮਿਤੀ") ਨੂੰ ਕੰਪਨੀ ਦੀ ਅਦਾਇਗੀ ਇਕੁਇਟੀ ਸ਼ੇਅਰ ਪੂੰਜੀ ਦੇ ਉਨ੍ਹਾਂ ਦੇ ਹਿੱਸੇ ਦੇ ਅਨੁਪਾਤ ਵਿੱਚ ਹੋਣਗੇ। ਕੱਟ-ਆਫ ਮਿਤੀ 'ਤੇ ਇੱਕ ਮੈਂਬਰ ਸਿਰਫ ਰਿਮੋਟ ਈ-ਵੋਟਿੰਗ ਸਹੂਲਤ ਪ੍ਰਾਪਤ ਕਰਨ ਜਾਂ ਏ ਜੀ ਐੱਮ ਵਿੱਚ ਵੋਟ ਪਾਉਣ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਦਾ ਹੱਕਦਾਰ ਹੋਵੇਗਾ।

ਸੀ) ਕੋਈ ਵੀ ਵਿਅਕਤੀ ਜੋ ਕੰਪਨੀ ਦੇ ਸ਼ੇਅਰ ਪ੍ਰਾਪਤ ਕਰਦਾ ਹੈ ਅਤੇ ਏ ਜੀ ਐੱਮ ਨੋਟਿਸ ਭੇਜਣ ਤੋਂ ਬਾਅਦ ਕੰਪਨੀ ਦਾ ਮੈਂਬਰ ਬਣ ਜਾਂਦਾ ਹੈ ਅਤੇ ਕੱਟ-ਆਫ ਮਿਤੀ 'ਤੇ ਭੌਤਿਕ ਮੋਡ ਵਿੱਚ ਸ਼ੇਅਰ ਰੱਖਦਾ ਹੈ, ਉਹ ਕੰਪਨੀ ਦੇ ਆਰ ਟੀ ਏ ਮੈਸ: ਸਕਾਈਲਾਈਨ ਫਾਇਨਾਂਸ਼ੀਅਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਡੀ-153 ਏ, ਪਹਿਲੀ ਮੰਜ਼ਲ, ਓਖਲਾ ਇੰਡਸਟ੍ਰੀਅਲ ਏਰੀਆ, ਫੇਜ਼-1, ਨਵੀਂ ਦਿੱਲੀ-110 020 ਫੋਨ ਨੰ. +91-11-40450193-97, 26812682-83, ਈਮੇਲ ਆਈਡੀ admin@skylinerta.com ਜਾਂ ਕੰਪਨੀ ਨੂੰ ਈਮੇਲ ਆਈਡੀ compliance@credif.in 'ਤੇ ਬੇਨਤੀ ਭੇਜ ਕੇ ਲੌਗਇਨ ਆਈਡੀ ਅਤੇ ਸੀਕਵੈਂਸ ਨੰਬਰ ਪ੍ਰਾਪਤ ਕਰ ਸਕਦਾ ਹੈ। ਜਿਹੜੇ ਵਿਅਕਤੀ ਕੰਪਨੀ ਦੇ ਸ਼ੇਅਰ ਪ੍ਰਾਪਤ ਕਰਦੇ ਹਨ ਅਤੇ ਏ ਜੀ ਐੱਮ ਦੇ ਨੋਟਿਸ ਦੇ ਭੇਜਣ ਤੋਂ ਬਾਅਦ ਕੰਪਨੀ ਦੇ ਮੈਂਬਰ ਬਣਦੇ ਹਨ ਅਤੇ ਕੱਟ-ਆਫ ਮਿਤੀ 'ਤੇ ਡੀਮੈਟ ਮੋਡ ਵਿੱਚ ਸ਼ੇਅਰ ਰੱਖਦੇ ਹਨ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਈ-ਵੋਟਿੰਗ ਨਾਲ ਸਬੰਧਤ ਹਦਾਇਤਾਂ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਲਈ ਕੰਪਨੀ ਦੀ ਵੈੱਬਸਾਈਟ https://www.credif.in 'ਤੇ ਜਾਂ ਐੱਨ ਐੱਸ ਡੀ ਐੱਲ ਦੀ ਵੈੱਬਸਾਈਟ ਜਾਂ ਐੱਮ ਐੱਸ ਈ ਲਿਮਟਿਡ ਦੀ ਵੈੱਬਸਾਈਟ https://www.msei.in 'ਤੇ ਕੰਪਨੀ ਦੀ ਸਾਲਾਨਾ ਰਿਪੋਰਟ ਦੇਖਣ। ਲਾਗਇਨ ਆਈ ਡੀ, ਪਾਸਵਰਡ, ਪ੍ਰਮਾਣੀਕਰਨ ਪ੍ਰਾਪਤ ਕਰਨ ਅਤੇ ਰਿਮੋਟ ਈ-ਵੋਟਿੰਗ, ਏ ਜੀ ਐੱਮ ਵਿੱਚ ਈ-ਵੋਟਿੰਗ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਲਈ ਵਿਸਤ੍ਰਿਤ ਪ੍ਰਕਿਰਿਆ ਪਹਿਲਾਂ ਹੀ ਏ ਜੀ ਐੱਮ ਦੇ ਨੋਟਿਸ ਵਿੱਚ ਦਿੱਤੀ ਗਈ ਹੈ। ਮੈਂਬਰਾਂ ਨੂੰ ਇਸਦਾ ਹਵਾਲਾ ਦੇਣ ਦੀ ਬੇਨਤੀ ਕੀਤੀ ਜਾਂਦੀ ਹੈ। ਏ ਜੀ ਐੱਮ ਦੌਰਾਨ ਈ-ਵੋਟਿੰਗ ਦੀ ਸਹੂਲਤ ਵੀ ਉਪਲਬਧ ਹੋਵੇਗੀ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਵਾਲੇ ਮੈਂਬਰ ਜਿਨ੍ਹਾਂ ਨੇ ਪਹਿਲਾਂ ਹੀ ਰਿਮੋਟ ਈ-ਵੋਟਿੰਗ ਦੁਆਰਾ ਆਪਣੀ ਵੋਟ ਨਹੀਂ ਪਾਈ, ਉਹ ਏ ਜੀ ਐੱਮ ਦੌਰਾਨ ਵੋਟ ਪਾਉਣ ਦੇ ਆਪਣੇ ਅਧਿਕਾਰ (ਆਪਣੀ ਸਹਿਮਤੀ ਜਾਂ ਅਸਹਿਮਤੀ) ਦੀ ਵਰਤੋਂ ਕਰਨ ਦੇ ਯੋਗ ਹੋਣਗੇ।

ਡੀ) ਏ ਜੀ ਐੱਮ ਦੌਰਾਨ ਈ-ਵੋਟਿੰਗ ਦੀ ਸਹੂਲਤ ਵੀ ਉਪਲਬਧ ਹੋਵੇਗੀ ਅਤੇ ਏ ਜੀ ਐੱਮ ਵਿੱਚ ਸ਼ਾਮਲ ਹੋਣ ਵਾਲੇ ਮੈਂਬਰ ਜਿਨ੍ਹਾਂ ਨੇ ਪਹਿਲਾਂ ਹੀ ਰਿਮੋਟ ਈ-ਵੋਟਿੰਗ ਰਾਹੀਂ ਆਪਣੀ ਵੋਟ ਨਹੀਂ ਪਾਈ, ਉਹ ਏ ਜੀ ਐੱਮ ਦੌਰਾਨ ਆਪਣੇ ਵੋਟ ਦੇ ਅਧਿਕਾਰ (ਆਪਣੀ ਸਹਿਮਤੀ ਜਾਂ ਅਸਹਿਮਤੀ) ਦੀ ਵਰਤੋਂ ਕਰਨ ਦੇ ਯੋਗ ਹੋਣਗੇ।

ਈ) ਕੋਈ ਮੈਂਬਰ ਰਿਮੋਟ ਈ-ਵੋਟਿੰਗ ਰਾਹੀਂ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਤੋਂ ਬਾਅਦ ਵੀ ਸਾਲਾਨਾ ਆਮ ਮੀਟਿੰਗ ਵਿੱਚ ਹਿੱਸਾ ਲੈ ਸਕਦਾ ਹੈ ਪਰ ਏ ਜੀ ਐੱਮ ਵਿੱਚ ਦੁਬਾਰਾ ਵੋਟ ਪਾਉਣ ਦਾ ਹੱਕਦਾਰ ਨਹੀਂ ਹੋਵੇਗਾ। ਵਿੱਤੀ ਸਾਲ 2025-26 ਲਈ ਕੰਪਨੀ ਦੀ ਸਾਲਾਨਾ ਰਿਪੋਰਟ ਜਿਸ ਵਿੱਚ ਹੋਰ ਗੱਲਾਂ ਦੇ ਨਾਲ 34ਵੀਂ ਏ ਜੀ ਐੱਮਦਾ ਨੋਟਿਸ ਸ਼ਾਮਲ ਹੈ, ਪ੍ਰਦਰਸ਼ਿਤ ਕੀਤੀ ਗਈ ਹੈ ਅਤੇ ਇਸ ਨੂੰ ਕੰਪਨੀ ਦੀ ਵੈੱਬਸਾਈਟ ਤੋਂ ਵੈੱਬ ਲਿੰਕ https://www.credif.in/annual-reports ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ।

34ਵੀਂ ਸਾਲਾਨਾ ਆਮ ਮੀਟਿੰਗ ਦਾ ਨੋਟਿਸ ਪ੍ਰਦਰਸ਼ਿਤ ਕੀਤਾ ਗਿਆ ਹੈ ਅਤੇ ਇਸ ਨੂੰ ਦੀ ਵੈੱਬਸਾਈਟ ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ ਕੰਪਨੀ ਵੈੱਬਲਿੰਕ ਦੇ ਅਧੀਨ: https://www.credif.in/disclosure-under-regulation-30-of-SEBI/2026-2027/july-september। 34ਵੀਂ ਏ ਜੀ ਐੱਮ ਦਾ ਨੋਟਿਸ ਐੱਨ ਐੱਸ ਡੀ ਐੱਲ ਦੀ ਵੈੱਬਸਾਈਟ ਯਾਨੀ ਕਿ ਈ-ਵੋਟਿੰਗ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਾਲੀ ਏਜੰਸੀ, www.evoting.nsdl.com 'ਤੇ ਅਤੇ ਐੱਮ ਐੱਸ ਈ ਲਿਮਟਿਡ ਦੀ ਵੈੱਬਸਾਈਟ https://www.msei.in 'ਤੇ ਵੀ ਪ੍ਰਦਰਸ਼ਿਤ ਕੀਤਾ ਗਿਆ ਹੈ। ਸ਼੍ਰੀਮਤੀ ਸਾਗਰਿਕਾ ਜੈਨੀ (ਐੱਮ. ਨੰ: 61678), ਪ੍ਰੈਕਟਿਸਿੰਗ ਕੰਪਨੀ ਸੈਕਟਰੀ ਨੂੰ ਸਕ੍ਰੂਟੀਨਾਈਜ਼ਰ ਵਜੋਂ ਨਿਯੁਕਤ ਕੀਤਾ ਗਿਆ ਹੈ, ਅਤੇ ਮੈਸਰਜ਼ ਮਹੇਸ਼ ਕੁਮਾਰ ਐਂਡ ਐਸੋਸੀਏਟਸ (ਫਰਮ ਰਜਿਸਟਰੇਸ਼ਨ ਨੰਬਰ ਐੱਸ 2016 ਪੀ ਬੀ 421400, ਪ੍ਰੈਕਟਿਸਿੰਗ ਕੰਪਨੀ ਸੈਕਟਰੀ, ਨੂੰ ਏ ਜੀ ਐੱਮ ਦੌਰਾਨ ਰਿਮੋਟ ਈ-ਵੋਟਿੰਗ ਅਤੇ ਈ-ਵੋਟਿੰਗ ਦੀ ਪ੍ਰਕਿਰਿਆ ਦੀ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਜਾਂਚ ਕਰਨ ਲਈ ਵਾਧੂ ਸਕ੍ਰੂਟੀਨਾਈਜ਼ਰ ਵਜੋਂ ਨਿਯੁਕਤ ਕੀਤਾ ਗਿਆ ਹੈ।

ਰਿਮੋਟ ਈ-ਵੋਟਿੰਗ ਅਤੇ ਏ ਜੀ ਐੱਮ ਵਿੱਚ ਈ-ਵੋਟਿੰਗ ਦੇ ਨਤੀਜੇ ਇਸ ਦੀ ਜਨਰਲ ਮੀਟਿੰਗ ਦੀ ਸਮਾਪਤੀ ਤੋਂ ਦੋ ਕੰਮਕਾਜੀ ਦਿਨਾਂ ਦੇ ਅੰਦਰ ਘੋਸ਼ਿਤ ਕੀਤੇ ਜਾਣਗੇ। ਘੋਸ਼ਿਤ ਨਤੀਜਾ, ਸੰਯੁਕਤ ਸਕ੍ਰੂਟੀਨਾਈਜ਼ਰ ਰਿਪੋਰਟ ਦੇ ਨਾਲ, ਨਤੀਜਾ ਘੋਸ਼ਿਤ ਹੋਣ ਤੋਂ ਤੁਰੰਤ ਬਾਅਦ ਕੰਪਨੀ ਦੀ ਵੈੱਬਸਾਈਟ https://www.credif.in ਅਤੇ ਐੱਨ ਐੱਸ ਡੀ ਐੱਲ ਦੀ ਵੈੱਬਸਾਈਟ (https://www.evotingindia.com) 'ਤੇ ਰੱਖਿਆ ਜਾਵੇਗਾ ਅਤੇ ਨਾਲ ਹੀ ਐੱਮ ਐੱਸ ਈ ਲਿਮਟਿਡ ਨੂੰ ਭੇਜਿਆ ਜਾਵੇਗਾ, ਜਿੱਥੇ ਕੰਪਨੀ ਦੇ ਸ਼ੇਅਰ ਸੂਚੀਬੱਧ ਹਨ। ਵੋਟਿੰਗ ਦਾ ਨਤੀਜਾ, ਮਤੇ ਦੇ ਹੱਕ ਵਿੱਚ ਅਤੇ ਵਿਰੁੱਧ ਪਾਈਆਂ ਗਈਆਂ ਵੋਟਾਂ ਦੀ ਗਿਣਤੀ, ਅਯੋਗ ਵੋਟਾਂ ਅਤੇ ਕੀ ਮਤਾ ਪਾਸ ਹੋਇਆ ਹੈ ਜਾਂ ਨਹੀਂ, ਦੇ ਵੇਰਵਿਆਂ ਦੇ ਨਾਲ, ਕੰਪਨੀ ਦੇ ਜਲੰਧਰ ਵਿਖੇ ਇਸਦੇ ਰਜਿਸਟਰਡ ਦਫ਼ਤਰ ਵਿਖੇ ਨੋਟਿਸ ਬੋਰਡ 'ਤੇ ਵੀ ਪ੍ਰਦਰਸ਼ਿਤ ਕੀਤਾ ਜਾਵੇਗਾ।

ਜੇਕਰ ਮੈਂਬਰਾਂ ਕੋਲ ਏ ਜੀ ਐੱਮ ਅਤੇ ਈ-ਵੋਟਿੰਗ ਸਿਸਟਮ ਵਿੱਚ ਸ਼ਾਮਲ ਹੋਣ ਸੰਬੰਧੀ ਕੋਈ ਸਵਾਲ ਜਾਂ ਸਮੱਸਿਆਵਾਂ ਹਨ, ਤਾਂ ਉਹ www.evoting.nsdl.com 'ਤੇ ਉਪਲਬਧ ਅਕਸਰ ਪੁੱਛੇ ਜਾਂਦੇ ਸਵਾਲ (ਐੱਫ ਏ ਕਿਊ ਐੱਸ) ਅਤੇ ਈ-ਵੋਟਿੰਗ ਮੈਨੂਅਲ ਦਾ ਹਵਾਲਾ ਦੇ ਸਕਦੇ ਹਨ। ਮੈਂਬਰ ਕੰਪਨੀ ਦੀ ਕੰਪਨੀ ਸਕੱਤਰ ਸ਼੍ਰੀਮਤੀ ਮਨਿਕਾ ਅਰੋੜਾ ਨਾਲ compliance@credif.in 'ਤੇ ਵੀ ਸੰਪਰਕ ਕਰ ਸਕਦੇ ਹਨ।

ਵਾਸਤੇ ਕ੍ਰੈਡੀਫਿਨ ਲਿਮਟਿਡ
(ਪਹਿਲਾਂ ਪੀ ਐਚ ਐਫ ਲੀਜ਼ਿੰਗ ਲਿਮਟਿਡ ਵਜੋਂ ਜਾਣਿਆ ਜਾਂਦਾ)
ਸਥਾਨ : ਜਲੰਧਰ — ਸਹੀ/-
ਮਿਤੀ : 7 ਜੁਲਾਈ, 2026 — ਮਨਿਕਾ ਅਰੋੜਾ
ਕੰਪਨੀ ਸਕੱਤਰ



**SBI STATE BANK OF INDIA**
RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

ਵਾਹਨਾਂ ਦੀ 24.07.2026 ਨੂੰ 11.00 ਵਜੇ ਸਵੇਰ ਤੋਂ ਸ਼ਾਮ 05.00 ਵਜੇ ਤੱਕ ਈ-ਨਿਲਾਮੀ ਰਾਹੀਂ ਵਿਕਰੀ ਲਈ ਜਨਤਕ ਨੋਟਿਸ
ਈ ਐੱਮ ਡੀ ਤੇ ਦਸਤਾਵੇਜ਼ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ ਤੇ ਸਮਾਂ 23.07.2026 ਨੂੰ 05.00 ਵਜੇ ਸ਼ਾਮ ਤੱਕ ਜਾਂ ਪਹਿਲਾਂ

ਹੇਠਾਂ ਦਿੱਤੇ ਗਾਹਕਾਂ ਤੋਂ ਬੈਂਕ ਦਾ ਕਰਜ਼ਾ, ਲਾਗਤ ਤੇ ਹੋਰ ਖਰਚੇ ਵਸੂਲਣ ਲਈ ਕੇ ਵਾਈ ਸੀ ਦਸਤਾਵੇਜ਼ ਜਿਵੇਂ ਕਿ ਉੱਪਰ ਵੇਰਵਾ ਦਿੱਤਾ ਹੈ, ਸਮੇਤ ਹੇਠਾਂ ਦਿੱਤੇ ਵਾਹਨਾਂ ਦੀ "ਜਿਵੇਂ ਹੈ ਜਿੱਥੇ ਹੈ" ਅਤੇ "ਜੋ ਵੀ ਹੈ" ਦੇ ਆਧਾਰ 'ਤੇ ਬੋਲੀ ਰਾਹੀਂ ਵਿਕਰੀ ਲਈ ਪੇਸ਼ਕਸ਼ਾਂ ਦੀ ਮੰਗ ਕੀਤੀ ਜਾਂਦੀ ਹੈ

**ਵਾਹਨਾਂ ਦਾ ਵੇਰਵਾ**

| ਕਰਜ਼ਦਾਰ ਦਾ ਨਾਂਅ | ਬਕਾਇਆ ਰਕਮ / ਕਬਜ਼ਾ ਮਿਤੀ | ਵਾਹਨਾਂ ਦਾ ਵੇਰਵਾ | ਰਾਖਵੀਂ ਕੀਮਤ / ਈ ਐੱਮ ਡੀ / ਬੋਲੀ ਵਾਧਾ ਰਕਮ | ਵਾਹਨ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|
| ਸਾਧਨਾ ਅਗਰਵਾਲ ਪਤਨੀ ਸ੍ਰੀ ਸੰਜੇ ਅਗਰਵਾਲ ਅਤੇ ਨਕੁਲ ਅਗਰਵਾਲ ਪੁੱਤਰ ਸ੍ਰੀ ਸੰਜੇ ਅਗਰਵਾਲ, 37-ਏ, ਜੋਤ ਇਨਕਲੇਵ, ਧਾਂਦਰਾ ਰੋਡ, ਮਾਨਕਵਾਲ, ਗਿੱਲ, ਲੁਧਿਆਣਾ | 23.06.2025 ਨੂੰ ਰੁਪਏ 22,19,876/- ਅਤੇ ਇਸ 'ਤੇ ਵਿਆਜ / 23.09.2025 | ਵਾਹਨ ਨੰ. ਪੀ ਬੀ 10 ਜੇ ਈ 3585 ਟਾਟਾ ਮਾਰਕਾ, ਮਾਡਲ ਸਫਾਰੀ ਐਕਸ ਜ਼ੈਡ ਏ+2.0 ਐੱਲ, ਕ੍ਰਿਸਟਲ ਡੀਜ਼ਲ ਇੰਜਣ ਬੀ ਐੱਸ 6 ਪੀ ਐੱਚ 2 ਡਾਰਕ ਓਬੇਰੋਨ, ਰੰਗ : ਕਾਲਾ, ਰਜਿਸਟਰੇਸ਼ਨ ਮਿਤੀ 30.08.2023 | Rs. 12,07,000/- / Rs. 1,20,700/- / Rs. 12,000 | 22.07.2026 10 AM To 05:00 PM | 24.07.2026 11 AM To 5:00 PM |

**ਇਹ ਇਸ਼ਤਿਹਾਰ ਉਕਤ ਕਰਜ਼ਦਾਰਾਂ ਤੇ ਗਰੰਟਰਾਂ ਲਈ 15 ਦਿਨਾਂ ਦਾ ਨੋਟਿਸ ਵੀ ਹੈ**

ਨਿਯਮ ਤੇ ਸ਼ਰਤਾਂ-ਇਹ ਈ ਨਿਲਾਮੀ "ਜਿਵੇਂ ਹੈ ਜਿੱਥੇ ਹੈ ਤੇ ਜੋ ਵੀ ਹੈ" ਅਤੇ ਬਿਨਾਂ ਬੈਂਕ ਦੇ ਰੀਕੋਰਸ" ਜੋ ਆਨ ਲਾਈਨ ਆਧਾਰ 'ਤੇ ਹੀ ਕੀਤੀ ਜਾਵੇਗੀ। ਨਿਲਾਮੀ ਬੈਂਕ ਦੇ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸਰਜ਼ ਐੱਸ ਆਈ ਐੱਸ ਐੱਲ ਪ੍ਰਾਈਵੇਟ ਇਨਫੋਟੈੱਕ ਪ੍ਰਾਈਵੇਟ ਲਿਮਟਿਡ, ਉਨ੍ਹਾਂ ਦੀ ਵੈੱਬ ਪੋਰਟਲ https://baanknet.com 'ਤੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਈ ਨਿਲਾਮੀ ਵੈੱਬਸਾਈਟ 'ਤੇ ਆਪਣੇ ਆਪ ਨੂੰ ਰਜਿਸਟਰਡ ਕਰਵਾਉਣਾ ਯਕੀਨੀ ਬਣਾਉਣਗੇ ਅਤੇ ਬਿਆਨਾ ਰਕਮ ਸਰਵਿਸ ਪ੍ਰੋਵਾਈਡਰ ਦੁਆਰਾ ਬਣਾਏ ਵਰਚੂਅਲ ਵਾਲੈੱਟ 'ਚ https://baanknet.com ਉੱਪਰ ਦਿੱਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਮ੍ਹਾਂ ਕਰਵਾਉਣਗੇ। ਈ ਨਿਲਾਮੀ ਟੈਂਡਰ ਦਸਤਾਵੇਜ਼, ਆਨ ਲਾਈਨ ਈ-ਨਿਲਾਮੀ ਬੋਲੀ ਫਾਰਮ, ਐਲਾਨਨਾਮਾ, ਆਮ ਨਿਯਮ ਤੇ ਸ਼ਰਤਾਂ (ਵੈੱਬਸਾਈਟ ਦੇ ਪਤੇ) ਵਿੱਚ ਉਪਲਬਧ ਹਨ। ਚਾਹਵਾਨ ਬੋਲੀਕਾਰ ਆਪਣਾ ਈ ਐੱਮ ਡੀ ਵੈੱਬ ਪੋਰਟਲ ਰਾਹੀਂ ਜਮ੍ਹਾਂ ਕਰਾ ਸਕਦੇ ਹਨ (ਯੂਜ਼ਰ ਆਈ ਡੀ ਤੇ ਪਾਸਵਰਡ ਥਰੂ ਲਾਗਇਨ ਆਈ ਡੀ ਅਤੇ ਪਾਸਵਰਡ 'ਤੇ ਦਰਜ ਕਰਵਾ ਕੇ ਬਿਨਾਂ ਲਾਗਤ ਪ੍ਰਾਪਤ ਕਰ ਸਕਦੇ ਹਨ) ਚਾਹਵਾਨ ਬੋਲੀਕਾਰ ਵਾਹਨਾਂ ਦੀ ਜਾਣਕਾਰੀ ਨਿਲਾਮੀ, ਦਾਅਵੇ/ਹੱਕ/ਬਕਾਇਆ ਸੰਬੰਧੀ ਆਪਣੇ ਤੌਰ 'ਤੇ ਬੋਲੀ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕਰ ਸਕਦੇ ਹਨ। ਈ-ਨਿਲਾਮੀ ਇਸ਼ਤਿਹਾਰ ਕਿਸੇ ਵਚਨਬੱਧਤਾ ਜਾਂ ਬੈਂਕ ਦੀ ਪ੍ਰਤੀਨਿਧਤਾ ਨਾਲ ਸੰਬੰਧ ਨਹੀਂ ਰੱਖਦਾ। ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਕਿਸੇ ਤੀਜੀ ਪਾਰਟੀ ਦੇ ਦਾਅਵੇ/ਹੱਕ/ਬਕਾਇਆ ਦੇ ਦਾਅਵੇ ਦਾ ਜ਼ਿੰਮੇਵਾਰ ਨਹੀਂ ਹੋਵੇਗਾ। ਵਿਕਰੀ ਬੈਂਕ ਦੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਹੋਵੇਗੀ। ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਵੈਬਸਾਈਟ https://baanknet.com 'ਤੇ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ।

**ਨੋਟ: ਅਧਿਕਾਰਤ ਅਫਸਰ ਕਿਸੇ ਵੀ ਉਚਤਮ ਪੇਸ਼ਕਸ਼ ਨੂੰ ਪ੍ਰਵਾਨ ਕਰਨ ਦਾ ਪਾਬੰਦ ਨਹੀਂ ਹੈ ਅਤੇ ਉਹ ਈ-ਨਿਲਾਮੀ ਨੂੰ ਬਿਨਾਂ ਕਿਸੇ ਕਾਰਨ ਕਿਸੇ ਪੇਸ਼ਕਸ਼/ਪੇਸ਼ਕਸ਼ਾਂ ਨੂੰ ਮਨਜ਼ੂਰ ਜਾਂ ਨਾ-ਮਨਜ਼ੂਰ ਕਰਨ ਜਾਂ ਈ-ਨਿਲਾਮੀ ਨੂੰ ਅੱਗੇ ਪਾਉਣ/ਮੁਲਤਵੀ ਕਰਨ/ਰੱਦ ਕਰਨ ਦਾ ਪੂਰਾ ਅਧਿਕਾਰ ਰੱਖਦਾ ਹੈ।**

ਮਿਤੀ : 06.07.2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ



**SBI STATE BANK OF INDIA**
RETAIL ASSETS CENTRAL PROCESSING CENTRE (05296), 1ST FLOOR, CIVIL LINES, FOUNTAIN CHOWK, LUDHIANA

ਸਰਫੇਸੀ ਐਕਟ, 2002 ਤਹਿਤ ਹਾਈਪੋਥੇਕੇਟਿਡ ਵਾਹਨ ਦੀ ਈ-ਨਿਲਾਮੀ/ਵਿਕਰੀ ਨੋਟਿਸ
ਵਾਹਨਾਂ ਦੀ 12.08.2026 ਨੂੰ 11.00 ਵਜੇ ਸਵੇਰ ਤੋਂ ਸ਼ਾਮ 05.00 ਵਜੇ ਤੱਕ ਈ-ਨਿਲਾਮੀ ਰਾਹੀਂ ਵਿਕਰੀ ਲਈ ਜਨਤਕ ਨੋਟਿਸ
ਈ ਐੱਮ ਡੀ ਤੇ ਦਸਤਾਵੇਜ਼ ਜਮ੍ਹਾਂ ਕਰਵਾਉਣ ਦੀ ਆਖਰੀ ਤਰੀਕ ਤੇ ਸਮਾਂ 11.08.2026 ਨੂੰ 05.00 ਵਜੇ ਸ਼ਾਮ ਤੱਕ ਜਾਂ ਪਹਿਲਾਂ

ਹੇਠਾਂ ਦਿੱਤੇ ਗਾਹਕਾਂ ਤੋਂ ਬੈਂਕ ਦਾ ਕਰਜ਼ਾ, ਲਾਗਤ ਤੇ ਹੋਰ ਖਰਚੇ ਵਸੂਲਣ ਲਈ ਕੇ ਵਾਈ ਸੀ ਦਸਤਾਵੇਜ਼ ਜਿਵੇਂ ਕਿ ਉੱਪਰ ਵੇਰਵਾ ਦਿੱਤਾ ਹੈ, ਸਮੇਤ ਹੇਠਾਂ ਦਿੱਤੇ ਵਾਹਨਾਂ ਦੀ "ਜਿਵੇਂ ਹੈ ਜਿੱਥੇ ਹੈ" ਅਤੇ "ਜੋ ਵੀ ਹੈ" ਦੇ ਆਧਾਰ 'ਤੇ ਬੋਲੀ ਰਾਹੀਂ ਵਿਕਰੀ ਲਈ ਪੇਸ਼ਕਸ਼ਾਂ ਦੀ ਮੰਗ ਕੀਤੀ ਜਾਂਦੀ ਹੈ

**ਵਾਹਨਾਂ ਦਾ ਵੇਰਵਾ**

| ਲੜੀ ਨੰ. | ਕਰਜ਼ਦਾਰ ਦਾ ਨਾਂਅ | ਬਕਾਇਆ ਰਕਮ / ਕਬਜ਼ੇ ਦੀ ਮਿਤੀ | ਵਾਹਨਾਂ ਦਾ ਵੇਰਵਾ | ਰਾਖਵੀਂ ਕੀਮਤ / ਈ ਐੱਮ ਡੀ / ਬੋਲੀ ਵਾਧਾ ਰਕਮ | ਵਾਹਨ ਦੇ ਨਿਰੀਖਣ ਦੀ ਮਿਤੀ ਅਤੇ ਸਮਾਂ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 1. | ਨਰਿੰਦਰ ਕੁਮਾਰ ਪੁੱਤਰ ਸ੍ਰੀ ਮੁਲਖ ਰਾਜ ਭਾਟੀਆ # ਮਕਾਨ ਨੰ. 37, ਗਲੀ ਨੰ. 3, ਬਸੰਤ ਐਵੇਨਿਊ, ਸ਼ਹੀਦ ਬਾਬਾ ਦੀਪ ਸਿੰਘ ਨਗਰ, ਧਾਂਦਰਾ ਰੋਡ, ਦੁੱਗਰੀ, ਲੁਧਿਆਣਾ | 22.06.2025 ਨੂੰ ਰੁਪਏ 5,08,0008/- ਅਤੇ ਇਸ 'ਤੇ ਵਿਆਜ / 16.06.2026 | ਸ੍ਰੀ ਨਰਿੰਦਰ ਕੁਮਾਰ ਪੁੱਤਰ ਸ੍ਰੀ ਮੁਲਖ ਰਾਜ ਭਾਟੀਆ ਦੇ ਨਾਂਅ ਰਜਿਸਟਰਡ ਕਾਰ ਟਾਟਾ ਟੀਆਗੋ ਐਕਸ ਟੀ 1.2 ਆਰ ਟੀ ਐੱਨ, ਬੀ ਐੱਸ 6 ਪੀ ਐੱਚ 2, ਰਜਿਸਟਰੇਸ਼ਨ ਨੰ. ਪੀ ਬੀ 10 ਜੇ ਜੇ 7626 ਮਿਤੀ 14/02/2024 | Rs. 3,83,000/- / Rs. 38,300/- / Rs. 4,000 | 10.08.2026 10 AM To 5:00 PM | 12.08.2026 11 AM To 5:00 PM |
| 2. | ਸੁਨੀਲ ਕੁਮਾਰ ਪੁੱਤਰ ਸ੍ਰੀ ਮਹਿੰਦਰ ਪਾਲ # ਮਕਾਨ ਨੰ. 5566, ਗਲੀ ਨੰ. 13, ਡਾਬਾ ਕਾਲੋਨੀ, ਸ਼ਿਮਲਾਪੁਰੀ, ਨੇੜੇ ਵਾਲਮੀਕੀ ਮੰਦਰ, ਲੁਧਿਆਣਾ। | 16.06.2026 ਨੂੰ ਰੁਪਏ 9,58,680/- ਅਤੇ ਇਸ 'ਤੇ ਹੋਰ ਵਿਆਜ / 25.05.2026 | ਸੁਨੀਲ ਕੁਮਾਰ ਪੁੱਤਰ ਸ੍ਰੀ ਮਹਿੰਦਰ ਪਾਲ ਦੇ ਨਾਂਅ ਰਜਿਸਟਰਡ ਕਾਰ ਟਾਟਾ ਨੈਕਸਨ ਪਿਓਰ+ਐੱਸ ਪੀ ਐੱਮ ਟੀ, ਰਜਿਸਟਰੇਸ਼ਨ ਨੰ. ਪੀ ਬੀ 10 ਕੇ ਸੀ 2940 ਮਿਤੀ 13/08/2025 | Rs. 6,00,000/- / Rs. 60,0000/- / Rs. 6,000/- | 10.08.2026 10 AM To 5:00 PM | 12.08.2026 11 AM To 5:00 PM |

**ਇਹ ਇਸ਼ਤਿਹਾਰ ਉਕਤ ਕਰਜ਼ਦਾਰਾਂ ਤੇ ਗਰੰਟਰਾਂ ਲਈ 30 ਦਿਨਾਂ ਦਾ ਨੋਟਿਸ ਵੀ ਹੈ**

ਨਿਯਮ ਤੇ ਸ਼ਰਤਾਂ-ਇਹ ਈ ਨਿਲਾਮੀ "ਜਿਵੇਂ ਹੈ ਜਿੱਥੇ ਹੈ ਤੇ ਜੋ ਵੀ ਹੈ ਅਧਾਰ ਅਤੇ ਬਿਨਾਂ ਬੈਂਕ ਦੇ ਰੀਕੋਰਸ" ਜੋ ਆਨ ਲਾਈਨ ਆਧਾਰ 'ਤੇ ਹੀ ਕੀਤੀ ਜਾਵੇਗੀ। ਨਿਲਾਮੀ ਬੈਂਕ ਦੇ ਪ੍ਰਵਾਨਿਤ ਸਰਵਿਸ ਪ੍ਰੋਵਾਈਡਰ ਮੈਸਰਜ਼ ਐੱਸ ਆਈ ਐੱਸ ਐੱਲ ਪ੍ਰਾਈਵੇਟ ਇਨਫੋਟੈੱਕ ਪ੍ਰਾਈਵੇਟ ਲਿਮਟਿਡ, ਉਨ੍ਹਾਂ ਦੀ ਵੈੱਬ ਪੋਰਟਲ https://baanknet.com 'ਤੇ ਕੀਤੀ ਜਾਵੇਗੀ। ਚਾਹਵਾਨ ਬੋਲੀਕਾਰ ਈ ਨਿਲਾਮੀ ਵੈੱਬਸਾਈਟ 'ਤੇ ਆਪਣੇ ਆਪ ਨੂੰ ਰਜਿਸਟਰਡ ਕਰਵਾਉਣਾ ਯਕੀਨੀ ਬਣਾਉਣਗੇ ਅਤੇ ਬਿਆਨਾ ਰਕਮ ਸਰਵਿਸ ਪ੍ਰੋਵਾਈਡਰ ਦੁਆਰਾ ਬਣਾਏ ਵਰਚੂਅਲ ਵਾਲੈੱਟ 'ਚ https://baanknet.com ਉੱਪਰ ਦਿੱਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਮ੍ਹਾਂ ਕਰਵਾਉਣਗੇ। ਈ ਨਿਲਾਮੀ ਟੈਂਡਰ ਦਸਤਾਵੇਜ਼, ਆਨ ਲਾਈਨ ਈ-ਨਿਲਾਮੀ ਬੋਲੀ ਫਾਰਮ, ਐਲਾਨਨਾਮਾ, ਆਮ ਨਿਯਮ ਤੇ ਸ਼ਰਤਾਂ (ਵੈੱਬਸਾਈਟ ਦੇ ਪਤੇ) ਵਿੱਚ ਉਪਲਬਧ ਹਨ। ਚਾਹਵਾਨ ਬੋਲੀਕਾਰ ਆਪਣਾ ਈ ਐੱਮ ਡੀ ਵੈੱਬ ਪੋਰਟਲ ਰਾਹੀਂ ਜਮ੍ਹਾਂ ਕਰਾ ਸਕਦੇ ਹਨ (ਯੂਜ਼ਰ ਆਈ ਡੀ ਤੇ ਪਾਸਵਰਡ ਥਰੂ ਲਾਗਇਨ ਆਈ ਡੀ ਅਤੇ ਪਾਸਵਰਡ 'ਤੇ ਦਰਜ ਕਰਵਾ ਕੇ ਬਿਨਾਂ ਲਾਗਤ ਪ੍ਰਾਪਤ ਕਰ ਸਕਦੇ ਹਨ) ਚਾਹਵਾਨ ਬੋਲੀਕਾਰ ਵਾਹਨਾਂ ਦੀ ਜਾਣਕਾਰੀ ਨਿਲਾਮੀ, ਦਾਅਵੇ/ਹੱਕ/ਬਕਾਇਆ ਸੰਬੰਧੀ ਆਪਣੇ ਤੌਰ 'ਤੇ ਬੋਲੀ ਜਮ੍ਹਾਂ ਕਰਵਾਉਣ ਤੋਂ ਪਹਿਲਾਂ ਕਰ ਸਕਦੇ ਹਨ। ਈ-ਨਿਲਾਮੀ ਇਸ਼ਤਿਹਾਰ ਕਿਸੇ ਵਚਨਬੱਧਤਾ ਜਾਂ ਬੈਂਕ ਦੀ ਪ੍ਰਤੀਨਿਧਤਾ ਨਾਲ ਸੰਬੰਧ ਨਹੀਂ ਰੱਖਦਾ। ਅਧਿਕਾਰਤ ਅਫਸਰ/ਸਕਿਉਰਡ ਕ੍ਰੈਡਿਟਰ ਕਿਸੇ ਤੀਜੀ ਪਾਰਟੀ ਦੇ ਦਾਅਵੇ/ਹੱਕ/ਬਕਾਇਆ ਦੇ ਦਾਅਵੇ ਦਾ ਜ਼ਿੰਮੇਵਾਰ ਨਹੀਂ ਹੋਵੇਗਾ। ਵਿਕਰੀ ਬੈਂਕ ਦੇ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਹੋਵੇਗੀ। ਈ-ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਵੈਬਸਾਈਟ https://baanknet.com 'ਤੇ ਪ੍ਰਕਾਸ਼ਿਤ ਕੀਤੀਆਂ ਗਈਆਂ ਹਨ।

**ਨੋਟ: ਅਧਿਕਾਰਤ ਅਫਸਰ ਕਿਸੇ ਵੀ ਉਚਤਮ ਪੇਸ਼ਕਸ਼ (ਪੇਸ਼ਕਸ਼ਾਂ) ਨੂੰ ਪ੍ਰਵਾਨ ਕਰਨ ਦਾ ਪਾਬੰਦ ਨਹੀਂ ਹੈ ਅਤੇ ਉਹ ਈ-ਨਿਲਾਮੀ ਨੂੰ ਬਿਨਾਂ ਕਿਸੇ ਕਾਰਨ ਕਿਸੇ ਪੇਸ਼ਕਸ਼/ਪੇਸ਼ਕਸ਼ਾਂ ਨੂੰ ਮਨਜ਼ੂਰ ਜਾਂ ਨਾ-ਮਨਜ਼ੂਰ ਕਰਨ ਜਾਂ ਈ-ਨਿਲਾਮੀ ਨੂੰ ਅੱਗੇ ਪਾਉਣ/ਮੁਲਤਵੀ ਕਰਨ/ਰੱਦ ਕਰਨ ਦਾ ਪੂਰਾ ਅਧਿਕਾਰ ਰੱਖਦਾ ਹੈ।**

ਮਿਤੀ : 06.07.2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ



**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਜਾਇਦਾਦ ਵਿਕਰੀ ਨੋਟਿਸ**

ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮ: ਦੇ ਅਧਿਕਾਰਤ ਅਫਸਰ ਵਜੋਂ ਹੇਠ ਦਰਸਾਈਆਂ ਜਾਇਦਾਦਾਂ ਦਾ ਸਰਫੇਸੀ ਐਕਟ ਦੇ ਸੈਕਸ਼ਨ 13 (4) ਅਧੀਨ ਕਬਜ਼ਾ ਲੈ ਲਿਆ ਹੈ।
ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਐੱਨ ਪੀ ਏ ਖਾਤਿਆਂ ਵਿਰੁੱਧ ਬਕਾਇਆ ਖੜੀ ਰਕਮ ਜਮ੍ਹਾਂ ਭਵਿੱਖੀ ਵਿਆਜ ਅਤੇ ਹੋਰ ਚਾਰਜਿਜ਼ ਦੀ ਵਸੂਲੀ ਲਈ ਬੈਂਕ ਵੱਲੋਂ 27.07.2026 ਨੂੰ ਵਿਕਰੀ ਕੀਤੀ ਜਾਵੇਗੀ।

| | |
|---|---|
| ਖਾਤੇ ਦਾ ਨਾਂਅ | • ਮੈਸ. ਪ੍ਰਸਨੈਲਿਟੀ ਗਾਰਮੈਂਟਸ, 375 ਵਿਖੇ ਸਥਿਤ, ਅਕਾਲ ਮਾਰਕਿਟ ਲੁਧਿਆਣਾ ਰਾਹੀਂ ਇਸ ਦੇ ਮਾਲਕ ਸ੍ਰੀ ਜੋਗਿੰਦਰ ਪਾਲ। • ਸ੍ਰੀ ਜੋਗਿੰਦਰ ਪਾਲ ਪੁੱਤਰ ਸ੍ਰੀ ਸਰੂਪ ਲਾਲ ਵਾਸੀ ਮਕਾਨ ਨੰ. 20, ਫੇਜ਼-5, ਅਮਨ ਪਾਰਕ, ਬਰੀਕੇ ਰੋਡ, ਲੁਧਿਆਣਾ, ਪੰਜਾਬ-141001 (ਕਰਜ਼ਦਾਰ) • ਸ੍ਰੀਮਤੀ ਜਿਓਤੀ ਬਾਂਸਲ ਪਤਨੀ ਸ੍ਰੀ ਜੋਗਿੰਦਰ ਪਾਲ, ਮਕਾਨ ਨੰ. 20, ਫੇਜ਼-5, ਅਮਨ ਪਾਰਕ, ਬਰੀਕੇ ਰੋਡ, ਲੁਧਿਆਣਾ, ਪੰਜਾਬ-141001 • ਸ੍ਰੀ ਤੀਰਥ ਰਾਜ ਪੁੱਤਰ ਸ੍ਰੀ ਸਰੂਪ ਲਾਲ ਵਾਸੀ ਮਕਾਨ ਨੰ. 20, ਫੇਜ਼-5, ਅਮਨ ਪਾਰਕ, ਬਰੀਕੇ ਰੋਡ, ਲੁਧਿਆਣਾ, ਪੰਜਾਬ-141001 (ਗਰੰਟਰ) |
| ਬਕਾਇਆ ਰਾਸ਼ੀ OD/090400000003 WCTL-ECLGS-1/ 090612000031 WCTL-ECLGS-2/ 090612000047 | Rs. 33,87,264/- Rs. 5,17,802/- Rs. 2,77,724/- (ਅਤੇ ਮਿਤੀ 01.07.2026 ਤੋਂ ਲਾਗੂ ਭਵਿਖੀ ਵਿਆਜ) |
| ਜਾਇਦਾਦ ਦਾ ਵੇਰਵਾ | ਬੈਨਾਮਾ ਦਸਤਾਵੇਜ਼ ਨੰ. 21240 ਮਿਤੀ 15.03.2007 ਅਨੁਸਾਰ ਸ੍ਰੀ ਜੋਗਿੰਦਰ ਪਾਲ ਪੁੱਤਰ ਸ੍ਰੀ ਸਰੂਪ ਲਾਲ ਦੀ ਮਲਕੀਅਤ ਅਚੱਲ ਜਾਇਦਾਦ ਰਕਬਾ 180 ਵਰਗ ਗਜ਼, ਪਿੰਡ ਤਰਫ਼ ਸੈਦਾਂ ਵਿਖੇ ਸਥਿਤ, ਹੱਦਬਸਤ ਨੰ. 172, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। |
| ਰਾਖਵੀਂ ਕੀਮਤ | ਰੁ. 23 ਲੱਖ ( ਤੇਈ ਲੱਖ ਰੁਪਏ ਕੇਵਲ) |
| ਈ ਐੱਮ ਡੀ (ਬਿਆਨਾ ਰਕਮ) | ਕੁੱਲ ਈ ਐੱਮ ਡੀ (ਬਿਆਨਾ ਰਕਮ) ਰਾਖਵੀਂ ਕੀਮਤ ਦਾ 25 ਫੀਸਦੀ ਹੈ, ਜੋ ਸਫਲ ਬੋਲੀਕਾਰ ਵੱਲੋਂ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਮਿਤੀ 27-07-2026 ਨੂੰ ਅਦਾ ਕੀਤਾ ਜਾਵੇਗਾ। ਟੈਂਡਰ ਫਾਰਮ ਅਤੇ ਈ ਐੱਮ ਡੀ, ਅਧਿਕਾਰਤ ਅਫਸਰ, ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ : ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ, ਜਲੰਧਰ ਨੂੰ ਭੇਜੇ ਜਾਣ। |

ਬੈਂਕ ਦੀ ਜਾਣਕਾਰੀ 'ਚ ਜੋਖਮ : ਕੋਈ ਨਹੀਂ। ਜਾਇਦਾਦ ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ ਅਧਾਰ" 'ਤੇ ਕੀਤੀ ਜਾਵੇਗੀ। ਟੈਂਡਰ ਸਮੇਤ ਰਾਖਵੀਂ ਕੀਮਤ ਦੀ ਕੁੱਲ 25 ਫੀਸਦੀ ਈ ਐੱਮ ਡੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੇ ਹੱਕ 'ਚ ਡਿਮਾਂਡ ਡਰਾਫਟ ਰਾਹੀਂ ਜਲੰਧਰ ਵਿਖੇ ਅਦਾਇਗੀਯੋਗ ਪ੍ਰਾਪਤ ਕਰਨ ਦੀ ਅੰਤਮ ਮਿਤੀ/ਸਮਾਂ 27.07.2026 ਸਵੇਰੇ 11.00 ਵਜੇ ਤੱਕ ਹੈ। ਟੈਂਡਰ ਉਕਤ ਮਿਤੀ ਤੋਂ ਸਵੇਰੇ 11.00 ਵਜੇ ਤੋਂ ਬਾਅਦ ਮੁੱਖ ਦਫਤਰ ਮਿਡਾਸ ਕਾਰਪੋਰੇਟ ਪਾਰਕ, ਤੀਜੀ ਮੰਜ਼ਲ, 37 ਜੀ ਟੀ ਰੋਡ ਜਲੰਧਰ ਵਿਖੇ ਸਾਰੇ ਪੇਸ਼ਕਰਤਾਵਾਂ/ਉਨ੍ਹਾਂ ਦੇ ਅਧਿਕਾਰਤ ਪ੍ਰਤੀਨਿਧੀਆਂ ਦੀ ਹਾਜ਼ਰੀ 'ਚ ਖੋਲ੍ਹੇ ਜਾਣਗੇ ਅਤੇ ਵਿਚਾਰੇ ਜਾਣਗੇ। ਟੈਂਡਰ ਫਾਰਮ ਸਮੇਤ ਵਿਕਰੀ ਦੀਆਂ ਸ਼ਰਤਾਂ ਦੇ ਵੇਰਵੇ ਅਤੇ ਜਾਇਦਾਦ ਦੇ ਨਿਰੀਖਣ ਲਈ ਕਿਰਪਾ ਕਰਕੇ ਸ਼ਾਖਾ ਦਫਤਰ ਮੇਹਨਬਾਨ ਨਾਲ ਸੰਪਰਕ ਕੀਤਾ ਜਾਵੇ। ਵਿਕਰੀ, ਸਕਿਉਰਿਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਦੇ ਰੂਲਜ਼/ਸ਼ਰਤਾਂ ਤਹਿਤ ਕੀਤੀ ਜਾਵੇਗੀ। ਅਧਿਕਾਰਤ ਅਫਸਰ ਨੂੰ ਬਿਨਾਂ ਕੋਈ ਕਾਰਨ ਦੱਸੇ ਵਿਕਰੀ ਦੀ ਪੁਸ਼ਟੀ ਤੋਂ ਪਹਿਲਾਂ ਸ਼ਰਤਾਂ ਅਤੇ ਨਿਯਮ ਕਿਸੇ ਸਮੇਂ ਵੀ ਰੱਦ/ਮੁਲਤਵੀ/ਅਣਮਿੱਥੇ ਸਮੇਂ ਲਈ ਅੱਗੇ ਪਾਉਣ/ ਤਬਦੀਲ ਕਰਨ ਦਾ ਅਧਿਕਾਰ ਪ੍ਰਾਪਤ ਹੈ।

ਮਿਤੀ : 06.07.2026 — ਅਧਿਕਾਰਤ ਅਫਸਰ

# ਲੁੱਟ-ਖੋਹ ਕਰਨ ਵਾਲੇ 3 ਮੁਲਜ਼ਮ ਗ੍ਰਿਫ਼ਤਾਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਜ਼ਿਲ੍ਹਾ ਰੂਪਨਗਰ ਦੇ ਸੀਨੀਅਰ ਕਪਤਾਨ ਪੁਲਸ ਮਨਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ.ਐਸ.ਪੀ. ਗੁਰਜੀਤ ਸਿੰਘ ਦੀ ਰਹਿਨੁਮਾਈ ਹੇਠ ਪੁਲਸ ਥਾਣਾ ਸਿਟੀ ਮੋਰਿੰਡਾ ਵੱਲੋਂ ਲੁੱਟਾਂ-ਖੋਹਾਂ ਕਰਨ ਵਾਲੇ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਪੁਲਸ ਨੇ ਲੁੱਟ-ਖੋਹ ਦੇ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਕਾਬੂ ਕਰਕੇ ਇੱਕ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਸਿਟੀ ਥਾਣਾ ਮੋਰਿੰਡਾ ਦੇ ਐਸ ਐਚ ਓ ਇੰਸਪੈਕਟਰ ਗਗਨਦੀਪ ਸਿੰਘ ਵੱਲੋਂ ਜਾਰੀ ਪ੍ਰੈਸ ਨੋਟ ਅਨੁਸਾਰ 3 ਜੁਲਾਈ ਨੂੰ ਪਿੰਡ ਕਜੌਲੀ ਭਾਖੜਾ ਨਹਿਰ ਦੀ ਪਟੜੀ 'ਤੇ ਸੂਏ ਤੋਂ 700-800 ਗਜ਼ ਅੱਗੇ ਦੁਰਗੇਸ਼ ਕੁਮਾਰ ਅਤੇ ਗੌਰਵ (ਵਾਸੀਆਨ ਮੋਹਾਲੀ) ਸਮੇਤ ਹੋਰ ਵਿਅਕਤੀ ਨਹਾ ਰਹੇ ਸਨ। ਇਸੇ ਦੌਰਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਤਿੰਨ ਨਾ-ਮਾਲੂਮ ਵਿਅਕਤੀਆਂ ਨੇ ਕਿਰਚ (ਤੇਜ਼ਧਾਰ ਹਥਿਆਰ) ਦਿਖਾ ਕੇ ਦੁਰਗੇਸ਼ ਕੁਮਾਰ ਅਤੇ ਗੌਰਵ ਕੋਲੋਂ ਇੱਕ ਚਾਂਦੀ ਦੀ ਚੈਨੀ, ਇੱਕ ਮੋਬਾਇਲ ਫ਼ੋਨ ਅਤੇ 10,000 ਰੁਪਏ ਨਕਦ ਖੋਹ ਲਏ ਅਤੇ ਮੌਕੇ ਤੋਂ ਫ਼ਰਾਰ ਹੋ ਗਏ। ਜਿਸ ਉਪਰੰਤ ਪੀੜਤਾਂ ਨੇ ਥਾਣੇ ਪਹੁੰਚ ਕੇ ਆਪਣੇ ਬਿਆਨ ਦਰਜ ਕਰਵਾਏ ਸਨ।ਜਿਸ ਉਪਰੰਤ ਪੁਲਸ ਨੇ ਐਸ ਐਚ ਓ ਇੰਸਪੈਕਟਰ ਗਗਨਦੀਪ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਥਾਣਾ ਸਿਟੀ ਮੋਰਿੰਡਾ ਵਿਖੇ ਮਾਮਲਾ ਦਰਜ ਕਰਕੇ ਪੁਲਸ ਨੇ ਖੁਫ਼ੀਆ ਸੋਰਸਾਂ ਅਤੇ ਤਫ਼ਤੀਸ਼ ਦੇ ਆਧਾਰ 'ਤੇ ਤਿੰਨਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ। ਉਹਨਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਕਰਨ ਕੁਮਾਰ ਪੁੱਤਰ ਭੋਲਾ ਰਾਮ ਵਾਸੀ ਬਲਦੇਵ ਨਗਰ ਮੋਰਿੰਡਾ ਰਾਹੁਲ ਪੁੱਤਰ ਵਿਜੈ ਕੁਮਾਰ ਵਾਸੀ ਵਾਰਡ ਨੰਬਰ 10, ਨਗਰ ਮੁਹੱਲਾ ਮੋਰਿੰਡਾ ਅਤੇ ਜਸ਼ਨਦੀਪ ਸਿੰਘ ਉਰਫ਼ ਚੋਬਰ ਪੁੱਤਰ ਬਲਵੀਰ ਸਿੰਘ ਵਾਸੀ ਪਾਲਮ ਇਨਕਲੇਵ ਮੋਰਿੰਡਾ ਵਜੋਂ ਹੋਈ ਹੈ। ਉਹਨਾਂ ਦੱਸਿਆ ਕਿ ਪੁਲਸ ਵੱਲੋਂ ਫੜੇ ਗਏ ਮੁਲਜ਼ਮਾਂ ਕੋਲੋਂ ਖੋਹਿਆ ਹੋਇਆ ਸਾਮਾਨ ਇੱਕ ਚਾਂਦੀ ਦੀ ਚੈਨੀ, ਇੱਕ ਮੋਬਾਇਲ ਫ਼ੋਨ ਅਤੇ 7,000 ਰੁਪਏ ਦੀ ਨਕਦੀ, ਵਾਰਦਾਤ ਵੇਲੇ ਵਰਤਿਆ ਗਿਆ ਮੋਟਰਸਾਈਕਲ ਅਤੇ ਹਥਿਆਰ (ਕਿਰਚ) ਬਰਾਮਦ ਕਰ ਲਿਆ ਗਿਆ ਹੈ।ਇੰਸਪੈਕਟਰ ਗਗਨਦੀਪ ਸਿੰਘ ਅਨੁਸਾਰ ਪੁਲਸ ਵੱਲੋਂ ਮੁਲਜ਼ਮਾਂ ਨੂੰ ਰੂਪਨਗਰ ਦੀ ਅਦਾਲਤ ਵਿਖੇ ਪੇਸ਼ ਕਰਕੇ ਉਨ੍ਹਾਂ ਦਾ ਪੁਲਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ, ਤਾਂ ਜੋ ਪੁੱਛਗਿੱਛ ਦੌਰਾਨ ਉਨ੍ਹਾਂ ਵੱਲੋਂ ਕੀਤੀਆਂ ਗਈਆਂ ਹੋਰ ਲੁੱਟਾਂ-ਖੋਹਾਂ ਬਾਰੇ ਪਤਾ ਲਗਾਇਆ ਜਾ ਸਕੇ। ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਨਸ਼ਾ ਤਸਕਰੀ ਦੇ ਹੋਰ ਲਿੰਕਾਂ ਦਾ ਵੀ ਪਤਾ ਲਗਾਇਆ ਜਾ ਸਕੇ।



# ਐੱਲ ਪੀ ਯੂ 'ਚ ਕਾਰੋਬਾਰ ਤੇ ਵਣਜ ਕੈਰੀਅਰ ਦੇ ਅਨੁਸਾਰ ਬੀ ਬੀ ਏ ਤੇ ਬੀ ਕਾਮ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)**- ਜਿਵੇਂ ਕਿ ਡਿਜੀਟਲ ਫਾਈਨੈਂਸ, ਆਰਟੀਫੀਸ਼ੀਅਲ ਇੰਟੈਲੀਜੈਂਸ, ਅਤੇ ਗਲੋਬਲ ਵਪਾਰ ਵਿੱਚ ਤਰੱਕੀ ਦੇ ਨਾਲ ਕਾਰੋਬਾਰ ਬਦਲਦੇ ਹਨ, ਉਸੀ ਤਰ੍ਹਾਂ ਸਹੀ ਹੁਨਰ ਅਤੇ ਵਿਹਾਰਕ ਗਿਆਨ ਵਾਲੇ ਗ੍ਰੈਜੂਏਟਾਂ ਦੀ ਮੰਗ ਵੀ ਤੇਜ਼ੀ ਨਾਲ ਵੱਧ ਰਹੀ ਹੈ। ਇਹਨਾਂ ਬਦਲਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਆਪਣੇ ਮਿੱਤਲ ਸਕੂਲ ਆਫ਼ ਬਿਜ਼ਨਸ ਰਾਹੀਂ ਬੀ ਬੀ ਏ ਅਤੇ ਬੀ ਕਾਮ ਪ੍ਰੋਗਰਾਮ ਪੇਸ਼ ਕਰਦੀ ਹੈ। ਕਲਾਸਰੂਮ ਸਿਖਲਾਈ ਅਤੇ ਪੇਸ਼ੇਵਰ ਉਮੀਦਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ, ਐਲਪੀਯੂ ਦੇ ਬੀਬੀਏ ਅਤੇ ਬੀ.ਕਾਮ ਪ੍ਰੋਗਰਾਮ ਅਕਾਦਮਿਕ ਸਿਖਲਾਈ ਨੂੰ ਵਿਹਾਰਕ ਅਨੁਭਵ ਨਾਲ ਜੋੜਦੇ ਹਨ। ਇਸ ਵਿੱਚ ਲਾਈਵ ਪ੍ਰੋਜੈਕਟ, ਇੰਟਰਨਸ਼ਿਪ, ਉਦਯੋਗ ਭਾਈਵਾਲੀ, ਵਰਕਸ਼ਾਪਾਂ, ਹੈਕਾਥਨ, ਗੈਸਟ ਲੈਕਚਰ, ਪੇਸ਼ੇਵਰ ਪ੍ਰਮਾਣੀਕਰਣ, ਐਮ ਓ ਓ ਸੀ, ਅੰਡਰਗ੍ਰੈਜੂਏਟ ਖੋਜ, ਇਨਕਿਊਬੇਸ਼ਨ ਪ੍ਰੋਜੈਕਟ, ਵਿਦਿਅਕ ਦੌਰੇ, ਵਿਦੇਸ਼ਾਂ ਵਿੱਚ ਪੜ੍ਹਾਈ ਦੇ ਮੌਕੇ, ਅਤੇ ਲਾਈਵ ਸਟਾਕ ਵਪਾਰ, ਡ੍ਰੌਪ ਸ਼ਿਪਿੰਗ ਪ੍ਰੋਜੈਕਟਾਂ ਅਤੇ ਅਸਲ-ਸੰਸਾਰ ਵਪਾਰਕ ਸਮੱਸਿਆਵਾਂ ਨੂੰ ਹੱਲ ਕਰਨ ਵਰਗੀਆਂ ਗਤੀਵਿਧੀਆਂ ਰਾਹੀਂ ਵਿਹਾਰਕ ਸਿਖਲਾਈ ਸ਼ਾਮਲ ਹੈ। ਐੱਲ ਪੀ ਯੂ ਦੇ ਬੀ ਕਾਮ ਪ੍ਰੋਗਰਾਮ ਉਦਯੋਗ-ਵਿਸ਼ੇਸ਼ ਵਿਸ਼ੇਸ਼ਤਾਵਾਂ ਅਤੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਪੇਸ਼ੇਵਰ ਮਾਰਗਾਂ ਦੇ ਨਾਲ-ਨਾਲ ਵਣਜ, ਲੇਖਾਕਾਰੀ, ਵਿੱਤ, ਟੈਕਸੇਸ਼ਨ ਅਤੇ ਕਾਰੋਬਾਰ ਪ੍ਰਬੰਧਨ ਵਿੱਚ ਇੱਕ ਮਜ਼ਬੂਤ ਨੀਂਹ ਪ੍ਰਦਾਨ ਕਰਦੇ ਹਨ।



# ਅਮਰਜੀਤ ਸਿੰਘ ਨਿੱਕਾ ਜਨਰਲ ਸਕੱਤਰ ਨਿਯੁਕਤ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸਰਦਾਰ ਸਿਮਰਨਜੀਤ ਸਿੰਘ ਮਾਨ ਪਿਛਲੇ 42 ਸਾਲਾਂ ਤੋਂ ਲਗਾਤਾਰ ਸੰਘਰਸ਼ ਕਰ ਰਹੇ ਹਨ ਅਤੇ 2027 ਦੀਆਂ ਚੋਣਾਂ ਨੂੰ ਲੈ ਕੇ ਨੌਜਵਾਨਾਂ ਨੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅਤੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੀ ਅਗਵਾਈ ਹੇਠ ਲਗਾਤਾਰ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ ਤੇ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵੱਡੀ ਪੱਧਰ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨਾਲ ਜੁੜ ਕੇ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰਨਾ ਚਾਹੁੰਦੇ ਹਨ ਜਿਸ ਤਹਿਤ ਪਾਰਟੀ ਦੇ ਦੁਆਬਾ ਇੰਚਾਰਜ ਤੇ ਜਨਰਲ ਸਕੱਤਰ ਡਾਕਟਰ ਹਰਜਿੰਦਰ ਸਿੰਘ ਜੱਖੂ, ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਹਰਵਿੰਦਰ ਸਿੰਘ ਹੀਰਾ ਹਲਕਾ ਇੰਚਾਰਜ ਸ਼ਾਮ 84 ਨੇ ਪਾਰਟੀ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰਨ ਵਾਲੇ ਨੌਜਵਾਨ ਅਮਰਜੀਤ ਸਿੰਘ ਨਿੱਕਾ ਨੂੰ ਜਨਰਲ ਸਕੱਤਰ ਸ਼ਹਿਰੀ ਯੂਥ ਵਿੰਗ ਨਿਯੁਕਤ ਕੀਤਾ ਗਿਆ। ਇਸ ਸਮੇ ਅਮਰਜੀਤ ਸਿੰਘ ਨਿੱਕਾ ਨੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੁਆਬਾ ਇੰਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ, ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ, ਜ਼ਿਲ੍ਹਾ ਜਥੇਬੰਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਜਿਹੜੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਹ ਤਨ ਮਨ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਨਹੀਂ ਸਰਬੱਤ ਦੇ ਭਲੇ ਲਈ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਸਖਤ ਮਿਹਨਤ ਕਰਨਗੇ। ਪਾਰਟੀ ਲਈ ਸਖਤ ਮਿਹਨਤ ਕਰਨ ਵਾਲੇ ਨੌਜਵਾਨ ਅਮਰਜੀਤ ਸਿੰਘ ਨਿੱਕਾ ਦੀ ਨਿਯੁਕਤੀ ਦਾ ਗੁਰਦੀਪ ਸਿੰਘ ਖੁਣ ਖੁਣ ਸੰਦੀਪ ਸਿੰਘ ਖਾਲਸਾ ਟਾਂਡਾ, ਪਰਮਿੰਦਰ ਸਿੰਘ ਮਕੇਰੀਆਂ, ਕੁਲਬੀਰ ਸਿੰਘ ਮੌਜੀਪੁਰ, ਪਰਮਜੀਤ ਸਿੰਘ ਮਿੰਟੂ, ਓਂਕਾਰ ਸਿੰਘ ਜੋਹਲ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ, ਪ੍ਰਿਤਪਾਲ ਸਿੰਘ ਮੁਰਾਦਪੁਰ, ਸੁਖਵਿੰਦਰ ਸਿੰਘ ਸਾਬੀ, ਅਮਨਦੀਪ ਸਿੰਘ ਜੌਹਲ, ਮਨਜਿੰਦਰ ਸਿੰਘ ਜੌਹਲ, ਗੁਰਪ੍ਰੀਤ ਸਿੰਘ ਲਾਡੀ ਬੁੱਢੇਵਾਲ, ਪਰਮਜੀਤ ਸਿੰਘ ਮੇਗੋਵਾਲ, ਰਣਜੀਤ ਸਿੰਘ ਸ਼ਾਹਪੁਰ, ਜਗਦੀਸ਼ ਸਿੰਘ ਚੱਬੇਵਾਲ, ਲਾਭ ਸਿੰਘ ਨਸਰਾਲਾ, ਬਰਿੰਦਰ ਸਿੰਘ ਬਜਵਾੜਾ, ਅਮਨਦੀਪ ਸਿੰਘ ਸਨੀ, ਅੰਮ੍ਰਿਤਪਾਲ ਸਿੰਘ ਅਰੋੜਾ, ਪਾਰਸ ਸਿੰਘ, ਅਮਰਦਾਸ ਲਾਡੀ, ਗੌਰਵ ਮੱਲ ਨੇ ਸਵਾਗਤ ਕੀਤਾ।



# ਪੰਜਾਬ ਸਰਕਾਰ ਨੇ 'ਸੇਫ ਸਕੂਲ ਵਾਹਨ' ਮੁਹਿੰਮ ਕੀਤੀ ਤੇਜ਼ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਕੂਲ ਜਾਣ ਵਾਲੇ ਹਰ ਬੱਚੇ ਦੀ ਸੁਰੱਖਿਆ ਅਤੇ ਭਲਾਈ ਲਈ ਪੰਜਾਬ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ 'ਸੇਫ ਸਕੂਲ ਵਾਹਨ ਪਾਲਿਸੀ' ਨੂੰ ਪੂਰੀ ਗੰਭੀਰਤਾ ਨਾਲ ਲਾਗੂ ਕਰ ਰਹੀ ਹੈ ਤਾਂ ਜੋ ਬੱਚਿਆਂ ਦਾ ਸਕੂਲ ਆਉਣਾ-ਜਾਣਾ ਸੁਰੱਖਿਅਤ ਅਤੇ ਭਰੋਸੇਮੰਦ ਬਣਾਇਆ ਜਾ ਸਕੇ।ਮੰਤਰੀ ਨੇ ਚੱਲ ਰਹੀ ਮੁਹਿੰਮ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਵਿੱਤੀ ਸਾਲ 2026-27 ਦੇ ਸ਼ੁਰੂਆਤੀ ਮਹੀਨਿਆਂ (ਅਪ੍ਰੈਲ ਅਤੇ ਮਈ) ਦੌਰਾਨ ਹਜ਼ਾਰਾਂ ਸਕੂਲੀ ਬੱਚਿਆਂ ਦੇ ਰੋਜ਼ਾਨਾ ਸਫ਼ਰ ਨੂੰ ਸੁਰੱਖਿਅਤ ਬਣਾਉਣ ਲਈ ਸੂਬੇ ਭਰ ਵਿੱਚ 1,842 ਸਕੂਲੀ ਬੱਸਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ 'ਤੇ 526 ਬੱਸਾਂ ਦੇ ਚਲਾਨ ਕੀਤੇ ਗਏ, ਜਦੋਂ ਕਿ ਨਿਯਮਾਂ ਦੀ ਗੰਭੀਰ ਅਣਦੇਖੀ ਕਰਨ ਵਾਲੀਆਂ 3 ਬੱਸਾਂ ਨੂੰ ਮੌਕੇ 'ਤੇ ਹੀ ਜ਼ਬਤ (ਇੰਪਾਊਂਡ) ਕੀਤਾ ਗਿਆ।



# ਸਤਲੁਜ ਨੂੰ ਹਟਾਉਣਾ ਪੰਜਾਬ ਦੇ ਇਤਿਹਾਸ ਨੂੰ ਮਿਟਾਉਣ ਲਈ ਭਾਜਪਾ ਤੇ ਕਾਂਗਰਸ ਦੀ ਸਾਜ਼ਿਸ਼ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸੋਮਵਾਰ ਨੂੰ ਇੱਕ ਓ ਟੀ ਟੀ ਪਲੇਟਫਾਰਮ ਤੋਂ ਫਿਲਮ ਸਤਲੁਜ ਨੂੰ ਹਟਾਏ ਜਾਣ ਦੀ ਸਖ਼ਤ ਨਿਖੇਧੀ ਕੀਤੀ ਹੈ। ਪਾਰਟੀ ਨੇ ਦੋਸ਼ ਲਾਇਆ ਕਿ ਭਾਜਪਾ ਤੇ ਕਾਂਗਰਸ ਮਿਲ ਕੇ ਪੰਜਾਬ ਵਿੱਚ ਕਾਂਗਰਸ ਦੇ ਕਾਲੇ ਇਤਿਹਾਸ ਨੂੰ ਮਿਟਾਉਣ ਅਤੇ ਨਵੀਂ ਪੀੜ੍ਹੀ ਨੂੰ ਸੂਬੇ ਦੇ ਅਤੀਤ ਦੇ ਸਭ ਤੋਂ ਕਾਲੇ ਅਧਿਆਵਾਂ ਵਿੱਚੋਂ ਇੱਕ ਦਾ ਸੱਚ ਜਾਣਨ ਤੋਂ ਰੋਕਣ ਲਈ ਕੰਮ ਕਰ ਰਹੀਆਂ ਹਨ। ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਫਿਲਮਾਂ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਇਤਿਹਾਸ ਬਾਰੇ ਜਾਗਰੂਕ ਕਰਨ ਦਾ ਸਭ ਤੋਂ ਸ਼ਕਤੀਸ਼ਾਲੀ ਜ਼ਰੀਆ ਬਣ ਚੁੱਕੀਆਂ ਹਨ। ਉਨ੍ਹਾਂ ਕਿਹਾ, 'ਨਵੀਂ ਪੀੜ੍ਹੀ ਇਹ ਜਾਣਨਾ ਚਾਹੁੰਦੀ ਹੈ ਕਿ 1978, 1984, 1990 ਦੇ ਦਹਾਕੇ ਅਤੇ ਹੋਰ ਅਹਿਮ ਦੌਰ ਦੌਰਾਨ ਪੰਜਾਬ ਵਿੱਚ ਕੀ ਵਾਪਰਿਆ ਸੀ। ਜੇਕਰ ਉਨ੍ਹਾਂ ਨੂੰ ਕਿਤਾਬਾਂ ਅਤੇ ਦਸਤਾਵੇਜ਼ੀ ਫਿਲਮਾਂ (ਡਾਕੂਮੈਂਟਰੀਜ਼) ਤੋਂ ਵਾਂਝਾ ਰੱਖਿਆ ਜਾਂਦਾ ਹੈ, ਤਾਂ ਫਿਲਮਾਂ ਇਤਿਹਾਸਕ ਸੱਚਾਈ ਨੂੰ ਸੰਭਾਲਣ ਦਾ ਇੱਕ ਮਹੱਤਵਪੂਰਨ ਸਾਧਨ ਬਣ ਜਾਂਦੀਆਂ ਹਨ।' ਆਮ ਆਦਮੀ ਪਾਰਟੀ ਨੇ ਓ ਟੀ ਟੀ ਪਲੇਟਫਾਰਮ ਤੋਂ ਸਤਲੁਜ ਨੂੰ ਹਟਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਫਿਲਮ ਨੂੰ ਤੁਰੰਤ ਬਹਾਲ ਕੀਤਾ ਜਾਵੇ ਤਾਂ ਜੋ ਲੋਕ, ਖਾਸ ਕਰਕੇ ਨਵੀਂ ਪੀੜ੍ਹੀ, ਬਿਨਾਂ ਕਿਸੇ ਸਿਆਸੀ ਸੈਂਸਰਸ਼ਿਪ ਦੇ ਪੰਜਾਬ ਦੇ ਇਤਿਹਾਸ ਬਾਰੇ ਜਾਣ ਸਕਣ। ਸਪੀਕਰ ਸੰਧਵਾਂ ਨੇ 'ਸਤਲੁਜ' ਨੂੰ ਓ ਟੀ ਟੀ ਪਲੇਟਫਾਰਮ ਤੋਂ ਹਟਾਉਣ ਲਈ ਕੇਂਦਰ ਸਰਕਾਰ 'ਤੇ ਚੁੱਕੇ ਸਵਾਲ ਚੰਡੀਗੜ੍ਹ-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਦਿਲਜੀਤ ਦੋਸਾਂਝ ਦੀ ਫਿਲਮ 'ਸਤਲੁਜ' ਨੂੰ ਕੁਝ ਦਿਨਾਂ ਵਿੱਚ ਹੀ ਓਟੀਟੀ ਤੋਂ ਹਟਾ ਦਿੱਤਾ ਗਿਆ ਹੈ। ਉਨ੍ਹਾਂ ਸਵਾਲ ਪੁੱਛਦਿਆਂ ਕਿਹਾ ਕਿ ਕੇਂਦਰ ਸਰਕਾਰ ਸੱਚ ਤੋਂ ਇੰਨਾ ਡਰਦੀ ਕਿਉਂ ਹੈ ? ਉਨ੍ਹਾਂ ਅੱਗੇ ਦੱਸਿਆ ਕਿ ਕਾਂਗਰਸ ਦੇ ਰਾਜ ਦੌਰਾਨ ਹਜ਼ਾਰਾਂ ਪੰਜਾਬੀ ਨੌਜਵਾਨਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਅਣਗਿਣਤ ਨੌਜਵਾਨ ਗਾਇਬ ਹੋ ਗਏ। ਕਈ ਮਾਵਾਂ ਆਪਣੇ ਪੁੱਤਰਾਂ ਦੀ ਉਡੀਕ ਵਿੱਚ ਜਹਾਨ ਤੋਂ ਕੂਚ ਕਰ ਗਈਆਂ। ਕਿੰਨੇ ਹੀ ਪਰਿਵਾਰਾਂ ਨੂੰ ਅੱਜ ਤੱਕ ਆਪਣੇ ਬੱਚਿਆਂ ਦਾ ਮੌਤ ਦਾ ਸਰਟੀਫਿਕੇਟ ਤੱਕ ਨਹੀਂ ਮਿਲਿਆ। ਇਨਸਾਫ਼ ਤਾਂ ਦੂਰ ਦੀ ਗੱਲ ਹੈ, ਉਨ੍ਹਾਂ ਦੇ ਦਰਦ ਵੀ ਕੇਂਦਰ ਸਰਕਾਰ ਨੇ ਅੱਖੋਂ ਪਰੋਖੇ ਕਰ ਦਿੱਤਾ। ਸਪੀਕਰ ਸੰਧਵਾਂ ਨੇ ਕਿਹਾ ਕਿ ਜਦੋਂ 'ਸਤਲੁਜ' ਬਿਨਾਂ ਕਿਸੇ ਕੱਟ ਦੇ ਓਟੀਟੀ" 'ਤੇ ਆਈ ਤਾਂ ਇਸਨੂੰ ਤੁਰੰਤ ਹਟਾ ਦਿੱਤਾ ਗਿਆ। ਕੇਂਦਰ ਸਰਕਾਰ ਨੂੰ ਜਵਾਬ ਦੇਣਾ ਚਾਹੀਦਾ ਹੈ ਕਿ ਪੰਜਾਬ ਦੇ ਦਰਦ ਅਤੇ ਪੰਜਾਬ ਦੇ ਸੱਚ ਤੋਂ ਇੰਨਾ ਡਰ ਕਿਉਂ ਲਗਦਾ ਹੈ? ਉਨ੍ਹਾਂ ਕਾਂਗਰਸ ਨੂੰ ਘੇਰਦਿਆਂ ਮੰਗ ਕੀਤੀ ਕਿ ਉਨ੍ਹਾਂ ਦੇ ਰਾਜ ਦੌਰਾਨ ਮਾਰੇ ਗਏ ਹਜ਼ਾਰਾਂ ਨੌਜਵਾਨਾਂ ਦੇ ਪਰਵਾਰਾਂ ਨੂੰ ਇਨਸਾਫ਼ ਕਦੋਂ ਮਿਲੇਗਾ।



# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੈਲੀ ਭਲਕੇ



**ਨੰਗਲ (ਸੁਰਜੀਤ ਸਿੰਘ ਢੇਰ)**- ਪੰਜਾਬ ਪੈਨਸ਼ਨਰ ਐਸੋਸੀਏਸ਼ਨ ਨੰਗਲ ਦੀ ਇਕ ਵਿਸ਼ੇਸ਼ ਮੀਟਿੰਗ ਜਥੇਬੰਦੀ ਦੇ ਪ੍ਰਧਾਨ ਮਾਸਟਰ ਤਰਸੇਮ ਲਾਲ ਭਨਾਮ ਦੀ ਪ੍ਰਧਾਨਗੀ ਵਿੱਚ ਕੀਤੀ ਗਈ। ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਦੇ ਪੈਨਸ਼ਨਰ ਆਗੂਆਂ ਨੇ ਹਿੱਸਾ ਲਿਆ। ਆਗੂਆਂ ਵੱਲੋ ਡੀ ਏ ਸਬੰਧੀ ਸਰਕਾਰ ਦੇ ਅੜੀਅਲ ਵਤੀਰੇ ਦੀ ਨਿੰਦਾ ਕੀਤੀ ਗਈ। ਫੈਸਲਾ ਕੀਤਾ ਗਿਆ ਕਿ ਅੱਠ ਜੁਲਾਈ ਨੂੰ ਸਿੱਖਿਆ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਲਈ ਨੰਗਲ ਤੋਂ ਵੱਧ ਤੋਂ ਵੱਧ ਸਾਥੀ ਸ਼ਾਮਿਲ ਹੋਣਗੇ। ਇਸ ਤੋ ਬਾਅਦ 17 ਜੁਲਾਈ ਦੀ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਵਿਚ ਨੰਗਲ ਤੋ ਵੱਧ ਤੋਂ ਵੱਧ ਸਾਥੀ ਪੁੱਜਣਗੇ।ਮੀਟਿੰਗ ਵਿੱਚ ਐਸੋਸੀਏਸ਼ਨ ਦੇ ਜਨਰਲ ਸਕੱਤਰ ਕਸ਼ਮੀਰੀ ਲਾਲ, ਵਿੱਤ ਸ਼ਕਤਰ ਗੁਰਚਰਨ ਕੁਮਾਰ, ਸਹਾਇਕ ਸਕੱਤਰ ਦੌਲਤ ਰਾਮ, ਸੀਨੀਅਰ ਮੀਤ ਪ੍ਰਧਾਨ ਦੇਵ ਰਾਮ ਧਾਮੀ, ਫਕੀਰ ਚੰਦ ਬਾਂਸਲ, ਸੁਖਦੇਵ ਰਾਮ, ਚੇਅਰਮੈਨ ਭੁਪਿੰਦਰ ਕੁਮਾਰ, ਮੀਤ ਪ੍ਰਧਾਨ ਜਰਨੈਲ ਸਿੰਘ ਸੰਧੂ, ਸਵਰਨ ਦਾਸ, ਜਰਨੈਲ ਸਿੰਘ ਤੇ ਪਰਮਜੀਤ ਸਿੰਘ ਪਲਾਸੀ ਤੋ ਇਲਾਵਾ ਸੀਨੀਅਰ ਆਗੂ ਸੁਰਿੰਦਰ ਸਿੰਘ, ਅਨਿਲ ਕੁਮਾਰ ਐਰੀ , ਤਰਸੇਮ ਸਿੰਘ ਭਲਾਣ, ਗੁਰਮੇਲ ਸਿੰਘ ਮੰਗਲੂਰ ,ਬਲਦੇਵ ਰਾਜ, ਸੁਭਾਸ਼ ਚੰਦ, ਗੰਗਾ ਪ੍ਰਸਾਦ, ਹਰੀਕਿਸ਼ਨ ਪ੍ਰੇਮੀ, ਤਰਸੇਮ ਲਾਲ ਰੱਤੂ, ਸੰਤ ਰਾਮ, ਅਜੀਤ ਸਿੰਘ ਮਾਨ, ਈਸ਼ਵਰ ਦਾਸ ਡਾਢੀ ਆਗੂਆਂ ਨੇ ਸਰਕਾਰ ਦੇ ਵਤੀਰੇ ਦੀ ਨਿੰਦਾ ਕੀਤੀ ਤੇ ਸੰਘਰਸ਼ ਦਾ ਐਲਾਨ ਕੀਤਾ।

## ਵਿਧਾਇਕ ਵੱਲੋਂ ਲੋਕ ਮਿਲਣੀ 'ਚ ਪੰਚਾਇਤਾਂ ਨੂੰ ਜਵਾਬਦੇਹ ਬਣਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬਲਾਕ ਨਕੋਦਰ ਦੇ ਪਿੰਡ ਕਾਂਗਣਾ, ਬਾਗਪੁਰ, ਸੀਓਵਾਲ,ਸਿਹਾਰੀਵਾਲ ਅਤੇ ਗਿੱਲ ਪਿੰਡ ਵਿੱਚ ਲੋਕ ਮਿਲਣੀਆਂ ਦੌਰਾਨ ਪੰਚਾਇਤਾਂ ਨੂੰ ਜਵਾਬਦੇਹ ਬਣਾਇਆ ਗਿਆ। ਵਿਧਾਇਕ ਇੰਦਰਜੀਤ ਕੌਰ ਮਾਨ ਨੇ ਦੱਸਿਆ ਕਿ ਸਰਕਾਰ ਵੱਲੋਂ ਕੋਈ ਕਮੀ ਨਹੀਂ , ਪਿੰਡਾਂ ਵਿੱਚ ਪੰਚਾਇਤਾਂ ਪੈਸੇ ਲਗਾਉਣ ਵਿੱਚ ਪੱਛੜ ਰਹੀਆਂ ਹਨ। ਲੋਕ ਮਿਲਣੀਆਂ ਦੌਰਾਨ ਲਵਪ੍ਰੀਤ ਐੱਸ ਡੀ ਓ ਪਾਵਰਕੌਮ, ਚੇਅਰਮੈਨ ਚਰਨਜੀਤ ਸਿੰਘ, ਵਾਇਸ ਚੇਅਰਮੈਨ ਜੀਵਨ ਸਹੋਤਾ, ਯਾਤਰਾ ਕੋਆਰਡੀਨੇਟਰ ਜਤਿੰਦਰ ਸਿੰਘ ਨੂਰਪੁਰੀ, ਲੇਡੀਜ਼ ਵਿੰਗ ਦੇ ਬਲਾਕ ਪ੍ਰਧਾਨ ਹਰਦੀਪ ਕੌਰ ਢੱਡਾ ਲਹਿਣਾ, ਰਾਜਿੰਦਰ ਸਿੰਘ ਚਾਹਲ, ਪੁਲਸ ਅਤੇ ਵਾਟਰ ਸਪਲਾਈ ਵਿਭਾਗ ਮੌਕੇ ਤੇ ਹਾਜ਼ਰ ਸਨ। ਇਸ ਮੌਕੇ ਤੇ ਪਿੰਡ ਕਾਂਗਣਾ 'ਚ ਇਕੱਤਰ ਲੋਕਾਂ ਵਿੱਚ ਕੁਲਦੀਪ ਸਿੰਘ, ਹਰਪ੍ਰੀਤ ਕੌਰ ਬਲਾਕ ਸੰਮਤੀ ਮੈਂਬਰ, ਹਰਵਿੰਦਰ ਸਿੰਘ, ਜਗਮੀਤ ਸਿੰਘ, ਦੇਸ ਰਾਜ ਕਾਂਗਣਾ, ਗੁਰਮੇਜ ਮਸੀਹ, ਹਰਵਿੰਦਰ, ਬਾਗਪੁਰ ਤੋਂ ਬਖਸ਼ੋ ਰਾਣੀ ਸਰਪੰਚ, ਬਲਵਿੰਦਰ ਸਿੰਘ, ਪ੍ਰਿਤਪਾਲ ਸਿੰਘ, ਜਗਰੂਪ ਸਿੰਘ, ਗੁਰਚਰਨ ਸਿੰਘ, ਗੁਰਦਿਆਲ ਸਿੰਘ, ਚਰਨਜੀਤ ਕੌਰ, ਪਿੰਡ ਸੀਓਵਾਲ ਤੋਂ ਸਰਪੰਚ ਨਵਜੋਤ ਕੌਰ, ਰਮਨ ਕੁਮਾਰ, ਹੈਪੀ ਸੀਓਵਾਲ, ਹਰਪ੍ਰੀਤ ਸਿੰਘ ਹੈਪੀ, ਸਰਬਜੀਤ ਸਿੰਘ, ਹਰਬੰਸ ਕੌਰ, ਅਮਰਜੀਤ ਕੌਰ, ਬਲਦੇਵ ਸਹੋਤਾ ਬਲਾਕ ਪ੍ਰਧਾਨ, ਸਿਹਾਰੀਵਾਲ ਦੇ ਸਰਪੰਚ ਕਰਮ ਸਿੰਘ, ਸਾਬਕਾ ਸਰਪੰਚ ਪਰਮਜੀਤ ਸਿੰਘ, ਸਵਰਨ ਸਿੰਘ ਲੰਬੜਦਾਰ, ਹੈਪੀ ਟੂਰਨਾ, ਬਲਾਕ ਪ੍ਰਧਾਨ ਬੂਟਾ ਸਿੰਘ ਢੱਡਾ ਦਿਲਖਾਂਪੁਰ, ਪਿੰਡ ਗਿੱਲ ਦੀ ਸਰਪੰਚ ਦਲਜੀਤ ਕੌਰ, ਰਾਜ ਗਿੱਲ, ਸਤਨਾਮ ਸਿੰਘ ਗਿੱਲ ਆਦਿ ਹਾਜ਼ਰ ਸਨ।



## ਵਿਦਿਆਰਥੀਆਂ ਨੇ ਵਾਤਾਵਰਨ ਜਾਗਰੂਕਤਾ ਰੈਲੀ ਕੱਢੀ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਬਾਰਾਂ ਮਾਰਗ 'ਤੇ ਸਥਿਤ ਪ੍ਰਮੁੱਖ ਵਿਦਿਅਕ ਸੰਸਥਾ ਸਤਲੁਜ ਵਰਲਡ ਸਕੂਲ ਵਿਖੇ ਦੇਸ਼ਵਿਆਪੀ 'ਇੱਕ ਰੁੱਖ ਮਾਂ ਦੇ ਨਾਂਅ' ਮੁਹਿੰਮ ਦੇ ਅੰਤਰਗਤ ਬਹੁਤ ਹੀ ਉਤਸ਼ਾਹ, ਸਤਿਕਾਰ ਅਤੇ ਹਰਸ਼ੋ ਉੱਲਾਸ ਨਾਲ 'ਵਣ ਮਹਾਂ ਉਤਸਵ' ਮਨਾਇਆ ਗਿਆ। ਇਸ ਵਿਸ਼ੇਸ਼ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਦਿਨ-ਬ-ਦਿਨ ਵਿਗੜ ਰਹੇ ਵਾਤਾਵਰਨ ਸੰਤੁਲਨ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਹਰਿਆਵਲ ਭਰਪੂਰ, ਪ੍ਰਦੂਸ਼ਣ ਮੁਕਤ ਤੇ ਸਵੱਛ ਭਵਿੱਖ ਦੇ ਨਿਰਮਾਣ ਲਈ ਪ੍ਰੇਰਿਤ ਕਰਨਾ ਸੀ। ਸਮਾਗਮ ਦੌਰਾਨ ਸਕੂਲ ਦੇ ਸਮੂਹ ਸਟਾਫ਼ ਅਤੇ ਬੱਚਿਆਂ ਨੇ ਵਾਤਾਵਰਨ ਦੀ ਰਾਖੀ ਲਈ ਵਧ-ਚੜ੍ਹ ਕੇ ਹਿੱਸਾ ਲਿਆ। ਇਸ ਮੁਹਿੰਮ ਦੀ ਸ਼ੁਰੂਆਤ ਮੌਕੇ ਸਕੂਲ ਵੱਲੋਂ ਇੱਕ ਵਿਸ਼ੇਸ਼ ਵਾਤਾਵਰਨ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਵਿੱਚ ਸਕੂਲ ਦੇ ਸੈਂਕੜੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਕੰਪਲੈਕਸ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਚਲਾਈ ਗਈ ਵਿਸ਼ਾਲ ਰੁੱਖ ਲਗਾਉਣ ਦੀ ਮੁਹਿੰਮ ਰਿਹਾ। ਇਸ ਮੁਹਿੰਮ ਤਹਿਤ ਵੱਖ-ਵੱਖ ਕਿਸਮਾਂ ਦੇ ਲਗਭਗ 500 ਫਲਦਾਰ, ਛਾਂਦਾਰ ਅਤੇ ਔਸ਼ਧੀ ਗੁਣਾਂ ਵਾਲੇ ਪੌਦੇ ਲਗਾਏ ਗਏ। ?ਇਸ ਮੌਕੇ ਸਕੂਲ ਦੇ ਚੇਅਰਮੈਨ ਸ਼੍ਰੀ ਰਵੀ ਦੱਤ ਸ਼ਰਮਾ ਨੇ ਹਾਜ਼ਰੀਨ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਾਤਾਵਰਨ ਦੀ ਮੌਜੂਦਾ ਸਥਿਤੀ ਅਤੇ ਅਹਿਮੀਅਤ ਤੇ ਵਿਸਥਾਰਪੂਰਵਕ ਚਾਨਣਾ ਪਾਇਆ। ?ਸਮਾਗਮ ਦੇ ਅੰਤ ਵਿੱਚ ਸਕੂਲ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਵੱਲੋਂ ਇਸ ਵਣ ਮਹਾਉਤਸਵ ਨੂੰ ਸਫ਼ਲ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਵਿਦਿਆਰਥੀਆਂ, ਮਾਪਿਆਂ, ਅਧਿਆਪਕਾਂ ਅਤੇ ਸਮੂਹ ਸਹਿਯੋਗੀ ਸਟਾਫ਼ ਦੇ ਵਡਮੁੱਲੇ ਯੋਗਦਾਨ ਦੀ ਪੁਰਜ਼ੋਰ ਸ਼ਲਾਘਾ ਕੀਤੀ ਗਈ।

# ਵਿਧਾਇਕ ਵੱਲੋਂ ਸਿਹਤ ਕੇਂਦਰ ਦੀ ਇਮਾਰਤ ਦਾ ਉਦਘਾਟਨ

**ਬੁੱਲ੍ਹੋਵਾਲ (ਵਿਰਦੀ)**- ਪੀ ਐੱਚ ਸੀ ਚੱਕੋਵਾਲ ਅਧੀਨ ਪੈਂਦੇ ਹੈਲਥ ਅਤੇ ਵੈਲਨੈਸ ਸੈਂਟਰ ਮੁਰਾਦਪੁਰ ਨਰਿਆਲ ਦੀ ਨਵੀਂ ਬਣੀ ਇਮਾਰਤ ਦਾ ਹਲਕਾ ਟਾਂਡਾ ਉੜਮੁੜ ਦੇ ਵਿਧਾਇਕ ਨੇ ਉਦਘਾਟਨ ਕੀਤਾ। ਇਸ ਮੌਕੇ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਅਤੇ ਮੁਫ਼ਤ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਇਸੇ ਕੜੀ ਤਹਿਤ ਪਿੰਡਾਂ ਵਿੱਚ ਹੈਲਥ ਅਤੇ ਵੈਲਨੈਸ ਸੈਂਟਰਾਂ ਦੀਆਂ ਨਵੀਆਂ ਇਮਾਰਤਾਂ ਉਸਾਰੀਆਂ ਜਾ ਰਹੀਆਂ ਹਨ। ਉਹਨਾਂ ਪਿੰਡ ਦੀ ਪੰਚਾਇਤ ਅਤੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਕਰਮਚਾਰੀਆਂ ਦਾ ਪੂਰਾ ਸਾਥ ਦੇਣ ਤਾਂ ਕਿ ਉਹਨਾਂ ਨੂੰ ਪਿੰਡ ਵਿੱਚ ਕੋਈ ਸਮੱਸਿਆ ਨੇ ਆਵੇ। ਇਸ ਮੌਕੇ ਪੀ ਐੱਚ ਸੀ ਚੱਕੋਵਾਲ ਦੀ ਐੱਸ ਐਮ ਓ. ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਹੈਲਥ ਤੇ ਵੈਲਨੈਸ ਸੈਂਟਰ ਵਿਚ ਸੀ ਐੱਚ ਓ, ਮ ਪ ਹ ਵ ਫ਼ੀਮੇਲ ਅਤੇ ਮੇਲ ਅਤੇ ਆਸ਼ਾ ਵਰਕਰ ਕੰਮ ਕਰਦੀਆਂ ਹਨ। ਉਹਨਾਂ ਦੱਸਿਆ ਕਿ ਇਥੇ ਗਰਭਵਤੀ ਔਰਤਾਂ ਦੀ ਰਜਿਸਟਰੇਸ਼ਨ, ਬੱਚਿਆਂ ਤੇ ਗਰਭਵਤੀ ਔਰਤਾਂ ਦਾ ਟੀਕਾਕਰਨ, ਜਨਮ ਅਤੇ ਮੌਤ ਦੀ ਸਰਟੀਫਿਕੇਟ, ਬੀ ਪੀ ਤੇ ਸ਼ੂਗਰ ਦੀ ਜਾਂਚ ਅਤੇ ਦਵਾਈਆਂ, ਯੋਗਾ, ਤੰਦਰੁਸਤ ਰਹਿਣ ਲਈ ਜਾਣਕਾਰੀ ਦਿੱਤੀ ਜਾਂਦੀ ਹੈ। ਇਸ ਮੌਕੇ ਹਰਦੀਪ ਸਿੰਘ ਬੀ ਈ ਈ, ਰਵਿੰਦਰ ਸਿੰਘ, ਕੰਵਲਪ੍ਰੀਤ ਕੌਰ, ਸੰਦੀਪ ਕੌਰ, ਰਿੰਪਲਜੀਤ ਕੌਰ, ਜਸਵੀਰ ਕੌਰ ਰਾਜ ਰਾਣੀ, ਕਿਰਨਪ੍ਰੀਤ ਕੌਰ, ਕੁਲਵਿੰਦਰ ਕੌਰ, ਪਰਮਜੀਤ ਕੌਰ, ਪੰਚਾਇਤ ਮੈਂਬਰ ਤੇ ਪਿੰਡ ਦੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।



# ਝੁੰਗੀਆਂ ਰੋਡ ਦੀ ਉਸਾਰੀ, ਪਰ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਨਹੀਂ

**ਖਰੜ (ਹਰਨਾਮ ਸਿੰਘ ਡੱਲਾ)**- ਝੁੰਗੀਆਂ ਰੋਡ ਦੀ ਉਸਾਰੀ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਤੋਂ ਬਿਨਾਂ ਹੀ ਸ਼ੁਰੂ ਹੋ ਗਈ ਹੈ। ਪਹਿਲੀ ਬਾਰਸ਼ ਨਾਲ ਹੀ ਸੀਵਰੇਜ ਓਵਰ ਫਲੋ ਹੋ ਕੇ ਗੰਦਾ ਪਾਣੀ ਲੋਕਾਂ ਦੇ ਘਰਾਂ ਵਿੱਚ ਵੜ ਗਿਆ। ਜਦ ਕਿ ਇਸ ਸੜਕ ਉੱਤੇ ਸਥਿਤ ਮਾਰਕੀਟ ਦੇ ਦੁਕਾਨਦਾਰਾਂ ਨੇ ਮੰਗ ਕੀਤੀ ਸੀ ਕਿ ਉਸਾਰੀ ਕਰਦੇ ਸਮੇਂ ਸੜਕ ਦੀ ਉਚਾਈ ਪੁਰਾਣੇ ਲੇਬਲ ਅਨੁਸਾਰ ਹੀ ਹੋਣੀ ਚਾਹੀਦੀ ਹੈ। ਕਿਉਂਕਿ ਉਹਨਾਂ ਦੀਆਂ ਦੁਕਾਨਾਂ ਨੀਵੀਆਂ ਹੋ ਰਹੀਆਂ ਹਨ ਅਤੇ ਬਰਸਾਤ ਵਿੱਚ ਪਾਣੀ ਦੁਕਾਨਾਂ ਵਿੱਚ ਵੀ ਵੜ ਜਾਂਦਾ ਹੈ। ਜਿਸ ਕਰਕੇ ਦੁਕਾਨਦਾਰਾਂ ਦਾ ਬਾਰਸ਼ ਦੇ ਪਾਣੀ ਨਾਲ ਨੁਕਸਾਨ ਵੀ ਹੋ ਜਾਂਦਾ ਹੈ। ਇਸ ਸਮੱਸਿਆ ਦੇ ਹੱਲ ਲਈ ਸਥਾਨਕ ਦੁਕਾਨਦਾਰਾਂ ਅਤੇ ਕਲੋਨੀਆਂ ਦੇ ਨਿਵਾਸੀਆਂ ਵਲੋਂ ਐਸ ਡੀ ਐਮ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਝੁੰਗੀਆਂ ਰੋਡ ਤੋਂ ਉਸਾਰੀ ਪਹਿਲਾਂ ਪਾਣੀ ਦੀ ਨਿਕਾਸੀ ਦਰੁਸਤ ਕਰਵਾਈ ਜਾਵੇ।ਪਰ ਲੋਕ ਇਸ ਗੱਲੋਂ ਸੰਤੁਸ਼ਟ ਤਾਂ ਹਨ ਕਿ ਦੇਰ ਆਏ ਪਰ ਦਰੁਸਤ ਆਏ ਦੀ ਅਖਾਣ ਅਨੁਸਾਰ ਝੁੰਗੀਆਂ ਰੋਡ ਬਣਨੀ ਸ਼ੁਰੂ ਤਾਂ ਹੋ ਗਈ ਹੈ ਪਰ, ਜਿਸ ਜਲਦਬਾਜ਼ੀ ਵਿੱਚ ਇਹ ਸੜਕ ਬਣਾਈ ਜਾ ਰਹੀ ਹੈ ਉਸ ਦੀ ਉਸਾਰੀ ਤੋਂ ਲੋਕ ਸੰਤੁਸ਼ਟ ਨਹੀਂ ਹਨ। ਮਾਰਕੀਟ ਦੇ ਦੁਕਾਨਦਾਰਾਂ ਅੰਮ੍ਰਿਤਪਾਲ ਸਿੰਘ ਖਾਲਸਾ, ਇੰਦਰਪਾਲ ਸਿੰਘ, ਮਲਕੀਤ ਸਿੰਘ ਸੈਣੀ, ਸੁਖਵਿੰਦਰ ਸਿੰਘ, ਅਵਤਾਰ ਸਿੰਘ ਅਤੇ ਅਮਰਜੀਤ ਸਿੰਘ ਨੇ ਚਿੰਤਾ ਪ੍ਰਗਟਾਈ ਹੈ ਕਿ ਧਮਾਲੀ ਤੇ ਪੇਵਰ ਪਾਏ ਬਿਨਾਂ ਸੜਕ ਅਤੇ ਚੌੜਾਈ ਵੀ ਕਾਫੀ ਘਟ ਜਾਵੇਗੀ। ਚਾਹੀਦਾ ਸੀ ਕਿ ਸੜਕ ਉੱਤੇ ਪੈਦਲ ਚੱਲਣ ਵਾਲੇ ਰਾਹੀਆਂ ਨੂੰ ਫੁੱਟਪਾਥ ਦੀ ਸਹੂਲਤ ਮੁਹੱਈਆ ਕਰਾਈ ਜਾਂਦੀ, ਪਰ ਇਸ ਜਲਦਬਾਜ਼ੀ ਨਾਲ ਕੀਤੀ ਜਾ ਰਹੀ ਉਸਾਰੀ ਤੋਂ ਪਹਿਲਾਂ ਪਾਣੀ ਦੀ ਨਿਕਾਸੀ ਦਾ ਪ੍ਰਬੰਧ ਹੋਣਾ ਵੀ ਜ਼ਰੂਰੀ ਸੀ। ਲੋਕਾਂ ਦਾ ਰੋਸ ਹੈ ਕਿ ਨਗਰ ਕੌਂਸਲ ਉਨ੍ਹਾਂ ਵੱਲੋਂ ਦਿੱਤੀਆਂ ਦਰਖਾਸਤਾਂ ਦੇਣ ਦੇ ਬਾਵਜੂਦ ਸੜਕ ਦਾ ਜਿਹੜਾ ਕੰਮ ਅਪ੍ਰੈਲ ਮਹੀਨੇ ਵਿੱਚ ਕਰਵਾਉਣਾ ਚਾਹੀਦਾ ਸੀ, ਬਰਸਾਤ ਦੇ ਦਿਨਾਂ ਵਿੱਚ ਕਰਵਾ ਰਹੀ ਹੈ।

- ਪਹਿਲੀ ਬਾਰਸ਼ ਨਾਲ ਹੀ ਸੀਵਰੇਜ ਓਵਰ ਫਲੋਅ ਹੋਇਆ



## ਗਿਆਨ ਚੰਦ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਰੋਜ਼ਾਨਾ ਨਵਾਂ ਜ਼ਮਾਨਾ ਅਖਬਾਰ ਦੇ ਕੰਪਿਊਟਰ ਅਪ੍ਰੇਟਰ ਗਿਆਨ ਚੰਦ ਬਹੁਤ ਹੀ ਠੰਢੇ ਸੁਭਾਅ ਦੇ ਸਨ। ਉਹਨਾਂ ਦੇ ਅਚਾਨਕ ਅਕਾਲ ਚਲਾਣੇ ਤੇ ਉਂਕਾਰ ਸੂਦ ਪੱਤਰਕਾਰ, ਜਸਵਿੰਦਰ ਢੱਡਾ ਸਮਾਜ ਸੇਵਕ ਤੇ ਪੱਤਰਕਾਰ, ਬੀ ਕੇ ਰੱਤੂ ਪੱਤਰਕਾਰ, ਕਮਲ ਰਾਏ ਪੱਤਰਕਾਰ, ਲਾਲੀ ਪੱਤਰਕਾਰ, ਸੁਰਿੰਦਰ ਵਿਰਦੀ ਵਿਰਕਾਂ, ਆਰ ਐਲ ਜੱਸੀ, ਦਿਗਵਿਜੇ ਸਿੰਘ ਰਾਣਾ ਕੰਪਿਊਟਰ ਅਪ੍ਰੇਟਰ, ਬਹਾਦਰ ਸਿੰਘ ਸੰਗਤਪੁਰ ਸਾਬਕਾ ਸਰਪੰਚ, ਗੁਰਪ੍ਰਸਾਦ ਬੱਗਾ ਲੰਬੜਦਾਰ, ਪਿਆਰਾ ਸੰਧੂ ਕੋਟਰਾਣੀ, ਜਸਕਰਨ ਜੱਸੀ ਟਾਈਪਿਸਟ, ਆਰ ਕੇ ਕੰਪਿਊਟਰ ਅਪ੍ਰੇਟਰ, ਨੀਲਮ ਸਿੰਘ, ਅਮੀਰ ਚੰਦ ਕੰਪਿਊਟਰ ਅਪ੍ਰੇਟਰ ਨੇ ਉਹਨਾਂ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਦਿਆ ਕਿਹਾ ਕਿ ਜਿੱਥੇ ਉਹਨਾਂ ਦੇ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ, ਉੱਥੇ ਰੋਜ਼ਾਨਾ ਨਵਾਂ ਜ਼ਮਾਨਾ ਅਦਾਰੇ ਤੇ ਪੱਤਰਕਾਰ ਭਾਈਚਾਰੇ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

## ਫੌਜ 'ਚ ਅਫਸਰ ਐਂਟਰੀ ਪ੍ਰੈਪਰੇਟਰੀ ਕੋਰਸ ਲਈ ਅਰਜ਼ੀਆਂ ਮੰਗੀਆਂ

**ਹੁਸ਼ਿਆਰਪੁਰ (ਓ ਪੀ ਰਾਣਾ)**- ਬ੍ਰਿਗੇਡੀਅਰ ਰਾਜੇਸ਼ਵਰ ਸਿੰਘ (ਸੇਵਾਮੁਕਤ), ਐੱਸ ਸੀ, ਐੱਸ ਐੱਮ, ਗਰੁੱਪ ਟਾਸਕ ਅਫਸਰ (ਜੀ ਟੀ ਓ), ਬਹਾਦਰ ਅਮੀਨ ਚੰਦ ਸੋਨੀ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਬਜਵਾੜਾ, ਹੁਸ਼ਿਆਰਪੁਰ, ਨੇ ਪੰਜਾਬ ਦੇ ਨੌਜਵਾਨਾਂ ਨੂੰ ਭਾਰਤੀ ਸੈਨਾਵਾਂ ਵਿੱਚ ਬਤੌਰ ਅਫਸਰ ਦਾਖਲੇ ਲਈ ਨੌਜਵਾਨ ਮਰਦਾਂ ਅਤੇ ਔਰਤਾਂ ਨੂੰ ਤਿਆਰ ਕਰਨ ਲਈ ਸਮਰਪਿਤ ਰਾਜ ਦੀ ਪ੍ਰਮੁੱਖ ਸੰਸਥਾ ਵਿੱਚ ਸ਼ਾਮਲ ਹੋਣ ਦਾ ਫਾਇਦਾ ਉਠਾਉਣ ਦਾ ਸੱਦਾ ਦਿੱਤਾ ਹੈ। ਬ੍ਰਿਗੇਡੀਅਰ ਰਾਜੇਸ਼ਵਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੁਆਰਾ ਗ੍ਰੈਜੂਏਟ ਪੱਧਰ ਦੀਆਂ ਐਂਟਰੀਆਂ ਗ੍ਰੈਜੂਏਟ ਲਈ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਦੇ ਅਧੀਨ ਸਥਾਪਿਤ ਕੀਤੀ ਗਈ ਆਪਣੀ ਕਿਸਮ ਦੀ ਪਹਿਲੀ ਅਤੇ ਇਕਲੌਤੀ ਸੰਸਥਾ ਹੈ। ਉਨ੍ਹਾਂ ਕਿਹਾ ਕਿ ਉੱਚ ਮਿਆਰੀ ਅਕਾਦਮਿਕ ਕੋਚਿੰਗ ਅਤੇ ਵਿਸ਼ੇਸ਼ ਤੌਰ ਤੇ ਸੇਵਾਵਾਂ ਚੋਣ ਬੋਰਡ (ਐੱਸ ਐੱਸ ਬੀ) ਦੀ ਸਿਖਲਾਈ ਦੇਣ ਤੋਂ ਇਲਾਵਾ, ਸੰਸਥਾ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਵਿੱਚ ਰਾਸ਼ਟਰਵਾਦ, ਅਨੁਸ਼ਾਸਨ, ਅਗਵਾਈ ਅਤੇ ਸੇਵਾ ਦੀ ਡੂੰਘੀ ਭਾਵਨਾ ਪੈਦਾ ਕਰਨਾ ਹੈ, ਜਿਸ ਨਾਲ ਉਨ੍ਹਾਂ ਨੂੰ ਦੇਸ਼ ਦੀਆਂ ਸੈਨਾਵਾਂ ਦੇ ਯੋਗ ਅਫਸਰ ਬਣਨ ਲਈ ਤਿਆਰ ਕਰਨਾ ਹੈ। ਪਹਿਲਾ ਸਿਖਲਾਈ ਕੋਰਸ ਜੁਲਾਈ 2026 ਦੇ ਅੰਤ ਵਿੱਚ ਸ਼ੁਰੂ ਹੋਣ ਵਾਲਾ ਹੈ। ਪ੍ਰੋਗਰਾਮ ਵਿੱਚ ਤਜਰਬੇਕਾਰ ਰੱਖਿਆ ਅਧਿਕਾਰੀਆਂ ਅਤੇ ਵਿਸ਼ਾ ਮਾਹਿਰਾਂ ਦੀ ਅਗਵਾਈ ਵਿੱਚ ਤਿੰਨ ਮਹੀਨਿਆਂ ਦੀ ਤੀਬਰ ਅਕਾਦਮਿਕ ਕੋਚਿੰਗ ਅਤੇ ਬਾਦ ਵਿਚ ਤਿੰਨ ਹਫ਼ਤਿਆਂ ਦੀ ਵਿਆਪਕ ਸਿਖਲਾਈ ਸ਼ਾਮਲ ਹੈ।

## 'ਆਨਲਾਈਨ ਐੱਨ ਆਰ ਆਈ ਮਿਲਣੀ' ਭਲਕੇ

**ਚੰਡੀਗੜ੍ਹ (ਗੁਰਜੀਤ ਬਿੱਲਾ)** ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਦੇ ਮਸਲਿਆਂ ਨੂੰ ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਹੱਲ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਐੱਨ ਆਰ ਆਈ ਮਾਮਲੇ ਵਿਭਾਗ ਵੱਲੋਂ ਪੰਜਾਬ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਹੇਠ ਬੁੱਧਵਾਰ, 8 ਜੁਲਾਈ ਨੂੰ ਸਵੇਰੇ 11 ਵਜੇ 'ਆਨਲਾਈਨ ਐਨ.ਆਰ.ਆਈ. ਮਿਲਣੀ' ਕਰਵਾਈ ਜਾਵੇਗੀ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਡਾ. ਰਵਜੋਤ ਸਿੰਘ ਨੇ ਦੱਸਿਆ ਕਿ 'ਆਨਲਾਈਨ ਐਨ.ਆਰ.ਆਈ. ਮਿਲਣੀ' , ਵਿਦੇਸ਼ਾਂ ਵਿੱਚ ਵਸਦੇ ਪੰਜਾਬੀਆਂ ਨੂੰ ਸਿੱਧੇ ਤੌਰ 'ਤੇ ਉਨ੍ਹਾਂ ਨਾਲ ਗੱਲਬਾਤ ਕਰਨ ਅਤੇ ਆਪਣੀਆਂ ਸ਼ਿਕਾਇਤਾਂ, ਸੁਝਾਅ ਅਤੇ ਸਮੱਸਿਆਵਾਂ ਸਾਂਝੀਆਂ ਕਰਨ ਲਈ ਸਮਰਪਿਤ ਮੰਚ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਗੱਲਬਾਤ ਦੌਰਾਨ ਚੁੱਕੇ ਗਏ ਸਾਰੇ ਮੁੱਦਿਆਂ ਨੂੰ ਸਬੰਧਤ ਵਿਭਾਗਾਂ ਅਤੇ ਅਧਿਕਾਰੀਆਂ ਨਾਲ ਵਿਚਾਰਿਆ ਜਾਵੇਗਾ, ਜਿਸ ਨਾਲ ਉਨ੍ਹਾਂ ਦੇ ਤੁਰੰਤ ਅਤੇ ਪ੍ਰਭਾਵੀ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਢੁਕਵੇਂ ਨਿਰਦੇਸ਼ ਜਾਰੀ ਕੀਤੇ ਜਾਣਗੇ।

# ਕੰਗਮਾਈ ਦੇ ਵਿਕਾਸ ਲਈ ਕੈਬਨਿਟ ਮੰਤਰੀ ਨੇ ਪੰਚਾਇਤ ਨੂੰ ਦਿੱਤਾ 9 ਲੱਖ ਦਾ ਚੈੱਕ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਚਲਾਈ ਜਾ ਰਹੀ ਲੋਕ ਮਿਲਣੀ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡ ਕੰਗਮਾਈ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਪਿੰਡ ਦੇ ਵਿਕਾਸ ਕਾਰਜਾਂ ਲਈ ਗ੍ਰਾਮ ਪੰਚਾਇਤ ਨੂੰ 9 ਲੱਖ ਰੁਪਏ ਦਾ ਚੈੱਕ ਸੌਂਪਿਆ। ਇਸ ਮੌਕੇ ਸਰਪੰਚ ਪਿਆਰਾ ਸਿੰਘ, ਪੰਚ ਹਰਦੀਪ ਸਿੰਘ, ਸਤਪਾਲ ਸਿੰਘ ਪੰਚ, ਰਜਿੰਦਰ ਕੁਮਾਰ ਪੰਚ, ਰੀਨਾ ਕੁਮਾਰੀ ਪੰਚ, ਰਣਜੀਤ ਸਿੰਘ, ਸਰਬਜੀਤ ਸਿੰਘ, ਪਰਮਿੰਦਰ ਸਿੰਘ ਪੰਨੂ, ਅਮਨਦੀਪ ਸਿੰਘ ਪੰਨੂ, ਰਾਮ ਪ੍ਰਕਾਸ਼, ਬਲਵੀਰ ਸਿੰਘ, ਸਤਵਿੰਦਰ ਸਿੰਘ, ਬਿਕਰਮਜੀਤ ਸਿੰਘ, ਅਸ਼ੋਕ ਕੁਮਾਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਪਿੰਡ ਅਤੇ ਹਰ ਸ਼ਹਿਰ ਦਾ ਸੰਤੁਲਿਤ ਵਿਕਾਸ ਯਕੀਨੀ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। । ਉਨ੍ਹਾਂ ਕਿਹਾ ਕਿ ਪਿੰਡ ਕੰਗਮਾਈ ਲਈ ਜਾਰੀ ਕੀਤਾ ਗਿਆ 9 ਲੱਖ ਰੁਪਏ ਦਾ ਇਹ ਵਿਕਾਸ ਫੰਡ ਵੀ ਪਿੰਡ ਦੇ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਖਰਚ ਕੀਤਾ ਜਾਵੇਗਾ, ਜਿਸ ਨਾਲ ਪਿੰਡ ਦੇ ਵਿਕਾਸ ਨੂੰ ਹੋਰ ਬਲ ਮਿਲੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੱਤਾ ਸੰਭਾਲਣ ਤੋਂ ਬਾਅਦ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇਤਿਹਾਸਕ ਕਦਮ ਚੁੱਕੇ ਹਨ, ਸਿੱਖਿਆ, ਸਿਹਤ, ਬਿਜਲੀ, ਕਿਸਾਨ ਭਲਾਈ, ਰੋਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਖੇਤਰ ਵਿੱਚ ਪੰਜਾਬ ਨੇ ਨਵੇਂ ਮਾਪਦੰਡ ਸਥਾਪਤ ਕੀਤੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਲਾਭ ਸੂਬੇ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ।



# ਪੰਜਾਬੀਆਂ ਵੱਲੋਂ ਮਿਹਨਤ ਨਾਲ ਕਮਾਏ ਪੈਸੇ ਦੀ ਅੰਨ੍ਹੀ ਲੁੱਟ ਚਿੰਤਾਜਨਕ : ਕਰਨ ਸਿੰਘ ਰਾਣਾ

**ਪੋਜੇਵਾਲ (ਰਾਮ ਲਾਲ)**- ਪੰਜਾਬ ਅੰਦਰ, ਬੀ ਜੇ ਪੀ ਅਤੇ ਆਮ ਆਦਮੀ ਪਾਰਟੀ ਹਿੰਦੂ ਭਾਈਚਾਰੇ ਨੂੰ ਪ੍ਰਭਾਵਿਤ ਕਰਨ ਲਈ ਜੋ ਤਰੀਕੇ ਵਰਤ ਰਹੀਆਂ ਹਨ ਉਹ ਪੰਜਾਬੀਆਂ ਦੇ ਹਿੱਤ ਵਿੱਚ ਨਹੀਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸੰਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇੱਥੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਆਮ ਆਦਮੀ ਪਾਰਟੀ ਦੇ ਮੁਖੀ ਕੇਜਰੀਵਾਲ ਨੇ ਏਕ ਸ਼ਾਮ ਸ਼ਿਵ ਕੇ ਨਾਮ ਪ੍ਰੋਗਰਾਮ ਸ਼ੁਰੂ ਕੀਤਾ ਹੈ ਜਿਸ ਵਿੱਚ ਭਜਨ ਕੀਰਤਨ ਅਤੇ ਜਗਰਾਤਾ ਸ਼ਾਮਲ ਹਨ। ਪਿਛਲੇ ਦਿਨੀਂ ਇਹ ਪ੍ਰੋਗਰਾਮ ਗੁਰਦਾਸਪੁਰ ਵਿਖੇ ਕੀਤਾ ਗਿਆ ਜਿਸ ਵਿੱਚ ਹਿਮਾਚਲੀ ਗਾਇਕ ਹੰਸ ਰਾਜ ਰਘੂਬੰਸ਼ੀ ਨੇ ਆਪਣੇ ਭਜਨ ਪੇਸ਼ ਕੀਤੇ। ਚਿੰਤਾ ਦੀ ਗੱਲ ਤਾਂ ਇਹ ਹੈ ਕਿ ਗਾਇਕ ਨੇ ਆਪਣਾ ਪ੍ਰੋਗਰਾਮ ਸ਼ੁਰੂ ਕਰਨ ਤੋਂ ਪਹਿਲਾਂ ਆਪਣੀ ਪੇਮੈਂਟ ਜੋ ਇਕ ਪ੍ਰੋਗਰਾਮ ਦੀ 40 ਲੱਖ ਰੁਪਈਏ ਬਣਦੀ ਹੈ, ਦੀ ਅਡਵਾਂਸ ਮੰਗ ਕਰਕੇ ਪ੍ਰਸ਼ਾਸਨ ਨੂੰ ਭਾਜੜਾਂ ਪਵਾ ਦਿੱਤੀਆਂ। ਇਹ ਰਕਮ ਉਸ ਨੂੰ ਪੰਜਾਬੀ ਲੋਕਾਂ ਤੋਂ ਦਿਵਾਈ ਗਈ, ਜੋ ਚਿੰਤਾਜਨਕ ਹੈ। ਅਜਿਹੇ ਪ੍ਰੋਗਰਾਮ ਬੀ ਜੇ ਪੀ ਵੱਲੋਂ ਵੀ ਉਲੀਕੇ ਗਏ ਹਨ ਜਿਸ ਵਿੱਚ ਘਨ੍ਹਈਆ ਮਿੱਤਲ ਨੂੰ ਸ਼ਾਮਲ ਕਰਨ ਦੀਆਂ ਗੱਲਾਂ ਹੋ ਰਹੀਆਂ ਹਨ ਜੋ ਕਿ ਕਾਫੀ ਮਹਿੰਗਾ ਗਾਇਕ ਹੈ। ਦੋਨੋਂ ਪਾਰਟੀਆਂ ਅਜਿਹੇ ਆਯੋਜਨ ਕਰਕੇ ਪੰਜਾਬੀਆਂ ਦੀ ਮਿਹਨਤ ਨਾਲ ਕੀਤੀ ਕਮਾਈ ਨੂੰ ਜਾਇਆ ਕਰ ਰਹੀਆਂ ਹਨ। ਦੋਨਾਂ ਪਾਰਟੀਆਂ ਦਾ ਹਿੰਦੂ ਵੋਟਰਾਂ ਨੂੰ ਪ੍ਰਭਾਵਿਤ ਕਰਨ ਦਾ ਪ੍ਰੋਗਰਾਮ ਹੈ। ਇਸ ਪਖੰਡ ਦੀ ਰਾਜਨੀਤੀ ਦਾ ਪੰਜਾਬੀਆਂ ਨੂੰ ਵਿਰੋਧ ਕਰਨਾ ਪਵੇਗਾ। ਇਸ ਮੌਕੇ ਉਨਾਂ ਨਾਲ ਬੀਬੀ ਚਰਨਜੀਤ ਕੌਰ ਭਾਈ ਲਾਲੋ ਲੋਕ ਮੰਚ ਦੇ ਸੂਬਾਈ ਆਗੂ ਅਤੇ ਜੋਗਾ ਸਿੰਘ ਵੀ ਹਾਜ਼ਰ ਸਨ।



## ਮਾਵਾਂ-ਧੀਆਂ ਸਤਿਕਾਰ ਯੋਜਨਾ ਰਾਹੀਂ 'ਆਪ' ਸਰਕਾਰ ਨੇ ਜਿੱਤਿਆ ਲੋਕਾਂ ਦਾ ਦਿਲ : ਬਰਸਟ

**ਮੁਹਾਲੀ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ), ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਵਿੱਚ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਕਰਕੇ ਔਰਤਾਂ ਦਾ ਮਾਣ-ਸਤਿਕਾਰ ਵਧਾਇਆ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਇਤਿਹਾਸਕ ਕਦਮ ਨੇ ਪੰਜਾਬ ਦੇ ਹਰ ਵਰਗ ਦਾ ਦਿਲ ਜਿੱਤ ਲਿਆ ਹੈ।ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ। ਇਸੇ ਤਹਿਤ ਆਪਣੀ ਇੱਕ ਹੋਰ ਵੱਡੀ ਗਰੰਟੀ ਨੂੰ ਪੂਰਾ ਕਰਦਿਆਂ ਸਰਕਾਰ ਨੇ ਔਰਤਾਂ ਦੀ ਆਰਥਿਕ ਮਜ਼ਬੂਤੀ ਲਈ ਵੱਡਾ ਕਦਮ ਚੁੱਕਿਆ ਹੈ। 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਨਿਰਧਾਰਤ ਰਾਸ਼ੀ ਸਿੱਧੀ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਾਈ ਗਈ ਹੈ। ਇਸ ਯੋਜਨਾ ਤਹਿਤ ਸਾਰੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨੇ ਦੇ ਹਿਸਾਬ ਨਾਲ ਤਿੰਨ ਮਹੀਨਿਆਂ ਦੀ ਇਕੱਠੀ ਰਾਸ਼ੀ ਸਿੱਧੀ ਉਹਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਹੋ ਗਈ ਹੈ।



# ਕਿਸਾਨੀ ਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਰਾਜਪਾਲ ਨੂੰ ਭੇਜਿਆ ਮੰਗ ਪੱਤਰ

**ਨੰਗਲ (ਸੁਰਜੀਤ ਸਿੰਘ ਢੇਰ)**- ਕੁੱਲ ਹਿੰਦ ਕਿਸਾਨ ਸਭਾ ਅਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਦੀਆਂ ਸੂਬਾ ਕਮੇਟੀਆਂ ਦੇ ਸੱਦੇ ਤੇ ਇੱਥੇ ਤਹਿਸੀਲ ਇਕਾਈ ਵੱਲੋਂ ਕਿਸਾਨੀ ਤੇ ਮਜ਼ਦੂਰਾਂ ਦੀਆਂ ਮੰਗਾਂ ਦਾ ਇਕ ਮੰਗ ਪੱਤਰ ਸਥਾਨਕ ਐੱਸ ਡੀ ਐੱਮ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਭੇਜਿਆ ਗਿਆ ਜਿਸ ਵਿੱਚ ਮੰਗ ਕੀਤੀ ਗਈ ਕਿ ਸਰਕਾਰ ਵੱਲੋਂ ਨਵੀਂ ਲਿਆਂਦੀ ਲੈਂਡ ਪੂਲਿੰਗ ਨੀਤੀ ਰੱਦ ਕੀਤੀ ਜਾਵੇ,ਵੀ ਬੀ ਜੀ ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ ਅਤੇ ਮਨਰੇਗਾ ਕਾਨੂੰਨ ਬਹਾਲ ਕੀਤਾ ਜਾਵੇ, ਬਿਜਲੀ ਸੋਧ ਬਿੱਲ 2025 ਰੱਦ ਕੀਤਾ ਜਾਵੇ, ਬੀਜ ਸੋਧ ਬਿਲ 2026 ਵਾਪਸ ਲਿਆ ਜਾਵੇ, ਅਮਰੀਕਾ ਨਾਲ ਮੁਕਤ ਵਪਾਰ ਸੰਧੀ ਰੱਦ ਕੀਤੀ ਜਾਵੇ, ਬੇਜ਼ਮੀਨੇ ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਅਤੇ ਕੱਚੇ ਮਕਾਨਾਂ ਵਾਲੇ ਮਜ਼ਦੂਰਾਂ ਨੂੰ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇ, ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜੇ ਮਾਫ ਕੀਤੇ ਜਾਣ, ਡੀਜ਼ਲ ਤੇ ਪੈਟਰੋਲ ਅਤੇ ਗੈਸ ਦੀਆਂ ਕੀਮਤਾਂ ਘੱਟ ਚੁੱਕੀਆਂ ਹਨ ਕੇਂਦਰ ਸਰਕਾਰ ਆਮ ਲੋਕਾਂ ਨੂੰ ਮਹਿੰਗਾਈ ਤੋਂ ਰਾਹਤ ਦੇਣ ਵਾਸਤੇ ਪੈਟਰੋਲ ਤੇ ਰਸੋਈ ਗੈਸ ਦੇ ਰੇਟਾਂ ਚ ਕੀਤਾ ਵਾਧਾ ਸਰਕਾਰ ਵਾਪਸ ਲਵੇ, ਯੂਰੀਆ ਤੇ ਡੀਏਪੀਏ ਖਾਦ ਨਾਲ ਹੋਰ ਸਮਗਰੀ ਦੇਣ ਦੇ ਨਾਮ ਤੇ ਲੁੱਟ ਬੰਦ ਕੀਤੀ ਜਾਵੇ,ਹੜ੍ਹਾਂ ਤੋਂ ਬਚਾ ਲਈ ਦਰਿਆਵਾਂ ਦੇ ਸਾਰੇ ਧੁਸੀਂ ਬੰਨਾ ਦੀ ਤੁਰੰਤ ਮੁਰੰਮਤ ਕੀਤੀ ਜਾਵੇ। ਇਸ ਮੌਕੇ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਮਹਿੰਦਰ ਸਿੰਘ ਸੰਗਤਪੁਰ, ਖੇਤ ਮਜ਼ਦੂਰ ਯੂਨੀਅਨ ਦੇ ਆਗੂ ਪ੍ਰਭਾ, ਮੋਨਿਕਾ, ਪਰਮਜੀਤ ਕੌਰ ਅਤੇ ਬਬਲੀ ਵੀ ਹਾਜ਼ਰ ਸਨ। ਇਸ ਮੌਕੇ ਤੇ ਕਿਸਾਨ ਤੇ ਮਜ਼ਦੂਰ ਆਗੂਆਂ ਨੇ ਐੱਸ ਡੀ ਐੱਮ ਨੰਗਲ ਨਾ ਹੋਣ ਕਰਕੇ ਰੀਡਰ ਮੋਹਿਤ ਸ਼ਰਮਾ ਨੂੰ ਮੰਗ ਪੱਤਰ ਦਿੱਤਾ ਗਿਆ, ਜੋ ਕਿ ਪੰਜਾਬ ਦੇ ਰਾਜਪਾਲ ਨੂੰ ਭੇਜਿਆ ਜਾਵੇਗਾ। ਕਿਸਾਨ ਤੇ ਮਜ਼ਦੂਰ ਆਗੂ ਨੇ ਕਿਹਾ ਕਿ ਜੇ ਕਿਸਾਨੀ ਤੇ ਮਜ਼ਦੂਰ ਮੰਗਾਂ ਤੇ ਕੋਈ ਧਿਆਨ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਹੋਰ ਤੇਜ਼ ਹੋਵੇਗਾ ਅਤੇ 10 ਅਗਸਤ ਨੂੰ ਜੇਲ ਭਰੋ ਅੰਦੋਲਨ ਸ਼ੁਰੂ ਕੀਤਾ ਜਾਵੇਗਾ।



# ਨਗਰ ਨਿਗਮ ਚੋਣਾਂ : 50 ਵਾਰਡਾਂ 'ਚੋਂ 35 'ਚ 'ਆਪ', 9 ਵਾਰਡਾਂ 'ਚ ਕਾਂਗਰਸ ਦੀ ਜਿੱਤ

**ਹੁਸ਼ਿਆਰਪੁਰ (ਓ ਪੀ ਰਾਣਾ)** ਸਥਾਨਕ ਨਗਰ ਨਿਗਮ ਦੇ 50 ਵਾਰਡਾਂ ਲਈ ਪਈਆਂ ਵੋਟਾਂ ਦੀ ਗਿਣਤੀ ਉਪਰੰਤ 35 ਵਾਰਡਾਂ ਵਿਚ ਆਮ ਆਦਮੀ ਪਾਰਟੀ, 9 ਵਾਰਡਾਂ ਵਿਚ ਕਾਂਗਰਸ ਪਾਰਟੀ ਦੇ ਉਮੀਦਵਾਰ, 3 ਵਾਰਡਾਂ ਵਿਚ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ 3 ਵਾਰਡਾਂ ਵਿਚ ਆਜ਼ਾਦ ਉਮੀਦਵਾਰ ਜੇਤੂ ਰਹੇ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ ਪੂਰੇ ਸ਼ਾਂਤਮਈ ਅਤੇ ਨਿਰਪੱਖ ਢੰਗ ਨਾਲ ਨੇਪਰੇ ਚੜ੍ਹੀ। ਉਨ੍ਹਾਂ ਦੱਸਿਆ ਕਿ ਸਵੇਰੇ 8:00 ਵਜੇ ਤੋਂ ਸ਼ੁਰੂ ਹੋਈ ਵੋਟਿੰਗ ਸ਼ਾਮ 4:00 ਵਜੇ ਤੱਕ ਜਾਰੀ ਰਹਿਣ ਪਿੱਛੋਂ ਵੋਟਾਂ ਦੀ ਗਿਣਤੀ ਕਰਵਾਈ ਗਈ। ਨਤੀਜਿਆਂ ਅਨੁਸਾਰ ਵਾਰਡ ਨੰਬਰ 1 ਤੋਂ ਆਜ਼ਾਦ ਉਮੀਦਵਾਰ ਰਜਨੀ ਬਾਲਾ ਕੁੱਲ 887 ਵੋਟ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 2 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਰਮੇਸ਼ ਕੁਮਾਰ 765 ਵੋਟਾਂ, ਵਾਰਡ ਨੰਬਰ 3 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਜਨੀ ਕੌਰ 774 ਵੋਟਾਂ, ਵਾਰਡ ਨੰਬਰ 4 ਤੋਂ ਭਾਜਪਾ ਦੇ ਉਮੀਦਵਾਰ ਜਤਿੰਦਰ ਸਿੰਘ ਸੈਣੀ 815 ਵੋਟਾਂ, ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰਵੀਨ ਸੈਣੀ 1354 ਵੋਟਾਂ, ਵਾਰਡ ਨੰਬਰ 6 ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਅਸ਼ੋਕ ਕੁਮਾਰ 994 ਵੋਟਾਂ, ਵਾਰਡ ਨੰਬਰ 7 ਤੋਂ ਆਮ ਆਦਮੀ ਪਾਰਟੀ ਦੇ ਉਮਦੀਵਾਰ ਨਰਿੰਦਰ ਕੌਰ 725 ਵੋਟਾਂ, 8 ਤੋਂ ਆਮ ਆਦਮੀ ਪਾਰਟੀ ਦੇ ਉਮਦੀਵਾਰ ਮੁਖੀ ਰਾਮ ਰੱਲ 1141 ਵੋਟਾਂ, 9 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਬਖਸ਼ ਕੌਰ ਰੱਲ 514 ਵੋਟਾਂ, 10 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਪਾਲ ਚੇਚੀ 983 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 11 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਰਿੰਪੀ ਚੌਹਾਨ 707 ਵੋਟਾਂ, ਵਾਰਡ ਨੰਬਰ 12 ਤੋਂ ਆਮ ਆਦਮੀ ਪਾਰਟੀ ਸੰਦੀਪ ਚੇਚੀ 1106 ਵੋਟਾਂ, ਵਾਰਡ ਨੰਬਰ 13 ਤੋਂ ਆਮ ਆਦਮੀ ਪਾਰਟੀ ਜਤਿੰਦਰ ਕੌਰ 902 ਵੋਟਾਂ, ਵਾਰਡ ਨੰਬਰ 14 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਵਿੰਦਰ ਕੁਮਾਰ 1279 ਵੋਟਾਂ, ਵਾਰਡ ਨੰਬਰ 15 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਚੰਦਰਾਵਤੀ 1188 ਵੋਟਾਂ, ਵਾਰਡ ਨੰਬਰ 16 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਮਲਜੀਤ ਸਿੰਘ 885 ਵੋਟਾਂ, ਵਾਰਡ ਨੰਬਰ 17 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਨਪ੍ਰੀਤ ਕੌਰ 1050 ਵੋਟਾਂ, ਵਾਰਡ ਨੰਬਰ 18 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਰਿੰਦਰ ਕੁਮਾਰ ਸ਼ਿੰਦਾ 968 ਵੋਟਾਂ, ਵਾਰਡ ਨੰਬਰ 19 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਮਨਮੀਤ ਕੌਰ 923 ਵੋਟਾਂ, ਵਾਰਡ ਨੰਬਰ 20 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਵੰਤ ਰਾਏ 717 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 21 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਾਜ ਰਾਣੀ ਬੈਂਸ 822 ਵੋਟਾਂ, ਵਾਰਡ ਨੰਬਰ 22 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਿੰਦਰ ਸਿੰਘ 470 ਵੋਟਾਂ, ਵਾਰਡ ਨੰਬਰ 23 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬਲਜੀਤ ਕੌਰ 907 ਵੋਟਾਂ, ਵਾਰਡ ਨੰਬਰ 24 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਬਲਵਿੰਦਰ ਕੌਰ 816 ਵੋਟਾਂ, ਵਾਰਡ ਨੰਬਰ 25 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਜੀਤ ਕੌਰ 795 ਵੋਟਾਂ, ਵਾਰਡ ਨੰਬਰ 26 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਜੇ ਕੁਮਾਰ 979 ਵੋਟਾਂ, ਵਾਰਡ ਨੰਬਰ 27 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਮਨਜੋਤ ਕੌਰ 627 ਵੋਟਾਂ, ਵਾਰਡ ਨੰਬਰ 28 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੁਲਵਿੰਦਰ ਸਿੰਘ 991 ਵੋਟਾਂ, ਵਾਰਡ ਨੰਬਰ 29 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਨੀਰਜ ਰਾਣੀ 895 ਵੋਟਾਂ, ਵਾਰਡ ਨੰਬਰ 30 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਬਲਵਿੰਦਰ ਕੁਮਾਰ 896 ਵੋਟਾਂ ਲੈ ਕੇ ਜੇਤੂ ਰਹੇ। ਇਸੇ ਤਰ੍ਹਾਂ ਵਾਰਡ ਨੰਬਰ 31 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਨਵਜੋਤ ਕਟੋਚ 560 ਵੋਟਾਂ, ਵਾਰਡ ਨੰਬਰ 32 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਅਲਕਾ 487 ਵੋਟਾਂ, ਵਾਰਡ ਨੰਬਰ 33 ਤੋਂ ਆਜ਼ਾਦ ਉਮੀਦਵਾਰ ਰਣਜੀਤ ਚੌਧਰੀ 637 ਵੋਟਾਂ, ਵਾਰਡ ਨੰਬਰ 34 ਤੋਂ ਆਮ ਆਦਮੀ ਪਾਰਟੀ ਦੇ ਉਮੀਵਾਰ ਰਾਜੇਸ਼ਵਰ ਦਿਆਲ ਬੱਬੀ 921 ਵੋਟਾਂ, ਵਾਰਡ ਨੰਬਰ 35 ਤੋਂ ਆਮ ਆਦਮੀ ਪਾਰਟੀ ਦੀ ਉਮੀਦਾਰ ਹਰਪ੍ਰੀਤ ਕੌਰ 949 ਵੋਟਾਂ, ਵਾਰਡ ਨੰਬਰ 36 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਮੀਨਾ ਕੁਮਾਰੀ 765 ਵੋਟਾਂ, ਵਾਰਡ ਨੰਬਰ 37 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਪਰਮਜੀਤ ਕੌਰ 676 ਵੋਟਾਂ, ਵਾਰਡ ਨੰਬਰ 38 ਤੋਂ ਆਮ ਆਦਮੀ ਪਾਰਟੀ ਪਾਰਟੀ ਦੇ ਉਮੀਦਵਾਰ ਦਰਪਿਨ ਸੈਣੀ 709 ਵੋਟਾਂ, ਵਾਰਡ ਨੰਬਰ 39 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਅੰਜਨਾ ਬਗਮੀ 598 ਵੋਟਾਂ , ਵਾਰਡ ਨੰਬਰ 40 ਤੋਂ ਆਜ਼ਾਦ ਜਗਵਿੰਦਰ ਸਿੰਘ 331 ਵੋਟਾਂ, ਵਾਰਡ ਨੰਬਰ 41 ਤੋਂ ਭਾਜਪਾ ਦੀ ਉਮੀਦਵਾਰ ਗਿਤਿਕਾ ਅਰੋੜਾ 765 ਵੋਟਾਂ , ਵਾਰਡ ਨੰਬਰ 42 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਜਸਵਿੰਦਰ ਕੌਰ 654 ਵੋਟਾਂ, ਵਾਰਡ ਨੰਬਰ 43 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਨੀਲਮ ਰਾਣੀ 765 ਵੋਟਾਂ, ਵਾਰਡ ਨੰਬਰ 44 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਪ੍ਰਦੀਪ ਕੁਮਾਰ 710 ਵੋਟਾਂ, ਵਾਰਡ ਨੰਬਰ 45 ਤੋਂ ਕਾਂਗਰਸ ਪਾਰਟੀ ਦੀ ਉਮੀਦਵਾਰ ਤਨੀਸ਼ਾ ਸ਼ਰਮਾ 780 ਵੋਟਾਂ, ਵਾਰਡ ਨੰਬਰ 46 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਜੇ ਕੁਮਾਰ ਵਰਮਾ 920 ਵੋਟਾਂ, ਵਾਰਡ ਨੰਬਰ 47 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਕਮਲੇਸ਼ ਰਾਣੀ 788 ਵੋਟਾਂ, ਵਾਰਡ ਨੰਬਰ 48 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਤੀਰਥ ਰਾਮ 632 ਵੋਟਾਂ, ਵਾਰਡ ਨੰਬਰ 49 ਤੋਂ ਭਾਜਪਾ ਦੇ ਉਮੀਦਵਾਰ ਕਮਲਜੀਤ 482 ਵੋਟਾਂ, ਵਾਰਡ ਨੰਬਰ 50 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸੁਖਵਿੰਦਰ ਕੌਰ 579 ਵੋਟਾਂ ਲੈ ਕੇ ਜੇਤੂ ਰਹੇ।

## ਏ ਟੀ ਐੱਮ ਤੋਂ ਧੋਖਾਧੜੀ ਨਾਲ ਪੈਸੇ ਕਢਵਾਉਣ ਵਾਲੇ ਗਰੋਹ ਦਾ ਮੈਂਬਰ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਅਜਿਹੇ ਗਿਰੋਹ ਵਿਰੁੱਧ ਵੱਡੀ ਕਾਰਵਾਈ ਕਰਦੇ ਹੋਏ,ਜੋ ਮਾਸੂਮ ਲੋਕਾਂ ਦੇ ਏ ਟੀ ਐਮ ਖਾਤਿਆਂ ਵਿੱਚੋਂ ਪੈਸੇ ਕਢਵਾ ਕੇ ਧੋਖਾਧੜੀ ਕਰਦਾ ਹੈ, ਜਿਸ ਵਿੱਚੋਂ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦੋਸ਼ੀ ਦੇ ਕਬਜ਼ੇ ਵਿੱਚੋਂ ਏ ਟੀ ਐਮ ਕਾਰਡ, ਮੋਬਾਈਲ ਫੋਨ, ਚਾਕੂ, ਪਲੇਅਰ, ਗੂੰਦ, ਬਟੂਏ ਅਤੇ ਹੋਰ ਸਾਮਾਨ ਬਰਾਮਦ ਕੀਤਾ ਗਿਆ ਹੈ। ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਪਰਾਧੀਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਹਿੱਸੇ ਵਜੋਂ ਕੀਤੀ ਗਈ। ਇਸ ਕਾਰਵਾਈ ਦੀ ਨਿਗਰਾਨੀ ਡੀ ਸੀ ਪੀ ਰਾਕੇਸ਼ ਯਾਦਵ ਤੇ ਏ ਸੀ ਪੀ ਪੱਛਮੀ ਆਤਿਸ਼ ਭਾਟੀਆ ਕਰ ਰਹੇ ਸਨ। ਇਸ ਕਾਰਵਾਈ ਦੀ ਅਗਵਾਈ ਸਬ-ਇੰਸਪੈਕਟਰ ਜੈ ਇੰਦਰ ਸਿੰਘ, ਐੱਸ ਐੱਚ ਓ, ਥਾਣਾ ਬਸਤੀ ਬਾਵਾ ਖੇਲ ਦੇ ਇੰਚਾਰਜ ਨੇ ਕੀਤੀ। ਪੁਲਸ ਦੇ ਅਨੁਸਾਰ, 2 ਜੁਲਾਈ, 2026 ਨੂੰ, ਐੱਸ ਐੱਚ ਓ ਜੈ ਇੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਵਰਿਆਣਾ ਮੋੜ ਤੋਂ ਲੈਦਰ ਕੰਪਲੈਕਸ ਰੋਡ ਵੱਲ ਨਾਕਾਬੰਦੀ ਅਤੇ ਗਸ਼ਤ ਕਰ ਰਹੇ ਸਨ। ਉਨ੍ਹਾਂ ਨੇ ਬਸਤੀ ਪੀਰਦਾਦ ਰੋਡ 'ਤੇ ਐੱਚ ਡੀ ਐੱਫ ਸੀ ਬੈਂਕ ਏਟੀਐਮ ਦੇ ਨੇੜੇ ਇੱਕ ਸ਼ੱਕੀ ਵਿਅਕਤੀ ਨੂੰ ਖੜ੍ਹਾ ਦੇਖਿਆ। ਸ਼ੱਕ ਦੇ ਆਧਾਰ 'ਤੇ, ਉਸਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਦੌਰਾਨ ਮੁਲਜ਼ਮ ਨੇ ਆਪਣਾ ਨਾਮ ਅਮਰੀਕ ਸਿੰਘ ਉਰਫ਼ ਵਿੱਕੀ, ਪੁੱਤਰ ਗੁਰਦੀਪ ਸਿੰਘ, ਵਾਸੀ ਮਕਾਨ ਨੰਬਰ 8-9, ਈਸਟ ਐਨਕਲੇਵ, ਕਾਲਾ ਸਿੰਘਾ ਰੋਡ, ਕੋਟ ਸਾਦਿਕ, ਜਲੰਧਰ ਦੱਸਿਆ। ਸਖ਼ਤੀ ਨਾਲ ਪੁੱਛਗਿੱਛ ਕਰਨ 'ਤੇ, ਦੋਸ਼ੀ ਨੇ ਖੁਲਾਸਾ ਕੀਤਾ ਕਿ ਉਹ ਆਪਣੇ ਸਾਥੀਆਂ ਨਾਲ ਉਹ ਭੋਲੇ ਭਾਲੇ ਲੋਕਾਂ ਨੂੰ ਧੋਖਾ ਦਿੰਦਾ ਸੀ, ਉਨ੍ਹਾਂ ਦੇ ਏ ਟੀ ਐਮ ਕਾਰਡ ਬਦਲ ਦਿੰਦਾ ਸੀ, ਅਤੇ ਬਾਅਦ ਵਿੱਚ ਧੋਖਾਧੜੀ ਨਾਲ ਉਨ੍ਹਾਂ ਦੇ ਖਾਤਿਆਂ ਵਿੱਚੋਂ ਨਕਦੀ ਕਢਵਾਉਂਦਾ ਸੀ।



ਦੋਸ਼ੀ ਨੇ ਆਪਣੇ ਇੱਕ ਸਾਥੀ ਦੀ ਪਛਾਣ ਸੰਦੀਪ ਉਰਫ਼ ਪਿੰਕਾ ਵਜੋਂ ਵੀ ਕੀਤੀ, ਜੋ ਕਿ ਪਿੰਡ ਵਾਰੀਆਣਾ, ਜਲੰਧਰ ਦਾ ਰਹਿਣ ਵਾਲਾ ਹੈ। ਇਸ ਸਬੰਧ ਵਿੱਚ ਪੁਲਸ ਸਟੇਸ਼ਨ ਬਸਤੀ ਬਾਵਾ ਖੇਲ ਵਿਖੇ ਐੱਫ ਆਈ ਆਰ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

## 'ਆਪ' ਨੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ : ਜਲਾਲਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਚੋਣਾਂ ਨੇੜੇ ਆਉਣ ਨਾਲ ਸਿਆਸੀ ਪਾਰਟੀਆਂ ਨੇ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ ਅਤੇ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਦਾ ਦੌਰ ਸ਼ੁਰੂ ਹੋ ਗਿਆ ਹੈ। ਇਸੇ ਲੜੀ ਤਹਿਤ ਪਿੰਡ ਬੱਛੂਆਂ ਵਿਖੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਜਲਾਲਪੁਰ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੌਰਾਨ ਪਿੰਡ ਵਾਸੀਆਂ ਵੱਲੋਂ ਸਤਨਾਮ ਜਲਾਲਪੁਰ ਦਾ ਨਿੱਘਾ ਸਵਾਗਤ ਕੀਤਾ ਗਿਆ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਕੇ ਲੋਕਾਂ ਦਾ ਭਰੋਸਾ ਜਿੱਤਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਹਰ ਵਰਗ ਨੂੰ ਹਰ ਮਹੀਨੇ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ ਅਤੇ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਪਾਰਦਰਸ਼ੀ ਢੰਗ ਨਾਲ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਸਤਨਾਮ ਜਲਾਲਪੁਰ ਨੇ ਕਿਹਾ ਕਿ ਪਨਿਆਲੀ ਵਿਖੇ ਲਗਭਗ 214 ਕਰੋੜ ਰੁਪਏ ਦੀ ਲਾਗਤ ਨਾਲ ਲਿਫਟਿੰਗ ਸਿੰਚਾਈ ਸਕੀਮ ਸ਼ੁਰੂ ਕਰਕੇ ਕਿਸਾਨਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਵੱਡੀ ਮੰਗ ਨੂੰ ਪੂਰਾ ਕੀਤਾ ਗਿਆ ਹੈ, ਜਿਸ ਨਾਲ ਖੇਤੀਬਾੜੀ ਨੂੰ ਵੱਡਾ ਲਾਭ ਮਿਲੇਗਾ। ਇਸ ਮੌਕੇ ਪਿੰਡ ਵਾਸੀਆਂ ਨੇ ਸਤਨਾਮ ਜਲਾਲਪੁਰ ਦਾ ਵਿਸ਼ੇਸ਼ ਤੌਰ 'ਤੇ ਸੁੱਧਾ ਮਾਜਰਾ ਤੋਂ ਚਾਹਲਾਂ ਰੋਡ ਦੀ ਉਸਾਰੀ ਅਤੇ ਪਨਿਆਲੀ ਲਿਫਟਿੰਗ ਸਿੰਚਾਈ ਸਕੀਮ ਸ਼ੁਰੂ ਕਰਵਾਉਣ ਲਈ ਧੰਨਵਾਦ ਕੀਤਾ।ਇਸ ਮੌਕੇ ਜਸਵਿੰਦਰ ਸਿੰਘ ਸਾਬਕਾ ਬਲਾਕ ਪ੍ਰਧਾਨ, ਸਰਪੰਚ ਕਮਲਦੀਪ ਸਿੰਘ (ਬੱਛੂਆਂ), ਸਰਪੰਚ ਬਲਬੀਰ ਸਿੰਘ ਭੰਗੂ (ਜੀਓਂਵਾਲ), ਜੋਗਿੰਦਰ ਪਾਲ, ਹਰਨੇਕ ਸਿੰਘ (ਪਨਿਆਲੀ), ਹਰਪਾਲ ਸਿੰਘ, ਮਾਸਟਰ ਮਲਕੀਤ ਚੰਦ, ਪੰਡਿਤ ਸਰੂਪ ਲਾਲ, ਸੌਦਾਗਰ ਸਿੰਘ, ਬਲਵੀਰ ਸਿੰਘ ਮੀਲੂ (ਬਲਾਕ ਪ੍ਰਧਾਨ ਟੌਂਸਾ), ਪਾਖਰ ਸਿੰਘ ਫੌਜੀ, ਗੁਰਪ੍ਰੀਤ ਸਿੰਘ ਸਰਪੰਚ (ਜਗਤੇਵਾਲ), ਬਾਬਾ ਜਗਤਾਰ ਸਿੰਘ, ਜੀਤ ਰਾਮ ਮੰਡੇਰਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



## 10 ਨੂੰ ਜਲ ਸਪਲਾਈ ਮੰਤਰੀ ਦੇ ਹਲਕੇ 'ਚ ਲੱਗੇਗਾ ਪੱਕਾ ਮੋਰਚਾ : ਦਰਸ਼ਵੀਰ ਸਿੰਘ ਰਾਣਾ

**ਨਕੋਦਰ (ਮਨਜੀਤ ਮਾਨ)**- ਜਲ ਸਪਲਾਈ ਅਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਦੇ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਸੰਗਰੂਰ, ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਲ ਸਪਲਾਈ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਵਿਭਾਗੀ ਅਧਿਕਾਰੀਆਂ ਵਿਚਾਲੇ 8 ਜੁਲਾਈ ਨੂੰ ਹੋਣ ਜਾ ਰਹੀ ਮੀਟਿੰਗ ਬਹੁਤ ਅਹਿਮ ਹੈ। ਇਸ ਮੀਟਿੰਗ ਦੌਰਾਨ ਮੰਤਰੀ ਵੱਲੋਂ 1 ਜੁਲਾਈ ਨੂੰ ਜਥੇਬੰਦੀ ਦੇ ਕੀਤੇ ਗਏ ਸੰਘਰਸ਼ ਦੌਰਾਨ ਵਾਅਦਾ ਕੀਤਾ ਸੀ ਕਿ 8 ਜੁਲਾਈ ਨੂੰ ਜਥੇਬੰਦੀ ਨਾਲ ਮੀਟਿੰਗ ਕਰਕੇ ਕਾਮਿਆਂ ਦੀਆਂ ਮੰਗਾਂ ਦਾ ਨਿਪਟਾਰਾ ਕੀਤਾ ਜਾਵੇਗਾ, ਜੋ ਕਿ ਪੰਜਾਬ ਦੇ 2800 ਕਾਮਿਆਂ ਤੇ ਪਰਵਾਰਾਂ ਬੱਚਿਆਂ ਨੂੰ ਬਹੁਤ ਵੱਡੀ ਉਮੀਦ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਤੋਂ ਪਹਿਲਾਂ ਹੀ ਯੂਨੀਅਨ ਦੀਆਂ ਮੁੱਖ ਮੰਗਾਂ 'ਤੇ ਅਮਲ ਕਰਨਾ ਹੋਵੇਗਾ।ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ 8 ਜੁਲਾਈ ਦੀ ਮੀਟਿੰਗ ਤੋਂ ਪਹਿਲਾਂ-ਪਹਿਲਾਂ ਇੰਨਲਿਸਟਮੈਂਟ ਕੈਟਾਗਰੀ ਨੂੰ ਸ਼ਾਮਲ ਕਰਕੇ ਇਸ ਸਬੰਧੀ ਬਕਾਇਦਾ ਸਰਕਾਰੀ ਹਦਾਇਤਾਂ ਜਾਰੀ ਕੀਤੀਆਂ ਜਾਣ। ਉਨ੍ਹਾਂ ਸਾਫ਼ ਕੀਤਾ ਕਿ ਜੇਕਰ ਸਰਕਾਰ ਨੇ ਇਸ ਮਾਮਲੇ ਵਿੱਚ ਦੇਰੀ ਕੀਤੀ ਜਾਂ ਲਾਰੇ-ਲੱਪੇ ਲਗਾਏ ਤਾਂ ਮਜਬੂਰਨ ਜਥੇਬੰਦੀ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਉਨ੍ਹਾਂ ਸਰਕਾਰ ਨੂੰ ਦੋ-ਟੁੱਕ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ 8 ਜੁਲਾਈ ਦੀ ਮੀਟਿੰਗ ਦੌਰਾਨ ਇਸ ਮਸਲੇ ਦਾ ਕੋਈ ਹੱਲ ਜਾਂ ਨਿਪਟਾਰਾ ਨਹੀਂ ਹੁੰਦਾ, ਤਾਂ ਜਥੇਬੰਦੀ ਵੱਲੋਂ 10 ਜੁਲਾਈ ਨੂੰ ਕੈਬਨਿਟ ਮੰਤਰੀ ਹਰਦੀਪ ਦੇ ਹਲਕੇ ਵਿੱਚ ਪੱਕਾ ਮੋਰਚਾ ਲਾਇਆ ਜਾਵੇਗਾ ਜਿਸ ਦੌਰਾਨ ਨਿਕਲਣ ਵਾਲੇ ਨਤੀਜਿਆਂ ਦੀ ਨਿਰੋਲ ਜ਼ੁੰਮੇਵਾਰੀ ਪੰਜਾਬ ਸਰਕਾਰ ਤੇ ਜਲ ਸਪਲਾਈ ਮੈਨੇਜਮੈਂਟ ਦੀ ਹੋਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੂਬਾ ਵਿੱਤ ਸਕੱਤਰ ਬਲਜਿੰਦਰ ਸਿੰਘ ਸਮਾਣਾ, ਸੂਬਾ ਪ੍ਰੈੱਸ ਸਕੱਤਰ ਦਵਿੰਦਰ ਸਿੰਘ ਨਾਭਾ, ਸੂਬਾ ਜੁਆਇੰਟ ਸਕੱਤਰ ਸੁਖਵਿੰਦਰ ਸਿੰਘ ਖਰਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਰਜਿੰਦਰ ਸਿੰਘ ਮਾਨ, ਸੂਬਾ ਮੀਤ ਪ੍ਰਧਾਨ ਨਰਿੰਦਰ ਸਿੰਘ ਪੂੰਗਾ, ਜਰਨੈਲ ਸਿੰਘ ਫਤਿਹਗੜ੍ਹ ਸਾਹਿਬ, ਲਾਲ ਸਿੰਘ ਗੁਰਦਾਸਪੁਰ, ਗੁਰਮੀਤ ਸਿੰਘ ਫਤਿਹਗੜ੍ਹ, ਸੂਬਾ ਜੁਆਇੰਟ ਪ੍ਰੈੱਸ ਸਕੱਤਰ ਬਲਵੀਰ ਸਿੰਘ ਹਿਰਦਾਪੁਰ ਪਟਿਆਲਾ, ਸੂਬਾ ਸਲਾਹਕਾਰ ਪਵਿੱਤਰ ਸਿੰਘ ਮੋਗਾ, ਸੂਬਾ ਪ੍ਰਚਾਰ ਸਕੱਤਰ ਇੰਦਰਜੀਤ ਸਿੰਘ ਕਪੂਰਥਲਾ, ਸੂਬਾ ਜੁਆਇੰਟ ਵਿੱਤ ਸਕੱਤਰ ਜਸਵੀਰ ਸਿੰਘ ਮਾਨਸਾ ਆਦਿ ਆਗੂ ਹਾਜ਼ਰ ਸਨ।



## ਮੈਨੇਜਰ ਗੌਰਵਦੀਪ ਸਿੰਘ ਲਾਇਨਜ਼ ਕਲੱਬ ਇੰਟਰਨੈਸ਼ਨਲ ਤੇ ਬੈਂਕ ਸਟਾਫ ਵੱਲੋਂ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਯੂਨੀਅਨ ਬੈਂਕ ਬ੍ਰਾਂਚ ਮੈਨੇਜਰ ਗੌਰਵਦੀਪ ਸਿੰਘ ਨੂੰ ਹੁਸ਼ਿਆਰਪੁਰ ਤੋਂ ਫਗਵਾੜਾ ਟਰਾਂਸਫਰ ਹੋ ਜਾਣ ਤੇ ਲਾਇਨਜ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾ ਕੋਹਿਨੂਰ 321 ਡੀ ਤੇ ਬੈਂਕ ਦੇ ਸਮੂਹ ਸਟਾਫ ਮੈਂਬਰਾਂ ਵੱਲੋਂ ਸਨਮਾਨਤ ਕੀਤਾ ਗਿਆ । ਇਸ ਸਮਾਰੋਹ ਵਿੱਚ ਕਲੱਬ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ, ਸਕੱਤਰ ਲਾਇਨ ਡਾਕਟਰ ਤੇਜਬੀਰ ਸਿੰਘ ਧਾਲੀਵਾਲ ਬੈਂਕ ਦੀ ਡਿਪਟੀ ਮੈਨੇਜਰ ਗੁਰਪ੍ਰੀਤ ਕੌਰ, ਕਰੈਡਿਟ ਆਫੀਸਰ ਪਰਮਜੀਤ ਕੌਰ, ਕਲਰਕ ਅਕਾਂਕਸ਼ਾ, ਕੈਸ਼ੀਅਰ ਕਾਜਲ ਨੇ ਸਨਮਾਨ ਪੱਤਰ ਤੇ ਤੋਹਫੇ ਭੇਟ ਕਰਨ ਉਪਰੰਤ ਸ਼ਾਨਦਾਰ ਚਾਹ ਪਾਰਟੀ ਆਯੋਜਿਤ ਕੀਤੀ ਅਤੇ ਆਉਣ ਵਾਲੇ ਸੁਨਿਹਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਵਿਦਾਈ ਦਿੱਤੀ।



## ਅਧਿਆਪਕਾਂ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ ਕਰਵਾਇਆ

**ਫਿਲੌਰ (ਨਿਰਮਲ)**- ਸਥਾਨਕ ਡੀ ਆਰ ਵੀ ਡੀ ਏ ਵੀ ਸੈਨਟਰੀ ਪਬਲਿਕ ਸਕੂਲ ਵਿਖੇ 'ਸਟੋਰੀ ਟੈਲਿੰਗ ਐਸ ਏ ਪੈਡਾਗੋਜ਼ੀ' ਵਿਸ਼ੇ ਤੇ ਸੀਬੀਐਸਈ ਵੱਲੋਂ ਇੱਕ ਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਆਯੋਜਿਤ ਕੀਤਾ ਗਿਆ ।ਵਿਸ਼ਾ ਮਾਹਿਰਾਂ ਵਜੋਂ ਜੋਤੀ ਬੱਗਾ (ਐੱਮ ਜੀ ਐੱਨ ਪਬਲਿਕ ਸਕੂਲ, ਜਲੰਧਰ) ਅਤੇ ਜੋਤਸਨਾ ਸ਼ਰਮਾ (ਸੇਠ ਹੁਕਮ ਚੰਦ ਐਸ.ਡੀ. ਪਬਲਿਕ ਸਕੂਲ, ਜਲੰਧਰ) ਨੇ ਵਰਕਸ਼ਾਪ ਦਾ ਸੰਚਾਲਨ ਕੀਤਾ।ਇਸ ਦਾ ਉਦੇਸ਼ ਅਧਿਆਪਕਾਂ ਨੂੰ ਕਹਾਣੀ-ਕਥਨ ਰਾਹੀਂ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ, ਰੁਚੀਕਰ ਅਤੇ ਵਿਦਿਆਰਥੀ-ਕੇਂਦਰਿਤ ਬਣਾਉਣ ਲਈ ਆਧੁਨਿਕ ਅਧਿਆਪਨ ਤਕਨੀਕਾਂ ਨਾਲ ਜਾਣੂ ਕਰਵਾਉਣਾ ਸੀ। ਪ੍ਰੋਗਰਾਮ 'ਚ ਕਹਾਣੀ-ਕਥਨ ਨੂੰ ਰਚਨਾਤਮਕਤਾ, ਆਲੋਚਨਾਤਮਕ ਚਿੰਤਨ, ਪ੍ਰਭਾਵਸ਼ਾਲੀ ਸੰਚਾਰ ਅਤੇ ਵਿਸ਼ਿਆਂ ਦੀ ਡੂੰਘੀ ਸਮਝ ਵਿਕਸਿਤ ਕਰਨ ਦਾ ਪ੍ਰਭਾਵਸ਼ਾਲੀ ਮਾਧਿਅਮ ਦੱਸਿਆ। ਵਰਕਸ਼ਾਪ ਦੌਰਾਨ ਅਧਿਆਪਕਾਂ ਨੇ ਇੰਟਰਐਕਟਿਵ ਗਤੀਵਿਧੀਆਂ, ਸਮੂਹ ਚਰਚਾਵਾਂ ਅਤੇ ਵਿਹਾਰਕ ਅਭਿਆਸਾਂ ਵਿੱਚ ਉਤਸ਼ਾਹ ਨਾਲ ਭਾਗ ਲਿਆ ਤੇ ਕਲਾਸਰੂਮ ਵਿੱਚ ਲਾਗੂ ਕੀਤੀਆਂ ਜਾ ਸਕਣ ਵਾਲੀਆਂ ਕਈ ਨਵੀਆਂ ਤਕਨੀਕਾਂ ਸਿੱਖੀਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੇ ਰਿਸੋਰਸ ਪਰਸਨਜ਼ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਰੱਥਾ ਨਿਰਮਾਣ ਪ੍ਰੋਗਰਾਮ ਅਧਿਆਪਕਾਂ ਦੀ ਪੇਸ਼ੇਵਰ ਯੋਗਤਾ ਵਿੱਚ ਵਾਧਾ ਕਰਦੇ ਹਨ ਅਤੇ ਕਲਾਸਰੂਮ ਨੂੰ ਹੋਰ ਸਿਰਜਣਾਤਮਕ, ਪ੍ਰਭਾਵਸ਼ਾਲੀ ਅਤੇ ਅਰਥਪੂਰਨ ਸਿੱਖਣ ਦਾ ਕੇਂਦਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।



## ਖਟਕੜ ਕਲਾਂ ਦੀ ਹਰਪ੍ਰੀਤ ਕੌਰ ਇਟਲੀ ਪੁਲਸ 'ਚ ਭਰਤੀ

**ਬੰਗਾ (ਅਵਤਾਰ ਕਲੇਰ)**- ਇਟਲੀ 'ਚ ਸਨਬੋਨੀਫਾਚੋ ਇਲਾਕੇ ਵਿੱਚ ਵਸਦੇ ਭਾਰਤੀ ਭਾਈਚਾਰੇ ਲਈ ਇਹ ਬਹੁਤ ਹੀ ਮਾਣ ਅਤੇ ਖ਼ੁਸ਼ੀ ਵਾਲੀ ਖਬਰ ਹੈ ਕਿ ਪੰਜਾਬ ਦੇ ਪਿੰਡ ਖਟਕੜ ਕਲਾਂ ਨਾਲ ਸੰਬੰਧਤ ਇਟਲੀ ਰਹਿੰਦੇ ਪਰਵਾਰ ਦੀ ਹੋਣਹਾਰ ਧੀ ਹਰਪ੍ਰੀਤ ਕੌਰ ਹੁਣ ਵੈਰੋਨਾ ਨੇੜਲੇ ਸਨਬੋਨੀਫਾਚੋ ਪੁਲਿਸ ਸਟੇਸ਼ਨ ਵਿੱਚ ਆਪਣੀਆਂ ਵਡਮੁੱਲੀਆਂ ਸੇਵਾਵਾਂ ਪ੍ਰਦਾਨ ਕਰੇਗੀ। ਇਟਲੀ ਪੁਲਸ ਵਿੱਚ ਹਰਪ੍ਰੀਤ ਕੌਰ ਦੀ ਭਰਤੀ ਸਾਲ 2022 ਵਿੱਚ ਹੋਈ ਸੀ। ਵਿੱਦਿਆ ਪੱਖੋਂ ਇਸ ਲੜਕੀ ਨੇ ਉੱਚ ਪੱਧਰੀ ਸਿੱਖਿਆ ਭਾਵ ਕਾਨੂੰਨ ਖੇਤਰ ਵਿੱਚ ਲਾਅ ਦੀ ਡਿਗਰੀ ਹਾਸਲ ਕੀਤੀ ਹੋਈ ਹੈ ਅਤੇ ਉਹ ਇਟਾਲੀਅਨ ਮਿਲਟਰੀ ਵਿੱਚ ਵੀ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਚੁੱਕੀ ਹੈ। ਉਹ ਖਟਕੜ ਕਲਾਂ ਪਿੰਡ ਦੇ ਸਵਰਗੀ ਹਰਦੀਪ ਸਿੰਘ ਅਤੇ ਮਾਤਾ ਬਲਵਿੰਦਰ ਕੌਰ ਦੀ ਧੀ ਹੈ। ਇਸ ਲੜਕੀ ਦਾ ਜਨਮ ਇਟਲੀ ਵਿੱਚ ਹੀ ਹੋਇਆ ਸੀ।ਕਈ ਔਖੀਆਂ ਅਤੇ ਸਖਤ ਪ੍ਰੀਖਿਆਵਾਂ ਵਿੱਚ ਲੰਘਦਿਆਂ ਇਸ ਹੋਣਹਾਰ ਲੜਕੀ ਹਰਪ੍ਰੀਤ ਕੌਰ ਨੇ ਆਖਰ ਆਪਣੇ ਸੁਪਨਿਆਂ ਨੂੰ ਸੱਚ ਕਰ ਦਿਖਾਇਆ ਅਤੇ ਇਟਲੀ ਦੇ ਪੁਲਸ ਵਿਭਾਗ ਵਿੱਚ ਨੌਕਰੀ ਹਾਸਲ ਕਰਕੇ ਆਪਣੇ ਮਾਤਾ ਪਿਤਾ ਦੇ ਨਾਲ ਨਾਲ ਪੂਰੇ ਭਾਰਤ ਦੇਸ਼ ਦਾ ਨਾਂਅ ਚਮਕਾਇਆ ਹੈ। ਹਰਪ੍ਰੀਤ ਕੌਰ ਅੱਜ-ਕੱਲ੍ਹ ਆਪਣੇ ਪਤੀ ਅਮ੍ਰਿਤਪਾਲ ਸਿੰਘ ਸੰਧੂ ਦੇ ਨਾਲ ਵਿਚੋਂਸਾ ਨੇੜਲੇ ਸ਼ਹਿਰ ਆਰਜੀਨਿਆਨੋ ਵਿਖੇ ਰਹਿੰਦੀ ਹੈ। ਅਮ੍ਰਿਤਪਾਲ ਸਿੰਘ ਸੰਧੂ ਜਲੰਧਰ ਜ਼ਿਲ੍ਹੇ ਦੇ ਪਿੰਡ ਤਲਵੰਡੀ ਮਾਧੋ ਨਾਲ ਸੰਬੰਧਤ ਹਨ।




## ਕਾਂਗਰਸ ਨੂੰ ਪੰਜਾਬ 'ਚ ਨੌਜਵਾਨ ਲੀਡਰਸ਼ਿਪ ਨੂੰ ਅੱਗੇ ਵਧਾਉਣਾ ਚਾਹੀਦਾ : ਅੰਮ੍ਰਿਤਪਾਲ ਭੌਂਸਲੇ

**ਫਿਲੌਰ (ਨਿਰਮਲ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਐਸ ਆਈ ਆਰ ਦੇ ਕੋਆਰਡੀਨੇਟਰ ਸ੍ਰੀ ਅੰਮ੍ਰਿਤਪਾਲ ਭੌਂਸਲੇ ਨੇ ਇਕ ਪ੍ਰੈੱਸ ਜਾਰੀ ਕਰਦਿਆਂ ਕਿਹਾ ਕਿ ਦੇਸ਼ ਅੰਦਰ ਕਾਂਗਰਸ ਪਾਰਟੀ ਰਾਸ਼ਟਰੀ ਪ੍ਰਧਾਨ ਮਲਿਕਾ ਅਰੁਜਨ ਖੜਗੇ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਭਾਰਤ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਬਚਾਉਣ ਲਈ ਸੰਘਰਸ਼ ਕਰ ਰਹੀ ਹੈ। ਕਿਉਂਕਿ ਦੇਸ਼ ਅੰਦਰ ਭਾਰਤੀਯ ਜਨਤਾ ਪਾਰਟੀ ਦੀ ਮੋਦੀ ਸਰਕਾਰ ਜਿਹੋ ਹਾਲਾਤ ਪੈਦਾ ਕੀਤੇ ਹਨ ਉਸ ਵਿੱਚ ਸਿਆਸੀ ਅਸਥਿਰਤਾ ਧੱਕੇ ਨਾਲ ਰਾਜਸੀ ਧਿਰਾਂ ਦਾ ਅੰਤ ਦਰਸਾਉਂਦਾ ਹੈ ਕਿ ਡਾਕਟਰ ਭੀਮ ਰਾਓ ਅੰਬੇਡਕਰ ਦਾ ਸੰਵਿਧਾਨ ਅਤੇ ਲੋਕਤੰਤਰ ਖ਼ਤਰੇ ਵਿੱਚ ਹੈ। ਦੇਸ਼ ਦੇ ਦਲਿਤ ਪੱਛੜੇ ਅਤੇ ਘੱਟ ਗਿਣਤੀਆਂ ਦੇ ਲੋਕਾਂ ਦਾ ਸ਼ੋ$ਣ ਹੋ ਰਿਹਾ ਹੈ ਜੇਕਰ ਦੇਸ਼ ਅੰਦਰ ਕੋਈ ਸਾਡੀ ਬਾਂਹ ਫੜ ਰਿਹਾ ਹੈ ਉਹ ਹੈ ਸ੍ਰੀ ਰਾਹੁਲ ਗਾਂਧੀ। ਭੌਂਸਲੇ ਨੇ ਅੱਗੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਪੰਜਾਬ ਅੰਦਰ ਨਵੀਂ ਸ਼ਡਿਊਲਡ ਕਾਸਟ ਨੌਜਵਾਨ ਲੀਡਰਸ਼ਿਪ ਨੂੰ ਅੱਗੇ ਵਧਾਉਣਾ ਚਾਹੀਦਾ ਹੈ ਤਾਂ ਜੋ ਰਾਹੁਲ ਗਾਂਧੀ ਦਾ ਬਹੁਜਨ ਸਮਾਜ ਪ੍ਰਤੀ ਨਜ਼ਰੀਆ ਆਮ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਕਾਂਗਰਸ ਦੇਸ਼ ਅਤੇ ਪੰਜਾਬ ਨੂੰ ਬਚਾ ਸਕਦੀ ਹੈ ਸਾਨੂੰ ਕਾਂਗਰਸ ਪਾਰਟੀ ਦਾ ਸਾਥ ਦੇਣਾ ਚਾਹੀਦਾ ਹੈ।



## ਮੱਕੋਵਾਲ 'ਚ ਨੌਵਾਂ ਪੇਂਡੂ ਕ੍ਰਿਕਟ ਮੈਚ ਧੂਮਧਾਮ ਨਾਲ ਕਰਵਾਇਆ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਿੰਡ ਮੱਕੋਵਾਲ ਵਿਖੇ ਨੌਵਾਂ ਪੇਂਡੂ ਕ੍ਰਿਕਟ ਮੈਚ ਬੜੀ ਹੀ ਧੂਮਧਾਮ ਨਾਲ ਪ੍ਰਧਾਨ ਪੁਸ਼ਪਿੰਦਰ ਸਿੰਘ ਰਾਜੂ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੈਚ ਵਿੱਚ ਵੱਖ ਵੱਖ ਪਿੰਡਾਂ ਤੋਂ ਕੁੱਲ 16 ਟੀਮਾਂ ਨੇ ਭਾਗ ਲਿਆ ਜਿਵੇਂ, ਚਾਂਗ ਬਸੋਆ, ਮੱਕੋਵਾਲ, ਜੋਗਿਆਨਾ, ਜਨੌੜੀ, ਮਨਹੋਤਾ, ਚੱਠਿਆਲੀ, ਡਡਿਆਲ ,ਪਸੀ ਕੰਡੀ ਆਦਿ। ਇਸ ਮੈਚ ਵਿੱਚ ਪੱਸੀ ਕੰਡੀ ਦੀ ਟੀਮ ਜੇਤੂ ਰਹੀ ਅਤੇ ਰਨਰ ਅੱਪ ਦੀ ਟਰਾਫੀ ਪਿੰਡ ਡਡਿਆਲ ਨੇ ਪ੍ਰਾਪਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਨੀਟੂ ਆੜ੍ਹਤੀਆ ਸ਼ਾਮਲ ਹੋਏ। ਇਸ ਮੌਕੇ ਸਾਰੇ ਹੀ ਖਿਡਾਰੀਆਂ ਅਤੇ ਦਰਸ਼ਕਾਂ ਨੂੰ ਲੰਗਰ ਵੀ ਛਕਾਇਆ ਗਿਆ। ਇਸ ਮੌਕੇ ਦਿਨੇਸ਼ ਕੁਮਾਰ, ਰਮਨ ਕੁਮਾਰ, ਮਨਿੰਦਰ ਸੋਨੂ, ਹਰਪ੍ਰੀਤ ਸਿੰਘ, ਲਖਵੀਰ ਸਿੰਘ, ਸਤਵੀਰ ਸਿੰਘ, ਮਨਪ੍ਰੀਤ ਸਿੰਘ, ਮੋਹਨ ਲਾਲ, ਸਤੀਸ਼ ਕੁਮਾਰ, ਸੋਨੂ ਆਦਿ ਹਾਜ਼ਰ ਹੋਏ।



ਗਲੋ ਹੈਵਨ ਸਲੋਨ ਸ਼ੌਪ ਖਲਵਾੜਾ ਵਲੋਂ ਸਖਤ ਗਰਮੀ ਨੂੰ ਦੇਖਦਿਆਂ ਹੋਇਆ ਰਾਹਗੀਰਾਂ ਲਈ ਖਲਵਾੜਾ ਰੋਡ ਫਗਵਾੜਾ ਵਿਖੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। (ਫੋਟੋ ਤੇ ਵੇਰਵਾ : ਜਸਵਿੰਦਰ ਢੱਡਾ, ਫਗਵਾੜਾ)

## ਕੇਵਲ ਸਿੰਘ ਢਿੱਲੋਂ ਡੇਰਾ ਸੱਚਖੰਡ ਬੱਲਾਂ ਵਿਖੇ ਹੋਏ ਨਤਮਸਤਕ

**ਜਲੰਧਰ (ਸ਼ੈਲੀ ਐਲਬਰਟ, ਲਖਵਿੰਦਰ ਸਿੰਘ ਆਧੀ)**- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਏ ਅਤੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਤੋਂ ਆਸ਼ੀਰਵਾਦ ਲਿਆ। ਇਸ ਮੌਕੇ ਉਨ੍ਹਾਂ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਉਨ੍ਹਾਂ ਨੂੰ ਪਦਮ ਸ੍ਰੀ ਪੁਰਸਕਾਰ ਮਿਲਣ ਦੀ ਵਧਾਈ ਦਿੱਤੀ ਅਤੇ ਸੰਤ ਤੋਂ ਚੜ੍ਹਦੀ ਕਲਾ ਦਾ ਆਸ਼ੀਰਵਾਦ ਲਿਆ। ਉਨ੍ਹਾਂ ਇਸ ਦੌਰਾਨ 108 ਸੰਤ ਸਰਵਣ ਦਾਸ ਦੀ ਪ੍ਰਤਿਮਾ ਅੱਗੇ ਵੀ ਮੱਥਾ ਟੇਕਿਆ। ਇਸ ਉਪਰੰਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣ ਦਾ ਉਨ੍ਹਾਂ ਨੂੰ ਸੁਭਾਗ ਪ੍ਰਾਪਤ ਹੋਇਆ ਹੈ। ਸੰਤ ਦੇ ਆਸ਼ੀਰਵਾਦ ਨਾਲ ਭਾਜਪਾ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਗਰੀਬ ਅਤੇ ਦਲਿਤ ਵਰਗ ਦੀ ਸੇਵਾ ਭਾਜਪਾ ਦੀ ਵਿਚਾਰਧਾਰਾ ਦਾ ਮੂਲ ਆਧਾਰ ਹੈ। ਇਸ ਇਲਾਕੇ ਵਿੱਚ ਗਰੀਬ ਅਤੇ ਦਲਿਤ ਵਰਗ ਦੀ ਭਲਾਈ ਲਈ ਇਸ ਪਵਿੱਤਰ ਜਗ੍ਹਾ ਤੋਂ ਜੋ ਵੀ ਆਦੇਸ਼ ਮਿਲੇਗਾ, ਉਹ ਉਸ ਨੂੰ ਪੂਰਾ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਭਾਜਪਾ ਆਗੂ ਅਵਿਨਾਸ਼ ਚੰਦਰ ਕਲੇਰ, ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਸਾਬਕਾ ਪੰਜਾਬ ਪ੍ਰਧਾਨ ਵਿਜੈ ਸਾਂਪਲਾ, ਐੱਸ ਆਰ ਲੱਧੜ, ਰਾਜੇਸ਼ ਬਾਘਾ, ਸੁਸ਼ੀਲ ਰਿੰਕੂ, ਸ਼ੀਤਲ ਅੰਗੁਰਾਲ, ਇੰਦਰ ਇਕਬਾਲ ਅਟਵਾਲ ਅਤੇ ਹੋਰ ਆਗੂ ਵੀ ਹਾਜ਼ਰ ਸਨ।



## ਬਾਬਾ ਕਾਮੂਆਣਾ ਦੇ ਅਸਥਾਨ 'ਤੇ ਸਾਲਾਨਾ ਸਮਾਗਮ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਬਾਬਾ ਕਾਮੂਆਣਾ ਦੇ ਅਸਥਾਨ ਪਿੰਡ ਰਾਜਪੁਰ ਗਹੋਤ ਵਿਖੇ ਚੱਲ ਰਹੇ ਸਾਲਾਨਾ ਸਮਾਗਮ ਦੇ ਦੌਰਾਨ ਸਮਾਗਮ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ।ਪ੍ਰਬੰਧਕ ਕਮੇਟੀ ਵੱਲੋਂ ਨਗਰ ਇਲਾਕੇ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੇ ਦੌਰਾਨ ਸਭ ਤੋਂ ਪਹਿਲਾਂ 3 ਜੁਲਾਈ ਤੋਂ ਆਰੰਭ ਕੀਤੇ ਗਏ 14 ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ ਤੇ ਗਿਆਨੀ ਸੁਰਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਕੀਰਤਨ ਦਰਬਾਰ ਵਿੱਚ ਭਾਈ ਸੁਰਿੰਦਰ ਸਿੰਘ ਗੋਬਿੰਦ ਨਗਰ ਟਾਂਡਾ ਅਤੇ ਭਾਈ ਸੁਖਵਿੰਦਰ ਸਿੰਘ ਦੇ ਰਾਗੀ ਜੱਥੇ ਵੱਲੋਂ ਰਸ ਭਿੰਨੇ ਕੀਰਤਨ ਦੁਆਰਾ ਸਮੂਹ ਸੰਗਤ ਨੂੰ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਗਿਆ।ਸਟੇਜ ਸਕੱਤਰ ਦੀ ਸੇਵਾ ਕਰ ਰਹੇ ਮਾਸਟਰ ਚਰਨਜੀਤ ਸਿੰਘ ਰਾਜਪੁਰ ਅਤੇ ਪ੍ਰਧਾਨ ਕੈਪਟਨ ਗੁਰਜੀਤ ਸਿੰਘ ਨੇ ਸਮਾਗਮ ਵਿੱਚ ਸਹਿਯੋਗ ਕਰਨ ਵਾਲੀਆਂ ਸਾਰੀਆਂ ਸੰਗਤਾਂ ਦਾ ਧੰਨਵਾਦ ਕੀਤਾ। ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਕਿ ਸਾਲਾਨਾ ਸਮਾਗਮ ਆਪਣੇ ਅੰਤਿਮ ਚਰਨਾ ਵੱਲ ਵਧ ਰਿਹਾ ਹੈ ਸਮੁੱਚੇ ਸਮਾਗਮਾਂ ਦੀ ਸਮਾਪਤੀ 19 ਜੁਲਾਈ ਨੂੰ ਹੋਵੇਗੀ। ਇਸ ਮੌਕੇ ਕੈਪਟਨ ਗੁਰਜੀਤ ਸਿੰਘ ਪ੍ਰਧਾਨ, ਰਣਜੀਤ ਸਿੰਘ ਸੈਕਟਰੀ ,ਸਟੇਜ ਸੈਕਟਰੀ ਮਾਸਟਰ ਚਰਨਜੀਤ ਸਿੰਘ , ਸੁਰਜੀਤ ਸਿੰਘ , ਜਸਵੀਰ ਸਿੰਘ, ਅਮਰਜੀਤ ਸਿੰਘ ਕਾਕਾ, ਗੁਰਬਖ਼ਸ਼ ਸਿੰਘ, ਮਾਸਟਰ ਹਰਨਾਮ ਸਿੰਘ, ਧਰਮਪਾਲ ਸਿੰਘ, ਸਤਨਾਮ ਸਿੰਘ, ਮਾਸਟਰ ਗੁਰਮਿੰਦਰ ਸਿੰਘ,ਮਲਕੀਤ ਸਿੰਘ,ਨਰਿੰਦਰ ਸਿੰਘ,ਪਰਮਵੀਰ ਸਿੰਘ ਪੰਮਾ, ਕਰਨਪ੍ਰੀਤ ਸਿੰਘ, ਨਵਦੀਪ ਸਿੰਘ, ਹਰਪ੍ਰੀਤ ਸਿੰਘ ਹੈਪੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## 79ਵਾਂ ਮੁਫ਼ਤ ਬਲੱਡ ਸ਼ੂਗਰ ਚੈੱਕਅੱਪ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਲੋਕ ਸੇਵਾ ਦਲ ਰਜਿ. ਨੇ ਮਨੀਸ਼ ਕਾਲੀਆ ਦੇ ਪਿਤਾ ਲੈਫਟੀਨੈਂਟ ਕੁਲਦੀਪ ਕਾਲੀਆ ਦੀ ਯਾਦ ਵਿੱਚ ਸੱਤਿਅਮ ਲੈਬ ਫਗਵਾੜਾ ਵਿਖੇ 79ਵਾਂ ਮੁਫ਼ਤ ਬਲੱਡ ਸ਼ੂਗਰ ਚੈੱਕਅੱਪ ਕੈਂਪ ਲਗਾਇਆ। ਕੈਂਪ ਪ੍ਰਧਾਨ ਦਵਿੰਦਰ ਸਿੰਘ ਦੀ ਪ੍ਰਧਾਨਗੀ ਅਤੇ ਡਾਇਰੈਕਟਰ ਵਰਿੰਦਰ ਸ਼ਰਮਾ ਦੀ ਨਿਗਰਾਨੀ ਹੇਠ ਲਗਾਇਆ ਗਿਆ। ਇਸ ਦੌਰਾਨ 55 ਲੋਕਾਂ ਦੇ ਬਲੱਡ ਸ਼ੂਗਰ ਟੈਸਟ ਕੀਤੇ ਗਏ।ਜਨਰਲ ਸਕੱਤਰ ਪਵਨ ਕਸ਼ਯਪ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸ਼ੂਗਰ ਇੱਕ ਆਮ ਬਿਮਾਰੀ ਬਣ ਗਈ ਹੈ।ਜੇਕਰ ਤੁਹਾਨੂੰ ਸ਼ੂਗਰ ਹੈ, ਤਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਸਮੇਂ ਸਿਰ ਟੈਸਟ ਕਰਵਾਉਣਾ ਬਹੁਤ ਜ਼ਰੂਰੀ ਹੈ।ਪ੍ਰਧਾਨ ਦਵਿੰਦਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਲੋਕ ਸੇਵਾ ਦਲ ਵੱਲੋਂ ਹਰ ਮਹੀਨੇ ਦੇ ਪਹਿਲੇ ਐਤਵਾਰ ਨੂੰ ਸਵੇਰੇ 8:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਖੇੜਾ ਰੋਡ 'ਤੇ ਲਗਾਇਆ ਜਾਂਦਾ ਹੈ, ਜੋ ਬਿਲਕੁਲ ਮੁਫ਼ਤ ਹੈ।ਇਸ ਮੌਕੇ ਪ੍ਰਧਾਨ ਦੇਵਿੰਦਰ ਸਿੰਘ, ਚੇਅਰਮੈਨ ਮਨਮੋਹਨ ਸਿੰਘ ਵਾਲੀਆ, ਡਾਇਰੈਕਟਰ ਵਰਿੰਦਰ ਸ਼ਰਮਾ, ਜਨਰਲ ਸਕੱਤਰ ਪਵਨ ਕਸ਼ਯਪ, ਖਜ਼ਾਨਚੀ ਸੰਜੀਵ ਲਾਂਬਾ, ਵਿਪਨ ਕੁਮਾਰ ਜੈਨ, ਅਮਰਜੀਤ ਸਿੰਘ ਢਿੱਲੋਂ, ਅਸ਼ੋਕ ਦੁੱਗਲ, ਡਾ: ਮਨੀਸ਼ ਕਾਲੀਆ, ਨੇਹਾ, ਸੁਖਵਿੰਦਰ ਕੌਰ, ਭਾਵੀਨ ਤੇ ਸੌਰਵ ਆਦਿ ਵੀ ਹਾਜ਼ਰ ਸਨ।



## ਵਣ ਮਹਾਂਉਤਸਵ ਮਨਾਇਆ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਵੱਲੋਂ ਸ੍ਰੀ ਰਾਮ ਧਰਮਾਰਥ ਟਰਸਟ ਮੋਰਿੰਡਾ ਵਿਖੇ ਮੈਡੀਕਲ ਐਸੋਸੀਏਸ਼ਨ ਮੋਰਿੰਡਾ ਦੇ ਸਹਿਯੋਗ ਨਾਲ ਵਨ ਮਹਾ ਜਉਤਸਵ ਮਨਾਇਆ ਗਿਆ ਜਿਸ ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਦੇ ਪ੍ਰਧਾਨ ਟੇਕ ਚੰਦ ਸ਼ਰਮਾ, ਜਤਿੰਦਰ ਗੁੰਬਰ ਅਤੇ ਹਰਸ਼ ਕੋਹਲੀ ਨੇ ਦੱਸਿਆ ਕਿ ਪੌਦੇ ਲਗਾ ਕੇ ਵਨ ਮਹਾ ਉਤਸਵ ਦੀ ਸ਼ੁਰੂਆਤ ਕੀਤੀ ਗਈ ਹੈ। ਅਗਲੇ ਕੁਝ ਦਿਨਾਂ ਵਿੱਚ ਮੋਰਿੰਡਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਪੌਦੇ ਲਗਾਏ ਜਾਣਗੇ ਅਤੇ ਤੁਲਸੀ ਵਿਤਰਨ ਦਾ ਵੀ ਇੱਕ ਪ੍ਰੋਗਰਾਮ ਅਯੋਜਿਤ ਕੀਤਾ ਜਾਵੇਗਾ ਤਾਂ ਜੋ ਲੋਕਾਂ ਦੇ ਘਰਾਂ ਵਿੱਚ ਵੱਧ ਤੋਂ ਵੱਧ ਤੁਲਸੀਂ ਦੇ ਪੌਦੇ ਲਗਾਏ ਜਾ ਸਕਣ। ਜੇਕਰ ਤਲਸੀਂ ਦਾ ਸੇਵਨ ਸਹੀ ਢੰਗ ਨਾਲ ਕੀਤਾ ਜਾਵੇ ਤਾਂ ਤੁਲਸੀ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਾਅ ਕਰਦੀ ਹੈ।ਉਪਰੋਕਤ ਤੋਂ ਇਲਾਵਾ ਕਨਵੀਨਰ ਡਾਕਟਰ ਅਸ਼ਵਨੀ ਭਨੋਟ, ਦਲਜੀਤ ਸਿੰਘ ਬਿੱਟੂ, ਮਨੀਸ਼ ਵਸ਼ਿਸ਼ਟ, ਦਿਨੇਸ਼ ਜਿੰਦਲ, ਜਗਦੀਸ਼ ਵਰਮਾ, ਡਾਕਟਰ ਬਚਨ ਲਾਲ ਵਰਮਾ, ਮੁਨੀਸ਼ ਵਰਮਾ, ਜੋਲੀ ਸੂਦ ਅਤੇ ਹੋਰ ਬਹੁਤ ਸਾਰੇ ਪਤਵੰਤੇ ਹਾਜ਼ਰ ਸਨ।



## ਸਿਲਵਰ ਓਕ ਸਕੂਲ ਦੇ ਖਿਡਾਰੀਆਂ ਨੇ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ 'ਚ ਮੈਡਲ ਜਿੱਤੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਅਤੇ ਖੇਡ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੀ ਸ਼ੂਟਿੰਗ ਟੀਮ ਦੇ ਖਿਡਾਰੀਆਂ ਨੇ ਜ਼ਿਲ੍ਹਾ ਪੱਧਰੀ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ 2026 ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦੀ ਝੋਲੀ ਦੋ ਗੋਲਡ, ਇੱਕ ਸਿਲਵਰ ਅਤੇ ਇੱਕ ਕਾਂਸੇ ਦਾ ਮੈਡਲ ਪਾ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵੁਡਲੈਂਡ ਓਵਰਸੀਜ ਸਕੂਲ ਵਿਖੇ ਹੋਈ ਜ਼ਿਲ੍ਹਾ ਪੱਧਰੀ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ 2026 ਦੇ ਵਿੱਚ ਸਕੂਲ ਦੀ ਸ਼ੂਟਿੰਗ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਿਸ ਵਿੱਚ ਕ੍ਰਮਵਾਰ ਏਕਮਨੂਰ ਕੌਰ ਅਤੇ ਅੰਗਦਜੋਤ ਸਿੰਘ ਨੇ ਗੋਲਡ ਮੈਡਲ ਜਿੱਤਿਆ। ਇਸ ਦੇ ਨਾਲ ਹੀ ਹਰਕੀਰਤ ਸਿੰਘ ਨੇ ਸਿਲਵਰ ਮੈਡਲ ਅਤੇ ਸਿਮਰਨਪ੍ਰੀਤ ਸਿੰਘ ਨੇ ਕਾਂਸੇ ਦਾ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ ਅਤੇ ਆਪਣੇ ਮਾਪਿਆ, ਅਤੇ ਟਾਂਡਾ ਇਲਾਕੇ ਦਾ ਨਾਂਅ ਚਮਕਾਇਆ।ਚੇਅਰਮੈਨ ਤਰਲੋਚਨ ਸਿੰਘ ਨੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਸਕੂਲ ਦੇ ਖੇਡ ਵਿਭਾਗ ਦੇ ਕੋਚ ਪੰਕਜ ਕੁਮਾਰ ਦੀ ਖਾਸ ਤੌਰ ਤੇ ਸ਼ਲਾਘਾ ਕੀਤੀ ਕਿ ਉਹਨਾਂ ਨੇ ਦਿਨ ਰਾਤ ਬੱਚਿਆਂ ਨੂੰ ਮਿਹਨਤ ਕਰਵਾ ਕੇ ਇਸ ਮੁਕਾਮ ਤੱਕ ਪਹੁੰਚਾਇਆ। ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਵੱਲੋਂ ਸਮੁੱਚੀ ਸ਼ੂਟਿੰਗ ਟੀਮ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਸਕੂਲ ਦੀ ਸ਼ੂਟਿੰਗ ਟੀਮ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਦੀ ਆ ਰਹੀ ਹੈ। ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਸੁਰੇਸ਼, ਸੁਸ਼ੀਲ, ਬਲਦੇਵ, ਰੁਪਿੰਦਰ, ਬਲਜੀਤ, ਅਰਚਨਾ, ਵਿਸ਼ਾਲੀ, ਗੁਰਪ੍ਰੀਤ, ਨੇਹਾ, ਸੁਮਨ, ਰਾਜਵਿੰਦਰ, ਬਲਜੀਤ, ਪਰਮਜੀਤ, ਰਾਜਵੀਰ, ਇਕਬਾਲ, ਵਿਨੇ, ਸ਼ਿਲਪਾ, ਰਮਨ, ਸੋਨੂ, ਰਜਮੀਤ, ਹਰਮਿੰਦਰ, ਹਰਜੀਤ, ਗੁਰਦੇਵ, ਹਰਕਮਲ, ਅਜੇ, ਕੁਲਬੀਰ, ਕੁਲਦੀਪ ਅਤੇ ਹੋਰ ਸਟਾਫ ਮੌਜੂਦ ਸੀ।




## ਭਲਕੇ ਮਿਲੇਗਾ ਸ਼ਹਿਰ ਵਾਸੀਆਂ ਨੂੰ ਨਗਰ ਕੌਂਸਲ ਪ੍ਰਧਾਨ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਦਾ ਰਾਹ ਪੱਧਰਾ ਹੋ ਗਿਆ ਹੈ। ਉਪ ਮੰਡਲ ਮੈਜਿਸਟ੍ਰੇਟ (ਐਸ.ਡੀ.ਐਮ.) ਮੋਰਿੰਡਾ ਵੱਲੋਂ ਜਾਰੀ ਪੱਤਰ ਅਨੁਸਾਰ ਨਗਰ ਕੌਂਸਲ ਦੀ ਪਹਿਲੀ ਮੀਟਿੰਗ 8 ਜੁਲਾਈ ਨੂੰ ਸਵੇਰੇ 11 ਵਜੇ ਨਗਰ ਕੌਂਸਲ ਮੋਰਿੰਡਾ ਦੇ ਮੀਟਿੰਗ ਹਾਲ ਵਿੱਚ ਹੋਵੇਗੀ, ਜਿਸ ਦੌਰਾਨ ਪ੍ਰਧਾਨ, ਅਤੇ ਮੀਤ ਪ੍ਰਧਾਨ ਦੀ ਚੋਣ ਕਰਵਾਈ ਜਾਵੇਗੀ। ਇਹ ਮੀਟਿੰਗ ਪੰਜਾਬ ਮਿਊਂਸਿਪਲ ਐਕਟ, 1994 ਦੇ ਤਹਿਤ ਬੁਲਾਈ ਗਈ ਹੈ।ਜਾਰੀ ਕੀਤੇ ਗਏ ਹੁਕਮਾਂ ਵਿੱਚ ਸਾਰੇ ਚੁਣੇ ਹੋਏ 15 ਕੌਂਸਲਰਾਂ ਨੂੰ ਨਿਰਧਾਰਤ ਸਮੇਂ 'ਤੇ ਮੀਟਿੰਗ ਵਿੱਚ ਹਾਜ਼ਰ ਰਹਿਣ ਲਈ ਕਿਹਾ ਗਿਆ ਹੈ। ਮੀਟਿੰਗ ਦੌਰਾਨ ਕਾਨੂੰਨੀ ਪ੍ਰਕਿਰਿਆ ਅਨੁਸਾਰ ਸਾਰੇ ਕੌਂਸਲਰਾਂ ਨੂੰ ਪਹਿਲਾਂ ਸਹੁੰ ਚੁਕਾਈ ਜਾਵੇਗੀ। ਉਸ ਉਪਰੰਤ ਪ੍ਰਧਾਨ, ਅਤੇ ਮੀਤ ਪ੍ਰਧਾਨ ਦੇ ਅਹੁਦੇ ਲਈ ਚੋਣ ਕਰਵਾਈ ਜਾਵੇਗੀ। ਸ਼ਹਿਰ ਵਿੱਚ ਇਸ ਚੋਣ ਨੂੰ ਲੈ ਕੇ ਰਾਜਨੀਤਿਕ ਗਤੀਵਿਧੀਆਂ ਕਾਫ਼ੀ ਤੇਜ਼ ਹੋ ਗਈਆਂ ਹਨ। ਸਥਾਨਕ ਲੋਕਾਂ ਦੀ ਨਜ਼ਰ ਹੁਣ 8 ਜੁਲਾਈ ਨੂੰ ਹੋਣ ਵਾਲੀ ਇਸ ਅਹਿਮ ਮੀਟਿੰਗ 'ਤੇ ਟਿਕੀ ਹੋਈ ਹੈ, ਕਿਉਂਕਿ ਨਵੀਂ ਟੀਮ ਦੇ ਗਠਨ ਤੋਂ ਬਾਅਦ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਦਿਸ਼ਾ ਮਿਲਣ ਦੀ ਉਮੀਦ ਹੈ।

## ਘੁੰਮਣਾ ਵਿਖੇ ਸਲਾਨਾ ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਬਾਬਾ ਗੁਲਾਮ ਸ਼ਾਹ ਜੀ ਰੌਜ਼ਾ ਬਾਗ ਸ਼ਰੀਫ਼ ਪਿੰਡ ਘੁੰਮਣਾਂ ਵਿਖੇ ਸਲਾਨਾ ਮੇਲਾ ਗੱਦੀਨਸ਼ੀਨ ਬਾਬਾ ਮਾਣੇਸ਼ਾਹ ਦੀ ਰਹਿਨੁਮਾਈ, ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ, ਮਹੰਤਾਂ ਨੇ ਸ਼ਿਰਕਤ ਕੀਤੀ। ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੇਲੇ ਮਨਾਉਣ ਨਾਲ ਆਪਸੀ ਭਾਈਚਾਰਕ ਸਾਂਝ ਮਜ਼ਬੂਤ ਹੁੰਦੀ ਹੈ। ਉਹਨਾਂ ਬਾਬਾ ਮਾਣੇ ਸ਼ਾਹ, ਪ੍ਰਬੰਧਕਾਂ ਅਤੇ ਸੰਗਤਾਂ ਨੂੰ ਮੇਲੇ ਦੀਆਂ ਮੁਬਾਰਕਾਂ ਦਿੱਤੀਆਂ। ਇਸ ਦੋ ਦਿਨਾ ਮੇਲੇ ਦੌਰਾਨ ਪਹਿਲੇ ਦਿਨ ਝੰਡੇ ਦੀ ਰਸਮ, ਮਹਿੰਦੀ ਦੀ ਰਸਮ, ਚਿਰਾਗਾਂ ਦੀ ਰਸਮ ਅਦਾ ਕੀਤੀ ਗਈ। ਉਪਰੰਤ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਮੇਲੇ ਦੇ ਦੂਸਰੇ ਦਿਨ ਸਵੇਰੇ ਚਾਦਰ ਦੀ ਰਸਮ ਅਦਾ ਕੀਤੀ ਗਈ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਮਾਸਟਰ ਸਲੀਮ, ਮਾਸ਼ਾ ਅਲੀ, ਦਰਸ਼ਨਜੀਤ, ਬਲਵਿੰਦਰ ਬਿੰਦਾ, ਕਮਲ ਕਟਾਣੀਆ, ਸੱਤੀ ਖੋਖੇਵਾਲੀਆ ਆਦਿ ਕਲਾਕਾਰਾਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀਨਸ਼ੀਨ ਬਾਬਾ ਮਾਣੇਸ਼ਾਹ ਅਤੇ ਪ੍ਰਬੰਧਕਾਂ ਵੱਲੋਂ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਦਰਬਾਰ 'ਤੇ ਠੰਢਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ।



## ਮਾਤਾ ਸੁਰਜੀਤ ਕੌਰ ਨਮਿਤ ਅੰਤਿਮ ਅਰਦਾਸ ਦੌਰਾਨ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ

**ਨੰਗਲ (ਸੁਰਜੀਤ ਸਿੰਘ ਢੇਰ)**- ਟਕਸਾਲੀ ਕਾਂਗਰਸੀ ਆਗੂ ਰਾਜ ਸਿੰਘ ਨੰਗਲ ਦੀ ਬਜ਼ੁਰਗ ਮਾਤਾ ਬੀਬੀ ਸੁਰਜੀਤ ਕੌਰ 102 ਜੋ ਕਿ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਦੇ ਨਮਿਤ ਗੁਰਦੁਆਰਾ ਸਿੰਘ ਸਭਾ ਮੇਨ ਮਾਰਕੀਟ ਵਿੱਚ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਹੋਇਆ, ਜਿਸ ਦੇ ਵਿੱਚ ਭਾਈ ਯਸ਼ਕਰਨ ਸਿੰਘ ਦੇ ਕੀਰਤਨੀ ਜਥੇ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ।

ਮਾਤਾ ਸੁਰਜੀਤ ਕੌਰ ਨਮਿਤ ਅੰਤਿਮ ਅਰਦਾਸ ਗੁਰੂ ਕੇ ਵਜ਼ੀਰ ਭਾਈ ਜਸਵਿੰਦਰ ਸਿੰਘ ਵੱਲੋਂ ਕੀਤੀ ਗਈ । ਇਸ ਮੌਕੇ ਤੇ ਉਨਾਂ ਨੂੰ ਸ਼ਰਧਾਂਜਲੀ ਦੇਣ ਲਈ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਉਨ੍ਹਾਂ ਦੇ ਮਾਤਾ ਬੀਬੀ ਬਲਵਿੰਦਰ ਕੌਰ ਵਿਸ਼ੇਸ਼ ਤੌਰ ਤੇ ਪਹੁੰਚ। ਕਈ ਰਾਜਨੀਤਿਕ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਵੱਲੋਂ ਵੀ ਮਾਤਾ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਜਿਨਾਂ ਦੇ ਵਿੱਚ ਭਾਖੜਾ ਡੈਮ ਦੇ ਚੀਫ ਇੰਜੀਨੀਅਰ ਸੀਪੀ ਸਿੰਘ, ਸਾਬਕਾ ਡੀਆਈਜੀ ਦਲਜੀਤ ਸਿੰਘ ਰਾਣਾ, ਟਿੱਕਾ ਯਸਵੀਰ ਚੰਦ, ਅਮਰਜੀਤ ਸਿੰਘ ਵਾਲੀਆ, ਪਰਦੀਪ ਸੋਨੀ, ਜਰਨੈਲ ਸਿੰਘ ਸੰਧੂ, ਡਾ. ਰਵਿੰਦਰ ਦੀਵਾਨ, ਰੁਪਿੰਦਰ ਪਾਲ ਸਿੰਘ ਜੀਐਮ, ਰਕੇਸ਼ ਮਹਿਤਾ, ਬਲਬੀਰ ਸਿੰਘ ਭੀਰੀ, ਕਾਮਰੇਡ ਸੁਰਜੀਤ ਸਿੰਘ ਢੇਰ, ਸੁਖਦੇਵ ਸਿੰਘ ਡਿਗਵਾ, ਪ੍ਰਿਤਪਾਲ ਸਿੰਘ ਗੰਡਾ, ਹਕੀਮ ਹਰਮਿੰਦਰ ਪਾਲ ਸਿੰਘ ਮਿਨਹਾਸ, ਪਰਮਜੀਤ ਸਿੰਘ ਰੇਲਵੇ ਰੋਡ, ਜਸਵਿੰਦਰ ਸਿੰਘ ਘੁਲੂ, ਬਲਰਾਮ ਚੰਦੇਲ, ਰਾਮ ਸਿੰਘ ਸੈਣੀ, ਵਿਜੇ ਸ਼ਰਮਾ ਤਰਸੂਹ, ਮਾਸਟਰ ਨਰਿੰਦਰ ਸਿੰਘ ਅਨੰਦਪੁਰ ਸਾਹਿਬ,ਹਰਪਾਲ ਸਿੰਘ ਭਸੀਨ, ਨੰਬਰਦਾਰ ਜਰਨੈਲ ਸਿੰਘ, ਵਿਜੇ ਕੌਂਸਲ, ਕੌਂਸਲਰ ਸੋਨੀਆ ਸੈਣੀ, ਸਾਬਕਾ ਕੌਂਸਲਰ ਬਲਜੀਤ ਕੌਰ, ਅਮਰਜੀਤ ਸਿੰਘ ਸੈਣੀ,ਕੇਹਰ ਸਿੰਘ ਮਾਂਗੇਵਾਲ, ਸੁਰਜੀਤ ਸਿੰਘ ਨੰਗਲ ਅਤੇ ਸੁਖਦੇਵ ਸਿੰਘ ਇੰਟਕ ਆਗੂ ਹਾਜ਼ਰ ਰਹੇ।



## ਸਰਕਾਰ ਨੇ ਦੁੱਧ 'ਚ ਮਿਲਾਵਟਖੋਰੀ ਨਾਲ ਨਜਿੱਠਣ ਲਈ ਵਿੱਢੀ 'ਸ਼ੁੱਧ ਦੁੱਧ' ਮੁਹਿੰਮ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 'ਸ਼ੁੱਧ ਦੁੱਧ, ਤੰਦਰੁਸਤ ਪੰਜਾਬ' ਮੁਹਿੰਮ ਤਹਿਤ ਦੁੱਧ ਵਿੱਚ ਮਿਲਾਵਟਖੋਰੀ ਨਾਲ ਨਜਿੱਠਣ ਅਤੇ ਦੁੱਧ ਦੀ ਗੁਣਵੱਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਸਮਰਪਿਤ ਟੋਲ-ਫਰੀ ਹੈਲਪਲਾਈਨ 1800-180-2202 ਸਥਾਪਿਤ ਕੀਤੀ ਹੈ ਅਤੇ ਇੱਕ ਨੋਡਲ ਅਫਸਰ ਤਾਇਨਾਤ ਕੀਤਾ ਹੈ। ਇਸ ਮੁਹਿੰਮ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਨੇ 1 ਅਪ੍ਰੈਲ 2026 ਤੋਂ ਹੁਣ ਤੱਕ 160 ਕੈਂਪਾਂ ਵਿੱਚ 6000 ਦੁੱਧ ਦੇ ਨਮੂਨਿਆਂ ਦੀ ਜਾਂਚ ਕੀਤੀ ਹੈ।ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਘਰੋ-ਘਰੀਂ ਜਾ ਕੇ ਟੈਸਟਿੰਗ ਕਰਨ ਲਈ, 4 ਮੋਬਾਈਲ ਲੈਬਾਰਟਰੀ ਵੈਨਾਂ ਪਹਿਲਾਂ ਹੀ ਕਾਰਜਸ਼ੀਲ ਹਨ ਅਤੇ 5 ਹੋਰ ਅਜਿਹੀਆਂ ਵੈਨਾਂ ਵਿਭਾਗ ਵਿੱਚ ਸ਼ਾਮਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਭਰ ਵਿੱਚ ਜ਼ਿਲ੍ਹਾ ਡਿਪਟੀ ਡਾਇਰੈਕਟਰ ਦਫ਼ਤਰਾਂ ਵਿੱਚ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰੁਟੀਨ ਟੈਸਟਿੰਗ ਵੀ ਕੀਤੀ ਜਾਂਦੀ ਹੈ।ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਸਹਿਯੋਗ ਨਾਲ, ਵਿਭਾਗ ਵੱਲੋਂ ਜ਼ਿਲ੍ਹਾ ਡੇਅਰੀ ਵਿਕਾਸ ਦਫ਼ਤਰਾਂ ਲਈ ਦੁੱਧ 'ਚ ਮਿਲਾਵਟ ਦੀ ਜਾਂਚ ਕਰਨ ਵਾਲੀਆਂ 5000 ਪੋਰਟੇਬਲ ਕਿੱਟਾਂ, ਪਸ਼ੂ ਪਾਲਣ ਵਿਭਾਗ ਦੇ ਵੈਟਰਨਰੀ ਪੌਲੀਕਲੀਨਿਕਾਂ ਅਤੇ ਜਾਗਰੂਕਤਾ ਕੈਂਪ ਸਾਈਟਾਂ ਲਈ 500 ਕਿੱਟਾਂ ਖ਼ਰੀਦੀਆਂ ਅਤੇ ਵੰਡੀਆਂ ਗਈਆਂ ਹਨ।

## ਮਾਸਟਰ ਸਲੀਮ ਦਾ ਗਾਇਆ ਗੀਤ 'ਵੇ ਰਾਂਝਣਾ' ਜਲਦ ਹੋਵੇਗਾ ਰਲੀਜ਼

**ਚੰਡੀਗੜ੍ਹ (ਸੁਰਜੀਤ ਸੁਮਨ)**- ਰੂਹਦਾਰੀ ਵਾਲੀ ਗਾਇਕੀ ਦੇ ਖੇਤਰ ਵਿੱਚ ਮਾਸਟਰ ਸਲੀਮ ਦਾ ਨਾਂ ਹਮੇਸ਼ਾ ਤੁਹਾਨੂੰ ਵਿਸ਼ਵ ਪੱਧਰੀ ਪੌਣਾਂ ਵਿੱਚ ਸੁਰਮਈ ਤੇ ਇੱਕਮਿੱਕ ਹੋਇਆ ਮਿਲੇਗਾ। ਸਲੀਮ ਦੀ ਗਾਇਨ ਕਲਾ ਦੇ ਪਿਛੋਕੜ ਵਿੱਚ ਉਨ੍ਹਾਂ ਦੇ ਪਿਤਾ ਪੂਰਨ ਸ਼ਾਹਕੋਟੀ ਅਤੇ ਹੰਸ ਰਾਜ ਹੰਸ ਵਰਗੇ ਉਸਤਾਦ ਗਵੱਈਆਂ ਦਾ ਮਜ਼ਬੂਤ ਹੱਥ ਵਿਦਮਾਨ ਹੈ। ਹੁਣ ਨਟਰਾਜ ਮਿਊਜ਼ਿਕ ਇੰਡੀਆ ਤੇ ਨਿਤਿਨ ਅਰੋੜਾ ਦੀ ਪੇਸ਼ਕਸ਼ ਵਿੱਚ ਜਲਦ ਹੀ ਮਾਸਟਰ ਸਲੀਮ ਦਾ ਗਾਇਆ ਗੀਤ 'ਵੇ ਰਾਂਝਣਾ' ਅਗਲੇ ਹਫ਼ਤੇ ਰਲੀਜ਼ ਹੋਣ ਜਾ ਰਿਹਾ ਹੈ। ਇਸ ਗੀਤ ਦਾ ਮੁੱਖੜਾ, 'ਜੇ ਰੱਬ ਤੱਕ ਪਹੁੰਚ ਹੁੰਦੀ ਮੇਰੀ/ ਮੈਂ ਤੈਨੂੰ ਪਾ ਹੀ ਲੈਣਾ ਸੀ/ ਵੇ ਰਾਂਝਣਾ .. ਵੇ ਢੋਲਣਾ' ਦੇ ਬੋਲ ਗੀਤਕਾਰ ਗੁੱਲੂ ਨੂਰਪੁਰੀ ਨੇ ਲਿਖੇ ਹਨ, ਜਦਕਿ ਮਿਊਜ਼ਿਕ ਕੁਮਾਰ ਐੱਸ ਦਾ ਹੈ। ਇਸ ਗੀਤ ਦੇ ਵੀਡੀਓ ਡਾਇਰੈਕਟਰ ਲਿੱਲ ਵਿੱਗ ਐਂਡ ਹੈਰੀ ਜੌਰਡਨ ਹਨ, ਜਿਨ੍ਹਾਂ ਇਸ ਗੀਤ ਨੂੰ ਲਾਂਸ ਏਂਜਲਸ (ਯੂ ਐੱਸ ਏ) ਤੇ ਪੰਜਾਬ ਵਿੱਚ ਸ਼ੂਟ ਕੀਤਾ ਹੈ। ਇਸ ਗੀਤ ਵਿੱਚ ਨਿਸ਼ਾਨ ਢਿੱਲੋਂ ਅਤੇ ਰਿਨਿਤ ਢਿੱਲੋਂ (ਯੂ.ਐੱਸ.ਏ.) ਨੇ ਮਾਡਲਿੰਗ ਕੀਤੀ ਹੈ। ਨਟਰਾਜ ਮਿਊਜ਼ਿਕ ਇੰਡੀਆ ਤੇ ਨਿਤਿਨ ਅਰੋੜਾ ਵੱਲੋਂ ਇੱਕ ਮੁਲਾਕਾਤ ਦੌਰਾਨ ਕਿਹਾ ਗਿਆ ਕਿ ਇਸ ਗੀਤ ਨੂੰ ਅਗਲੇ ਹਫ਼ਤੇ ਯੂ-ਟਿਊਬ 'ਤੇ ਰਲੀਜ ਕੀਤਾ ਜਾਵੇਗਾ।



## ਐੱਸ ਸੀ ਵਿਦਿਆਰਥੀਆਂ ਦੀ ਉੱਚ ਸਿੱਖਿਆ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਪੋਰਟਲ ਸ਼ੁਰੂ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਵਰਗ ਤੱਕ ਉੱਚ ਸਿੱਖਿਆ ਦੀ ਪਹੁੰਚ ਯਕੀਨੀ ਬਣਾਉਣ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਐਲਾਨ ਕੀਤਾ ਹੈ ਕਿ ਐੱਸ ਸੀ ਵਿਦਿਆਰਥੀਆਂ ਲਈ ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ (ਸਾਲ 2026-27) ਦਾ ਪੋਰਟਲ ਅਧਿਕਾਰਤ ਤੌਰ 'ਤੇ ਖੋਲ੍ਹ ਦਿੱਤਾ ਗਿਆ ਹੈ। ਪ੍ਰਕਿਰਿਆ ਨੂੰ ਸੁਚਾਰੂ, ਆਧੁਨਿਕ ਅਤੇ ਪਾਰਦਰਸ਼ੀ ਬਣਾਉਣ ਲਈ, ਇਹ ਸਕੀਮ ਨੈਸ਼ਨਲ ਸਕਾਲਰਸ਼ਿਪ ਪੋਰਟਲ ਰਾਹੀਂ ਲਾਗੂ ਕੀਤੀ ਜਾ ਰਹੀ ਹੈ, ਜੋ ਕਿ 1 ਜੁਲਾਈ, 2026 ਤੋਂ ਬਿਨੈਕਾਰਾਂ ਲਈ ਸਫਲਤਾਪੂਰਵਕ ਕਾਰਜਸ਼ੀਲ ਹੋ ਚੁੱਕਾ ਹੈ। ਵਿਦਿਆਰਥੀ-ਪੱਖੀ ਪਹੁੰਚ 'ਤੇ ਜ਼ੋਰ ਦਿੰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਆਰਥਿਕ ਤੰਗੀ ਕਦੇ ਵੀ ਕਿਸੇ ਹੋਣਹਾਰ ਵਿਦਿਆਰਥੀ ਦੇ ਸੁਪਨਿਆਂ ਅਤੇ ਉੱਚੇ ਇਰਾਦਿਆਂ ਦੇ ਰਾਹ ਵਿੱਚ ਰੁਕਾਵਟ ਨਹੀਂ ਬਣਨੀ ਚਾਹੀਦੀ। ਉਨ੍ਹਾਂ ਨੇ ਪੰਜਾਬ ਦੇ ਸਮੂਹ ਯੋਗ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਆਖਰੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪਲਾਈ ਕਰਨ ਦੀ ਅਪੀਲ ਕੀਤੀ ਤਾਂ ਜੋ ਉਹ ਆਪਣੇ ਸੁਪਨਿਆਂ ਨੂੰ ਸਾਕਾਰ ਕਰਕੇ ਸੁਨਹਿਰੀ ਭਵਿੱਖ ਦੀ ਸਿਰਜਣਾ ਕਰ ਸਕਣ। ਮੰਤਰੀ ਨੇ ਵਿਸ਼ੇਸ਼ ਤੌਰ 'ਤੇ ਰੇਖਾਂਕਿਤ ਕੀਤਾ ਕਿ ਇਹ ਉਪਰਾਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਜਿੱਥੇ ਇਹ ਸਕਾਲਰਸ਼ਿਪ ਸਕੀਮਾਂ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦਾ ਵਿੱਤੀ ਬੋਝ ਹਲਕਾ ਕਰਨਗੀਆਂ, ਉੱਥੇ ਹੀ ਸੂਬਾ ਸਰਕਾਰ ਯੋਗਤਾ ਦੇ ਆਧਾਰ 'ਤੇ ਹਜ਼ਾਰਾਂ ਨੌਕਰੀਆਂ ਦੇ ਕੇ ਨੌਜਵਾਨਾਂ ਦੇ ਸੁਪਨਿਆਂ ਨੂੰ ਪੰਜਾਬ ਦੀ ਧਰਤੀ 'ਤੇ ਹੀ ਹਕੀਕਤ ਵਿੱਚ ਬਦਲ ਰਹੀ ਹੈ, ਜਿਸ ਨਾਲ ਪ੍ਰਤਿਭਾ ਨੂੰ ਵਿਦੇਸ਼ਾਂ ਵੱਲ ਜਾਣ (ਬ੍ਰੇਨ ਡਰੇਨ) ਤੋਂ ਰੋਕਣ ਵਿੱਚ ਵੱਡੀ ਮਦਦ ਮਿਲ ਰਹੀ ਹੈ।ਇਸ ਸਕੀਮ ਨੂੰ ਹੇਠਲੇ ਪੱਧਰ 'ਤੇ ਸਫਲ ਬਣਾਉਣ ਲਈ ਡਾ. ਬਲਜੀਤ ਕੌਰ ਨੇ ਸਮੂਹ ਜ਼ਿਲ੍ਹਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਸ਼ਹਿਰੀ ਖੇਤਰਾਂ ਦੇ ਨਾਲ-ਨਾਲ ਪਿੰਡਾਂ ਅਤੇ ਦੂਰ-ਦੁਰਾਡੇ ਦੇ ਖੇਤਰਾਂ ਵਿੱਚ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਜਾਣ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਜਾਣਕਾਰੀ ਦੀ ਘਾਟ ਜਾਂ ਪ੍ਰਕਿਰਿਆ ਦੀਆਂ ਮੁਸ਼ਕਿਲਾਂ ਕਾਰਨ ਇਸ ਸੁਨਹਿਰੀ ਮੌਕੇ ਤੋਂ ਵਾਂਝਾ ਨਾ ਰਹੇ।

## ਸਾਹਿਤਕਾਰ ਭਗਤ ਰਾਮ ਰੰਗਾੜਾ ਤੇ ਬਾਬੂ ਰਾਮ ਦੀਵਾਨਾ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਅਤੇ ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ ਮੋਹਾਲੀ ਵਲੋਂ ਸਾਂਝੇ ਤੌਰ 'ਤੇ ਉੱਘੇ ਸਾਹਿਤਕਾਰਾਂ ਭਗਤ ਰਾਮ ਰੰਗਾੜਾ ਅਤੇ ਬਾਬੂ ਰਾਮ ਦੀਵਾਨਾ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਤਲਵੰਡੀ ਸਾਬੋ ਤੋਂ ਪੁੱਜੇ ਪ੍ਰਸਿੱਧ ਗਜ਼ਲ-ਉਸਤਾਦ ਅਮਰਜੀਤ ਸਿੰਘ ਜੀਤ ਨੇ ਕੀਤੀ। ਸੂਲ ਸੁਰਾਹੀ ਮੈਗਜ਼ੀਨ ਦੇ ਸੰਪਾਦਕ ਬਲਬੀਰ ਸਿੰਘ ਸੈਣੀ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਪੰਜਾਬ ਕਲਾ ਭਵਨ ਚੰਡੀਗੜ੍ਹ ਵਿਚ ਹੋਏ ਇਸ ਸਮਾਗਮ ਦੀ ਸ਼ੁਰੂਆਤ ਗੁਰਦਰਸ਼ਨ ਸਿੰਘ ਮਾਵੀ ਵਲੋਂ ਸਭ ਨੂੰ ਜੀ ਆਇਆਂ ਕਹਿਣ ਨਾਲ ਹੋਈ।ਇੰਜ. ਜਸਪਾਲ ਸਿੰਘ ਦੇਸੂਵੀ ਨੇ ਮਹਿਮਾਨਾਂ ਬਾਰੇ ਜਾਣ-ਪਛਾਣ ਕਰਵਾਈ ਗਈ ਅਤੇ ਸਨਮਾਨ ਸਮਾਰੋਹ ਦੇ ਮੰਤਵ ਬਾਰੇ ਦੱਸਿਆ। ਸੁਰਜੀਤ ਸਿੰਘ ਧੀਰ ਨੇ ਸ਼ਬਦ ਗਾ ਕੇ ਸਭ ਨੂੰ ਪ੍ਰਮਾਤਮਾ ਨਾਲ ਜੋੜਿਆ। ਗੁਰਦਾਸ ਸਿੰਘ ਦਾਸ ਨੇ ਹਰਮੋਨੀਅਮ ਨਾਲ ਧਾਰਮਿਕ ਗੀਤ ਸੁਣਾਇਆ। ਰਾਜ ਕੁਮਾਰ ਸਾਹੋਵਾਲੀਆ ਨੇ ਭਗਤ ਰਾਮ ਰੰਗਾੜਾ ਬਾਰੇ ਪ੍ਰਸ਼ੰਸਾ-ਪੱਤਰ ਪੜ੍ਹਿਆ। ਪ੍ਰਧਾਨਗੀ ਮੰਡਲ ਅਤੇ ਹੋਰ ਸਹਿਯੋਗੀਆਂ ਨੇ ਭਗਤ ਰਾਮ ਰੰਗਾੜਾ ਨੂੰ ਲਾਈਫ ਟਾਈਮ ਅਚੀਵਮੈਂਟ ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨੇ ਆਪਣੇ ਜੀਵਨ ਵਿਚ ਆਏ ਉਤਰਾਅ-ਚੜ੍ਹਾਅ ਬਾਰੇ ਗੱਲ ਸਾਂਝੀ ਕੀਤੀ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਦਰਸ਼ਨ ਤਿਊਣਾ ਅਤੇ ਰਾਣੀ ਸੁਮਨ ਨੇ ਵਧੀਆ ਪੰਜਾਬੀ ਗੀਤ ਸੁਣਾਏ। ਉੱਘੇ ਸਾਹਿਤਕਾਰ ਬਾਬੂ ਰਾਮ ਦੀਵਾਨਾ ਬਾਰੇ ਪ੍ਰਸ਼ੰਸਾ-ਪੱਤਰ ਸੁਧਾ ਜੈਨ ਸੰਦੀਪ ਨੇ ਪੜ੍ਹਿਆ। ਉਨ੍ਹਾਂ ਨੂੰ ਸਿਰੀ ਰਾਮ ਅਰਸ਼ ਯਾਦਗਾਰੀ ਐਵਾਰਡ ਨਾਲ ਨਿਵਾਜਿਆ ਗਿਆ। ਬਾਬੂ ਰਾਮ ਦੀਵਾਨਾ ਨੇ ਆਪਣੀ ਸੰਘਰਸ਼ਮਈ ਜ਼ਿੰਦਗੀ ਦੇ ਕੁਝ ਪਹਿਲੂ ਸਾਂਝੇ ਕੀਤੇ। ਬਲਬੀਰ ਸਿੰਘ ਸੈਣੀ ਨੇ ਆਪਣੇ ਭਾਸ਼ਨ ਵਿਚ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰਾਂ ਉੱਘੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਨਾ ਬਹੁਤ ਵਧੀਆ ਪਿਰਤ ਹੈ। ਤਲਵੰਡੀ ਸਾਬੋ ਤੋਂ ਸੁਖਮਿੰਦਰ ਸਿੰਘ ਭਾਗੀਵਾਂਦਰ, ਡਾ. ਸ਼ਿੰਦਰਪਾਲ ਸਿੰਘ, ਡਾ. ਅਵਤਾਰ ਸਿਘ ਪਤੰਗ, ਡਾ. ਗੁਰਦੇਵ ਸਿੰਘ ਗਿੱਲ, ਡਾ. ਹਰਬੰਸ ਕੌਰ ਗਿੱਲ, ਅਜਾਇਬ ਔਜਲਾ, ਸੁਰਜੀਤ ਸੁਮਨ, ਭੁਪਿੰਦਰ ਮਲਿਕ, ਬਲਕਾਰ ਸਿੱਧੂ, ਪਰਤਾਪ ਪਾਰਸ, ਗੁਰਮੇਲ ਸਿੰਘ ਮੌਜੋਵਾਲ, ਬਲਵਿੰਦਰ ਸਿੰਘ ਢਿੱਲੋਂ, ਰਤਨ ਬਾਬਕਵਾਲਾ, ਰਾਜਿੰਦਰ ਸਿੰਘ ਧੀਮਾਨ, ਰੇਨੂੰ, ਲੌਂਗੀਆ ਪਰਿਵਾਰ, ਜਸਵਿੰਦਰ ਕਾਈਨੌਰ, ਚਰਨਜੀਤ ਕੌਰ ਬਾਠ, ਲਾਭ ਸਿੰਘ ਲਹਿਲੀ, ਵਿੰਦਰ ਮਾਂਝੀ, ਪਰਲਾਦ ਸਿੰਘ, ਸਰਬਜੀਤ ਸਿੰਘ ਪੱਡਾ, ਅੰਸ਼ੁਕਰ ਮਹੇਸ਼, ਅਮਰ ਨਾਥ, ਮਧੂ, ਰਾਕੇਸ਼ ਕੁਮਾਰ ਅਤੇ ਧਿਆਨ ਸਿੰਘ ਕਾਹਲੋਂ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਿਲ ਹੋਏ।



## ਜੀ ਆਈ ਐੱਮ ਟੀ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਬੁਢਲਾਡਾ (ਅਸ਼ੋਕ ਲਾਕੜਾ)**-ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਐੱਮ.ਐੱਸਸੀ. (ਆਈ.ਟੀ.) ਚੌਥੇ ਸਮੈਸਟਰ ਦੇ ਨਤੀਜਿਆਂ ਵਿੱਚ ਗੁਰਦਾਸੀ ਦੇਵੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।ਕਾਲਜ ਦੇ ਨਤੀਜਿਆਂ ਅਨੁਸਾਰ ਸੁਨੀਤਾ ਰਾਣੀ ਪੁੱਤਰੀ ਗੁਰਬਖ਼ਸ਼ ਸਿੰਘ ਤੇ ਕਿਰਨਾ ਕੌਰ ਪੁੱਤਰੀ ਗੁਰਬਖ਼ਸ਼ ਸਿੰਘ ਨੇ 88.30% ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਰੁਪਾਲੀ ਪੁੱਤਰੀ ਸੁਭਾਸ਼ ਚੰਦ ਅਤੇ ਸੰਦੀਪ ਕੌਰ ਪੁੱਤਰੀ ਬਲਾਕ ਸਿੰਘ ਨੇ 87.50% ਅੰਕ ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਦੂਜਾ ਸਥਾਨ ਹਾਸਲ ਕੀਤਾ, ਜਦਕਿ ਮੀਨਾ ਕੌਰ ਪੁੱਤਰੀ ਗੇਜਾ ਰਾਮ ਨੇ 85.80% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਸਮਰਪਿਤ ਸਿੱਖਿਆ ਤੇ ਮਾਪਿਆਂ ਦੇ ਸਹਿਯੋਗ ਦਾ ਇਹ ਸ਼ਾਨਦਾਰ ਨਤੀਜਾ ਹੈ।ਉਨ੍ਹਾਂ ਕਿਹਾ ਕਿ ਜੀ.ਆਈ.ਐੱਮ.ਟੀ. ਹਮੇਸ਼ਾ ਗੁਣਵੱਤਾ ਭਰਪੂਰ ਸਿੱਖਿਆ ਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।ਪ੍ਰਿੰਸੀਪਲ ਰੇਖਾ ਮੈਡਮ ਨੇ ਵੀ ਸਫਲ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਕਾਲਜ ਦੀ ਉੱਚ ਪੱਧਰੀ ਅਕਾਦਮਿਕ ਪ੍ਰੰਪਰਾ ਨੂੰ ਦਰਸਾਉਂਦੇ ਹਨ ਤੇ ਆਉਣ ਵਾਲੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣਨਗੇ।

## ਖ਼ੂਨਦਾਨ ਕੈਂਪ 'ਚ 12 ਯੂਨਿਟ ਖ਼ੂਨਦਾਨ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਖੇ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਕੈਂਪ ਕਮਾਂਡਰ ਭਾਈ ਰਵਿੰਦਰ ਸਿੰਘ ਭਾਂਖਰ ਦੀ ਅਗਵਾਈ ਹੇਠ 349ਵਾਂ ਲੜੀਵਾਰ ਖ਼ੂਨਦਾਨ ਕੈਂਪ ਲਾਇਆ।ਸੁਖਵਿੰਦਰ ਸਿੰਘ ਸੇਖੂਪੁਰ, ਸੰਦੀਪ ਕੁਮਾਰ ਪਟਿਆਲਾ, ਦਵਿੰਦਰ ਸਿੰਘ ਸਨੌਰ, ਤੇਜਿੰਦਰ ਸਿੰਘ ਤੇਜੀ, ਕਰਨਵੀਰ ਵਰਮਾ ਡਕਾਲਾ, ਜੰਗਾ ਗਿਰ ਖੇੜਾ ਜੱਟਾਂ, ਕ੍ਰਿਸ਼ਨ ਕੁਮਾਰ, ਬਲਜਿੰਦਰ ਕੌਰ, ਸਤਨਾਮ ਸਿੰਘ ਸਿੰਘਪੁਰਾ, ਸਤਪਾਲ ਸਿੰਘ ਸਨੌਰ, ਮਨਜੀਤ ਸਿੰਘ ਦੂੰਦੀਮਾਜਰਾ ਤੇ ਪ੍ਰਦੀਪ ਕੁਮਾਰ ਦੌਣ ਕਲਾਂ ਨੇ ਖ਼ੂਨਦਾਨ ਕੀਤਾ।ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਭਾਈ ਰਵਿੰਦਰ ਸਿੰਘ ਭਾਂਖਰ ਨੇ ਕਿਹਾ ਕਿ ਤੰਦਰੁਸਤ ਇਨਸਾਨਾਂ ਨੂੰ ਲੋੜਵੰਦ ਮਰੀਜ਼ਾਂ ਲਈ ਖ਼ੂਨਦਾਨ ਕਰਨਾ ਚਾਹੀਦਾ ਹੈ ਤਾਂ ਜੁ ਇਲਾਜ ਵਿਚ ਸਹਿਯੋਗ ਹੋ ਸਕੇ।

## ਮਾਨ ਸਰਕਾਰ ਹਰ ਵਰਗ ਦੀ ਭਲਾਈ ਤੇ ਸਰਬਪੱਖੀ ਵਿਕਾਸ ਲਈ ਵਚਨਬੱਧ : ਦਲਬੀਰ ਢਿੱਲੋਂ



**ਧੂਰੀ (ਮਨੋਹਰ ਸਿੰਘ ਸੱਗੂ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਹਲਕੇ ਦੇ ਪਿੰਡ ਈਸਾਪੁਰ (ਲੰਡਾ) ਤੇ ਰੂੜਗੜ੍ਹ ਵਿਖੇ ਕਰਾਏ ਗਏ 'ਲੋਕ ਮਿਲਣੀ' ਪ੍ਰੋਗਰਾਮਾਂ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤੁਰੰਤ ਅਤੇ ਸਮਾਂਬੱਧ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਨੇ ਸਰਕਾਰ ਅਤੇ ਆਮ ਲੋਕਾਂ ਵਿਚਕਾਰ ਸਿੱਧੇ ਸੰਵਾਦ ਨੂੰ ਹੋਰ ਮਜ਼ਬੂਤ ਕੀਤਾ ਹੈ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾ ਰਿਹਾ ਹੈ।ਚੇਅਰਮੈਨ ਢਿੱਲੋਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਕਿਸੇ ਵੀ ਸਮੱਸਿਆ ਲਈ ਬਿਨਾਂ ਝਿਜਕ 'ਲੋਕ ਮਿਲਣੀ' ਪ੍ਰੋਗਰਾਮਾਂ ਵਿੱਚ ਆਪਣੀ ਗੱਲ ਰੱਖਣ।

## ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਮੁਫ਼ਤ ਚੈੱਕਅਪ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਐਤਵਾਰ ਨੂੰ ਬਾਜੀਦਪੁਰ ਵਿਖੇ ਦੰਦਾਂ ਦੀ ਜਾਂਚ ਸੰਬੰਧੀ ਮੁਫ਼ਤ ਕੈਂਪ ਲਗਾਇਆ ਗਿਆ। ਕੈਂਪ ਦੌਰਾਨ 200 ਤੋਂ ਵੱਧ ਮਰੀਜ਼ਾਂ ਤੇ ਸ਼ਰਧਾਲੂਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਸ ਮੌਕੇ ਡਾ. ਦੀਪਕ ਤੇ ਡਾ. ਸ਼੍ਰੀਦੁਲ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੇ ਇਲਾਜ ਦੇ ਨਾਲ-ਨਾਲ ਦੰਦਾਂ ਦੀ ਸੰਭਾਲ ਸਬੰਧੀ ਸਲਾਹ ਵੀ ਦਿੱਤੀ। ਡਾਕਟਰਾਂ ਨੇ ਕਿਹਾ ਕਿ ਦੰਦਾਂ ਨੂੰ ਤੰਦਰੁਸਤ ਰੱਖਣ ਲਈ ਰੋਜ਼ਾਨਾ ਸਹੀ ਤਰੀਕੇ ਨਾਲ ਸਫ਼ਾਈ ਕਰਨੀ, ਦਿਨ ਵਿੱਚ ਦੋ ਵਾਰ ਬਰਸ਼ ਕਰਨਾ, ਸੰਤੁਲਿਤ ਖੁਰਾਕ ਲੈਣੀ ਤੇ ਸਮੇਂ-ਸਮੇਂ 'ਤੇ ਦੰਦਾਂ ਦੇ ਮਾਹਰ ਡਾਕਟਰ ਤੋਂ ਜਾਂਚ ਕਰਵਾਉਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਦੰਦਾਂ ਨਾਲ ਸਬੰਧਤ ਕਿਸੇ ਵੀ ਸਮੱਸਿਆ ਨੂੰ ਨਜ਼ਰ ਅੰਦਾਜ਼ ਨਾ ਕਰਨ ਤੇ ਸਮੇਂ ਸਿਰ ਮਾਹਰ ਡਾਕਟਰ ਦੀ ਸਲਾਹ ਲੈਣ। ਇਸ ਮੌਕੇ ਕਾਲਜ ਦੇ ਪੀ ਆਰ ਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਨੇ ਸੇਵਾ ਭਾਵਨਾ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਤੇ ਟੂਥਪੇਸਟ ਵੰਡੇ। ਉਨ੍ਹਾਂ ਦੱਸਿਆ ਕਿ ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਸਮਾਜ ਸੇਵਾ ਦੇ ਉਦੇਸ਼ ਨਾਲ ਸਮੇਂ-ਸਮੇਂ 'ਤੇ ਅਜਿਹੇ ਮੁਫ਼ਤ ਸਿਹਤ ਕੈਂਪ ਆਯੋਜਿਤ ਕਰਦਾ ਰਹਿੰਦਾ ਹੈ।

## ਵਿਧਾਇਕ ਸਵਨਾ ਨੇ ਸੁਰੇਸ਼ ਵਾਲੀ ਤੇ ਬਹਿਕ ਖਾਸ 'ਚ ਰਾਸ਼ਨ ਕਿੱਟਾਂ ਵੰਡੀਆਂ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਹਲਕਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਨੇ ਪਿੰਡ ਸੁਰੇਸ਼ ਵਾਲੀ ਤੇ ਪਿੰਡ ਬਹਿਕ ਖਾਸ ਵਿਖੇ ਲੋਕ ਮਿਲਣੀ ਦੌਰਾਨ ਗਰੀਬ ਤੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ।ਇਸ ਮੌਕੇ ਵਿਧਾਇਕ ਸਵਨਾ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਉਨ੍ਹਾਂ ਦੇ ਸਮੇਂ ਸਿਰ ਹੱਲ ਕਰਵਾਉਣ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਗਰੀਬ ਤੇ ਲੋੜਵੰਦ ਪਰਵਾਰਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਅਜਿਹੇ ਲੋਕ ਭਲਾਈ ਕਾਰਜ ਲਗਾਤਾਰ ਜਾਰੀ ਰਹਿਣਗੇ।ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਰ ਵੱਲੋਂ ਰਾਸ਼ਨ ਵੰਡ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਕੋਈ ਵੀ ਲੋੜਵੰਦ ਪਰਵਾਰ ਇਸ ਤੋਂ ਵਾਂਝਾ ਨਾ ਰਹੇ।ਇਸ ਮੌਕੇ ਸਰਪੰਚ ਸੁਧੀਰ ਕੁਮਾਰ, ਚੇਅਰਮੈਨ ਡਾਕਟਰ ਓਮ ਸਿੰਘ, ਸਰਪੰਚ ਰਾਜ ਸਿੰਘ ਤੇ ਬਲਾਕ ਪ੍ਰਧਾਨ ਕਰਨ ਕੰਬੋਜ, ਅਮਰੀਕ ਸਿੰਘ, ਸਰਪੰਚ ਮੇਹਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪਾਰਟੀ ਆਗੂ ਤੇ ਵਲੰਟੀਅਰ ਹਾਜ਼ਰ ਸਨ।

## ਕਾਕਾ ਬਰਾੜ ਵੱਲੋਂ ਗੋਲਡ ਮੈਡਲ ਜੇਤੂ ਅਰੁਣਦੀਪ ਦਾ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਪਿਛਲੇ ਦਿਨੀਂ ਥਾਈਲੈਂਡ ਵਿਖੇ ਹੋਈ ਵੇਟ ਲਿਫਟਿੰਗ ਚੈਂਪੀਅਨਸ਼ਿਪ ਵਿੱਚ ਸ੍ਰੀ ਮੁਕਤਸਰ ਸਾਹਿਬ ਦੇ ਨੌਜਵਾਨ ਅਰੁਣਦੀਪ ਸਿੰਘ ਵੱਲੋਂ ਗੋਲਡ ਮੈਡਲ ਹਾਸਲ ਕਰਨ 'ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਖਿਡਾਰੀ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਸ ਨੇ ਪੰਜਾਬ ਤੇ ਆਪਣੇ ਸ਼ਹਿਰ ਦਾ ਨਾਮ ਰੋਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਖਿਡਾਰੀ ਸਾਡੇ ਸਮਾਜ ਲਈ ਪ੍ਰੇਰਨਾ ਸਰੋਤ ਹਨ।ਉਨ੍ਹਾਂ ਖਿਡਾਰੀ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਤੇ ਕਿਹਾ ਕਿ ਸਰਕਾਰ ਖਿਡਾਰੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰੇਗੀ ਤਾਂ ਜੋ ਉਹ ਅੰਤਰਰਾਸ਼ਟਰੀ ਪੱਧਰ 'ਤੇ ਹੋਰ ਵੀ ਮੱਲਾਂ ਮਾਰ ਸਕਣ।ਇਸ ਮੌਕੇ ਖਿਡਾਰੀ ਅਰੁਣਦੀਪ ਸਿੰਘ ਪੁੱਤਰ ਜਸਵੀਰ ਸਿੰਘ ਤੇ ਮਾਤਾ ਸੁਖਵਿੰਦਰ ਕੌਰ ਨੇ ਵਿਧਾਇਕ ਕਾਕਾ ਬਰਾੜ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਸਖ਼ਤ ਮਿਹਨਤ ਕਰਕੇ ਦੇਸ਼ ਦਾ ਨਾਮ ਰੋਸ਼ਨ ਕਰਦਾ ਰਹੇਗਾ।ਇਸ ਮੌਕੇ ਕੌਂਸਲਰ ਲਾਲਜੀਤ ਸਿੰਘ, ਬਖਸ਼ੀਸ਼ ਸਿੰਘ, ਬਲਵਿੰਦਰ ਸਿੰਘ, ਸੰਦੀਪ ਕੁਮਾਰ ਰਾਜੂ, ਜਗਦੀਪ ਸਿੰਘ ਢਿੱਲੋਂ, ਮਿੱਤਾ ਸਿੰਘ, ਗੁਰਚਰਨ ਸਿੰਘ ਸਰਾਂ ਆਦਿ ਹਾਜ਼ਰ ਸਨ।

# ਸੀਵਰੇਜ ਦੀ ਸਮੱਸਿਆ ਸੰਬੰਧੀ ਵਿਧਾਇਕਾ ਨੂੰ ਮਿਲੇ ਮੁਹੱਲਾ ਨਿਵਾਸੀ

■ ਮਸਲਾ ਹੱਲ ਨਾ ਹੋਇਆ ਤਾਂ ਸਰਕਾਰ ਖ਼ਿਲਾਫ਼ ਖੋਲ੍ਹਾਂਗੇ ਮੋਰਚਾ : ਕਾਂਗੜਾ



**ਸੰਗਰੂਰ (ਪ੍ਰਵੀਨ ਸਿੰਘ)**-ਪਿਛਲੇ ਲੰਮੇ ਸਮੇਂ ਤੋਂ ਸੁੰਦਰ ਬਸਤੀ ਦੀਆਂ ਗਲੀਆਂ ਵਿੱਚ ਖੜ੍ਹੇ ਸੀਵਰੇਜ ਦੇ ਗੰਦੇ ਪਾਣੀ ਦੇ ਮਾਮਲੇ ਨੂੰ ਲੈ ਕੇ ਸੁੰਦਰ ਬਸਤੀ ਦੇ ਨੌਜਵਾਨਾਂ ਦਾ ਵਫ਼ਦ ਹਲਕਾ ਵਿਧਾਇਕਾ ਬੀਬਾ ਨਰਿੰਦਰ ਕੌਰ ਭਰਾਜ ਨੂੰ ਮਿਲਿਆ, ਜਿੱਥੇ ਦਰਸ਼ਨ ਸਿੰਘ ਕਾਂਗੜਾ ਮੈਂਬਰ ਪੀਪੀਸੀਸੀ ਤੇ ਹੋਰ ਮੁਹੱਲਾ ਨਿਵਾਸੀਆਂ ਨੇ ਹਲਕਾ ਵਿਧਾਇਕਾ ਨੂੰ ਸੀਵਰੇਜ ਦੀ ਵੱਡੀ ਸਮੱਸਿਆ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਉਹ ਪਿਛਲੇ ਡੇਢ ਸਾਲ ਤੋਂ ਗੰਦੇ ਪਾਣੀ ਦੀ ਵੱਡੀ ਸਮੱਸਿਆ ਕਾਰਨ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹੋ ਰਹੇ ਹਨ। ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਉਨ੍ਹਾਂ ਦੇ ਮੁਹੱਲੇ ਦੀਆਂ ਸਾਰੀਆਂ ਗਲੀਆਂ ਵਿੱਚ ਹਰ ਸਮੇਂ ਸੀਵਰੇਜ ਦਾ ਗੰਦਾ ਪਾਣੀ ਖੜ੍ਹਾ ਰਹਿੰਦਾ ਹੈ, ਏਥੋਂ ਤੱਕ ਕਿ ਉਨ੍ਹਾਂ ਨੂੰ ਪੀਣ ਲਈ ਸਾਫ਼ ਪਾਣੀ ਵੀ ਨਸੀਬ ਨਹੀਂ ਹੋ ਰਿਹਾ। ਉਨ੍ਹਾਂ ਕਿਹਾ ਕਿ ਟੂਟੀਆਂ ਵਿੱਚ ਆ ਰਹੇ ਗੰਦੇ ਪਾਣੀ ਨੂੰ ਪੀਣ ਨਾਲ ਮੁਹੱਲੇ ਦੇ ਅਨੇਕਾਂ ਲੋਕ ਗੰਭੀਰ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਗੰਦਗੀ ਤੋਂ ਫੈਲੀ ਬਿਮਾਰੀ ਨਾਲ ਕੁੱਝ ਵਿਅਕਤੀਆਂ ਨੂੰ ਆਪਣੀ ਕੀਮਤੀ ਜਾਨ ਤੱਕ ਗੁਆਉਣੀ ਪਈ। ਸ੍ਰੀ ਕਾਂਗੜਾ ਨੇ ਕਿਹਾ ਕਿ ਜਿਸ ਗੰਦਗੀ ਵਿੱਚ ਮੁਹੱਲਾ ਨਿਵਾਸੀ ਹਰ ਸਮੇਂ ਰਹਿੰਦੇ ਹਨ, ਅਜਿਹੀ ਬਦਬੂ ਵਾਲੀ ਜਗ੍ਹਾ ਤੇ 10 ਮਿੰਟ ਵੀ ਰਹਿਣਾ ਬਹੁਤ ਮੁਸ਼ਕਲ ਹੈ।ਹਲਕਾ ਵਿਧਾਇਕਾ ਨੇ ਮੁਹੱਲਾ ਨਿਵਾਸੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਉਪਰੰਤ ਭਰੋਸਾ ਦਿੱਤਾ ਕਿ ਉਹ ਇਨ੍ਹਾਂ ਸਮੱਸਿਆਵਾਂ ਦੇ ਸਥਾਈ ਤੌਰ 'ਤੇ ਹੱਲ ਲਈ ਅੱਜ ਤੋਂ ਹੀ ਕੰਮ ਸ਼ੁਰੂ ਕਰਵਾ ਦਿੰਦੇ ਹਨ ਅਤੇ ਜਲਦ ਹੀ ਇਸ ਸਮੱਸਿਆ ਤੋਂ ਲੋਕਾਂ ਨੂੰ ਛੁਟਕਾਰਾ ਦਿਵਾਉਣਗੇ। ਇਸ ਉਪਰੰਤ ਬਾਹਰ ਗੱਲਬਾਤ ਕਰਦਿਆਂ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਜੋ ਹਲਕਾ ਵਿਧਾਇਕਾ ਬੀਬਾ ਨਰਿੰਦਰ ਕੌਰ ਭਰਾਜ ਵੱਲੋਂ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਹੈ ਕਿ ਉਹ ਅੱਜ ਤੋਂ ਹੀ ਇਸ ਦਾ ਕੰਮ ਸ਼ੁਰੂ ਕਰਵਾ ਰਹੇ ਹਨ, ਜੇਕਰ ਵਿਧਾਇਕਾ ਨੇ ਕੰਮ ਸ਼ੁਰੂ ਨਾ ਕਰਵਾਇਆ ਤਾਂ ਉਹ ਹਰ ਪੱਧਰ ਤੋਂ ਉੱਪਰ ਉੱਠ ਕੇ ਸਮੂਹ ਸਿਆਸੀ ਪਾਰਟੀਆਂ ਦੇ ਸਹਿਯੋਗ ਨਾਲ ਪੱਕੇ ਤੌਰ 'ਤੇ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹਣਗੇ।

ਇਸ ਮੌਕੇ ਪਾਰਸ ਬੱਤਰਾ, ਬਿੱਕਰ ਸਿੰਘ, ਰਾਣਾ ਬਾਲੂ, ਜਗਸੀਰ ਸਿੰਘ ਜੱਗਾ, ਭੁਪਿੰਦਰ ਸਿੰਘ ਸੰਧੂ, ਦਵਿੰਦਰ ਸਿੰਘ ਧਾਲੀਵਾਲ, ਰਫ਼ੀ ਕੁਮਾਰ, ਸਤਪਾਲ ਸਿੰਘ ਸੱਤੂ, ਸ਼ਿੰਗਾਰਾ ਸਿੰਘ, ਯਤਿਨ ਸ਼ਾਹ, ਸਤਿੰਦਰ ਸਿੰਘ ਕਾਕਾ, ਡਾ. ਮਾਨਾ ਖਾਨ, ਸੁਖਪਾਲ ਸਿੰਘ ਭੱਟੀ, ਜਤਿੰਦਰ ਗਿੱਲ ਕਾਗੋ, ਗੁਰਦੀਪ ਸਿੰਘ ਮਿਸਤਰੀ, ਸੋਮਨਾਥ, ਬਲਵੀਰ ਸਿੰਘ ਚੁਟਕੀ, ਗਗਨ ਤੋਂ ਇਲਾਵਾ ਹੋਰ ਵੀ ਆਗੂ ਹਾਜ਼ਰ ਸਨ।

## ਗਾਇਕ ਚਰਨਜੀਤ ਚੰਨੀ ਦਾ 'ਪੰਜਾਬ ਹੋ ਗਿਆ ਖਾਲੀ' ਗੀਤ ਰਿਲੀਜ਼



**ਹਠੂਰ (ਲਵਲੀ ਕੁਮਾਰ)**-ਲੋਕ ਗਾਇਕ ਚਰਨਜੀਤ ਚੰਨੀ ਦਾ ਸਿੰਗਲ ਟ੍ਰੈਕ ਗੀਤ 'ਪੰਜਾਬ ਹੋ ਗਿਆ ਖਾਲੀ' ਕੰਪਨੀ ਪਰਲ ਵੱਲੋਂ ਅੱਜ ਰਿਲੀਜ਼ ਕੀਤਾ ਗਿਆ ਹੈ, ਜਿਸ ਨੂੰ ਪ੍ਰਸਿੱਧ ਗੀਤਕਾਰ ਤਰਸੇਮ ਜਲਾਲਪੁਰੀ ਨੇ ਕਲਮਬੰਦ ਕੀਤਾ ਹੈ। ਸੰਗੀਤਕ ਧੁੰਨਾ ਨਾਲ ਸ਼ਿੰਗਾਰਿਆ ਹੈ ਬੰਬੇ ਬੀਟਸ ਸੰਜੀਵ ਸੂਦ ਨੇ ਅਤੇ ਵੀਡੀਓ ਵੱਖ-ਵੱਖ ਥਾਵਾਂ 'ਤੇ ਫਿਲਮਾਈ ਗਈ ਹੈ।ਚਰਨਜੀਤ ਚੰਨੀ ਨੇ ਦੱਸਿਆ ਕਿ ਇਸ ਗੀਤ ਵਿੱਚ ਉਨ੍ਹਾ ਦਾ ਵਿਸ਼ੇਸ਼ ਸਹਿਯੋਗ ਮੁਨੀਸ਼ ਕੁਮਾਰ, ਗੁਰਮੁਖ ਸਿੰਘ ਢਿੱਲੋਂ ਤੇ ਬਿੰਦਰ ਕਲੇਰ ਨੇ ਦਿੱਤਾ ਹੈ।ਇਸ ਮੌਕੇ ਪਰਲ ਕੰਪਨੀ ਦੇ ਪ੍ਰੋਡਿਊਸਰ ਸੂਰਜ ਹੁਸੈਨਪੁਰੀ ਨੇ ਦੱਸਿਆ ਕਿ ਪੰਜਾਬ ਦੇ ਮੌਜੂਦਾ ਸੰਤਾਪ ਨੂੰ ਬਿਆਨ ਕਰਦਾ ਇਹ ਗੀਤ ਗਾਇਕ ਚਰਨਜੀਤ ਚੰਨੀ ਨੇ ਬੜੀ ਰੂਹ ਨਾਲ ਗਾਇਆ ਹੈ, ਜਿਸ ਨੂੰ ਸੁਨਣ ਵਾਲੇ ਹਮੇਸ਼ਾ ਯਾਦ ਰੱਖਣਗੇ।ਅੰਤ ਵਿੱਚ ਗਾਇਕ ਚਰਨਜੀਤ ਚੰਨੀ ਨੇ ਕਿਹਾ ਕਿ ਪੰਜਾਬੀ ਸਰੋਤਿਆਂ ਤੋਂ ਪੂਰਨ ਆਸ ਹੈ ਕਿ ਸਰੋਤੇ ਉਸ ਦੇ ਗੀਤ ਨੂੰ ਚੰਗਾ ਹੁੰਗਾਰਾ ਦੇਣਗੇ।

## ਆਸ਼ੂ ਬੰਗੜ ਨੇ ਮਾਤਾ ਬਗਲਾਮੁਖੀ ਜੀ ਦੇ ਦਰਬਾਰ 'ਚ ਭਰੀ ਹਾਜ਼ਰੀ, ਸੰਗਤ ਦੀ ਤੰਦਰੁਸਤੀ ਲਈ ਕੀਤੀ ਅਰਦਾਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਆਸ਼ੂ ਬੰਗੜ ਐਤਵਾਰ ਪਰਵਾਰ ਤੇ ਸਾਥੀਆਂ ਸਮੇਤ ਮਸ਼ਹੂਰ ਧਾਰਮਿਕ ਅਸਥਾਨ ਮਾਤਾ ਬਗਲਾਮੁਖੀ ਜੀ ਦੇ ਦਰਬਾਰ ਵਿਖੇ ਨਤਮਸਤਕ ਹੋਏ। ਇਸ ਮੌਕੇ ਉਨ੍ਹਾਂ ਮਾਤਾ ਰਾਣੀ ਦੇ ਚਰਨਾਂ ਵਿੱਚ ਸੀਸ ਝੁਕਾ ਕੇ ਫਿਰੋਜ਼ਪੁਰ ਦਿਹਾਤੀ ਹਲਕੇ ਦੀ ਸਮੂਹ ਸੰਗਤ ਦੀ ਖੁਸ਼ਹਾਲੀ, ਤੰਦਰੁਸਤੀ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਆਸ਼ੂ ਬੰਗੜ ਨੇ ਕਿਹਾ ਕਿ ਮਾਤਾ ਰਾਣੀ ਸਭ 'ਤੇ ਮਿਹਰ ਕਰਨ। ਮੇਰੀ ਅਰਦਾਸ ਹੈ ਕਿ ਮੇਰੇ ਹਲਕੇ ਦਾ ਹਰ ਨੌਜਵਾਨ, ਬਜ਼ੁਰਗ, ਮਾਂ-ਭੈਣ ਤੇ ਬੱਚਾ ਨਿਰੋਗ ਰਹੇ। ਕਿਸੇ ਵੀ ਘਰ ਵਿੱਚ ਕੋਈ ਦੁੱਖ-ਤਕਲੀਫ ਨਾ ਆਵੇ। ਹਲਕੇ ਵਿੱਚ ਅਮਨ-ਸ਼ਾਂਤੀ ਤੇ ਭਾਈਚਾਰਾ ਬਣਿਆ ਰਹੇ। ਉਨ੍ਹਾਂ ਕਿਹਾ ਕਿ ਸੰਕਟ ਦੇ ਸਮੇਂ ਮਾਤਾ ਬਗਲਾਮੁਖੀ ਜੀ ਦਾ ਆਸ਼ੀਰਵਾਦ ਹਮੇਸ਼ਾ ਮਾਰਗ ਦਰਸ਼ਕ ਬਣਦਾ ਹੈ। ਹਲਕੇ ਦੀ ਤਰੱਕੀ ਤੇ ਲੋਕਾਂ ਦੀ ਸੇਵਾ ਲਈ ਉਨ੍ਹਾਂ ਨੂੰ ਮਾਤਾ ਰਾਣੀ ਤੋਂ ਬਲ ਬਖਸ਼ਿਆ ਜਾਵੇ। ਦਰਬਾਰ ਵਿੱਚ ਪੁੱਜਣ 'ਤੇ ਮੰਦਰ ਕਮੇਟੀ ਨੇ ਆਸ਼ੂ ਬੰਗੜ ਤੇ ਉਨ੍ਹਾਂ ਦੇ ਸਾਥੀਆਂ ਨੂੰ ਸਿਰੋਪਾਓ ਤੇ ਪ੍ਰਸਾਦ ਦੇ ਕੇ ਸਨਮਾਨਤ ਕੀਤਾ।

## ਪੀ ਜੀ ਆਈ ਵੱਲੋਂ ਕਮਰ ਦਰਦ ਦੇ ਮਰੀਜ਼ਾਂ ਲਈ ਕੈਂਪ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵੱਲੋਂ ਲੰਮੇ ਸਮੇਂ ਤੋਂ ਕਮਰ ਦਰਦ ਨਾਲ ਪੀੜਤ ਮਰੀਜ਼ਾਂ ਲਈ ਨਵਾਂ ਸ਼ਿਵ ਮੰਦਰ, ਨਵਾਂ ਗਾਓਂ ਵਿਖੇ ਇੱਕ ਕਮਿਊਨਿਟੀ ਸਿਹਤ ਕੈਂਪ ਲਗਾਇਆ ਗਿਆ। ਇਹ ਕੈਂਪ ਪੀਜੀਆਈ ਦੀ ਪੇਨ ਕਲੀਨਿਕ ਦੀ ਇੰਚਾਰਜ ਪ੍ਰੋ. ਬਬੀਤਾ ਘਈ ਦੀ ਅਗਵਾਈ ਹੇਠ ਉਨ੍ਹਾਂ ਦੀ ਬਹੁ-ਵਿਭਾਗੀ ਟੀਮ, ਜਿਸ ਵਿੱਚ ਡਾ. ਰਜਨੀ ਸ਼ਰਮਾ (ਮਨੋਵਿਗਿਆਨੀ), ਬਬੀਨਾ (ਫਿਜ਼ੀਓਥੈਰਾਪਿਸਟ), ਡਾ. ਗੌਰੀ ਖੁਰਾਨਾ, ਕੀਰਤੀ ਮਹਾਜਨ (ਰਿਸਰਚ ਅਫ਼ਸਰ) ਤੇ ਰੋਹਿਤ ਕੁਮਾਰ ਸ਼ਾਮਲ ਹਨ, ਵੱਲੋਂ ਆਯੋਜਿਤ ਕੀਤਾ ਗਿਆ।ਕੈਂਪ ਦੌਰਾਨ ਮਰੀਜ਼ਾਂ ਦੀ ਲੰਬੇ ਸਮੇਂ ਦੇ ਕਮਰ ਦਰਦ ਸਬੰਧੀ ਵਿਸਥਾਰਪੂਰਵਕ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਤੇ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਤੇ ਹੱਡੀਆਂ ਦੀ ਮਜ਼ਬੂਤੀ (ਬੋਨ ਮਿਨਰਲ ਡੈਂਸਿਟੀ) ਦੀ ਜਾਂਚ ਵੀ ਕੀਤੀ ਗਈ।ਇਸ ਮੁਹਿੰਮ ਦਾ ਇੱਕ ਮੁੱਖ ਉਦੇਸ਼ ਲੰਬੇ ਸਮੇਂ ਦੇ ਕਮਰ ਦਰਦ ਦੇ ਪ੍ਰਬੰਧਨ ਵਿੱਚ ਯੋਗਾ ਦੀ ਮਹੱਤਵਪੂਰਨ ਭੂਮਿਕਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣਾ ਵੀ ਹੈ।ਕੈਂਪ ਤੋਂ ਬਾਅਦ ਮਰੀਜ਼ਾਂ ਦੀ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਪ੍ਰੋਜੈਕਟ ਟੀਮ ਵੱਲੋਂ 15 ਦਿਨਾਂ ਦੀਆਂ ਮੁਫ਼ਤ ਕਮਿਊਨਿਟੀ ਆਧਾਰਤ ਯੋਗਾ ਕਲਾਸਾਂ ਕਰਵਾਈਆਂ ਜਾਂਦੀਆਂ ਹਨ।ਇਸ ਨਾਲ ਉਨ੍ਹਾਂ ਲੋਕਾਂ ਤੱਕ ਦਵਾਈਆਂ ਤੋਂ ਬਿਨਾਂ ਪ੍ਰਭਾਵਸ਼ਾਲੀ ਇਲਾਜ ਪਹੁੰਚਾਇਆ ਜਾਂਦਾ ਹੈ, ਜੋ ਸਮਾਜਿਕ, ਆਰਥਿਕ ਜਾਂ ਆਵਾਜਾਈ ਸੰਬੰਧੀ ਮੁਸ਼ਕਲਾਂ ਕਾਰਨ ਤੀਸਰੇ ਪੱਧਰ ਦੇ ਹਸਪਤਾਲਾਂ ਤੱਕ ਨਹੀਂ ਪਹੁੰਚ ਸਕਦੇ।ਇਸ ਕੈਂਪ ਦੀ ਸਫ਼ਲਤਾ ਵਿੱਚ ਸਮਰਪਤ ਗੈਰ-ਸਰਕਾਰੀ ਸੰਸਥਾ ਸੰਕਲਪ ਤੇ ਸਥਾਨਕ ਵਲੰਟੀਅਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ।

## ਸੜਕਾਂ 'ਤੇ ਮਿੱਟੀ ਨਾਲ ਭਰੀਆਂ ਟਰਾਲੀਆਂ ਕਾਰਨ ਲੋਕ ਪ੍ਰੇਸ਼ਾਨ

**ਬਰੇਟਾ (ਰੀਤਵਾਲ)**-ਇਲਾਕੇ ਦੀਆਂ ਸੜਕਾਂ 'ਤੇ ਬਿਨਾਂ ਤਰਪਾਲ ਢੱਕੇ ਮਿੱਟੀ ਨਾਲ ਭਰੀਆਂ ਟਰਾਲੀਆਂ ਦੀ ਆਵਾਜਾਈ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਟਰਾਲੀਆਂ ਵਿੱਚੋਂ ਉੱਡਦੀ ਧੂੜ ਕਾਰਨ ਰਾਹਗੀਰਾਂ, ਦੋਪਹੀਆ ਵਾਹਨ ਚਾਲਕਾਂ ਤੇ ਦੁਕਾਨਦਾਰਾਂ ਨੂੰ ਕਾਫ਼ੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਤੇਜ਼ ਰਫ਼ਤਾਰ ਨਾਲ ਚੱਲ ਰਹੀਆਂ ਟਰਾਲੀਆਂ ਕਾਰਨ ਸੜਕਾਂ 'ਤੇ ਹਾਦਸਿਆਂ ਦਾ ਖ਼ਤਰਾ ਵੀ ਵਧ ਗਿਆ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਕਈ ਟਰਾਲੀਆਂ ਟ੍ਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਦੀਆਂ ਹਨ ਅਤੇ ਮਿੱਟੀ ਸੜਕਾਂ ਤੇ ਡਿੱਗਣ ਨਾਲ ਆਵਾਜਾਈ ਪ੍ਰਭਾਵਿਤ ਹੁੰਦੀ ਹੈ।

ਇਲਾਕਾ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਬਿਨਾਂ ਤਰਪਾਲ ਢੱਕੇ ਮਿੱਟੀ ਲਿਜਾਣ ਵਾਲੀਆਂ ਟਰਾਲੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ, ਤਾਂ ਜੋ ਲੋਕਾਂ ਨੂੰ ਇਸ ਸਮੱਸਿਆ ਤੋਂ ਰਾਹਤ ਮਿਲ ਸਕੇ।

# ਹਰਦਿਆਲ ਕੰਬੋਜ ਦੀ ਕਾਂਗਰਸ ਮੈਨੀਫੈਸਟੋ ਕਮੇਟੀ ਦੇ ਸਹਿ ਚੇਅਰਮੈਨ ਵਜੋਂ ਨਿਯੁਕਤੀ ਦਾ ਭਰਵਾਂ ਸਵਾਗਤ

■ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਵਾਂਗਾ : ਕੰਬੋਜ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ 2027 'ਚ ਪੰਜਾਬ ਵਿੱਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੇ ਸੀਨੀਅਰ ਆਗੂ, ਪੰਜਾਬ ਕਾਂਗਰਸ ਦੇ ਜਨਰਲ ਸਕੱਤਰ, ਹਲਕਾ ਰਾਜਪੁਰਾ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੂੰ ਕਾਂਗਰਸ ਪਾਰਟੀ ਹਾਈਕਮਾਂਡ ਵੱਲੋਂ ਚੋਣ ਮਨੋਰਥ ਪੱਤਰ (ਮੈਨੀਫੈਸਟੋ) ਕਮੇਟੀ ਦਾ ਸਹਿ ਚੇਅਰਮੈਨ ਨਿਯੁਕਤ ਕੀਤੇ ਜਾਣ ਨਾਲ ਕਾਂਗਰਸੀ ਖੇਮੇ 'ਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਕੰਬੋਜ ਦੀ ਨਿਯੁਕਤੀ ਨੂੰ ਪਾਰਟੀ ਵਰਕਰਾਂ ਤੇ ਸਮਰਥਕਾਂ ਵੱਲੋਂ ਉਨ੍ਹਾਂ ਦੀ ਲੋਕ ਸੇਵਾ ਪ੍ਰਤੀ ਸਮਰਪਣ ਤੇ ਪਾਰਟੀ ਪ੍ਰਤੀ ਨਿਭਾਈ ਜਾ ਰਹੀ ਵਫ਼ਾਦਾਰੀ ਵਜੋਂ ਦੇਖਿਆ ਜਾ ਰਿਹਾ ਹੈ। ਆਪਣੀ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਹਰਦਿਆਲ ਕੰਬੋਜ ਨੇ ਕਾਂਗਰਸ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਨਾਲ ਨਿਭਾਇਆ ਜਾਵੇਗਾ।ਇਸ ਮੌਕੇ ਵਿਧਾਨ ਸਭਾ ਹਲਕਾ ਰਾਜਪੁਰਾ ਦੇ ਕਾਂਗਰਸ ਆਗੂਆਂ ਬਲਾਕ ਪ੍ਰਧਾਨ ਸ਼ਹਿਰੀ ਨਰਿੰਦਰ ਸ਼ਾਸਤਰੀ, ਦਿਹਾਤੀ ਪ੍ਰਧਾਨ ਬਲਦੇਵ ਸਿੰਘ ਗੱਦੋਮਾਜਰਾ ਤੇ ਹੋਰ ਵਰਕਰਾਂ ਨੇ ਹਰਦਿਆਲ ਸਿੰਘ ਕੰਬੋਜ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਉਨ੍ਹਾਂ ਦੀ ਨਿਯੁਕਤੀ ਨਾਲ ਨਾ ਸਿਰਫ਼ ਰਾਜਪੁਰਾ ਹਲਕੇ ਦਾ ਮਾਣ ਵਧਿਆ ਹੈ, ਸਗੋਂ ਪੰਜਾਬ ਦੀ ਰਾਜਨੀਤੀ ਵਿੱਚ ਵੀ ਇਸ ਨੂੰ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ।ਇਸ ਮੌਕੇ ਕੌਂਸਲਰ ਅਮਨਦੀਪ ਸਿੰਘ ਨਾਗੀ, ਕੌਂਸਲਰ ਮਨੀਸ਼ ਮੁਜਾਲ, ਕੌਂਸਲਰ ਮਨਦੀਪ ਡਿੰਪੀ ਰਾਣਾ, ਸਾਬਕਾ ਚੇਅਰਮੈਨ ਸਰਬਜੀਤ ਸਿੰਘ ਮਾਣਕਪੁਰ, ਸਾਬਕਾ ਚੇਅਰਮੈਨ ਮਲਕੀਤ ਸਿੰਘ ਉੱਪਲਹੇੜੀ, ਯੂਥ ਆਗੂ ਨਵਦੀਪ ਸਿੰਘ ਨਲਾਸ, ਗੁਰਪ੍ਰੀਤ ਸਿੰਘ ਜੰਡੋਲੀ, ਰਣਬੀਰ ਸਿੰਘ ਭੰਗੂ, ਜਗਵਿੰਦਰ ਸਿੰਘ ਜੱਗਾ ਕੋਟਲਾ ਸਮੇਤ ਚੋਣ ਮਨੋਰਥ ਪੱਤਰ ਕਮੇਟੀ ਦਾ ਸਹਿ ਚੇਅਰਮੈਨ ਨਿਯੁਕਤ ਹੋਣ 'ਤੇ ਭਗਵਾਨ ਸ਼ਿਵ ਦੇ ਮੰਦਰ ਸ਼ੁਕਰਾਨਾ ਕਰਨ ਪੁੱਜੇ ਹਰਦਿਆਲ ਸਿੰਘ ਕੰਬੋਜ ਨੂੰ ਵਧਾਈਆਂ ਦਿੱਤੀਆਂ ਗਈਆਂ।

## ਯੂਨਾਈਟਿਡ ਇੰਟਰਨੈਸ਼ਨਲ ਕਲੱਬ ਨੇ ਖ਼ੂਨਦਾਨ ਕੈਂਪ 'ਚ ਵੰਡੀ ਪੌਸ਼ਟਿਕ ਡਾਈਟ



**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਸਮਾਜ ਸੇਵੀ ਸੰਸਥਾ ਯੂਨਾਈਟਿਡ ਇੰਟਰਨੈਸ਼ਨਲ ਕਲੱਬਜ਼ ਯੂਨਿਟ ਕੋਟਕਪੂਰਾ ਵੱਲੋਂ ਮਾਨਵਤਾ ਦੀ ਭਲਾਈ ਦੇ ਕਾਰਜਾਂ ਤਹਿਤ ਕਲੱਬ ਦੇ ਯੂਨਿਟ ਪ੍ਰਧਾਨ ਡਾ. ਸਤੀਸ਼ ਸ਼ਰਮਾ ਦੀ ਅਗਵਾਈ ਵਿੱਚ ਪੀ.ਬੀ.ਜੀ. ਵੈੱਲਫੇਅਰ ਕਲੱਬ ਵੱਲੋਂ ਲਗਾਏ ਗਏ ਮੈਗਾ ਬਲੱਡ ਡੋਨੇਸ਼ਨ ਕੈਂਪ ਵਿੱਚ ਖ਼ੂਨਦਾਨੀਆਂ ਲਈ ਵਿਸ਼ੇਸ਼ ਪੌਸ਼ਟਿਕ ਡਾਈਟ ਦਾ ਪ੍ਰਬੰਧ ਕੀਤਾ ਗਿਆ।ਇਸ ਦੌਰਾਨ ਯੂਨਾਈਟਿਡ ਇੰਟਰਨੈਸ਼ਨਲ ਕਲੱਬ ਦੇ ਮੈਂਬਰਾਂ ਵੱਲੋਂ ਖ਼ੂਨਦਾਨੀਆਂ ਨੂੰ ਉਬਲੇ ਹੋਏ ਛੋਲੇ ਤੇ ਪਨੀਰ ਦੀ ਪੌਸ਼ਟਿਕ ਡਾਈਟ ਵੰਡੀ ਗਈ, ਤਾਂ ਜੋ ਖ਼ੂਨ ਦਾਨ ਤੋਂ ਬਾਅਦ ਉਨ੍ਹਾਂ ਦੀ ਊਰਜਾ ਬਣੀ ਰਹੇ।ਇਸ ਮੌਕੇ ਕਲੱਬ ਦੇ ਫਾਊਂਡਰ ਪ੍ਰਧਾਨ ਚਰਨ ਦਾਸ ਗਰਗ ਨੇ ਪੀ.ਬੀ.ਜੀ. ਵੈੱਲਫੇਅਰ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੀ.ਬੀ.ਜੀ. ਵੈੱਲਫੇਅਰ ਕਲੱਬ ਵੱਲੋਂ ਜੋ ਖ਼ੂਨਦਾਨ ਦਾ ਮਹਾਂ-ਯੱਗ ਕੀਤਾ ਗਿਆ ਹੈ, ਇਸ ਵਿੱਚ ਸਾਡੇ ਕਲੱਬ ਵੱਲੋਂ ਖ਼ੂਨਦਾਨੀਆਂ ਦੀ ਸਿਹਤ ਤੇ ਹੌਸਲਾ-ਅਫ਼ਜ਼ਾਈ ਲਈ ਇਸ ਪੌਸ਼ਟਿਕ ਆਹਾਰ ਸੇਵਾ ਦੇ ਮਾਧਿਅਮ ਰਾਹੀਂ ਛੋਟਾ ਜਿਹਾ ਯੋਗਦਾਨ ਪਾਇਆ ਗਿਆ ਹੈ।ਉਨ੍ਹਾ ਕਿਹਾ ਕਿ ਖ਼ੂਨਦਾਨ ਸਭ ਤੋਂ ਵੱਡਾ ਦਾਨ ਹੈ ਤੇ ਇਸ ਪਵਿੱਤਰ ਕਾਰਜ ਵਿੱਚ ਸਹਿਯੋਗ ਕਰਕੇ ਸਾਡੇ ਕਲੱਬ ਦੇ ਸਾਰੇ ਮੈਂਬਰ ਬਹੁਤ ਮਾਣ ਮਹਿਸੂਸ ਕਰ ਰਹੇ ਹਨ।ਕਲੱਬ ਦੇ ਅਹੁਦੇਦਾਰਾਂ ਚਰਨਜੀਤ ਸਿੰਘ, ਰਾਕੇਸ਼ ਗਰਗ, ਪਵਨ ਭਾਰਤੀ, ਸਤਨਾਮ ਸਿੰਘ ਖੱਬੂ ਨੇ ਕਿਹਾ ਕਿ ਨਿਰਸਵਾਰਥ ਭਾਵਨਾ ਨਾਲ ਕੀਤੀ ਗਈ ਸੇਵਾ ਹੀ ਸੱਚੀ ਸੇਵਾ ਹੈ ਤੇ ਸੰਸਥਾ ਦਾ ਮੁੱਖ ਉਦੇਸ਼ ਸਮਾਜ ਦੇ ਹਰ ਵਰਗ ਦੀ ਮਦਦ ਕਰਨਾ ਹੈ।ਇਸ ਮੌਕੇ ਕਲੱਬ ਦੇ ਹੋਰ ਸੀਨੀਅਰ ਅਹੁਦੇਦਾਰ, ਸਮਾਜ ਸੇਵਕ ਤੇ ਪੀ.ਬੀ.ਜੀ. ਵੈੱਲਫੇਅਰ ਕਲੱਬ ਦੇ ਮੈਂਬਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਖ਼ੂਨਦਾਨੀਆਂ ਦਾ ਧੰਨਵਾਦ ਪ੍ਰਗਟਾਇਆ।ਇਸ ਸਮੇਂ ਕਲੱਬ ਦੇ ਜਨਰਲ ਸਕੱਤਰ ਚੰਦਰ ਗਰਗ, ਇੰਟਰਨੈਸ਼ਨਲ ਉਪ-ਪ੍ਰਧਾਨ ਬਲਜੀਤ ਸਿੰਘ ਖੀਵਾ, ਕੈਸ਼ੀਅਰ ਕਮਲ ਕਟਾਰੀਆ, ਯੂਥ ਪ੍ਰਧਾਨ ਮੋਹਿਤ ਮਹਿਤਾ ਤੋਂ ਇਲਾਵਾ ਹੋਰ ਵੀ ਮੈਂਬਰ ਮੌਜੂਦ ਸਨ।

# 16 ਕਲਾਵਾਂ ਵਾਲਾ ਸੀਬਾ ਸਮਰ ਕੈਂਪ ਸੰਪੰਨ

**ਦਿੜ੍ਹਬਾ (ਜਸਵੀਰ ਲਾਡੀ)**

ਸੁਸਾਇਟੀ ਫਾਰ ਐਜੂਕੇਸ਼ਨ ਐਂਡ ਅਵੇਅਰਨੈੱਸ ਇਨ ਬੈਕਵਰਡ ਏਰੀਅਜ਼ (ਸੀਬਾ) ਵਲੋਂ ਲਾਏ ਗਏ 10 ਰੋਜ਼ਾ ਚਿਲਡਰਨ ਪਰਸਨੈਲਿਟੀ ਡਿਵਲੈਪਮੈਂਟ ਕੈਂਪ ਕਮ ਵਰਕਸ਼ਾਪ 'ਸਿਰਜਣਾ-2026' ਸੰਪਨ ਹੋਇਆ, ਜੋ ਮਾਨਸਿਕ ਤੰਦਰੁਸਤੀ ਨੂੰ ਸਮਰਪਤ ਸੀ। ਕੈਂਪ ਵਿਚ ਪੇਂਟਿੰਗ, ਕਲੇਅ ਮੌਡਲਿੰਗ, ਡਾਂਸ, ਗੁੱਡੀਆਂ-ਪਟੋਲੇ ਬਣਾਉਣਾ, ਨਿਸ਼ਾਨੇਬਾਜ਼ੀ, ਫੋਟੋਗ੍ਰਾਫ਼ੀ, ਡਾਕੂਮੈਂਟਰੀ ਮੇਕਿੰਗ, ਘੋੜਸਵਾਰੀ, ਥੀਏਟਰ, ਪੱਤਰਕਾਰੀ, ਲੱਕੜ, ਬਿਜਲੀ ਅਤੇ ਮਕੈਨੀਕਲ ਕੰਮਾਂ ਵਾਲੀ ਡਿਜ਼ਾਇਨ ਵਰਕਸ਼ਾਪ ਆਦਿ ਗਤੀਵਿਧੀਆਂ ਵਿਚ 500 ਕੈਂਪਰਾਂ ਨੇ ਬੜੇ ਸ਼ੌਕ ਨਾਲ ਭਾਗ ਲਿਆ।ਹਰ ਰੋਜ਼ ਸਵੇਰ ਦੀ ਸਭਾ ਦੌਰਾਨ ਪੁਰਾਣੇ ਗੀਤਾਂ ਉੱਪਰ ਚਿੱਤਰਹਾਰ ਵਾਂਗ ਨੱਚਣਾ, ਫੇਰ ਮੈਡੀਟੇਸ਼ਨ ਵੱਲ ਆਉਣਾ ਤੇ 'ਮਨ ਜੀਤੇ ਜਗ ਜੀਤ' ਦੇ ਗੁਰਵਾਕ ਵਾਂਗ ਹਮੇਸ਼ਾ ਚੜ੍ਹਦੀਕਲਾ ਵਾਲੀ ਭਾਵਨਾ ਦੇ ਵਿਚਾਰਾਂ ਦੀ ਸਾਂਝ ਪਾਉਣ ਉਪਰੰਤ ਕੈਂਪਰ ਆਪਣੀਆਂ-ਆਪਣੀਆਂ ਗਤੀਵਿਧੀਆਂ ਵੱਲ ਚੱਲ ਪੈਂਦੇ।ਸੰਗਰੂਰ ਤੋਂ ਆਏ ਰੰਗਕਰਮੀ ਯਸ਼, ਕਲਾ ਕੇਂਦਰ ਵਾਲੇ ਨੇ ਬੱਚਿਆਂ ਦੀ ਨਾਟਕਾਂ ਨਾਲ ਸਾਂਝ ਪਵਾਉਂਦੇ ਹੋਏ ਤਿੰਨ ਨਾਟਕ ਤਿਆਰ ਕਰਾਏ, ਜਿਨ੍ਹਾਂ ਵਿੱਚ ਛੋਟੇ-ਛੋਟੇ ਬੱਚਿਆਂ ਨੇ ਬੜੇ ਚਾਅ ਨਾਲ ਕਮਾਲ ਦੀ ਅਦਾਕਾਰੀ ਕੀਤੀ।ਸਕੂਲ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਨੇ ਰੋਜ਼ਾਨਾ ਸਵੇਰ ਦੀ ਸਭਾ ਦੌਰਾਨ ਮੈਡੀਟੇਸ਼ਨ, ਧਿਆਨ ਤੇ ਪ੍ਰੇਰਨਾਤਮਕ ਵਿਚਾਰਾਂ ਦਾ ਅਭਿਆਸ ਕਰਾਇਆ।ਮਕੈਨਿਕ ਤਰਸੇਮ ਸਿੰਘ, ਹਰਵਿੰਦਰ ਸਿੰਘ ਤੇ ਹਰਜੀਤ ਲਾਡੀ ਨੇ ਵਰਕਸ਼ਾਪ ਵਿਚ ਬੱਚਿਆਂ ਨੂੰ ਮਾਰੂਤੀ ਕਾਰ ਦੇ ਇੰਜਣ, ਗੇਅਰ, ਬਰੇਕ ਤੇ ਸਟੇਅਰਿੰਗ ਨੂੰ ਆਪਣੇ ਹੱਥੀਂ ਪੂਰਾ ਖੋਲ੍ਹ ਕੇ ਪੂਰੀ ਤਕਨੀਕੀ ਜਾਣਕਾਰੀ ਲਈ ਔਜ਼ਾਰਾਂ ਦੀ ਵਰਤੋਂ ਕਰਨੀ ਸਿਖਾਈ।ਸੁਨੀਤਾ ਰਾਣੀ, ਗੀਮਾ ਰਾਣੀ, ਰਜਨੀ ਬਾਲਾ ਦੀ ਨਿਗਰਾਨੀ ਵਿਚ ਬੱਚਿਆਂ ਨੇ ਲੱਕੜੀ ਦੇ ਖਿਡੌਣੇ ਬਣਾਏ।ਸੋਨੀਆ ਜਾਖਲ ਨੇ ਬੱਚਿਆਂ ਨੂੰ ਮਿੱਟੀ ਦੀਆਂ ਮੂਰਤਾਂ ਤੇ ਚਿਹਰੇ ਬਣਾਉਣਾ ਸਿਖਾਇਆ।ਪਰਮਜੀਤ ਸੰਗਤਪੁਰਾ ਤੇ ਕਮਲਜੀਤ ਕੌਹਰੀਆਂ ਦੀ ਅਗਵਾਈ ਹੇਠ ਬੱਚਿਆਂ ਨੇ ਵਡੇਰੀ ਉਮਰ ਦੇ ਬਜ਼ੁਰਗਾਂ ਗਾਗਾ ਦੀ ਚਿੰਤ ਕੌਰ, ਭੁਟਾਲ ਕਲਾਂ ਦੇ ਪੰਡਿਤ ਦੇਵ ਰਾਜ ਆਦਿ ਜੀਵਨੀ ਆਧਾਰਿਤ ਇੰਟਰਵਿਊ ਕੀਤੀਆਂ।ਰੁਲਦੂ ਖਾਨ ਨੇ ਬੱਚਿਆਂ ਨੂੰ ਘੋੜ-ਸਵਾਰੀ ਕਰਵਾਈ।ਮੱਡ-ਗੇਮ ਪੂਰੇ ਕੈਂਪ ਦੌਰਾਨ ਖਿੱਚ ਦਾ ਕੇਂਦਰ ਬਣੀ ਰਹੀ। ਕੈਂਪ ਦੌਰਾਨ ਰੋਜ਼ਾਨਾ ਅਖ਼ਬਾਰ ਸੀਬਾ-ਨਿਊਜ਼ ਪ੍ਰਕਾਸ਼ਿਤ ਕੀਤਾ ਗਿਆ।ਬੱਚਿਆਂ ਲਈ ਹਰ ਰੋਜ਼ ਠੰਢੇ-ਮਿੱਠੇ ਪਾਣੀ ਦੀ ਛਬੀਲ ਲਗਦੀ ਸੀ।ਅੰਤਲੇ ਦਿਨ ਬੱਚਿਆਂ ਨੂੰ ਸਰਟੀਫਿਕੇਟ ਵੰਡੇ ਗਏ।ਮੈਡਮ ਅਮਨ ਢੀਂਡਸਾ ਨੇ ਕਿਹਾ ਕਿ ਭਾਵੇਂ ਦਸ ਦਿਨਾਂ ਵਿਚ ਬੱਚੇ ਇਸ ਕਲਾ ਵਿਚ ਸੰਪੂਰਨ ਨਹੀਂ ਹੋ ਸਕਦੇ, ਪ੍ਰੰਤੂ ਉਹ ਜ਼ਿੰਦਗੀ ਦੀ ਪਹਿਲੀ ਪੌੜੀ ਉੱਪਰ ਹੀ ਸ਼ਖ਼ਸ਼ੀਅਤ ਨੂੰ ਨਿਖ਼ਾਰਨਾ ਸਿੱਖ ਲੈਂਦੇ ਹਨ।ਕੈਂਪ ਕੋਆਰਡੀਨੇਟਰ ਨੇਹਾ ਰਾਣੀ ਨੇ ਦੱਸਿਆ ਕਿ ਸੀਬਾ ਤੋਂ ਇਲਾਵਾ ਹੋਰਨਾਂ ਸਕੂਲਾਂ ਦੇ ਬੱਚਿਆਂ ਨੇ ਵੀ ਬੜੇ ਚਾਵਾਂ ਨਾਲ ਇਸ ਕੈਂਪ ਵਿਚ ਸ਼ਮੂਲੀਅਤ ਕੀਤੀ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਸਮਾਂਬੱਧ ਹੱਲ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ : ਡੀ ਸੀ

**ਸੰਗਰੂਰ (ਪ੍ਰਵੀਨ ਸਿੰਘ)**-ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਤੁਰੰਤ ਤੇ ਸਮਾਂਬੱਧ ਹੱਲ ਯਕੀਨੀ ਬਣਾਉਣ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਦੇ ਅਹੁਦੇਦਾਰਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਇੱਕ ਅਹਿਮ ਬੈਠਕ ਕੀਤੀ।ਬੈਠਕ ਦੌਰਾਨ ਵਪਾਰੀਆਂ ਨੂੰ ਦਰਪੇਸ਼ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕਰਦਿਆਂ ਉਨ੍ਹਾਂ ਦੇ ਪ੍ਰਭਾਵਸ਼ਾਲੀ ਨਿਪਟਾਰੇ ਲਈ ਰੂਪ-ਰੇਖਾ ਤਿਆਰ ਕੀਤੀ ਗਈ।ਇਸ ਮੌਕੇ ਐੱਸ.ਐੱਸ.ਪੀ. ਡਾ. ਰਵਜੋਤ ਗਰੇਵਾਲ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਨੂੰ ਸੁਖਾਵਾਂ ਤੇ ਪਾਰਦਰਸ਼ੀ ਕਾਰੋਬਾਰੀ ਮਾਹੌਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਦੀ ਹਰੇਕ ਜਾਇਜ਼ ਸਮੱਸਿਆ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ ਤੇ ਕਿਸੇ ਵੀ ਮਾਮਲੇ ਨੂੰ ਬਿਨਾਂ ਲੋੜ ਲਟਕਣ ਨਹੀਂ ਦਿੱਤਾ ਜਾਵੇਗਾ।

## ਸਮਾਜਿਕ ਵਿਗਿਆਨ ਦੀ ਪਾਠ ਪੁਸਤਕ 'ਚ ਮਨੂੰਸਿਮ੍ਰਤੀ ਦੇ ਸਲੋਕ ਸ਼ਾਮਲ ਕਰਨਾ ਭਾਜਪਾ ਸਰਕਾਰ ਦੀ ਗੈਰ-ਵਿਗਿਆਨਕ ਸੋਚ ਦਾ ਨਤੀਜਾ : ਤਰਕਸ਼ੀਲ ਸੁਸਾਇਟੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਤਰਕਸ਼ੀਲ ਸੁਸਾਇਟੀ ਪੰਜਾਬ ਦੀ ਪਟਿਆਲਾ ਇਕਾਈ ਦੀ ਇੱਕ ਵਿਸ਼ੇਸ਼ ਮੀਟਿੰਗ ਬੰਗ ਮੀਡੀਆ ਕੰਪਲੈਕਸ ਵਿਖੇ ਹੋਈ।ਇਸ ਮੀਟਿੰਗ ਦੀ ਪ੍ਰਧਾਨਗੀ ਸ੍ਰੀ ਸਤੀਸ਼ ਕੁਮਾਰ ਆਲੋਵਾਲ ਵਿੱਤ ਵਿਭਾਗ ਮੁਖੀ ਨੇ ਕੀਤੀ, ਜਿਸ ਵਿੱਚ ਕੇਂਦਰ ਸਰਕਾਰ ਵੱਲੋਂ ਦੇਸ਼ ਵਿੱਚ ਭਗਵਾਂਕਰਨ ਲਾਗੂ ਕਰਨ ਦੀ ਨਿਖੇਧੀ ਕੀਤੀ ਗਈ। ਇਸ ਮੀਟਿੰਗ ਦੇ ਵੇਰਵੇ ਦਿੰਦਿਆਂ ਮੀਡੀਆ ਮੁਖੀ ਰਾਮ ਸਿੰਘ ਬੰਗ ਨੇ ਦੱਸਿਆ ਕਿ ਸਿੱਖਿਆ ਖੋਜ ਤੇ ਸਿਖਲਾਈ ਸਬੰਧੀ ਕੌਮੀ ਕੌਂਸਲ ਦੀ ਸਮਾਜਿਕ ਵਿਗਿਆਨ ਦੀਆਂ ਨਵੀਆਂ ਪਾਠ ਪੁਸਤਕਾਂ ਵਿੱਚ ਮਨੂੰਸਿਮ੍ਰਤੀ ਦੇ ਸਲੋਕ ਸ਼ਾਮਲ ਕਰਨਾ ਭਾਜਪਾ ਸਰਕਾਰ ਦੀ ਗੈਰ-ਵਿਗਿਆਨਕ ਸੋਚ ਦਾ ਨਤੀਜਾ ਹੈ ਤੇ ਔਰਤਾਂ ਪ੍ਰਤੀ ਗੈਰ-ਇਖਲਾਕੀ ਮਾਨਸਿਕਤਾ ਦਾ ਪ੍ਰਗਟਾਵਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਮਨੂੰਸਿਮ੍ਰਤੀ ਪ੍ਰਾਚੀਨ ਗ੍ਰੰਥ ਨੂੰ ਨੇਕ ਜੀਵਨ ਲਈ ਜ਼ਰੂਰੀ ਦੱਸ ਕੇ ਝੂਠਾ ਪ੍ਰਚਾਰ ਕਰ ਰਹੀ ਹੈ।ਇਸ ਸਮੇਂ ਪਟਿਆਲਾ ਇਕਾਈ ਦੇ ਸ੍ਰੀ ਰਾਮ ਕੁਮਾਰ ਢਕੜਬਾ, ਸਨੇਹ ਲਤਾ, ਕੁਲਵੰਤ ਕੌਰ ਪਟਿਆਲਾ, ਗੁਰਪੂਰਨਜੀਤ ਸਿੰਘ, ਮਨੋਜ ਗਈ, ਡਾ. ਅਜੇ ਕੁਮਾਰ, ਜੇ ਪੀ ਸਿੰਘ, ਹਰਬੰਸ ਲਾਲ, ਪਰਮਿੰਦਰ ਸਿੰਘ, ਸੁਰਿੰਦਰ ਹੰਸ ਤੇ ਰਣਜੀਤ ਸਿੰਘ ਮਾਨ ਆਦਿ ਨੇ ਆਪਣੇ ਵਿਚਾਰ ਰੱਖੇ ਤੇ ਡਾਰਵਿਨ ਦੇ ਵਿਕਾਸਵਾਦ ਦੇ ਸਿਧਾਂਤ ਨੂੰ ਵਿਦਿਆਰਥੀਆਂ ਦੇ ਸਿਲੇਬਸ ਵਿੱਚੋਂ ਬਾਹਰ ਕੱਢਣ ਲਈ ਭਾਜਪਾ ਸਰਕਾਰ ਦੀ ਨਿਖੇਧੀ ਕੀਤੀ।ਇਸ ਮੀਟਿੰਗ ਵਿੱਚ ਤਰਕਸ਼ੀਲ ਮੈਗਜ਼ੀਨ ਦਾ ਜੁਲਾਈ-ਅਗਸਤ 2026 ਅੰਕ ਰਿਲੀਜ਼ ਕੀਤਾ ਗਿਆ।ਸੁਸਾਇਟੀ ਦੇ ਕੰਮ ਕਾਜ ਨੂੰ ਹੋਰ ਸੁਚਾਰੂ ਢੰਗ ਨਾਲ ਕਰਨ ਲਈ ਪ੍ਰਣ ਕੀਤਾ ਗਿਆ ਤਾਂ ਕਿ ਆਮ ਲੋਕਾਂ ਵਿੱਚੋਂ ਅੰਧਵਿਸ਼ਵਾਸ ਦੂਰ ਕਰਕੇ ਵਿਗਿਆਨਕ ਵਿਚਾਰਧਾਰਾ ਵਿਕਸਤ ਕੀਤੀ ਜਾ ਸਕੇ ਤਾਂ ਕਿ ਇਕ ਨਵੇਂ ਨਰੋਏ ਸਮਾਜ ਦੀ ਸਥਾਪਨਾ ਕੀਤੀ ਜਾ ਸਕੇ।ਇਸ ਮੌਕੇ ਆਉਂਦੇ ਦਿਨਾਂ ਵਿੱਚ ਵਿਕਾਸਵਾਦ ਦੇ ਸਿਧਾਂਤ 'ਤੇ ਇਕ ਸੈਮੀਨਾਰ ਕਰਨ ਲਈ ਵਿਚਾਰ ਹੋਈ।

## ਖੁਸ਼ਬੂ ਸਵਨਾ ਵੱਲੋਂ ਕੋੜਿਆਂ ਵਾਲੀ ਤੋਂ ਤਿੰਨ 'ਤੀਰਥ ਯਾਤਰਾ ਬੱਸਾਂ' ਰਵਾਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਦੀ ਧਰਮਪਤਨੀ ਮੈਡਮ ਖੁਸ਼ਬੂ ਸਵਨਾ ਵੱਲੋਂ ਹਲਕੇ ਦੇ ਪਿੰਡ ਕੋੜਿਆਂ ਵਾਲੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਤਿੰਨ ਬੱਸਾਂ ਨੂੰ ਰਵਾਨਾ ਕੀਤਾ।ਇਹ ਬੱਸਾਂ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਰਾਮ ਤੀਰਥ ਮੰਦਰ, ਸ੍ਰੀ ਦੁਰਗਿਆਣਾ ਮੰਦਰ ਤੇ ਵਾਹਗਾ ਬਾਰਡਰ ਲੈ ਕੇ ਜਾਣਗੀਆਂ।ਮੈਡਮ ਸਵਨਾ ਨੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਤੇ ਭੋਜਨ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ।ਉਨ੍ਹਾ ਕਿਹਾ ਕਿ ਬਜ਼ੁਰਗ ਅਵਸਥਾ ਵਿੱਚ ਸ਼ਰਧਾਲੂ ਤੀਰਥ ਸਥਾਨਾਂ ਵਿਖੇ ਜਾਣ ਤੋਂ ਵਾਂਝੇ ਰਹਿ ਜਾਂਦੇ ਸਨ ਤੇ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਮੁੱਖ ਉਦੇਸ਼ ਵੱਡੀ ਉਮਰ ਦੇ ਲੋਕਾਂ ਤੇ ਧਾਰਮਿਕ ਸ਼ਰਧਾਲੂਆਂ ਨੂੰ ਆਸਾਨ, ਸੁਰੱਖਿਅਤ ਤੇ ਮੁਫ਼ਤ ਤੀਰਥ ਦਰਸ਼ਨ ਕਰਵਾਉਣਾ ਹੈ।ਉਨ੍ਹਾ ਕਿਹਾ ਕਿ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਨਾਲ ਸੰਗਤਾਂ ਵੱਖ-ਵੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਅੰਦਰ ਪੂਰੀ ਖੁਸ਼ੀ ਤੇ ਉਤਸ਼ਾਹ ਨਜ਼ਰ ਆਉਂਦਾ ਹੈ ਤੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਭਰਵੀਂ ਸ਼ਲਾਘਾ ਕੀਤੀ ਜਾ ਰਹੀ ਹੈ।ਇਸ ਮੌਕੇ ਸਰਪੰਚ ਰਜਿੰਦਰ, ਪੰਚਾਇਤ ਮੈਂਬਰ ਜੈਮਲ ਰਾਮ, ਦੀਵਾਨ ਚੰਦ, ਸ਼੍ਰੀਮਤੀ ਗੁਰਜਿੰਦਰ ਕੌਰ, ਵਾਰਡ ਇੰਚਾਰਜ ਬਿੱਟੂ ਸੇਤੀਆ, ਬਬਲੀ ਰੇਵੜੀਆ ਤੇ ਸ਼ੇਖਰ ਮੌਜੂਦ ਸਨ।

## ਐੱਸ ਡੀ ਐੱਚ ਵਿਖੇ ਜਲਦ ਸ਼ੁਰੂ ਹੋਣਗੇ ਅੱਖਾਂ ਦੇ ਆਪ੍ਰੇਸ਼ਨ : ਐੱਸ ਐੱਮ ਓ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਦੂਰ-ਅੰਦੇਸ਼ ਅਗਵਾਈ, ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਤੇ ਪੰਜਾਬ ਦੀ ਚੀਫ਼ ਵਿੱਪ੍ਰ ਪ੍ਰੋ. ਬਲਜਿੰਦਰ ਕੌਰ ਦੇ ਵਿਸ਼ੇਸ਼ ਉਪਰਾਲਿਆਂ, ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਦੀ ਰਹਿਨੁਮਾਈ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਦੇ ਅਣਥੱਕ ਯਤਨਾਂ ਸਦਕਾ ਸਬ-ਡਵੀਜ਼ਨਲ ਹਸਪਤਾਲ (ਐੱਸ.ਡੀ.ਐੱਚ.) ਤਲਵੰਡੀ ਸਾਬੋ ਜਲਦ ਹੀ ਅੱਖਾਂ ਦੀਆਂ ਸਰਜਰੀਆਂ ਦੀ ਸਹੂਲਤ ਸ਼ੁਰੂ ਕਰਕੇ ਆਪਣੀਆਂ ਸਿਹਤ ਸੇਵਾਵਾਂ ਵਿੱਚ ਇੱਕ ਹੋਰ ਸੁਨਹਿਰੀ ਅਧਿਆਇ ਜੋੜਨ ਜਾ ਰਿਹਾ ਹੈ।ਹਾਲ ਹੀ ਵਿੱਚ ਐੱਸ.ਡੀ.ਐੱਚ. ਤਲਵੰਡੀ ਸਾਬੋ ਵਿਖੇ ਅੱਖਾਂ ਦੇ ਰੋਗਾਂ ਦੇ ਮਾਹਰ ਡਾ. ਨਿਰਣੈ ਸਿੰਘ ਵੱਲੋਂ ਸੇਵਾਵਾਂ ਸੰਭਾਲਣ ਉਪਰੰਤ ਅੱਖਾਂ ਦੀ ਓ.ਪੀ.ਡੀ. ਸ਼ੁਰੂ ਕਰ ਦਿੱਤੀ ਗਈ ਹੈ।ਇਸ ਓ.ਪੀ.ਡੀ. ਵਿੱਚ ਮੋਤੀਆਬਿੰਦ, ਕਾਲਾ ਮੋਤੀਆ ਤੇ ਅੱਖਾਂ ਨਾਲ ਸੰਬੰਧਤ ਹੋਰ ਬਿਮਾਰੀਆਂ ਦਾ ਇਲਾਜ ਤੇ ਸਲਾਹ ਮੁਹੱਈਆ ਕਰਵਾਈ ਜਾ ਰਹੀ ਹੈ।ਹਸਪਤਾਲ ਵਿੱਚ ਅੱਖਾਂ ਦੀਆਂ ਮਾਈਕ੍ਰੋਸਕੋਪਿਕ ਸਰਜਰੀਆਂ ਲਈ ਲੋੜੀਂਦਾ ਅਤਿ-ਆਧੁਨਿਕ ਆਪ੍ਰੇਟਿੰਗ ਮਾਈਕ੍ਰੋਸਕੋਪ ਪਹਿਲਾਂ ਹੀ ਸਥਾਪਤ ਕੀਤਾ ਜਾ ਚੁੱਕਾ ਹੈ।ਬਾਕੀ ਲੋੜੀਂਦੇ ਸਰਜੀਕਲ ਯੰਤਰ ਤੇ ਅਡਵਾਂਸ ਉਪਕਰਨ ਵੀ ਬਹੁਤ ਜਲਦ ਖਰੀਦੇ ਜਾਣਗੇ, ਜਿਸ ਤੋਂ ਬਾਅਦ ਮਾਈਕ੍ਰੋਸਕੋਪਿਕ ਅੱਖਾਂ ਦੀਆਂ ਸਰਜਰੀਆਂ ਨਿਯਮਤ ਤੌਰ 'ਤੇ ਸ਼ੁਰੂ ਕਰ ਦਿੱਤੀਆਂ ਜਾਣਗੀਆਂ।ਇਸ ਨਵੀਂ ਸਹੂਲਤ ਦੇ ਸ਼ੁਰੂ ਹੋਣ ਨਾਲ ਤਲਵੰਡੀ ਸਾਬੋ ਤੇ ਆਸ-ਪਾਸ ਦੇ ਲਗਭਗ 70 ਪਿੰਡਾਂ ਦੇ ਲੋਕਾਂ ਨੂੰ ਅੱਖਾਂ ਦੀਆਂ ਉੱਚ ਪੱਧਰੀ ਸਰਜਰੀਆਂ ਲਈ ਦੂਰ-ਦੁਰਾਡੇ ਦੇ ਹਸਪਤਾਲਾਂ ਵਿੱਚ ਜਾਣ ਦੀ ਲੋੜ ਨਹੀਂ ਰਹੇਗੀ।

# ਕਲੱਬਾਂ ਨੇ ਐੱਨ ਆਰ ਆਈਜ਼ ਦੇ ਸਹਿਯੋਗ ਨਾਲ ਕਰਵਾਈਆਂ ਸਮੂਹਕ ਸ਼ਾਦੀਆਂ



**ਕੋਟਕਪੂਰਾ (ਰਛਪਾਲ ਭੁੱਲਰ)**

ਸ੍ਰ. ਕਰਤਾਰ ਸਿੰਘ ਬਰਹਾਇਆ ਤੇ ਅਮਨਪ੍ਰੀਤ ਸਿੰਘ ਬਰਹਾਇਆ ਗਲਸਾਗੋ ਯੂ ਕੇ ਦੇ ਸਹਿਯੋਗ ਨਾਲ ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਤੇ ਹੀਰੇ ਵੈੱਲਫੇਅਰ ਕਲੱਬ ਕੋਟਕਪੂਰਾ ਵੱਲੋਂ ਲੋੜਵੰਦ ਸੱਤ ਲੜਕੀਆਂ ਦੀਆਂ ਸ਼ਾਦੀਆਂ ਗੁਰਦੁਆਰਾ ਮਾਤਾ ਦਇਆ ਕੌਰ ਸੰਧਵਾਂ ਵਿਖੇ ਕਰਵਾਈਆਂ ਗਈਆਂ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਯੂ ਕੇ ਤੋਂ ਪਹੁੰਚੇ ਬਰਹਾਇਆ ਪਰਿਵਾਰ ਵਿੱਚ ਅਮਨਪ੍ਰੀਤ ਸਿੰਘ, ਜਸਪ੍ਰੀਤ ਕੌਰ, ਮਹਿਕ ਕੌਰ, ਅਮਿਤੋਜ ਸਿੰਘ, ਸਵਰਨ ਸਿੰਘ ਕੈਂਥ ਤੇ ਆਸਟ੍ਰੇਲੀਆ ਤੋਂ ਗੁਰਪ੍ਰੀਤ ਕੌਰ, ਅਨਾਇਤ ਕੌਰ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਪ੍ਰੋਗ੍ਰਾਮ ਦੇ ਵਿਸ਼ੇਸ਼ ਮਹਿਮਾਨ ਸ੍ਰ. ਦੀਦਾਰ ਸਿੰਘ ਮਾਡਰਨ ਜਿਊਲਰ ਸਨ।ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਵਿੱਚ ਪ੍ਰੋਜੈਕਟ ਚੇਅਰਮੈਨ ਸ੍ਰ. ਦਲਜਿੰਦਰ ਸਿੰਘ ਸੰਧੂ ਦਾ ਵਿਸ਼ੇਸ਼ ਯੋਗਦਾਨ ਰਿਹਾ ਅਤੇ ਸਟੇਜ ਦਾ ਸੰਚਾਲਨ ਵੀ ਖ਼ੂਬਸੂਰਤ ਢੰਗ ਨਾਲ ਕੀਤਾ ਗਿਆ।ਇਸ ਮੌਕੇ ਅਜੈਪਾਲ ਸਿੰਘ ਸੰਧੂ, ਭਾਈ ਰਾਹੁਲ ਸਿੰਘ ਸਿੱਧੂ, ਗੁਰਚਰਨ ਸਿੰਘ ਸੰਧੂ, ਧਨਜੀਤ ਸਿੰਘ ਵਿਰਕ, ਕੁਲਤਾਰ ਸਿੰਘ ਬਰਾੜ, ਗੁਰਚਰਨ ਸਿੰਘ ਨਾਇਬ ਤਹਿਸੀਲਦਾਰ ਵੱਲੋਂ ਬਰਹਾਇਆ ਪਰਵਾਰ ਤੇ ਦੋਹਾਂ ਕਲੱਬਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ।ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਦੋਹਾਂ ਕਲੱਬ ਪ੍ਰਧਾਨਾਂ ਕੁਲਵੰਤ ਸਿੰਘ ਸਰਾਂ, ਸੰਦੀਪ ਕਟਾਰੀਆ, ਗੁਰਦੀਪ ਸਿੰਘ ਮੈਨੇਜਰ, ਰਾਜਿੰਦਰ ਸਿੰਘ ਸਰਾਂ, ਗੋਪਾਲ ਕ੍ਰਿਸ਼ਨ ਵੋਹਰਾ ਤੇ ਦੋਹਾਂ ਕਲੱਬ ਮੈਂਬਰਾਂ ਨੇ ਭਰਪੂਰ ਯੋਗਦਾਨ ਪਾਇਆ। ਅਮਰਜੀਤ ਸਿੰਘ ਬਰਾੜ ਪ੍ਰਧਾਨ ਗੁਰਦੁਆਰਾ ਕਮੇਟੀ ਅਤੇ ਗੁਰੂਘਰ ਦੇ ਵਜ਼ੀਰ ਅਮਰਪ੍ਰੀਤ ਸਿੰਘ ਦਾ ਵੀ ਪੂਰਨ ਸਹਿਯੋਗ ਰਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਕੁਲਵੰਤ ਸਿੰਘ ਅਚਾਨਕ, ਬਰਹਮ ਕੁਮਾਰੀ ਆਸ਼ਰਮ ਦੇ ਮੁੱਖ ਦੀਦੀ ਸੰਗੀਤਾ, ਗੁਰਚਰਨ ਸਿੰਘ ਨਾਇਬ ਤਹਿਸੀਲਦਾਰ, ਗੁਰਬਚਨ ਸਿੰਘ ਬਰਾੜ, ਨਿਰਮਲ ਸਿੰਘ ਨਿੰਮਾ, ਲਾਇਨ ਵਿਕੇਸ਼ ਕਾਂਸਲ ਆਰ ਸੀ, ਲਾਇਨ ਸੁਰਿੰਦਰ ਸਿੰਘ, ਚੇਅਰਮੈਨ ਐੱਨ ਆਰ ਆਈ ਵਿੰਗ ਨਛੱਤਰ ਸਿੰਘ ਇੰਸਪੈਕਟਰ, ਕੈਪਟਨ ਜਰਨੈਲ ਸਿੰਘ ਮਾਨ, ਸੁਰਿੰਦਰ ਸਿੰਘ ਰਾਮਗੜ੍ਹੀਆ, ਅਮਨਦੀਪ ਸਿੰਘ ਮਾਨ, ਕੌਸ਼ਲ ਪ੍ਰਕਾਸ਼ ਬਾਂਸਲ, ਗੋਪਾਲ ਵੋਹਰਾ, ਸਵਰਨ ਸਿੰਘ ਪੀਟਰ, ਨਰਜਿੰਦਰ ਸਿੰਘ ਖਾਰਾ, ਗੁਰਦੀਪ ਸਿੰਘ ਸੈਕਟਰੀ, ਸੰਜੀਵ ਕੁਮਾਰ ਧੀਂਗੜ, ਚੰਦਰ ਅਰੋੜਾ, ਸ਼ਸ਼ੀ ਚੋਪੜਾ, ਜਗਸੀਰ ਸਿੰਘ ਸਰਪੰਚ, ਵਿਕਰਾਂਤ ਧੀਂਗੜਾ, ਐਡਵੋਕੇਟ ਰਣਜੀਤ ਸਿੰਘ ਕੱਕੜ, ਪਰਮਜੀਤ ਸਿੰਘ ਗਿੱਲ ਆਦਿ ਹਾਜ਼ਰ ਸਨ।

## ਸਰਪੰਚਾਂ ਨੂੰ 10 ਹਜ਼ਾਰ ਦੇਣ ਦਾ ਫ਼ੈਸਲਾ ਸ਼ਲਾਘਾਯੋਗ : ਸੁਖਦੀਪ ਸਿੰਘ



**ਨਿਹਾਲ ਸਿੰਘ ਵਾਲਾ (ਲਵਲੀ ਮਾੜੀਕੇ)**-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਪੰਚਾਂ ਨੂੰ ਹਰ ਮਹੀਨੇ 10 ਹਜ਼ਾਰ ਰੁਪਏ ਮਾਣਭੱਤਾ ਦੇਣ ਦੇ ਐਲਾਨ ਦਾ ਪਿੰਡਾਂ ਦੇ ਨੁਮਾਇੰਦਿਆਂ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ।ਪਿੰਡ ਸਾਧ ਭਾਗੀਕੇ ਦੇ ਸਰਪੰਚ ਸੁਖਦੀਪ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਫ਼ੈਸਲੇ ਨੂੰ ਬਹੁਤ ਹੀ ਸ਼ਲਾਘਾਯੋਗ ਤੇ ਸਰਪੰਚਾਂ ਦੇ ਸਨਮਾਨ ਨਾਲ ਜੁੜਿਆ ਕਦਮ ਕਰਾਰ ਦਿੱਤਾ ਹੈ।ਸਰਪੰਚ ਸੁਖਦੀਪ ਸਿੰਘ ਨੇ ਕਿਹਾ ਕਿ ਪਿੰਡਾਂ ਦੇ ਵਿਕਾਸ, ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਅਤੇ ਸਰਕਾਰੀ ਯੋਜਨਾਵਾਂ ਨੂੰ ਲੋਕਾਂ ਤੱਕ ਪੁਚਾਉਣ ਵਿੱਚ ਸਰਪੰਚਾਂ ਦੀ ਅਹਿਮ ਭੂਮਿਕਾ ਹੁੰਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਦਿੱਤਾ ਜਾਣ ਵਾਲਾ ਇਹ ਮਾਣਭੱਤਾ ਸਰਪੰਚਾਂ ਨੂੰ ਹੋਰ ਵੱਧ ਉਤਸ਼ਾਹ ਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗਾ।ਸਰਪੰਚ ਸੁਖਦੀਪ ਸਿੰਘ ਸਾਧ ਭਾਗੀਕੇ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।

## 45 ਲੱਖ ਦੀ ਲਾਗਤ ਨਾਲ ਬਣਿਆ ਆਧੁਨਿਕ ਪੰਚਾਇਤ ਘਰ ਲੋਕ ਅਰਪਤ

### ਵਿਧਾਇਕ ਬੀਬੀ ਭਰਾਜ ਵੱਲੋਂ ਪਿੰਡ ਕਾਕੜਾ ਨੂੰ ਵੱਡੀ ਸੌਗਾਤ

**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਪੇਂਡੂ ਵਿਕਾਸ ਨੂੰ ਹੋਰ ਗਤੀ ਦੇਣ ਦੇ ਮੰਤਵ ਨਾਲ ਹਲਕਾ ਸੰਗਰੂਰ ਦੀ ਵਿਧਾਇਕਾ ਬੀਬੀ ਨਰਿੰਦਰ ਕੌਰ ਭਰਾਜ ਨੇ ਪਿੰਡ ਕਾਕੜਾ ਵਿਖੇ ਕਰੀਬ 45 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਆਧੁਨਿਕ ਪੰਚਾਇਤ ਘਰ ਦਾ ਉਦਘਾਟਨ ਕਰਕੇ ਲੋਕ ਅਰਪਣ ਕੀਤਾ।ਇਸ ਮੌਕੇ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਨੇ ਵਿਧਾਇਕਾ ਦਾ ਨਿੱਘਾ ਸਵਾਗਤ ਕੀਤਾ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡ ਕਾਕੜਾ ਵਿੱਚ ਬਣਿਆ ਇਹ ਪੰਚਾਇਤ ਘਰ ਲੰਬੇ ਸਮੇਂ ਤੋਂ ਲੋਕਾਂ ਦੀ ਲੋੜ ਸੀ, ਜਿਸ ਨੂੰ ਹੁਣ ਪੂਰਾ ਕਰ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਸ ਪੰਚਾਇਤ ਘਰ ਨਾਲ ਪਿੰਡ ਵਾਸੀਆਂ ਨੂੰ ਪੰਚਾਇਤੀ ਮੀਟਿੰਗਾਂ, ਸਮਾਜਿਕ ਸਮਾਗਮਾਂ ਤੇ ਹੋਰ ਸਾਂਝੇ ਪ੍ਰੋਗਰਾਮਾਂ ਲਈ ਸੁਵਿਧਾਜਨਕ ਤੇ ਆਧੁਨਿਕ ਸਥਾਨ ਮਿਲੇਗਾ।ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜਾਂ ਲਈ ਲੋੜੀਂਦੇ ਫੰਡ ਉਪਲਬਧ ਕਰਵਾਏ ਜਾਣਗੇ ਤੇ ਕਿਸੇ ਵੀ ਪਿੰਡ ਨਾਲ ਵਿਤਕਰਾ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਗ੍ਰਾਮ ਪੰਚਾਇਤ ਕਾਕੜਾ ਦੇ ਨੁਮਾਇੰਦੇ, ਆਮ ਆਦਮੀ ਪਾਰਟੀ ਦੇ ਸਥਾਨਕ ਆਗੂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਅਮਰੀਕਾ ਨਾਲ ਨਹੀਂ ਗੁਆਂਢੀ ਦੇਸ਼ਾਂ ਨਾਲ ਵਪਾਰ ਕਰੋ: ਐੱਸ ਕੇ ਐੱਮ

## * ਖੰਡ ਮਿੱਲ ਸੇਰੋਂ ਨੂੰ ਚਾਲੂ ਕਰਨਾ ਕਿਸਾਨਾਂ ਤੇ ਮਜ਼ਦੂਰਾਂ ਦੇ ਹਿੱਤ 'ਚ



ਝਬਾਲ (ਹਰਜਿੰਦਰ ਸਿੰਘ ਸੋਨੀ)-ਅਮਰੀਕਾ-ਭਾਰਤ ਟ੍ਰੇਡ ਸੰਧੀ ਦੀ ਬਜਾਏ ਭਾਰਤ ਗੁਆਂਢੀ ਦੇਸ਼ਾਂ ਨਾਲ ਵਪਾਰਕ ਸਬੰਧ ਵਧਾਵੇ।ਗੁਆਂਢੀ ਦੇਸ਼ ਆਰਥਿਕ ਪੱਧਰ ਤੇ ਸਾਡੇ ਨੇੜੇ ਤੇੜੇ ਹਨ ਅਤੇ ਸਾਡੇ ਵਰਗੇ ਵਿਕਾਸਸ਼ੀਲ ਦੇਸ਼ ਹਨ ਜਦੋਂਕਿ ਅਮਰੀਕਾ ਇੱਕ ਸਾਮਰਾਜ ਸਰਗਣਾ ਹੈ, ਜੋ ਮਾੜੇ ਦੇਸ਼ਾਂ ਨੂੰ ਹੜੱਪਣਾ ਚਾਹੁੰਦਾ ਹੈ। ਇਸੇ ਕਰਕੇ ਉਸ ਦੇ ਨਾਟੋ ਦੇ ਦੋਸਤ ਉਸ ਨਾਲੋਂ ਪਿੱਛੇ ਹਟ ਰਹੇ ਹਨ।ਪੰਜਾਬ, ਹਰਿਆਣਾ, ਹਿਮਾਚਲ, ਰਾਜਸਥਾਨ, ਜੰਮੂ ਕਸ਼ਮੀਰ ਦੇ ਵਪਾਰ ਵਾਧੇ ਲਈ ਸਭ ਤੋਂ ਪਹਿਲਾਂ ਪਾਕਿਸਤਾਨ ਨਾਲ ਬਾਰਡਰ ਖੋਲ੍ਹਣਾ ਚਾਹੀਦਾ ਹੈ ਤਾਂ ਕਿ ਇਸ ਰਸਤੇ ਅਰਬ ਦੇਸ਼ਾਂ ਤੇ ਯੂਰਪ ਤੱਕ ਸਾਡੇ ਫਲਾਂ ਸਬਜ਼ੀਆਂ ਤੇ ਅਨਾਜ ਸਮੇਤ ਹੋਰ ਵਸਤਾਂ ਦਾ ਬਰਾਬਰ ਦਾ ਲੈਣ ਦੇਣ ਹੋ ਸਕੇ।ਅੱਜ 47ਵੇਂ ਦਿਨ ਸੇਰੋਂ ਖੰਡ ਮਿੱਲ ਮੋਰਚੇ ਤੇ ਇਹ ਮੰਗ ਕੇਂਦਰ ਸਰਕਾਰ ਤੋਂ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨਛੱਤਰ ਸਿੰਘ ਪੰਨੂ, ਹਰਜਿੰਦਰ ਸਿੰਘ ਟਾਂਡਾ, ਬਲਕਾਰ ਸਿੰਘ ਵਲਟੋਹਾ, ਮਨਜੀਤ ਸਿੰਘ ਬੱਗੂ, ਤਰਸੇਮ ਸਿੰਘ ਲੁਹਾਰ ਨੇ ਕਿਹਾ ਕਿ ਅਮਰੀਕਾ ਤੇ ਹੋਰ ਸਾਮਰਾਜੀ ਦੇਸ਼ਾਂ ਨਾਲ ਵਪਾਰ ਸਮਝੌਤੇ ਬਰਾਬਰ ਨਹੀਂ ਹੋ ਸਕਦੇ ਕਿਉਂਕਿ ਸਾਡੀ ਆਰਥਿਕਤਾ ਉਨ੍ਹਾਂ ਦੇ ਹਾਣ ਦੀ ਨਹੀਂ, ਇਸ ਨਾਲ ਸਾਡੇ ਖੇਤੀ ਤੇ ਕਾਰੋਬਾਰੀ ਸੈਕਟਰ ਨੂੰ ਵੱਡਾ ਘਾਟਾ ਪਵੇਗਾ।ਉਨ੍ਹਾਂ ਕਿਹਾ ਕਿ ਇਸੇ ਕਰਕੇ 22 ਜੁਲਾਈ ਨੂੰ ਸੰਯੁਕਤ ਕਿਸਾਨ ਮੋਰਚਾ ਵੱਲੋਂ ਇਨ੍ਹਾਂ ਲੋਕ ਮਾਰੂ ਨੀਤੀਆਂ ਵਿਰੁੱਧ ਸਾਰੇ ਪੰਜਾਬ ਵਿੱਚ ਬੀ ਜੇ ਪੀ ਆਗੂਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਸਾਰੇ ਟੋਲ ਪਲਾਜ਼ੇ ਤਿੰਨ ਘੰਟਿਆਂ ਲਈ ਫਰੀ ਕੀਤੇ ਜਾਣਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਐਕਸ਼ਨਾਂ ਵਿੱਚ ਵੱਧ-ਚੜ੍ਹ ਕੇ ਭਾਗ ਲਿਆ ਜਾਵੇ।ਸੇਰੋਂ ਖੰਡ ਮਿੱਲ ਬਾਰੇ ਜ਼ਿਕਰ ਕਰਦਿਆਂ ਆਗੂਆਂ ਨੇ ਇਹ ਮੁਨਾਫ਼ਾ ਅਧਾਰਿਤ ਸਨਅਤ ਨੂੰ ਮੁੜ ਚਾਲੂ ਕਰਨ ਦੀ ਕਾਰਵਾਈ ਸਰਕਾਰ ਬਣਾਵੇ ਨਾ ਕਿ ਮਹਿੰਗੇ ਭਾਅ ਦੀ ਸਾਂਝੀ ਜਾਇਦਾਦ ਕੁੱਝ ਵਿਸ਼ੇਸ਼ ਲੋਕਾਂ ਨੂੰ ਦਿੱਤੀ ਜਾਵੇ।ਬਦਲਵੀਂ ਖੇਤੀ ਨੂੰ ਹੁਲਾਰਾ ਦੇਣ ਲਈ ਅਤੇ ਕਿਸਾਨਾਂ ਮਜ਼ਦੂਰਾਂ ਦੇ ਭਲੇ ਲਈ ਇਹ ਮਿੱਲ ਚਲਾਉਣ ਵੱਲ ਸਰਕਾਰ ਕੀਤੇ ਵਾਅਦੇ ਅਨੁਸਾਰ ਧਿਆਨ ਦੇਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗੀਰ ਸਿੰਘ, ਮੇਘ ਸਿੰਘ ਬਿਸ਼ੰਬਰਪੁਰ, ਪਿਆਰਾ ਸਿੰਘ ਸਰਪੰਚ, ਦਿਲਬਾਗ ਸਿੰਘ, ਸੁਖਚੈਨ ਸਿੰਘ ਸਰਹਾਲੀ, ਜਸਬੀਰ ਸਿੰਘ ਨਿੱਜਰਪੁਰ, ਗੁਰਚਰਨ ਸਿੰਘ ਸਭਰਾ, ਅਮਰੀਕ ਸਿੰਘ ਸੇਰੋਂ, ਕਸ਼ਮੀਰ ਸਿੰਘ ਸੇਰੋਂ, ਜੱਸਾ ਸਿੰਘ ਕੱਦਗਿੱਲ, ਬਲਜੀਤ ਸਿੰਘ ਲਹੁਕਾ, ਗੁਰਵਿੰਦਰ ਸਿੰਘ, ਜਗਬੀਰ ਸਿੰਘ, ਕਰਨਬੀਰ ਸਿੰਘ ਗੰਡੀਵਿੰਡ, ਹਰਬੰਸ ਸਿੰਘ, ਮਨਪ੍ਰੀਤ ਸਿੰਘ, ਨਿਰਵੈਲ ਸਿੰਘ ਧੁੰਨ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

# ਜਗਤੇਸ਼ਵਰ ਸਿੰਘ ਗਿੱਲ ਨੇ ਨੈਸ਼ਨਲ ਬਾਕਸਿੰਗ 'ਚ ਕਾਂਸੇ ਦਾ ਤਮਗਾ ਜਿੱਤਿਆ



ਧਾਰੀਵਾਲ, (ਮਨਦੀਪ ਵਿੱਕੀ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚੱਲ ਰਹੇ ਜੀ. ਜੀ. ਐੱਸ ਬਾਕਸਿੰਗ ਕਲੱਬ ਦੇ ਖਿਡਾਰੀ ਜਗਤੇਸ਼ਵਰ ਸਿੰਘ ਗਿੱਲ ਨੇ ਜਲੰਧਰ ਵਿਖੇ ਹੋਈਆਂ ਨੈਸ਼ਨਲ ਖੇਡਾਂ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਦੇ ਹੋਏ ਕਾਂਸੇ ਦਾ ਤਮਗਾ ਪ੍ਰਾਪਤ ਕੀਤਾ ਹੈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਬਾਕਸਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਲੜਕੇ ਅਤੇ ਲੜਕੀਆਂ ਦੀ 5ਵੀਂ ਸਬ ਜੂਨੀਅਰ (ਅੰਡਰ-15) ਦੀ ਨੈਸ਼ਨਲ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਜੀ. ਜੀ. ਐੱਸ. ਬਾਕਸਿੰਗ ਕਲੱਬ ਦੇ ਖਿਡਾਰੀ ਸਟੇਟ ਗੋਲਡ ਮੈਡਲਿਸਟ ਜਗਤੇਸ਼ਵਰ ਸਿੰਘ ਗਿੱਲ ਨੇ 58-61 ਕਿਲੋ ਭਾਰ ਵਰਗ ਵਿੱਚ ਪੰਜਾਬ ਵੱਲੋਂ ਖੇਡਦੇ ਹੋਏ ਬਾਕੀ ਰਾਜਾਂ ਦੇ ਖਿਡਾਰੀਆਂ ਨੂੰ ਪਛਾੜਦਿਆਂ ਪੂਰੇ ਭਾਰਤ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ ਹੈ।

ਉਨ੍ਹਾਂ ਨੇ ਦੱਸਿਆ ਕਿ ਇਸ ਬੱਚੇ ਦੀ ਸਫਲਤਾ ਪਿੱਛੇ ਉਸਦੇ ਮਾਤਾ ਪਿਤਾ ਤੋਂ ਇਲਾਵਾ ਕੋਚ ਨਵਤੇਜ ਸਿੰਘ ਤੇ ਕੋਚ ਗੁਰਪ੍ਰੀਤ ਕੌਰ ਦੇ ਨਾਲ ਨਾਲ ਕਲੱਬ ਦੇ ਬਾਕੀ ਖਿਡਾਰੀਆਂ ਅਤੇ ਇਸ ਬੱਚੇ ਦੀ ਸਵੇਰੇ ਸ਼ਾਮ ਕੀਤੀ ਗਈ ਸਖਤ ਮਿਹਨਤ ਦਾ ਨਤੀਜਾ ਹੈ।

ਇਸ ਮੌਕੇ ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ ਅਤੇ ਅਧਿਆਪਕਾ ਸੁਖਮੀਤ ਕੌਰ ਨੇ ਇਸ ਬੱਚੇ ਅਤੇ ਕੋਚ ਨਵਤੇਜ ਸਿੰਘ ਅਤੇ ਗੁਰਪ੍ਰੀਤ ਕੌਰ ਨੂੰ ਮੁਬਾਰਕਬਾਦ ਦਿੱਤੀ ਅਤੇ ਅਗਾਂਹ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਮਾਨ ਸਰਕਾਰ ਨੇ ਸਾਢੇ ਚਾਰ ਸਾਲਾਂ 'ਚ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ: ਹਰਭਜਨ ਸਿੰਘ ਈ ਟੀ ਓ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਟੀ. ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਮਹਿਸਮਪੁਰ ਕਲਾਂ, ਕੁਹਾਟਵਿੰਡ ਅਤੇ ਉਸਮਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ।ਇਸ ਦੌਰਾਨ ਉਨ੍ਹਾਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਅਤੇ ਤਰਜੀਹੀ ਆਧਾਰ ਤੇ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਸੰਬੋਧਨ ਕਰਦਿਆਂ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸਰਵਪੱਖੀ ਵਿਕਾਸ ਲਈ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਦੇ ਹਰ ਪਿੰਡ ਵਿੱਚ ਰਿਕਾਰਡ ਵਿਕਾਸ ਕਾਰਜ ਕਰਵਾਏ ਗਏ ਹਨ, ਜਿਸ ਨਾਲ ਹਲਕੇ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ।

ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਅਤੇ ਹਲਕੇ ਦਾ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਸੂਬੇ ਦੀਆਂ ਔਰਤਾਂ ਲਈ ਇੱਕ ਇਤਿਹਾਸਕ ਅਤੇ ਲੋਕ ਭਲਾਈ ਵਾਲਾ ਕਦਮ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ, ਜਿੱਥੇ 18 ਸਾਲ ਤੋਂ ਵੱਧ ਉਮਰ ਦੀ ਹਰ ਯੋਗ ਔਰਤ ਨੂੰ ਸਨਮਾਨ ਰਾਸ਼ੀ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਦਾ ਲਾਭ ਲੱਖਾਂ ਪਰਿਵਾਰਾਂ ਨੂੰ ਮਿਲ ਰਿਹਾ ਹੈ ਅਤੇ 90 ਫੀਸਦੀ ਤੋਂ ਵੱਧ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ।ਸ੍ਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦੀ ਮੁਫ਼ਤ ਸਿਹਤ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।ਇਸ ਯੋਜਨਾ ਨਾਲ ਹੁਣ ਆਮ ਪਰਿਵਾਰ ਵੀ ਨਿੱਜੀ ਹਸਪਤਾਲਾਂ ਵਿੱਚ ਮਿਆਰੀ ਇਲਾਜ ਦਾ ਲਾਭ ਲੈ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਪੱਖੀ ਨੀਤੀਆਂ ਅਤੇ ਭਲਾਈ ਸਕੀਮਾਂ ਨੂੰ ਇਮਾਨਦਾਰੀ ਨਾਲ ਲਾਗੂ ਕੀਤਾ ਗਿਆ ਹੈ, ਜਿਸ ਕਾਰਨ ਸੂਬਾ ਵਾਸੀ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਲੋਕਾਂ ਦੇ ਸਹਿਯੋਗ ਨਾਲ ਸਾਲ 2027 ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਮੁੜ ਬਣੇਗੀ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਚੇਅਰਮੈਨ ਗੁਰਵਿੰਦਰ ਸਿੰਘ, ਬਲਾਕ ਪ੍ਰਧਾਨ ਜਿਲਾ ਪ੍ਰੀਸ਼ਦ ਜਰਮਨ ਸਿੰਘ, ਸਥਾਨਕ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮਾਸਟਰ ਜਸਜੀਤ ਸਿੰਘ ਦੀ ਸੇਵਾਮੁਕਤੀ 'ਤੇ ਵਿਦਾਇਗੀ ਸਮਾਰੋਹ



ਮਜੀਠਾ (ਸੋਇਮ ਆਨੰਦ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਵਿਖੇ ਮਾਸਟਰ ਜਸਜੀਤ ਸਿੰਘ ਦੀ ਸੇਵਾਮੁਕਤੀ ਮੌਕੇ ਵਿਦਾਇਗੀ ਸਮਾਰੋਹ ਕਰਵਾਇਆ ਗਿਆ।ਸਮਾਗਮ ਦੌਰਾਨ ਸਕੂਲ ਦੇ ਪ੍ਰਿੰਸੀਪਲ, ਸਮੂਹ ਅਧਿਆਪਕਾਂ, ਸਕੂਲ ਮੈਨੇਜਮੈਂਟ ਕਮੇਟੀ, ਵਿਦਿਆਰਥੀਆਂ ਅਤੇ ਹੋਰ ਪਤਵੰਤਿਆਂ ਵੱਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਨਮਾਨ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਮਾਸਟਰ ਜਸਜੀਤ ਸਿੰਘ ਨੇ ਆਪਣੇ ਪੂਰੇ ਸੇਵਾਕਾਲ ਦੌਰਾਨ ਇਮਾਨਦਾਰੀ, ਮਿਹਨਤ ਅਤੇ ਸਮਰਪਣ ਨਾਲ ਅਧਿਆਪਨ ਕਰਦਿਆਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।ਮਾਸਟਰ ਜਸਜੀਤ ਸਿੰਘ ਦਾ ਜਨਮ ਸ੍ਰੀ ਚਰਨ ਸਿੰਘ ਅਤੇ ਮਾਤਾ ਨਰਿੰਦਰ ਕੌਰ ਦੇ ਘਰ ਹੋਇਆ।ਉਨ੍ਹਾਂ ਨੇ ਅਧਿਆਪਕ ਬਣਨ ਤੋਂ ਪਹਿਲਾਂ ਕਰੀਬ ਅੱਠ ਸਾਲ ਰੇਲਵੇ ਵਰਕਸ਼ਾਪ ਅੰਮ੍ਰਿਤਸਰ ਵਿੱਚ ਸੇਵਾਵਾਂ ਨਿਭਾਈਆਂ।ਸਾਲ 1998 ਵਿੱਚ ਉਨ੍ਹਾਂ ਨੇ ਐੱਸ. ਐੱਸ. ਮਾਸਟਰ ਵਜੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ ਵੀਰਮ ਭੋਮਾ ਤੋਂ ਆਪਣੇ ਅਧਿਆਪਨ ਜੀਵਨ ਦੀ ਸ਼ੁਰੂਆਤ ਕੀਤੀ, ਜਿੱਥੇ ਲਗਭਗ 19 ਸਾਲ ਸੇਵਾ ਨਿਭਾਉਣ ਉਪਰੰਤ ਉਨ੍ਹਾਂ ਦੀ ਬਦਲੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਗ ਕਲਾਂ ਵਿਖੇ ਹੋਈ।ਇੱਥੇ ਵੀ ਉਨ੍ਹਾਂ ਨੇ ਆਪਣੀ ਸੇਵਾ ਦੌਰਾਨ ਅਨੁਸ਼ਾਸਨ, ਮਿਹਨਤ ਅਤੇ ਸੁਚੱਜੇ ਵਿਹਾਰ ਨਾਲ ਵਿਸ਼ੇਸ਼ ਪਛਾਣ ਬਣਾਈ ਅਤੇ ਅੱਜ ਸਨਮਾਨ ਨਾਲ ਸੇਵਾ ਮੁਕਤ ਹੋਏ।ਸਮਾਗਮ ਦੌਰਾਨ ਸਾਥੀ ਅਧਿਆਪਕਾਂ ਨੇ ਕਿਹਾ ਕਿ ਮਾਸਟਰ ਜਸਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਕੇਵਲ ਕਿਤਾਬੀ ਗਿਆਨ ਹੀ ਨਹੀਂ ਦਿੱਤਾ, ਸਗੋਂ ਉਨ੍ਹਾਂ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਚੰਗੇ ਸੰਸਕਾਰ ਵੀ ਪੈਦਾ ਕੀਤੇ।ਉਨ੍ਹਾਂ ਦੇ ਸਹਿਯੋਗੀ ਸੁਭਾਅ ਅਤੇ ਮਿਲਣਸਾਰ ਸ਼ਖ਼ਸੀਅਤ ਕਾਰਨ ਉਹ ਸਟਾਫ਼ ਅਤੇ ਵਿਦਿਆਰਥੀਆਂ ਵਿੱਚ ਹਮੇਸ਼ਾ ਸਤਿਕਾਰ ਦੇ ਪਾਤਰ ਰਹੇ।ਉਨ੍ਹਾਂ ਦੀ ਧਰਮ ਪਤਨੀ ਸਿਮਰਨਪ੍ਰੀਤ ਕੌਰ ਇਸ ਸਮੇਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਜੀਠਾ (ਗਰਲਜ਼ ਵਿੰਗ) ਵਿੱਚ ਸਕੂਲ ਇੰਚਾਰਜ ਵਜੋਂ ਸੇਵਾ ਨਿਭਾ ਰਹੀ ਹੈ।ਉਨ੍ਹਾਂ ਦੀ ਬੇਟੀ ਡਾ. ਸੰਜੀਤ ਕੌਰ ਅਤੇ ਜਵਾਈ ਡਾ. ਅਕਾਸ਼ਦੀਪ ਸਿੰਘ ਐੱਮ. ਡੀ. ਵਜੋਂ ਸਿਹਤ ਵਿਭਾਗ ਵਿੱਚ ਸੇਵਾਵਾਂ ਦੇ ਰਹੇ ਹਨ, ਜਦਕਿ ਬੇਟਾ ਡਾ. ਜੋਬਨਜੀਤ ਸਿੰਘ ਵਿਦੇਸ਼ ਵਿੱਚ ਡੈਂਟਿਸਟ ਦੀ ਉੱਚ ਸਿੱਖਿਆ ਪ੍ਰਾਪਤ ਕਰ ਰਿਹਾ ਹੈ।ਸਮਾਗਮ ਦੇ ਅੰਤ ਵਿੱਚ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਹਾਜ਼ਰ ਸ਼ਖ਼ਸੀਅਤਾਂ ਨੇ ਮਾਸਟਰ ਜਸਜੀਤ ਸਿੰਘ ਨੂੰ ਸੇਵਾ ਮੁਕਤੀ ਦੀਆਂ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਖੁਸ਼ਹਾਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਇੰਸਪੈਕਟਰ ਅੰਮ੍ਰਿਤਪਾਲ ਸਿੰਘ ਨੇ ਐੱਸ ਐੱਚ ਓ ਵਜੋਂ ਚਾਰਜ ਸੰਭਾਲਿਆ



ਧਾਰੀਵਾਲ, (ਮਨਦੀਪ ਵਿੱਕੀ)-ਇੰਸਪੈਕਟਰ ਅੰਮ੍ਰਿਤਪਾਲ ਸਿੰਘ ਰੰਧਾਵਾ ਨੇ ਅਧਿਕਾਰਤ ਤੌਰ 'ਤੇ ਥਾਣਾ ਧਾਰੀਵਾਲ ਦੇ ਮੁੱਖ ਅਫ਼ਸਰ (ਐੱਸ. ਐੱਚ. ਓ.) ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੀ ਰੰਧਾਵਾ ਨੇ ਕਿਹਾ ਕਿ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਹਾਲ ਰੱਖਣਾ ਅਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦੀ ਸਭ ਤੋਂ ਪਹਿਲੀ ਪ੍ਰਾਥਮਿਕਤਾ ਹੋਵੇਗੀ।ਉਨ੍ਹਾਂ ਸਖ਼ਤ ਲਹਿਜੇ ਵਿੱਚ ਕਿਹਾ ਕਿ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਨਸ਼ੇ ਦੇ ਸੌਦਾਗਰਾਂ ਖ਼ਿਲਾਫ਼ ਜਲਦ ਹੀ ਇੱਕ ਵਿਸ਼ੇਸ਼ ਮੁਹਿੰਮ ਵਿੱਢੀ ਜਾਵੇਗੀ।ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੁਲਸ ਨੂੰ ਆਪਣਾ ਮਿੱਤਰ ਸਮਝਣ।ਥਾਣੇ ਵਿੱਚ ਆਉਣ ਵਾਲੇ ਹਰ ਇਨਸਾਫ਼ ਪਸੰਦ ਵਿਅਕਤੀ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਸ਼ਿਕਾਇਤਾਂ ਦਾ ਨਿਪਟਾਰਾ ਪਹਿਲ ਦੇ ਅਧਾਰ 'ਤੇ ਹੋਵੇਗਾ।ਉਨ੍ਹਾਂ ਕਿਹਾ ਕਿ ਸ਼ਹਿਰ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਚੋਰੀ ਅਤੇ ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਰਾਤ ਦੀ ਗਸ਼ਤ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

# ਐੱਸ ਆਈ ਆਰ ਸਬੰਧੀ ਬੀ ਐੱਲ ਓ ਵੱਲੋਂ ਵੋਟਰਾਂ ਨੂੰ ਕੀਤਾ ਜਾ ਰਿਹਾ ਜਾਗਰੂਕ



ਪਠਾਨਕੋਟ, (ਦਵਿੰਦਰ ਸਿੰਘ)-ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਨੂੰ ਸਫਲ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਜਾ ਰਹੀਆਂ ਹਨ।ਇਸੇ ਤਹਿਤ ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਬੂਥ ਲੈਵਲ ਅਫ਼ਸਰ (ਬੀ.ਐੱਲ.ਓ.) ਵੀ ਆਪਣੇ-ਆਪਣੇ ਬੂਥ ਖੇਤਰਾਂ ਵਿੱਚ ਘਰ-ਘਰ ਜਾ ਕੇ ਵੋਟਰਾਂ ਨੂੰ ਐੱਸ. ਆਈ. ਆਰ. ਸਬੰਧੀ ਜਾਣਕਾਰੀ ਦੇ ਰਹੇ ਹਨ ਅਤੇ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਜਮ੍ਹਾਂ ਕਰਵਾਉਣ ਲਈ ਪ੍ਰੇਰਿਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਬੀ. ਐੱਲ. ਓ. ਵੋਟਰਾਂ ਨੂੰ ਵੋਟਰ ਸੂਚੀ ਦੀ ਸ਼ੁੱਧਤਾ ਬਣਾਈ ਰੱਖਣ, ਯੋਗ ਨਾਗਰਿਕਾਂ ਦੇ ਨਾਮ ਦਰਜ ਕਰਵਾਉਣ, ਗਲਤ ਐਂਟਰੀਆਂ ਨੂੰ ਦਰੁਸਤ ਕਰਵਾਉਣ ਅਤੇ ਲੋੜੀਂਦੇ ਦਸਤਾਵੇਜ਼ਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣੂ ਕਰਵਾ ਰਹੇ ਹਨ।

ਇਸ ਮੁਹਿੰਮ ਦਾ ਮੁੱਖ ਉਦੇਸ਼ ਹਰ ਯੋਗ ਨਾਗਰਿਕ ਨੂੰ ਵੋਟ ਦੇ ਅਧਿਕਾਰ ਨਾਲ ਜੋੜਨਾ ਅਤੇ ਵੋਟਰ ਸੂਚੀ ਨੂੰ ਹੋਰ ਵਧੇਰੇ ਸਹੀ ਅਤੇ ਪਾਰਦਰਸ਼ੀ ਬਣਾਉਣਾ ਹੈ।ਜ਼ਿਲ੍ਹਾ ਨੋਡਲ ਅਧਿਕਾਰੀ ਸਵੀਪ ਗੁਰਪ੍ਰੀਤ ਸਿੰਘ ਨੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਬੀ. ਐੱਲ. ਓ. ਨਾਲ ਪੂਰਾ ਸਹਿਯੋਗ ਕਰਨ, ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਉਪਲਬਧ ਕਰਵਾਉਣ ਅਤੇ ਜੇਕਰ ਕਿਸੇ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਦੀ ਲੋੜ ਹੋਵੇ ਤਾਂ ਸਬੰਧਤ ਚੋਣ ਦਫ਼ਤਰ ਜਾਂ ਬੀ. ਐੱਲ. ਓ. ਨਾਲ ਸੰਪਰਕ ਕਰਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਐੱਸ. ਆਈ. ਆਰ. ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਜਾ ਸਕਦਾ ਹੈ ਅਤੇ ਇੱਕ ਸ਼ੁੱਧ, ਪਾਰਦਰਸ਼ੀ ਅਤੇ ਭਰੋਸੇਯੋਗ ਵੋਟਰ ਸੂਚੀ ਤਿਆਰ ਕੀਤੀ ਜਾ ਸਕਦੀ ਹੈ।ਇਸ ਮੌਕੇ ਸਹਾਇਕ ਨੋਡਲ ਅਧਿਕਾਰੀ ਸੋਸ਼ਲ ਮੀਡੀਆ ਹੈੱਡਮਾਸਟਰ ਰਵੀ ਕਾਂਤ, ਸਹਾਇਕ ਨੋਡਲ ਅਫ਼ਸਰ ਸਵੀਪ ਟੀਮ ਤੇ ਜਾਗਰੂਕਤਾ ਸੈੱਲ ਹੈੱਡਮਾਸਟਰ ਸੰਜੀਵ ਕੁਮਾਰ, ਟੀਮ ਦੇ ਮੈਂਬਰ ਵਿਵੇਕ ਡੋਗਰਾ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ, ਪਵਨ ਕੁਮਾਰ, ਨਿਧੀ ਭਾਰਤੀ ਆਦਿ ਹਾਜ਼ਰ ਸਨ।

# ਅਧਿਆਤਮਿਕ ਯੁਵਾ ਸ਼ਕਤੀ ਵਿਕਾਸ ਕੈਂਪ 'ਚ ਹਿੱਸਾ ਲੈਣ ਵਾਲੇ ਸਨਮਾਨਿਤ



ਛੇਹਰਟਾ, (ਮਨੋਜ ਕੁਮਾਰ) : ਚੌਕ ਪਾਸੀਆਂ ਵਿਚ ਸਥਿਤ ਮੰਦਰ ਜੈ ਕ੍ਰਿਸ਼ਨਿਆ ਵਿਖੇ ਅਧਿਆਤਮਿਕ ਯੁਵਾ ਸ਼ਕਤੀ ਵਿਕਾਸ ਕੈਂਪ ਲਈ ਪੁਰਸਕਾਰ ਵੰਡ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਭਾਰਤ ਤੇ ਵਿਦੇਸ਼ਾਂ ਤੋਂ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਵਿਚ ਨੌਜਵਾਨਾਂ ਵਿਚ ਧਰਮ ਤੇ ਸੰਸਕ੍ਰਿਤੀ ਪ੍ਰਤੀ ਹੈਰਾਨੀਜਨਕ ਉਤਸ਼ਾਹ ਦੇਖਣ ਨੂੰ ਮਿਲਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਦਰ ਦੇ ਡਾਇਰੈਕਟਰ ਡਾ. ਸਾਗਰ ਮੁਨੀ ਸ਼ਾਸਤਰੀ ਨੇ ਕਿਹਾ ਕਿ ਇਹ ਸਮਾਗਮ ਸਰਵੱਗਿਆ ਗੁਰੂਕੁਲ ਅਧੀਨ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਠਾਕੁਰ ਜੀ ਦੀ ਪੂਜਾ ਨਾਲ ਹੋਈ। ਇਸ ਵਿਚ ਵਿਦਿਆਰਥੀਆਂ ਨੂੰ ਸਰਟੀਫਿਕੇਟ, ਮੈਡਲ ਤੇ ਇਨਾਮ ਦਿੱਤੇ ਗਏ। ਮਹਿਕ ਸਿੰਧਵਾਨੀ ਨੇ ਪਹਿਲਾ ਸਥਾਨ, ਦਿਵਿਆ ਸੇਠੀ ਨੇ ਦੂਜਾ ਤੇ ਪਰੀ ਸ਼ਰਮਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੰਗਤ ਨੂੰ ਸੰਬੋਧਨ ਕਰਦਿਆਂ ਡਾ. ਸਾਗਰ ਮੁਨੀ ਸ਼ਾਸਤਰੀ ਨੇ ਕਿਹਾ ਕਿ ਗੁਰੂਕੁਲ ਪ੍ਰਾਚੀਨ ਪਰੰਪਰਾ ਹੈ ਜੋ ਅੱਜ ਦੀ ਨਵੀਂ ਸਿੱਖਿਆ ਪ੍ਰਣਾਲੀ ਕਾਰਨ ਖ਼ਤਮ ਹੋ ਗਈ ਹੈ। ਸਾਨੂੰ ਇਸ ਪਰੰਪਰਾ ਨੂੰ ਜ਼ਿੰਦਾ ਰੱਖਣਾ ਚਾਹੀਦਾ ਹੈ ਅਤੇ ਅੱਜ ਦੇ ਨੌਜਵਾਨਾਂ ਨੂੰ ਯੋਗ, ਅਧਿਐਨ, ਸਿੱਖਿਆ, ਭਗਤੀ ਤੇ ਜਾਪ ਨਾਲ ਜੋੜਨਾ ਚਾਹੀਦਾ ਹੈ। ਇਸੇ ਉਦੇਸ਼ ਲਈ ਮੰਦਰ ਵਿਚ ਅਜਿਹੀਆਂ ਗਿਆਨਵਧਾਊ ਗਤੀਵਿਧੀਆਂ ਕੀਤੀਆਂ ਜਾਂਦੀਆਂ ਹਨ। ਇਸ ਮੌਕੇ ਲੰਗਰ ਵੀ ਲਗਾਇਆ ਗਿਆ। ਇਸ ਮੌਕੇ ਸਮਾਜ ਸੇਵਕ ਅਨੁਜ ਖੇਮਕਾ, ਅਸ਼ਵਨੀ ਜੋਸ਼ੀ ਤੇ ਆਸ਼ੀਸ਼ ਖੇਮਕਾ ਨੂੰ ਸਨਮਾਨਿਤ ਕੀਤਾ ਗਿਆ। ਪ੍ਰਬੰਧਕਾਂ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿਚ ਸਿੰਗਾਪੁਰ ਤੋਂ ਸ਼ਰਧਾਲੂ ਕ੍ਰਿਤਿਕਾ ਧਵਨ, ਅਨਿਲ ਸਾਹਨੀ, ਰਜਤ ਮਹਾਜਨ, ਨਿਤੀਸ਼ ਉੱਪਲ, ਰਾਜਨ ਵਰਮਾ, ਗੌਤਮ ਸਰੀਨ ਤੇ ਦੇਵਦਾਸ ਵੀ ਮੌਜੂਦ ਸਨ।

# ਡੀ ਆਈ ਜੀ ਬਾਰਡਰ ਰੇਂਜ ਹਰਮਨਬੀਰ ਸਿੰਘ ਗਿੱਲ ਹਾਈਟੈੱਕ ਨਾਕਾ ਦਰਿਆ ਬਿਆਸ ਪਹੁੰਚੇ



ਬਿਆਸ (ਪਰਮਜੀਤ ਸਿੰਘ ਰੱਖੜਾ)-ਅੱਜ ਡੀਆਈਜੀ ਬਾਰਡਰ ਰੇਂਜ ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਹਾਈਟੈੱਕ ਨਾਕਾ ਦਰਿਆ ਬਿਆਸ ਵਿਖੇ ਪਹੁੰਚੇ।ਆਪਰੇਸ਼ਨ ਪਰਹਾਰ-3 ਦੇ ਚਲਦਿਆਂ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਸ ਸਮੇਂ ਉਨ੍ਹਾਂ ਨਾਲ ਡੀਐੱਸਪੀ ਬਾਬਾ ਬਕਾਲਾ ਸੁਖਪਾਲ ਸਿੰਘ, ਐੱਸਐੱਚਓ ਬਿਆਸ ਗੁਰਵਿੰਦਰ ਸਿੰਘ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ।ਮੁੱਖ ਤੌਰ 'ਤੇ ਗੈਂਗਸਟਰ ਅਤੇ ਨਸ਼ਾ ਤਸਕਰੀ ਨੂੰ ਰੋਕਣ ਲਈ ਇਹ ਚੈਕਿੰਗ ਕੀਤੀ ਗਈ।ਇਸ ਮੁਹਿੰਮ ਤਹਿਤ ਵਧੇਰੇ ਜਾਣਕਾਰੀ ਵਿੱਚ ਡੀਆਈਜੀ ਬਾਰਡਰ ਰੇਂਜ ਅੰਮ੍ਰਿਤਸਰ ਨੇ ਗੱਲਬਾਤ ਦੌਰਾਨ ਦੱਸਿਆ ਕਿ ਕ੍ਰਾਸ ਬਾਰਡਰ ਗੈਂਗਸਟਰ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਅਜਿਹੇ ਆਪਰੇਸ਼ਨ ਚਲਾਏ ਜਾ ਰਹੇ ਹਨ।ਨਸ਼ਾ ਤਸਕਰੀ ਕਰਨ ਵਾਲੇ ਵੀ ਇਸ ਮੁਹਿੰਮ ਤਹਿਤ ਨਹੀਂ ਬਖ਼ਸ਼ੇ ਜਾਣਗੇ।ਇਹ ਆਪਰੇਸ਼ਨ ਸਵੇਰੇ ਪੰਜ ਵਜੇ ਤੋਂ ਸ਼ੁਰੂ ਕੀਤਾ ਗਿਆ ਜੋ ਅੱਜ ਸ਼ਾਮ ਪਏ ਤੱਕ ਚੱਲਿਆ।ਇਸ ਨਾਲ ਸਾਨੂੰ ਕਾਫੀ ਸਫਲਤਾ ਮਿਲੀ ਜਿਸ ਵਿੱਚ ਕੁਝ ਨਸ਼ਾ ਤਸਕਰਾਂ ਖਿਲਾਫ ਪਰਚੇ ਦਰਜ ਕੀਤੇ ਗਏ ਅਤੇ ਗੈਂਗਸਟਰਾਂ ਨੂੰ ਰੋਕਣ ਲਈ ਵੀ ਮੁਹਿੰਮ ਨੂੰ ਕਾਫੀ ਜ਼ਿਆਦਾ ਤੇਜ਼ ਕੀਤਾ ਗਿਆ ਹੈ।

# ਪੁਲਸ ਹਿਰਾਸਤ 'ਚੋਂ ਭੱਜਣ ਦੀ ਕੋਸ਼ਿਸ਼ 'ਚ ਮੁਲਜ਼ਮ ਗੋਲੀ ਲੱਗਣ ਨਾਲ ਜ਼ਖ਼ਮੀ



ਛੇਹਰਟਾ, (ਮਨੋਜ ਕੁਮਾਰ) : ਪੁਲਸ ਹਿਰਾਸਤ 'ਚੋਂ ਭੱਜਣ ਦੀ ਕੋਸ਼ਿਸ਼ 'ਚ ਇਕ ਮੁਲਜ਼ਮ ਗੋਲੀ ਲੱਗਣ ਨਾਲ ਜ਼ਖ਼ਮੀ ਹੋ ਗਿਆ। ਮੌਕੇ ਦਾ ਜਾਇਜ਼ਾ ਲੈਣ ਪੁੱਜੇ ਪੁਲਸ ਕਮਿਸ਼ਨਰ (ਸੀ.ਪੀ.) ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪਹਿਲੀ ਜੁਲਾਈ ਨੂੰ ਜਬਰੀ ਵਸੂਲੀ ਦੇ ਮਾਮਲੇ ਵਿਚ ਅੰਮ੍ਰਿਤਸਰ ਵਿਚ ਇਕ ਵਪਾਰੀ ਦੀ ਦੁਕਾਨ ਦੇ ਸ਼ਟਰ 'ਤੇ ਗੋਲੀਆਂ ਚਲਾਈਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਦੁਕਾਨ ਮਾਲਕ ਵੱਲੋਂ ਇਸ ਸਬੰਧੀ ਸ਼ਿਕਾਇਤ ਨਾ ਕਰਵਾਉਣ ਦੇ ਬਾਵਜੂਦ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਥਾਣਾ ਸਿਵਲ ਲਾਈਨਜ਼ ਵਿਚ ਪਰਚਾ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਦੌਰਾਨ ਸਾਹਮਣੇ ਆਇਆ ਕਿ ਵਪਾਰੀ ਨੂੰ ਜਬਰੀ ਵਸੂਲੀ ਸਬੰਧੀ ਵਿਦੇਸ਼ ਤੋਂ ਫੋਨ ਆ ਰਹੇ ਸਨ। ਸੀ. ਪੀ. ਭੁੱਲਰ ਨੇ ਦੱਸਿਆ ਕਿ ਗੋਲੀ ਚਲਾਉਣ ਵਾਲੇ ਮੁਲਜ਼ਮਾਂ ਦੀ ਪਛਾਣ ਜਸ਼ਨਪ੍ਰੀਤ ਸਿੰਘ ਉਰਫ਼ ਜਸ਼ਨ ਤੇ ਸਾਜਨਪ੍ਰੀਤ ਸਿੰਘ ਉਰਫ਼ ਸਾਜਨ ਵਾਸੀਆਨ ਪਿੰਡ ਵੀਰਮ (ਮਜੀਠਾ) ਵਜੋਂ ਹੋਈ। ਪੁਲਸ ਨੇ ਮੁਲਜ਼ਮ ਜਸ਼ਨਪ੍ਰੀਤ ਸਿੰਘ ਉਰਫ਼ ਜਸ਼ਨ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਜਦੋਂ ਪੁਲਸ ਪਾਰਟੀ ਮੁਲਜ਼ਮ ਸਾਜਨਪ੍ਰੀਤ ਸਿੰਘ ਉਰਫ਼ ਸਾਜਨ ਨੂੰ ਗ੍ਰਿਫ਼ਤਾਰ ਕਰਨ ਪੁੱਜੀ, ਤਾਂ ਭੱਜਣ ਦੀ ਕੋਸ਼ਿਸ਼ ਵਿਚ ਉਸ ਦੇ ਸੱਜੇ ਪੈਰ 'ਤੇ ਸੱਟ ਲੱਗ ਗਈ। ਉਨ੍ਹਾਂ ਦੱਸਿਆ ਕਿ ਜਦੋਂ ਪੁਲਿਸ ਪਾਰਟੀ ਮੁਲਜ਼ਮ ਜਸ਼ਨਪ੍ਰੀਤ ਸਿੰਘ ਉਰਫ਼ ਜਸ਼ਨ ਨੂੰ ਅੰਮ੍ਰਿਤਸਰ ਵਾਪਸ ਲਿਆ ਰਹੀ ਸੀ ਤਾਂ ਮਦਨ ਮੋਹਨ ਮਾਲਵੀਆ ਰੋਡ ਨੇੜੇ ਅੱਗੇ ਜਾਨਵਰ ਆ ਜਾਣ ਕਰਕੇ ਪੁਲਸ ਦੀ ਗੱਡੀ ਹੌਲੀ ਹੋ ਗਈ। ਇਸ 'ਤੇ ਮੌਕੇ ਦਾ ਫਾਇਦਾ ਉਠਾਉਂਦੇ ਹੋਏ ਜਸ਼ਨਪ੍ਰੀਤ ਸਿੰਘ ਉਰਫ਼ ਜਸ਼ਨ ਨੇ ਭੱਜਣ ਦੀ ਕੋਸ਼ਿਸ਼ ਵਿਚ ਏਐੱਸਆਈ ਜੋਗਿੰਦਰ ਸਿੰਘ ਨਾਲ ਝਗੜਾ ਕਰਨਾ ਸ਼ੁਰੂ ਕਰ ਦਿੱਤਾ ਤੇ ਸਰਕਾਰੀ ਕਾਰਬਾਈਨ ਖੋਹਣ ਦੀ ਕੋਸ਼ਿਸ਼ ਕੀਤੀ ਤੇ ਗੋਲੀਆਂ ਚਲਾਉਣ ਦੇ ਇਰਾਦੇ ਨਾਲ ਪੁਲਸ ਪਾਰਟੀ ਵੱਲ ਕਰ ਦਿੱਤਾ। ਇਸ 'ਤੇ ਏਐੱਸਆਈ ਸਤਨਾਮ ਸਿੰਘ ਨੇ ਤੁਰੰਤ ਹਥਿਆਰ ਦੀ ਬੈਰਲ ਨੂੰ ਹੇਠਾਂ ਵੱਲ ਧੱਕ ਦਿੱਤਾ ਤਾਂ ਜੋ ਮੁਲਜ਼ਮ ਪੁਲਿਸ ਪਾਰਟੀ 'ਤੇ ਗੋਲੀਬਾਰੀ ਨਾ ਕਰ ਸਕੇ। ਇਸ ਜੱਦੋਜਹਿਦ ਦੌਰਾਨ ਮੁਲਜ਼ਮ ਨੇ ਟਰਿੱਗਰ ਦਬਾ ਦਿੱਤਾ, ਜਿਸ ਦੇ ਨਤੀਜੇ ਵਜੋਂ ਇਕ ਗੋਲੀ ਅਚਾਨਕ ਮੁਲਜ਼ਮ ਦੇ ਖੱਬੇ ਪੈਰ ਵਿਚ ਲੱਗੀ। ਜ਼ਖ਼ਮੀ ਮੁਲਜ਼ਮ ਨੂੰ ਤੁਰੰਤ ਡਾਕਟਰੀ ਇਲਾਜ ਲਈ ਸਿਵਲ ਹਸਪਤਾਲ, ਅੰਮ੍ਰਿਤਸਰ ਭੇਜ ਦਿੱਤਾ ਗਿਆ।

# ਬੀਬੀ ਬਾਜਵਾ ਸਾਬਕਾ ਪੰਚ ਹਰਜਿੰਦਰ ਸਿੰਘ ਦਾ ਹਾਲ-ਚਾਲ ਪੁੱਛਣ ਪਿੰਡ ਫੱਜੂਪੁਰ ਪਹੁੰਚੇ



ਧਾਰੀਵਾਲ, (ਮਨਦੀਪ ਵਿੱਕੀ)-ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਧਰਮ ਪਤਨੀ ਸਾਬਕਾ ਵਿਧਾਇਕਾ ਬੀਬੀ ਚਰਨਜੀਤ ਕੌਰ ਬਾਜਵਾ ਨੇ ਪਿੰਡ ਫੱਜੂਪੁਰ ਵਿੱਚ ਮੌਜੂਦਾ ਪੰਚ ਪਰਮਜੀਤ ਕੌਰ ਦੇ ਪਤੀ ਸਾਬਕਾ ਪੰਚ ਹਰਜਿੰਦਰ ਸਿੰਘ ਦਾ ਹਾਲ ਚਾਲ ਪੁੱਛਣ ਲਈ ਉਨ੍ਹਾਂ ਦੇ ਘਰ ਪਹੁੰਚੇ।ਜ਼ਿਕਰਯੋਗ ਹੈ ਕਿ ਪਿੰਡ ਫੱਜੂਪੁਰ ਦੇ ਸਾਬਕਾ ਪੰਚ ਹਰਜਿੰਦਰ ਸਿੰਘ ਦੀ ਕੁਝ ਦਿਨ ਪਹਿਲਾਂ ਬਾਈਪਾਸ ਸਰਜਰੀ ਹੋਈ ਹੈ।ਇਸ ਮੌਕੇ ਸਾਬਕਾ ਵਿਧਾਇਕਾ ਬੀਬੀ ਚਰਨਜੀਤ ਕੌਰ ਬਾਜਵਾ ਨੇ ਕਿਹਾ ਕਿ ਹਲਕਾ ਕਾਦੀਆਂ ਦੇ ਕਾਂਗਰਸੀ ਵਰਕਰਾਂ ਨੂੰ ਅਸੀਂ ਆਪਣਾ ਪਰਿਵਾਰ ਸਮਝਦੇ ਹਾਂ ਅਤੇ ਹਰੇਕ ਵਰਕਰ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੋਣਾ ਸਾਡਾ ਫਰਜ਼ ਬਣਦਾ ਹੈ।ਇਸ ਮੌਕੇ ਉਨ੍ਹਾਂ ਨੇ ਮੌਜੂਦ ਕਾਂਗਰਸੀ ਵਰਕਰਾਂ ਨਾਲ ਸਿਆਸੀ ਗਤੀਵਿਧੀਆਂ ਬਾਰੇ ਵੀ ਵਿਚਾਰ ਚਰਚਾ ਕੀਤੀ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਅਤੇ ਪਾਰਟੀ ਦੀ ਮਜ਼ਬੂਤੀ ਲਈ ਸਮੂਹ ਪਾਰਟੀ ਵਰਕਰਾਂ ਇੱਕਜੁੱਟ ਹੋ ਕੇ ਮਿਹਨਤ ਕਰਨ ਦੀ ਅਪੀਲ ਕੀਤੀ।ਇਸ ਮੌਕੇ ਪਿੰਡ ਦੇ ਸਾਬਕਾ ਸਰਪੰਚ ਬਲਵਿੰਦਰਪਾਲ ਟਾਂਕ, ਸਾਬਕਾ ਪੰਚ ਪਵਨ ਕੁਮਾਰ, ਸੀਨੀਅਰ ਕਾਂਗਰਸੀ ਆਗੂ ਕੇਵਲ ਕ੍ਰਿਸ਼ਨ ਟਾਕ, ਪੰਚ ਨਰੇਸ਼ ਕੁਮਾਰ ਚੀਨੀ, ਪੰਚ ਬਲਬੀਰ ਕੁਮਾਰ, ਸਾਬਕਾ ਸਰਪੰਚ ਰਾਜ ਕੁਮਾਰ ਭਗਤ, ਸੇਵਾ ਮੁਕਤ ਜੇਈ ਅਸ਼ੋਕ ਕੁਮਾਰ, ਸੁਰਿੰਦਰ ਕੁਮਾਰ ਟਾਕ, ਬਾਬਾ ਅਸ਼ੋਕ ਕੁਮਾਰ, ਅਪਾਰ ਸਿੰਘ ਟਾਂਕ, ਜਤਿਨ ਟਾਂਕ, ਸੁਮਿਤ ਟਾਂਕ, ਸਾਬਕਾ ਪੰਚ ਮਹਿੰਦਰ ਪਾਲ, ਹੀਰਾ ਲਾਲ ਜੰਬਾ, ਤਰਸੇਮ ਸਿੰਘ ਮਹਿਰਾ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਜਸਬੀਰ ਕੌਰ ਜੌੜੀਆਂ ਖੁਰਦ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਜੌੜੀਆਂ ਖੁਰਦ ਦੇ ਸਾਬਕਾ ਸਰਪੰਚ ਸੁਲੱਖਣ ਸਿੰਘ ਦੇ ਛੋਟੇ ਭਰਾ ਬਲਵਿੰਦਰ ਸਿੰਘ ਦੀ ਧਰਮ ਸੁਪਤਨੀ ਅਤੇ ਰੰਧਾਵਾ ਰੈਡੀਮੇਡ ਦੇ ਮਾਲਕ ਕੁਲਦੀਪ ਸਿੰਘ, ਸੁਖਦੀਪ ਸਿੰਘ ਅਤੇ ਗੁਰਪ੍ਰੀਤ ਸਿੰਘ ਦੀ ਮਾਤਾ ਸਰਦਾਰਨੀ ਜਸਬੀਰ ਕੌਰ (60) ਜੋ ਕੁਝ ਦਿਨ ਪਹਿਲਾਂ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਦੇ ਗ੍ਰਹਿ ਵਿਖੇ ਵੱਖ-ਵੱਖ ਸਿਆਸੀ ਆਗੂਆਂ ਵੱਲੋਂ ਦੁੱਖ ਸਾਂਝਾ ਕੀਤਾ ਗਿਆ। ਸਾਬਕਾ ਕੈਬਨਿਟ ਮੰਤਰੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਜਥੇਦਾਰ ਸੁੱਚਾ ਸਿੰਘ ਲੰਗਾਹ ਵੀ ਆਪਣੇ ਸਾਥੀਆਂ ਸਮੇਤ ਉਨ੍ਹਾਂ ਦੇ ਗ੍ਰਹਿ ਵਿਖੇ ਪੁੱਜੇ। ਜਥੇਦਾਰ ਲੰਗਾਹ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਲੰਗਾਹ ਪਰਿਵਾਰ ਉਨ੍ਹਾਂ ਦੇ ਪਰਿਵਾਰ ਨਾਲ ਚੱਟਾਨ ਵਾਂਗ ਖੜਾ ਹੈ ।ਇਸ ਮੌਕੇ ਸਾਬਕਾ ਸਰਪੰਚ ਪਲਵਿੰਦਰ ਸਿੰਘ, ਗੁਰਦੀਪ ਸਿੰਘ ਬਿੱਟਾ, ਬਿਕਰਮਜੀਤ ਸਿੰਘ (ਵਿੱਕੀ), ਹਰਭਜਨ ਸਿੰਘ, ਹਰਜਿੰਦਰ ਸਿੰਘ, ਜਥੇਦਾਰ ਜੋਗਾ ਸਿੰਘ ਮਾਨ, ਧਰਮਪਾਲ ਸਿੰਘ ਮੱਤਰੀ, ਹਰਸਿਮਰਤ ਸਿੰਘ ਬਾਜਵਾ, ਪੀ. ਏ. ਤੇਜਬੀਰ ਸਿੰਘ ਰਿਆੜ, ਬਲਵਿੰਦਰ ਸਿੰਘ ਢਿੱਲਵਾਂ, ਸਤਨਾਮ ਸਿੰਘ ਪਟਵਾਰੀ, ਜਸਪਿੰਦਰ ਸਿੰਘ ਝੰਗੀ, ਝਿਲਮਿਲ ਸਿੰਘ ਖੋਦੇਬੇਟ, ਪ੍ਰੀਤਮ ਸਿੰਘ ਮੰਗੀਆਂ, ਸਰਵਣ ਸਿੰਘ ਰੜੇਵਾਲੀ, ਸੁਖਚੈਨ ਸਿੰਘ ਢਿੱਲਵਾਂ, ਜੋਗਿੰਦਰ ਸਿੰਘ ਮੱਤਰੀ, ਸਰਪੰਚ ਕਸ਼ਮੀਰ ਸਿੰਘ, ਪੀ ਏ ਲਾਲੀ, ਗੁਰਜਿੰਦਰ ਸਿੰਘ ਅਠਵਾਲ, ਸੁਖਵਿੰਦਰ ਸਿੰਘ ਪਕੀਵਾਂ, ਅਸ਼ੋਕ ਮਾਹਲਾ, ਬਲਜੀਤ ਸਿੰਘ ਖੰਨਾ, ਗੁਰਪ੍ਰੀਤ ਸਿੰਘ ਗੋਰਾ, ਪਲਵਿੰਦਰ ਸਿੰਘ ਰਾਮ ਦਿਵਾਲੀ, ਇਕਬਾਲ ਸਿੰਘ ਸ਼ਾਮਪੁਰ, ਪ੍ਰਤਾਪ ਸਿੰਘ ਪੱਲੇ ਨੰਗਲ ਆਦਿ ਹਾਜ਼ਰ ਸਨ ।

# ਡਾ. ਮੁਖਰਜੀ ਨੇ ਆਪਣਾ ਜੀਵਨ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਸਮਰਪਿਤ ਕਰ ਦਿੱਤਾ : ਚੁੱਘ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਦੇਸ਼ ਦੀ ਏਕਤਾ ਤੇ ਅਖੰਡਤਾ ਲਈ ਸਰਬਉੱਚ ਕੁਰਬਾਨੀ ਦਿੱਤੀ। ਉਨ੍ਹਾਂ ਵੱਲੋਂ ਉਠਾਈ ਗਈ ਆਵਾਜ਼ ਤੇ ਉਨ੍ਹਾਂ ਵੱਲੋਂ ਲਏ ਗਏ ਸੰਕਲਪ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜੰਮੂ-ਕਸ਼ਮੀਰ ਤੋਂ ਧਾਰਾ 370 ਨੂੰ ਰੱਦ ਕਰ ਕੇ ਪੂਰਾ ਕੀਤਾ। ਡਾ. ਮੁਖਰਜੀ ਨੂੰ ਉਨ੍ਹਾਂ ਦੇ 125ਵੇਂ ਜਨਮ ਦਿਵਸ ਸ਼ਰਧਾਂਜਲੀ ਭੇਟ ਕਰਦਿਆਂ ਤਰੁਣ ਚੁੱਘ ਨੇ ਕਿਹਾ ਕਿ ਡਾ. ਮੁਖਰਜੀ ਦੂਰਦਰਸ਼ੀ ਰਾਸ਼ਟਰੀ ਨੇਤਾ ਸਨ ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਭਾਰਤ ਦੀ ਏਕਤਾ, ਅਖੰਡਤਾ, ਸਵੈ-ਮਾਣ ਤੇ ਰਾਸ਼ਟਰੀ ਚੇਤਨਾ ਲਈ ਸਮਰਪਿਤ ਕਰ ਦਿੱਤਾ। ਉਹ ਨਾ ਸਿਰਫ਼ ਆਪਣੇ ਸਮੇਂ ਦੇ ਨੇਤਾ ਸਨ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਵੀ ਹਨ। ਉਨ੍ਹਾਂ ਕਿਹਾ ਕਿ ਸਿਰਫ਼ 33 ਸਾਲ ਦੀ ਉਮਰ ਵਿਚ ਡਾ. ਮੁਖਰਜੀ ਕਲਕੱਤਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਬਣੇ। ਉਨ੍ਹਾਂ ਨੇ ਜੰਮੂ-ਕਸ਼ਮੀਰ ਦੇ ਸੰਪੂਰਨ ਏਕੀਕਰਨ ਲਈ ਲੜਾਈ ਲੜੀ ਤੇ ਬਿਨਾਂ ਪਰਮਿਟ ਦੇ ਜੰਮੂ-ਕਸ਼ਮੀਰ ਵਿਚ ਦਾਖ਼ਲ ਹੋਣ ਦਾ ਫੈਸਲਾ ਕੀਤਾ। ਉਨ੍ਹਾਂ ਨੂੰ ਮਾਧੋਪੁਰ ਤੋਂ ਜੰਮੂ-ਕਸ਼ਮੀਰ ਵਿਚ ਦਾਖ਼ਲ ਹੁੰਦੇ ਸਮੇਂ ਗ੍ਰਿਫ਼ਤਾਰ ਕਰ ਲਿਆ ਗਿਆ। ਡਾ. ਮੁਖਰਜੀ ਦੀ ਬਾਅਦ ਵਿਚ ਹਿਰਾਸਤ ਵਿਚ ਮੌਤ ਹੋ ਗਈ। ਤਰੁਣ ਚੁੱਘ ਨੇ ਕਿਹਾ ਕਿ ਜਿਸ ਉਦੇਸ਼ ਲਈ ਡਾ. ਮੁਖਰਜੀ ਨੇ ਆਪਣੀ ਜਾਨ ਕੁਰਬਾਨ ਕੀਤੀ, ਉਹ 5 ਅਗਸਤ 2019 ਨੂੰ ਪੂਰਾ ਹੋਇਆ, ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਧਾਰਾ 370 ਨੂੰ ਖ਼ਤਮ ਕਰ ਦਿੱਤਾ। ਅੱਜ, ਕਸ਼ਮੀਰ ਤੋਂ ਕੰਨਿਆਕੁਮਾਰੀ ਤਕ ਦੇਸ਼ ਭਰ ਵਿਚ ਤਿਰੰਗਾ ਮਾਣ ਤੇ ਸਨਮਾਨ ਨਾਲ ਲਹਿਰਾਉਂਦਾ ਹੈ।

# ਜਲੰਧਰ ਦਿਹਾਤੀ ਪੁਲਸ ਵੱਲੋਂ ਆਦਮਪੁਰ ਕਤਲ ਕਾਂਡ ਦਾ ਪਰਦਾਫਾਸ਼

## ■ ਮੁੱਖ ਦੋਸ਼ੀ ਕਾਬੂ, ਵਾਰਦਾਤ 'ਚ ਵਰਤਿਆ ਪਿਸਤੌਲ ਬਰਾਮਦ

**ਜਲੰਧਰ, (ਸ਼ੈਲੀ ਐਲਬਰਟ)**-ਸ. ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਵਿਨੀਤ ਆਹਲਾਵਤ, ਪੁਲਸ ਕਪਤਾਨ (ਤਫ਼ਤੀਸ਼), ਰਾਜੀਵ ਕੁਮਾਰ, ਡੀ. ਐੱਸ. ਪੀ., ਸਬ-ਡਵੀਜ਼ਨ ਆਦਮਪੁਰ ਅਤੇ ਇੰਸਪੈਕਟਰ ਪੁਸ਼ਪ ਬਾਲੀ, ਇੰਚਾਰਜ ਸੀ. ਆਈ. ਏ. ਸਟਾਫ਼ ਦੀ ਨਿਗਰਾਨੀ ਹੇਠ ਜਲੰਧਰ ਦਿਹਾਤੀ ਪੁਲਸ ਨੇ ਕਤਲ ਦੇ ਮਾਮਲੇ ਵਿੱਚ ਤੁਰੰਤ ਕਾਰਵਾਈ ਕਰਦਿਆਂ ਮੁੱਖ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਵਾਰਦਾਤ ਵਿੱਚ ਵਰਤਿਆ ਗਿਆ ਪਿਸਤੌਲ ਵੀ ਬਰਾਮਦ ਕਰ ਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਸ ਕਪਤਾਨ, ਜਲੰਧਰ ਦਿਹਾਤੀ ਨੇ ਦੱਸਿਆ ਕਿ 6 ਜੁਲਾਈ ਨੂੰ ਕਰੀਬ ਦੁਪਹਿਰ 12:30 ਵਜੇ ਪਿੰਡ ਡਰੋਲੀ ਕਲਾਂ, ਥਾਣਾ ਆਦਮਪੁਰ ਦੇ ਰਹਿਣ ਵਾਲੇ 26 ਸਾਲਾ ਦਵਿੰਦਰ ਸਿੰਘ ਉਰਫ਼ ਬਾਜਾ ਦਾ ਮਨਪ੍ਰੀਤ ਸਿੰਘ ਉਰਫ਼ ਗੰਗੂ ਦੇ ਘਰ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ।ਘਟਨਾ ਦੀ ਸੂਚਨਾ ਮਿਲਦਿਆਂ ਹੀ ਵਿਨੀਤ ਆਹਲਾਵਤ, ਪੁਲਿਸ ਕਪਤਾਨ (ਤਫ਼ਤੀਸ਼), ਰਾਜੀਵ ਕੁਮਾਰ, ਡੀ. ਐੱਸ. ਪੀ., ਸਬ-ਡਵੀਜ਼ਨ ਆਦਮਪੁਰ, ਇੰਸਪੈਕਟਰ ਪੁਸ਼ਪ ਬਾਲੀ, ਇੰਚਾਰਜ ਸੀ. ਆਈ. ਏ. ਸਟਾਫ਼, ਇੰਸਪੈਕਟਰ ਪੰਕਜ ਕੁਮਾਰ, ਮੁੱਖ ਅਫ਼ਸਰ ਥਾਣਾ ਆਦਮਪੁਰ ਅਤੇ ਪੁਲਸ ਪਾਰਟੀਆਂ ਤੁਰੰਤ ਮੌਕੇ ਤੇ ਪਹੁੰਚ ਗਈਆਂ। ਪੁਲਸ ਵੱਲੋਂ ਪੂਰੇ ਪਿੰਡ ਦੀ ਘੇਰਾਬੰਦੀ ਕਰਕੇ ਸਾਰੇ ਆਉਣ-ਜਾਣ ਵਾਲੇ ਰਸਤੇ ਤੁਰੰਤ ਸੀਲ ਕਰ ਦਿੱਤੇ ਗਏ।ਮੁੱਢਲੀ ਤਫ਼ਤੀਸ਼ ਦੌਰਾਨ ਸਾਹਮਣੇ ਆਇਆ ਕਿ ਵਾਰਦਾਤ ਸਮੇਂ ਮਨਪ੍ਰੀਤ ਸਿੰਘ ਉਰਫ਼ ਗੰਗੂ ਦੇ ਘਰ ਦੇ ਅੰਦਰ ਕੁੱਲ ਪੰਜ ਵਿਅਕਤੀ ਮੌਜੂਦ ਸਨ। ਹੁਣ ਤੱਕ ਮਨਪ੍ਰੀਤ ਸਿੰਘ ਉਰਫ਼ ਗੰਗੂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦਕਿ ਹਰਮਨ, ਵਰੁਣ ਅਤੇ ਆਕਾਸ਼ ਦੀ ਪਛਾਣ ਕਰ ਲਈ ਗਈ ਹੈ।ਬਾਕੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਲਈ ਪੁਲਸ ਵੱਲੋਂ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।ਤਫ਼ਤੀਸ਼ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਇਹ ਘਟਨਾ ਘਰ ਦੇ ਇੱਕ ਕਮਰੇ ਅੰਦਰ ਵਾਪਰੀ, ਜਿੱਥੇ ਕਥਿਤ ਤੌਰ ਤੇ ਗਲੌਕ 9 ਐੱਮ. ਐੱਮ. ਪਿਸਤੌਲ ਨਾਲ ਕਰੀਬ 10 ਤੋਂ 12 ਰਾਊਂਡ ਫਾਇਰ ਕੀਤੇ ਗਏ। ਵਾਰਦਾਤ ਵਿੱਚ ਵਰਤਿਆ ਗਿਆ ਗਲੌਕ 9 ਐੱਮ. ਐੱਮ. ਪਿਸਤੌਲ ਪੁਲਸ ਵੱਲੋਂ ਬਰਾਮਦ ਕਰ ਲਿਆ ਗਿਆ ਹੈ।ਮੌਕੇ ਦੀ ਜਾਂਚ ਦੌਰਾਨ ਕਮਰੇ ਨੂੰ ਗੋਲੀਬਾਰੀ ਕਾਰਨ ਕਾਫ਼ੀ ਨੁਕਸਾਨ ਪਹੁੰਚਿਆ ਹੋਇਆ ਪਾਇਆ ਗਿਆ।ਸ.ਵਿਰਕ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮ੍ਰਿਤਕ ਦਵਿੰਦਰ ਸਿੰਘ ਉਰਫ਼ ਬਾਜਾ ਇੱਕ ਹਾਰਡਕੋਰ ਅਪਰਾਧੀ ਸੀ, ਜੋ ਹਾਲ ਹੀ ਵਿੱਚ ਜ਼ਮਾਨਤ 'ਤੇ ਜੇਲ੍ਹ ਤੋਂ ਬਾਹਰ ਆਇਆ ਸੀ। ਉਸ ਖ਼ਿਲਾਫ਼ ਤਿੰਨ ਗੰਭੀਰ ਅਪਰਾਧਿਕ ਮੁਕੱਦਮੇ ਦਰਜ ਸਨ ਅਤੇ ਉਹ ਪਹਿਲਾਂ ਇੱਕ ਪੁਲਸ ਮੁਕਾਬਲੇ ਦੌਰਾਨ ਵੀ ਗ੍ਰਿਫ਼ਤਾਰ ਹੋ ਚੁੱਕਾ ਸੀ।ਮੁੱਢਲੀ ਤਫ਼ਤੀਸ਼ ਤੋਂ ਇਹ ਵੀ ਸਾਹਮਣੇ ਆਇਆ ਹੈ ਕਿ ਇਹ ਕਤਲ ਪੁਰਾਣੀ ਨਿੱਜੀ ਰੰਜਿਸ਼ ਕਾਰਨ ਕੀਤਾ ਗਿਆ ਜਾਪਦਾ ਹੈ।ਇਸ ਸਬੰਧੀ ਥਾਣਾ ਆਦਮਪੁਰ ਵਿਖੇ ਮੁਕੱਦਮਾ ਦਰਜ ਕਰ ਲਿਆ ਗਿਆ ਹੈ।ਮੌਕੇ ਤੇ ਮੌਜੂਦ ਹੋਰ ਵਿਅਕਤੀਆਂ ਦੀ ਭੂਮਿਕਾ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਬਾਕੀ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਯਤਨ ਜਾਰੀ ਹਨ।

# ਕਾਂਗਰਸ ਤੇ ਅਕਾਲੀ ਦਲ ਕੋਲ ਪੰਜਾਬ ਦੇ ਵਿਕਾਸ ਲਈ ਕੋਈ ਰੋਡ ਮੈਪ ਨਹੀਂ : ਈ ਟੀ ਓ



**ਅੰਮ੍ਰਿਤਸਰ/ਤਰਸਿੱਕਾ, (ਜਸਬੀਰ ਸਿੰਘ ਪੱਟੀ/ਤਰਸੇਮ ਸਿੰਘ ਸਾਧਪੁਰ)**-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਆਗੂ ਇਸ ਸਮੇਂ ਪੰਜਾਬ ਦੇ ਵਿਕਾਸ ਦੀ ਬਜਾਏ ਆਪਣੀ ਨਿੱਜੀ ਸਿਆਸੀ ਲੜਾਈ ਲੜ ਰਹੇ ਹਨ ਅਤੇ ਉਨ੍ਹਾਂ ਕੋਲ ਸੂਬੇ ਦੇ ਵਿਕਾਸ ਲਈ ਕੋਈ ਠੋਸ ਰੋਡ ਮੈਪ ਨਹੀਂ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਅੰਦਰ ਮੁੱਖ ਮੰਤਰੀ ਦੀ ਕੁਰਸੀ ਨੂੰ ਲੈ ਕੇ ਹੜਬੜੀ ਮਚੀ ਹੋਈ ਹੈ ਅਤੇ ਲੋਕਾਂ ਦੀ ਇੱਛਾ ਦੇ ਉਲਟ ਹਰ ਆਗੂ ਮੁੱਖ ਮੰਤਰੀ ਬਣਨ ਦੀ ਦੌੜ ਵਿੱਚ ਲੱਗਾ ਹੋਇਆ ਹੈ।ਇਹ ਪ੍ਰਗਟਾਵਾ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਾਏਪੁਰ ਖੁਰਦ, ਸਰਜਾ, ਬੇਰੀਆਣਾ ਅਤੇ ਕੋਟ ਹਯਾਤ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਕਰਵਾਏ ਗਏ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦਾ ਮੁੱਖ ਮੰਤਰੀ ਕੌਣ ਬਣੇਗਾ, ਇਸ ਦਾ ਫ਼ੈਸਲਾ ਸੂਬੇ ਦੇ ਸੁਹਿਰਦ ਵੋਟਰਾਂ ਨੇ ਕਰਨਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਕਰਵਾਏ ਗਏ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਦੀਆਂ ਨੀਤੀਆਂ ਨੂੰ ਦੇਖਦਿਆਂ ਪੰਜਾਬ ਦੇ ਲੋਕ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਸੇਵਾ ਦਾ ਮੌਕਾ ਦੇਣ ਦਾ ਮਨ ਬਣਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਹਾਸਲ ਕਰੇਗੀ। ਸ਼੍ਰੋਮਣੀ ਅਕਾਲੀ ਦਲ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਨੇ ਹਮੇਸ਼ਾ ਪੰਥ ਦਾ ਸਹਾਰਾ ਲੈ ਕੇ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਦੇ ਰਾਜ ਦੌਰਾਨ ਵਾਪਰੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਪੰਜਾਬ ਦੇ ਲੋਕ ਅੱਜ ਵੀ ਨਹੀਂ ਭੁੱਲੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹੁਣ ਸਿਰਫ਼ ਇੱਕ ਪਰਿਵਾਰ ਦੀ ਪਾਰਟੀ ਬਣ ਕੇ ਰਹਿ ਗਿਆ ਹੈ ਅਤੇ ਸੂਬੇ ਦੇ ਲੋਕ ਇਸ ਤੋਂ ਕਿਨਾਰਾ ਕਰ ਗਏ ਹਨ।ਈ.ਟੀ.ਓ. ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਵੱਖ-ਵੱਖ ਪਿੰਡਾਂ ਦੇ ਵਸਨੀਕਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ।ਉਨ੍ਹਾਂ ਮੌਕੇ ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੇ ਜਾਇਜ਼ ਮਸਲਿਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਨ ਅਤੇ ਸਮਾਂਬੱਧ ਢੰਗ ਨਾਲ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਵਾਉਣ ਦੀ ਬਜਾਏ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਕਰਨਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਪੂਰਾ ਕਰਨ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਵਿਧਾਇਕ ਡਾ. ਅਜੈ ਗੁਪਤਾ ਵੱਲੋਂ ਸੜਕ ਵਿਕਾਸ ਪ੍ਰੋਜੈਕਟ ਦਾ ਉਦਘਾਟਨ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਵਿਧਾਇਕ ਡਾ. ਅਜੈ ਗੁਪਤਾ ਨੇ ਵਾਰਡ ਨੰਬਰ 73, ਝਬਾਲ ਰੋਡ 'ਤੇ ਪੰਨੂ ਡੇਅਰੀ ਦੇ ਨਾਲ ਲੱਗਦੇ ਪ੍ਰੀਮਿਕਸ ਸੜਕ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਅੱਗੇ ਵਧ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਕੋਈ ਵੀ ਵਿਕਾਸ ਕਾਰਜ ਅਧੂਰਾ ਨਹੀਂ ਛੱਡਿਆ ਜਾਵੇਗਾ। ਉਹ ਲੋਕਾਂ ਨਾਲ ਰੋਜ਼ਾਨਾ ਗੱਲਬਾਤ ਕਰਦੇ ਹਨ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਜਾ ਸਕਣ ਅਤੇ ਹੱਲ ਲੱਭਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਨਾਲ ਸਬੰਧਤ ਕਿਸੇ ਵੀ ਵਿਕਾਸ ਪ੍ਰੋਜੈਕਟ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।

ਉਨ੍ਹਾਂ ਨੇ ਇਸ ਲਈ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਮੁੱਖ ਮੰਤਰੀ ਭਾਗਵਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੀ ਚਾਰ-ਰੇਡੀਅਲ ਸੜਕ 'ਤੇ ਕੰਮ ਚੱਲ ਰਿਹਾ ਹੈ। ਇਸ ਤੋਂ ਇਲਾਵਾ, ਖਾਪੜਖੇੜੀ ਸੀਵਰੇਜ ਟ੍ਰੀਟਮੈਂਟ ਪਲਾਂਟ ਦੀ ਸਮਰੱਥਾ ਵਧਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ। ਵਨ ਸਿਟੀ ਵਨ ਆਪਰੇਟਰ ਪ੍ਰੋਜੈਕਟ ਤਹਿਤ ਸੀਵਰੇਜ ਦੀ ਗਾਰ ਕੱਢਣਾ ਵੀ ਕੀਤੀ ਜਾ ਰਹੀ ਹੈ।

ਵਿਧਾਇਕ ਡਾ. ਅਜੇ ਗੁਪਤਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਲੋਕ ਮਿਲਣੀ ਕਰਵਾਈ ਜਾ ਰਹੀ ਹੈ। ਇਨ੍ਹਾਂ ਸਕੀਮਾਂ ਦੇ ਲਾਭਾਂ ਨੂੰ ਜਨਤਾ ਤੱਕ ਵੀ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਔਰਤਾਂ ਨੂੰ ਦਿੱਤੇ ਜਾ ਰਹੇ ਮਾਣਭੱਤੇ ਨੂੰ ਪੰਜਾਬ ਭਰ ਦੀਆਂ ਔਰਤਾਂ ਵੱਲੋਂ ਭਰਵਾਂ ਸਮਰਥਨ ਅਤੇ ਸਕਾਰਾਤਮਕ ਫੀਡਬੈਕ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਔਰਤਾਂ ਦੇ ਸਨਮਾਨ, ਸਸ਼ਕਤੀਕਰਨ ਅਤੇ ਆਰਥਿਕ ਸੁਰੱਖਿਆ ਵੱਲ ਇੱਕ ਇਤਿਹਾਸਕ ਪਹਿਲ ਹੈ। ਇਸ ਮੌਕੇ ਗੁਰਦਾਸ ਸਿੰਘ, ਕਵਲ ਪੰਨੂ, ਲੱਖਾ ਡੀਜੇ, ਸੰਦੀਪ ਸਿੰਘ, ਸਾਜਨ ਕੁਮਾਰ, ਮਿੰਟੂ ਸੰਧੂ, ਬਿੰਦਾ ਪੰਨੂ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਮੌਜੂਦ ਸਨ।

# ਭਲਕ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਸਬੰਧੀ ਜਥੇਦਾਰ ਲੰਗਾਹ ਵੱਲੋਂ ਪਾਰਟੀ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਜ਼ਿਲ੍ਹਾ ਗੁਰਦਾਸਪੁਰ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਵਿੱਚ ਨਵੀਂ ਰੂਹ ਫੂਕਣ ਦੇ ਮੰਤਵ ਨਾਲ 8 ਜੁਲਾਈ ਨੂੰ ਧਾਰੀਵਾਲ ਦੇ ਗੁਰਦੁਆਰਾ ਬੁਰਜ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਜਾਵੇਗੀ ।ਇਸ ਮੀਟਿੰਗ ਨੂੰ ਲੈ ਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਤੇ ਜ਼ਿਲ੍ਹਾ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਡੇਰਾ ਬਾਬਾ ਨਾਨਕ ਦੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸੀਨੀਅਰ ਅਕਾਲੀ ਆਗੂਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਲੰਗਾਹ ਨੇ ਕਿਹਾ ਕਿ 8 ਜੁਲਾਈ ਨੂੰ ਧਾਰੀਵਾਲ ਦੇ ਗੁਰਦੁਆਰਾ ਬੁਰਜ ਸਾਹਿਬ ਵਿਖੇ ਪਾਰਟੀ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਨਾਲ ਜ਼ਿਲ੍ਹਾ ਪੱਧਰੀ ਇੱਕ ਵਿਸ਼ਾਲ ਮੀਟਿੰਗ ਕੀਤੀ ਜਾਵੇਗੀ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ।ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ, ਜਥੇਦਾਰ ਜੋਗਾ ਸਿੰਘ ਮਾਨ, ਧਰਮਪਾਲ ਸਿੰਘ ਮੱਤਰੀ, ਹਰਸਿਮਰਤ ਸਿੰਘ ਬਾਜਵਾ, ਪੀ. ਏ. ਤੇਜਬੀਰ ਸਿੰਘ ਰਿਆੜ, ਕੁਲਜੀਤ ਸਿੰਘ ਮਝੈਲ, ਬਲਵਿੰਦਰ ਸਿੰਘ ਢਿੱਲਵਾਂ, ਸਤਨਾਮ ਸਿੰਘ ਪਟਵਾਰੀ, ਜਸਪਿੰਦਰ ਸਿੰਘ ਝੰਗੀ, ਝਿਲਮਿਲ ਸਿੰਘ ਖੋਦੇਬੇਟ, ਪ੍ਰੀਤਮ ਸਿੰਘ ਮੰਗੀਆਂ, ਸਰਵਣ ਸਿੰਘ ਰੜੇਵਾਲੀ, ਸੁਖਚੈਨ ਸਿੰਘ ਢਿੱਲਵਾਂ, ਜੋਗਿੰਦਰ ਸਿੰਘ ਮੱਤਰੀ, ਸਰਪੰਚ ਕਸ਼ਮੀਰ ਸਿੰਘ, ਪੀ. ਏ. ਲਾਲੀ, ਗੁਰਜਿੰਦਰ ਸਿੰਘ ਅਠਵਾਲ, ਸੁਖਵਿੰਦਰ ਸਿੰਘ ਪਕੀਵਾਂ, ਅਸ਼ੋਕ ਮਾਹਲਾ, ਬਲਜੀਤ ਸਿੰਘ ਖੰਨਾ, ਗੁਰਪ੍ਰੀਤ ਸਿੰਘ ਗੋਰਾ, ਪਲਵਿੰਦਰ ਸਿੰਘ ਰਾਮ ਦਿਵਾਲੀ, ਇਕਬਾਲ ਸਿੰਘ ਸ਼ਾਮਪੁਰ, ਪ੍ਰਤਾਪ ਸਿੰਘ ਪੱਲੇ ਨੰਗਲ ਆਦਿ ਅਕਾਲੀ ਆਗੂ ਹਾਜ਼ਰ ਸਨ ।

# ਈ-ਟੈਂਡਰਿੰਗ ਰਾਹੀਂ ਰੇਲਵੇ ਨੂੰ ਮਿਲੇਗਾ 1.34 ਕਰੋੜ ਦਾ ਮਾਲੀਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਫਿਰੋਜ਼ਪੁਰ ਮੰਡਲ ਵਿੱਚ ਈ-ਟੈਂਡਰ ਰਾਹੀਂ ਟਰੇਨ ਨੰਬਰ 12904 (ਗੋਲਡਨ ਟੈਂਪਲ ਮੇਲ) ਵਿੱਚ ਐੱਸ.ਐੱਲ.ਆਰ. ਲੀਜ਼ਿੰਗ ਅਨੁਬੰਧ ਸਫਲਤਾਪੂਰਵਕ ਅਲਾਟ ਕੀਤਾ ਗਿਆ ਹੈ। ਇਸ ਦੇ ਸ਼ੁਰੂ ਹੋਣ ਨਾਲ ਯਾਤਰੀਆਂ ਨੂੰ ਸੁਵਿਧਾਵਾਂ ਮਿਲਣਗੀਆਂ ਤੇ ਰੇਲਵੇ ਦੀ ਆਮਦਨ ਵਿੱਚ ਵੀ ਵਾਧਾ ਹੋਵੇਗਾ। ਇਸ ਅਨੁਬੰਧ ਤੋਂ ਰੇਲਵੇ ਨੂੰ ਲਗਭਗ 1.34 ਕਰੋੜ ਦਾ ਮਾਲੀਆ ਪ੍ਰਾਪਤ ਹੋਵੇਗਾ। ਐੱਸ.ਐੱਲ.ਆਰ. ਲੀਜ਼ਿੰਗ ਵਿਵਸਥਾ ਨਾਲ ਰੇਲਵੇ ਨੂੰ ਵਾਧੂ ਮਾਲੀਆ ਪ੍ਰਾਪਤ ਹੁੰਦਾ ਹੈ ਤੇ ਟਰੇਨਾਂ ਵਿੱਚ ਉਪਲਬੱਧ ਸਥਾਨ ਦੀ ਬਿਹਤਰ ਵਰਤੋਂ ਯਕੀਨੀ ਹੁੰਦੀ ਹੈ। ਇਸ ਦੇ ਨਾਲ ਹੀ ਵਪਾਰੀਆਂ ਨੂੰ ਆਪਣਾ ਸਾਮਾਨ ਤੇਜ਼ੀ ਨਾਲ ਤੇ ਸੁਰੱਖਿਅਤ ਤਰੀਕੇ ਨਾਲ ਇਕ ਥਾਂ ਤੋਂ ਦੂਜੀ ਥਾਂ ਤੱਕ ਭੇਜਣ ਦੀ ਸੁਵਿਧਾ ਮਿਲਦੀ ਹੈ। ਇਹ ਵਿਵਸਥਾ ਰੇਲਵੇ ਤੇ ਵਪਾਰੀ ਦੋਵਾਂ ਲਈ ਲਾਭਦਾਇਕ ਸਾਬਿਤ ਹੋ ਰਹੀ ਹੈ, ਜਿਸ ਨਾਲ ਸਮੇਂ ਤੇ ਲਾਗਤ ਦੋਵਾਂ ਦੀ ਬੱਚਤ ਹੋ ਰਹੀ ਹੈ। ਈ-ਟੈਂਡਰ ਰਾਹੀਂ ਪਾਰਦਰਸ਼ੀ ਤਰੀਕੇ ਨਾਲ ਅਨੁਬੰਧ ਅਲਾਟ ਕੀਤੇ ਜਾਣ ਕਾਰਨ ਰੇਲਵੇ ਦੀ ਆਮਦਨ ਵਿੱਚ ਵਾਧਾ ਹੋ ਰਿਹਾ ਹੈ ਤੇ ਯਾਤਰੀਆਂ ਨੂੰ ਬਿਹਤਰ ਸਹੂਲਤਾਂ ਮਿਲ ਰਹੀਆਂ ਹਨ।

# ਸੋਹੀਆਂ ਕਲਾਂ ਤੇ ਆਬਾਦੀ ਵਰਪਾਲ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਇਕੱਠ ਨੂੰ ਮਿਲਿਆ ਭਰਵਾਂ ਹੁੰਗਾਰਾ



ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)-ਪਿੰਡ ਸੋਹੀਆਂ ਕਲਾਂ ਅਤੇ ਆਬਾਦੀ ਵਰਪਾਲ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੱਦੇ 'ਤੇ ਕਰਵਾਏ ਗਏ ਇਕੱਠ ਨੂੰ ਪਿੰਡ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ।ਵੱਡੀ ਗਿਣਤੀ ਵਿੱਚ ਸੰਗਤਾਂ ਆਪ ਮੁਹਾਰੇ ਹੋ ਕੇ ਇਕੱਠ ਵਿੱਚ ਸ਼ਾਮਲ ਹੋਈਆਂ ਅਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਹੇਠ ਚੱਲ ਰਹੇ ਵਿਚਾਰਾਂ ਨਾਲ ਆਪਣੀ ਸਾਂਝ ਅਤੇ ਸਮਰਥਨ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਲੋਕਾਂ ਦਾ ਵਿਸ਼ਵਾਸ ਲਗਾਤਾਰ ਮਜ਼ਬੂਤ ਹੋ ਰਿਹਾ ਹੈ।

ਪੰਜਾਬ ਦੇ ਲੋਕ ਆਪਣੇ ਹੱਕਾਂ, ਨੌਜਵਾਨਾਂ ਦੇ ਭਵਿੱਖ ਅਤੇ ਪੰਜਾਬ ਦੇ ਮੁੱਦਿਆਂ ਪ੍ਰਤੀ ਜਾਗਰੂਕ ਹੋ ਰਹੇ ਹਨ ਅਤੇ ਇਸੇ ਕਾਰਨ ਪਾਰਟੀ ਦੇ ਕਾਫਲੇ ਵਿੱਚ ਨਿਰੰਤਰ ਵਾਧਾ ਹੋ ਰਿਹਾ ਹੈ।ਇਸ ਇਕੱਠ ਵਿੱਚ ਉਚੇਚੇ ਤੌਰ 'ਤੇ ਭਾਈ ਨਾਥਵਿੰਦਰ ਸਿੰਘ ਬਾਜਵਾ (ਮੁੱਖ ਸੇਵਾਦਾਰ, ਹਲਕਾ ਮਜੀਠਾ), ਭਾਈ ਜੁਗਰਾਜ ਸਿੰਘਾ ਲਾਲੇ ਨੰਗਲ (ਹਲਕਾ ਇੰਚਾਰਜ, ਫਤਹਿਗੜ੍ਹ ਚੂੜੀਆਂ), ਭਾਈ ਬਲਜਿੰਦਰ ਸਿੰਘ, ਭਾਈ ਕ੍ਰਿਪਾਲ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਪ੍ਰਿਤਪਾਲ ਸਿੰਘ, ਬੀਬੀ ਸਰਬਜੀਤ ਕੌਰ (ਕਾਰਜਕਾਰੀ ਮੈਂਬਰ, ਪੰਜਾਬ), ਬੀਬੀ ਪ੍ਰਭਜੋਤ ਕੌਰ ਅਤੇ ਬੀਬੀ ਕੰਵਲਜੀਤ ਕੌਰ ਨੇ ਆਪਣੀ ਹਾਜ਼ਰੀ ਭਰੀ।ਇਸ ਮੌਕੇ ਟੀਮ ਪਿੰਡ ਸੋਹੀਆਂ ਕਲਾਂ ਅਤੇ ਆਬਾਦੀ ਵਰਪਾਲ ਵੱਲੋਂ ਕੰਵਲਜੀਤ ਸਿੰਘ ਸੋਹੀ, ਭਾਈ ਸੁੱਚਾ ਸਿੰਘ, ਭਾਈ ਨਰਿੰਦਰ ਸਿੰਘ, ਜਜ਼ਬੀਰ ਸਿੰਘ, ਰਾਜਿੰਦਰ ਸਿੰਘ ਗਿੱਲ, ਪਰਗਟ ਸਿੰਘ, ਲਵਪ੍ਰੀਤ ਸਿੰਘ, ਹਰਜੀਤ ਸਿੰਘ, ਜਗਰੂਪ ਸਿੰਘ, ਅਰਸ਼ਦੀਪ ਸਿੰਘ, ਭਾਈ ਸਰਬਜੀਤ ਸਿੰਘ, ਸ਼ੇਰ ਸਿੰਘ ਅਤੇ ਸਮੁੱਚੀ ਟੀਮ ਨੇ ਇਕੱਠ ਦੀ ਸਫਲਤਾ ਲਈ ਆਪਣਾ ਯੋਗਦਾਨ ਪਾਇਆ।ਇਸ ਮੌਕੇ ਸਮੂਹ ਸੰਗਤਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਇਸ ਇਕੱਠ ਨੂੰ ਸਫਲ ਬਣਾਇਆ ਅਤੇ ਪੰਜਾਬ ਦੇ ਹੱਕਾਂ ਦੀ ਲੜਾਈ ਵਿੱਚ ਆਪਣਾ ਸਾਥ ਦੇਣ ਦਾ ਭਰੋਸਾ ਦਿੱਤਾ।

# 2 ਨਸ਼ਾ ਤਸਕਰ ਕਾਬੂ, ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਬਰਾਮਦ

**ਅਲਾਵਲਪੁਰ (ਮਦਨ ਬੰਗੜ)**- ਪੁਲਸ ਥਾਣਾ ਆਦਮਪੁਰ ਅਧੀਨ ਆਉਂਦੀ ਪੁਲਿਸ ਚੌਕੀ ਅਲਾਵਲਪੁਰ ਦੀ ਪੁਲਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਸਫ਼ਲਤਾ ਹਾਸਲ ਕਰਦਿਆਂ ਦੋ ਕਥਿਤ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 9 ਗ੍ਰਾਮ ਹੈਰੋਇਨ ਅਤੇ 20 ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ ਆਈ ਰਵਿੰਦਰ ਸਿੰਘ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਰਸ਼ਪਾਲ ਸਿੰਘ ਉਰਫ਼ ਛੋਟੂ ਪੁੱਤਰ ਨਿਰੰਜਨ ਦਾਸ ਅਤੇ ਕੁਲਵੀਰ ਰਾਮ ਉਰਫ਼ ਮੰਨੂ ਪੁੱਤਰ ਗੁਰਦੀਪ ਚੰਦ, ਦੋਵੇਂ ਵਾਸੀ ਪਿੰਡ ਚੋਮੋਂ, ਥਾਣਾ ਆਦਮਪੁਰ, ਵਜੋਂ ਹੋਈ ਹੈ। ਪੁਲਸ ਚੌਕੀ ਅਲਾਵਲਪੁਰ ਦੇ ਇੰਚਾਰਜ ਐਸ ਆਈ. ਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਸ਼ਾਹਪੁਰ-ਅਰਜਨਵਾਲ ਚੌਕ ਨੇੜੇ ਗਸ਼ਤ ਕਰ ਰਹੀ ਸੀ। ਇਸ ਦੌਰਾਨ ਸਾਹਮਣੇ ਤੋਂ ਪੈਦਲ ਆ ਰਹੇ ਦੋ ਨੌਜਵਾਨ ਪੁਲਸ ਦੀ ਗੱਡੀ ਦੇਖ ਕੇ ਘਬਰਾ ਗਏ ਅਤੇ ਪਿੱਛੇ ਮੁੜਨ ਲੱਗੇ। ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਦੋਵਾਂ ਨੂੰ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਰਸ਼ਪਾਲ ਸਿੰਘ ਵੱਲੋਂ ਸੁੱਟੇ ਗਏ ਲਿਫ਼ਾਫ਼ੇ ਵਿੱਚੋਂ 20 ਪਾਬੰਦੀਸ਼ੁਦਾ ਗੋਲੀਆਂ ਬਰਾਮਦ ਹੋਈਆਂ, ਜਦਕਿ ਕੁਲਵੀਰ ਰਾਮ ਵੱਲੋਂ ਸੁੱਟੇ ਲਿਫਾਫੇ ਦੀ ਤਲਾਸ਼ੀ ਦੌਰਾਨ ਉਸ ਦੇ ਵਿੱਚੋ 9 ਗਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਦੋਵਾਂ ਮੁਲਜ਼ਮਾਂ ਖ਼ਿਲਾਫ਼ ਥਾਣਾ ਆਦਮਪੁਰ ਵਿਖੇ ਐੱਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।



# ਸੁਲਤਾਨਪੁਰ ਲੋਧੀ ਨਗਰ ਕੌਂਸਲ 'ਤੇ ਰਾਣਾ ਧੜੇ ਦਾ ਕਬਜ਼ਾ

## ਸੰਦੀਪ ਕੌਰ ਚੀਮਾ ਬਣੀ ਪ੍ਰਧਾਨ ਤੇ ਗੁਰਜੀਤ ਕੌਰ ਮੀਤ ਪ੍ਰਧਾਨ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਹਨੀ)**- ਸੁਲਤਾਨਪੁਰ ਲੋਧੀ ਦੀ ਨਗਰ ਕੌਂਸਲ 'ਤੇ ਰਾਣਾ ਧੜੇ ਨੇ ਆਪਣਾ ਦਬਦਬਾ ਕਾਇਮ ਰੱਖਦਿਆਂ ਪ੍ਰਧਾਨ ਅਤੇ ਮੀਤ ਪ੍ਰਧਾਨ ਦੀਆਂ ਚੋਣਾਂ ਆਪਣੇ ਹੱਕ ਵਿੱਚ ਕਰਵਾ ਲਈਆਂ।ਨਗਰ ਕੌਂਸਲ ਦਫ਼ਤਰ ਵਿਖੇ ਐੱਸ ਡੀ ਐੱਮ ਦੀ ਅਗਵਾਈ ਹੇਠ ਸਖ਼ਤ ਸੁਰੱਖਿਆ ਪ੍ਰਬੰਧਾਂ ਵਿੱਚ ਹੋਈ ਮੀਟਿੰਗ ਦੌਰਾਨ ਪਹਿਲਾਂ ਨਵੇਂ ਚੁਣੇ ਗਏ ਕੌਂਸਲਰਾਂ ਨੂੰ ਸਹੁੰ ਚੁਕਾਈ ਗਈ। ਇਸ ਉਪਰੰਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਕਰਵਾਈ ਗਈ, ਜਿਸ ਵਿੱਚ ਸੰਦੀਪ ਕੌਰ ਚੀਮਾ ਨੂੰ ਨਗਰ ਕੌਂਸਲ ਦਾ ਨਵਾਂ ਪ੍ਰਧਾਨ ਅਤੇ ਗੁਰਜੀਤ ਕੌਰ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਹਲਕਾ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਚੋਣ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਰਾਣਾ ਧੜੇ ਦੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਅਤੇ ਜਿੱਤ ਦਾ ਜਸ਼ਨ ਮਨਾਇਆ ਗਿਆ। ਗੌਰਤਲਬ ਹੈ ਕਿ ਨਗਰ ਕੌਂਸਲ ਦੀਆਂ 13 ਸੀਟਾਂ ਵਿੱਚੋਂ 7 ਸੀਟਾਂ ਤੇ ਰਾਣਾ ਧੜੇ ਦੇ ਸਮਰਥਿਤ ਉਮੀਦਵਾਰ ਜੇਤੂ ਰਹੇ ਸਨ, ਜਦਕਿ ਆਮ ਆਦਮੀ ਪਾਰਟੀ ਦੇ 5 ਉਮੀਦਵਾਰਾਂ ਨੇ ਜਿੱਤ ਦਰਜ ਕੀਤੀ ਸੀ। ਇੱਕ ਸੀਟ ਸ਼੍ਰੋਮਣੀ ਅਕਾਲੀ ਦਲ ਦੇ ਖਾਤੇ ਵਿੱਚ ਗਈ, ਜਦਕਿ ਕਾਂਗਰਸ ਪਾਰਟੀ ਆਪਣਾ ਖਾਤਾ ਵੀ ਨਹੀਂ ਖੋਲ੍ਹ ਸਕੀ। ਜ਼ਿਕਰਯੋਗ ਹੈ ਕਿ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਲਈ ਪਹਿਲਾਂ 2 ਜੁਲਾਈ ਨੂੰ ਮੀਟਿੰਗ ਰੱਖੀ ਗਈ ਸੀ, ਪਰ ਉਹ ਮੁਲਤਵੀ ਹੋ ਗਈ ਸੀ। ਦੁਬਾਰਾ ਮੀਟਿੰਗ ਕਰਵਾ ਕੇ ਚੋਣ ਪ੍ਰਕਿਰਿਆ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ। ਚੋਣ ਤੋਂ ਬਾਅਦ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਸਮੂਹ ਨਗਰ ਨਿਵਾਸੀਆਂ, ਵੋਟਰਾਂ, ਸਮਰਥਕਾਂ ਅਤੇ ਪਾਰਟੀ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਲੋਕਾਂ ਨੇ ਇੱਕ ਵਾਰ ਫਿਰ ਸੱਚ ਤੇ ਵਿਕਾਸ ਦੀ ਰਾਜਨੀਤੀ 'ਤੇ ਮੋਹਰ ਲਗਾਈ ਹੈ। ਨਗਰ ਕੌਂਸਲ ਦੀ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਚੋਣ ਨਾਲ ਸੁਲਤਾਨਪੁਰ ਲੋਧੀ ਦੀ ਸਿਆਸਤ ਵਿੱਚ ਰਾਣਾ ਧੜੇ ਨੇ ਇੱਕ ਵਾਰ ਫਿਰ ਆਪਣੀ ਮਜ਼ਬੂਤ ਪਕੜ ਦਾ ਪ੍ਰਦਰਸ਼ਨ ਕੀਤਾ ਹੈ ਅਤੇ ਹੁਣ ਸ਼ਹਿਰ ਵਾਸੀਆਂ ਦੀਆਂ ਨਜ਼ਰਾਂ ਨਵੀਂ ਟੀਮ ਵੱਲੋਂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ 'ਤੇ ਟਿਕੀਆਂ ਹੋਈਆਂ ਹਨ।



# ਖਾਲਸਾ ਏਡ ਇੰਟਰਨੈਸ਼ਨਲ ਲਾਇਨਜ਼ ਇੰਟਰਨੈਸ਼ਨਲ ਹਿਊਮੈਨਿਟੇਰੀਅਨ ਐਵਾਰਡ ਨਾਲ ਸਨਮਾਨਤ

ਬੀਜਿੰਗ : ਹਾਂਗ ਕਾਂਗ ਵਿੱਚ ਆਯੋਜਿਤ ਇੱਕ ਸ਼ਾਨਦਾਰ ਸਮਾਰੋਹ ਦੌਰਾਨ ਖਾਲਸਾ ਏਡ ਇੰਟਰਨੈਸ਼ਨਲ ਨੂੰ ਲਾਇਨਜ਼ ਇੰਟਰਨੈਸ਼ਨਲ ਹਿਊਮੈਨਿਟੇਰੀਅਨ ਐਵਾਰਡ 2025-2026 ਨਾਲ ਸਨਮਾਨਤ ਕੀਤਾ ਗਿਆ। ਇਹ ਸਨਮਾਨ ਵਿਸ਼ਵ ਭਰ ਵਿੱਚ ਮਨੁੱਖਤਾ ਦੀ ਭਲਾਈ ਲਈ ਕੀਤੀਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਦੀ ਮਾਨਤਾ ਵਜੋਂ ਪ੍ਰਦਾਨ ਕੀਤਾ ਗਿਆ।ਇਸ ਵਿਸ਼ਵ ਪੱਧਰੀ ਸਮਾਗਮ ਵਿੱਚ ਦੁਨੀਆ ਭਰ ਤੋਂ ਲਗਭਗ 17,000 ਲਾਇਨਜ਼ ਅਤੇ ਲਿਓਜ਼ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਰਵੀ ਸਿੰਘ, ਸੰਸਥਾਪਕ ਅਤੇ ਮੁਖੀ, ਖਾਲਸਾ ਏਡ ਇੰਟਰਨੈਸ਼ਨਲ ਨੇ ਹਾਜ਼ਰ ਪ੍ਰਤੀਨਿਧੀਆਂ ਨੂੰ ਸੰਬੋਧਨ ਕਰਦਿਆਂ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਖਾਲਸਾ ਏਡ ਵੱਲੋਂ ਆਫ਼ਤਾਂ, ਜੰਗਾਂ ਅਤੇ ਹੋਰ ਸੰਕਟਮਈ ਹਾਲਾਤਾਂ ਦੌਰਾਨ ਕੀਤੀਆਂ ਜਾ ਰਹੀਆਂ ਮਨੁੱਖਤਾ ਦੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਖਾਲਸਾ ਏਡ ਦਾ ਮੂਲ ਉਦੇਸ਼ ਬਿਨਾਂ ਕਿਸੇ ਭੇਦਭਾਵ ਦੇ ਲੋੜਵੰਦਾਂ ਦੀ ਸੇਵਾ ਕਰਨਾ ਹੈ।ਇਸ ਮੌਕੇ ਲਾਇਨਜ਼ ਇੰਟਰਨੈਸ਼ਨਲ ਵੱਲੋਂ ਰਵੀ ਸਿੰਘ ਨੂੰ ਮਨੁੱਖਤਾ ਦੀ ਨਿਸ਼ਕਾਮ ਸੇਵਾ ਲਈ ਸਨਮਾਨਿਤ ਕਰਦਿਆਂ 5 ਲੱਖ ਅਮਰੀਕੀ ਡਾਲਰ ਦੀ ਰਾਸ਼ੀ ਵੀ ਭੇਟ ਕੀਤੀ ਗਈ, ਤਾਂ ਜੋ ਖਾਲਸਾ ਏਡ ਇੰਟਰਨੈਸ਼ਨਲ ਦੁਨੀਆ ਭਰ ਵਿੱਚ ਆਪਣੀਆਂ ਮਨੁੱਖੀ ਸੇਵਾਵਾਂ ਨੂੰ ਹੋਰ ਵਿਸਥਾਰ ਦੇ ਸਕੇ।ਇਸ ਮੌਕੇ ਰਵੀ ਸਿੰਘ ਦੇ ਨਾਲ ਗੁਰਮੀਤ ਸਿੰਘ ਮਾਟੋ (ਯੂ ਕੇ), ਸਤਿੰਦਰ ਕੌਰ ਕਲਸੀ (ਮੁੱਖ ਵਿੱਤੀ ਅਧਿਕਾਰੀ ਸੀ ਐੱਫ ਓ), ਬਲ ਸੰਧੂ (ਯੂ ਕੇ) ਅਤੇ ਜਸਪ੍ਰੀਤ ਸਿੰਘ ਦਹੀਆ (ਟਰੱਸਟੀ, ਭਾਰਤ) ਵੀ ਮੌਜੂਦ ਸਨ, ਜਿਨ੍ਹਾਂ ਨੇ ਇਸ ਮਾਣਮੱਤੇ ਸਮਾਗਮ ਵਿੱਚ ਖਾਲਸਾ ਏਡ ਇੰਟਰਨੈਸ਼ਨਲ ਦੀ ਨੁਮਾਇੰਦਗੀ ਕੀਤੀ।ਇਹ ਸਨਮਾਨ ਅਤੇ ਆਰਥਿਕ ਸਹਿਯੋਗ ਖਾਲਸਾ ਏਡ ਇੰਟਰਨੈਸ਼ਨਲ ਵੱਲੋਂ ਵਿਸ਼ਵ ਭਰ ਵਿੱਚ ਕੀਤੀ ਜਾ ਰਹੀ ਨਿਸ਼ਕਾਮ ਮਨੁੱਖੀ ਸੇਵਾ ਪ੍ਰਤੀ ਅੰਤਰਰਾਸ਼ਟਰੀ ਭਾਈਚਾਰੇ ਦੇ ਵਿਸ਼ਵਾਸ, ਸਤਿਕਾਰ ਅਤੇ ਪ੍ਰਸ਼ੰਸਾ ਦਾ ਪ੍ਰਤੀਕ ਹੈ।ਖਾਲਸਾ ਏਡ ਇੰਟਰਨੈਸ਼ਨਲ ਨੇ ਇਸ ਮਾਣਯੋਗ ਸਨਮਾਨ ਲਈ ਲਾਇਨਜ਼ ਇੰਟਰਨੈਸ਼ਨਲ ਦਾ ਦਿਲੋਂ ਧੰਨਵਾਦ ਕੀਤਾ ਹੈ।



## ਮਾਮਲਾ ਬਿਆਸ ਪਿੰਡ 'ਚ ਤਿੰਨ ਕਿਸਾਨਾਂ ਦੀਆਂ ਪੰਜ ਮੱਝਾਂ ਚੋਰੀ ਹੋਣ ਦਾ

# ਪੀੜਤ ਕਿਸਾਨਾਂ ਨੇ ਪੁਲਸ ਦੇ ਉੱਚ ਅਧਿਕਾਰੀਆਂ ਕੋਲ ਲਾਈ ਇਨਸਾਫ ਦੀ ਗੁਹਾਰ

**ਅਲਾਵਲਪੁਰ (ਮਦਨ ਬੰਗੜ)**- ਬੀਤੇ ਦਿਨ ਅਲਾਵਲਪੁਰ ਪੁਲਿਸ ਚੌਕੀ ਅਧੀਨ ਪੈਂਦੇ ਬਿਆਸ ਪਿੰਡ ਦੇ ਕਿਸਾਨ ਮਨਜੀਤ ਸਿੰਘ ਅਤੇ ਬਲਵਿੰਦਰ ਸਿੰਘ (ਦੋਵੇਂ ਭਰਾ) ਨਿਵਾਸੀ ਬਿਆਸ ਪਿੰਡ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹਨਾਂ ਦੀ ਰਿਹਾਇਸ਼ ਪਿੰਡ ਵਿੱਚ ਹੈ ਅਤੇ ਉਨਾਂ ਦਾ ਡੇਰਾ ਪਿੰਡ ਤੋਂ ਬਾਹਰ ਹੈ ਜਿੱਥੇ ਉਨਾਂ ਨੇ ਪਸ਼ੂ ਰੱਖੇ ਹੋਏ ਸਨ। 5 ਜੂਨ ਨੂੰ ਦੇਰ ਰਾਤ ਤੱਕ ਉਹ ਆਪਣੇ ਪਸ਼ੂਆਂ ਦੀ ਦੇਖ ਰੇਖ ਅਤੇ ਉਹਨਾਂ ਨੂੰ ਚਾਰਾ ਪਾ ਕੇ ਉਹ ਆਪਣੇ-ਆਪਣੇ ਘਰ ਆ ਗਏ ਤੇ ਜਦ ਸਵੇਰੇ ਉਹ ਡੇਰੇ ਤੇ ਗਏ ਤਾਂ ਦੇਖਿਆ ਕਿ ਉਹਨਾਂ ਦੀਆਂ ਦੋਵੇਂ ਭਰਾਵਾਂ ਦੀਆਂ ਚਾਰ ਮੱਝਾਂ ਉੱਥੇ ਮੌਜੂਦ ਨਹੀਂ ਸਨ। ਜਿਸ ਵਿੱਚ ਮਨਜੀਤ ਸਿੰਘ ਦੀ ਇੱਕ ਅਤੇ ਬਲਵਿੰਦਰ ਸਿੰਘ ਦੀਆਂ ਤਿੰਨ ਮੱਝਾਂ ਸਨਜੋ ਚੋਰ ਚੋਰੀ ਕਰਕੇ ਲੈ ਗਏ। ਇਸੇ ਹੀ ਤਰ੍ਹਾਂ ਕਿਸਾਨ ਕੁਲਵਿੰਦਰ ਸਿੰਘ ਪੁੱਤਰ ਉਧਮ ਸਿੰਘ ਨਿਵਾਸੀ ਬਿਆਸ ਪਿੰਡ ਨੇ ਦੱਸਿਆ ਕਿ 19 ਅਪ੍ਰੈਲ ਦੀ ਰਾਤ ਨੂੰ ਉਹਦੇ ਡੇਰੇ ਤੋਂ ਚੋਰ ਦੋ ਮੱਝਾਂ ਚੋਰੀ ਕਰਕੇ ਲੈ ਗਏ ਸਨ ਜਿਸ ਦੇ ਵਿੱਚੋਂ ਇੱਕ ਮੱਝ ਗੱਡੀ ਵਿੱਚ ਲੱਦਣ ਸਮੇਂ ਇੱਕ ਮੱਝ ਖੂਹ ਵਿੱਚ ਡਿੱਗ ਪਈ ਸੀ ਤੇ ਇੱਕ ਮੱਝ ਲੈ ਕੇ ਚੋਰ ਫਰਾਰ ਹੋ ਗਏ ਸਨ। ਇਹਨਾਂ ਤਿੰਨਾਂ ਕਿਸਾਨਾਂ ਦਾ ਕਰੀਬ ਚਾਰ ਤੋਂ ਪੰਜ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਕਿਸਾਨਾਂ ਵੱਲੋਂ ਸੰਬੰਧਿਤ ਪੁਲਿਸ ਚੌਂਕੀ ਅਲਾਵਲਪੁਰ ਵਿਖੇ ਇਹਨਾਂ ਘਟਨਾਵਾਂ ਦੀ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਸੀ, ਲੇਕਿਨ ਅਜੇ ਤੱਕ ਪੁਲਿਸ ਮੱਝਾਂ ਨੂੰ ਚੋਰੀ ਕਰਨ ਵਾਲੇ ਚੋਰਾਂ ਦਾ ਕੋਈ ਵੀ ਸੁਰਾਗ ਨਹੀਂ ਲਗਾ ਸਕੀ। ਮਹੀਨੇ ਤੋਂ ਉੱਪਰ ਸਮਾਂ ਬੀਤਣ ਤੋਂ ਬਾਅਦ ਵੀ ਅਜੇ ਤੱਕ ਪੁਲਸ ਦੇ ਹੱਥ ਖਾਲੀ ਹਨ। ਇਸ ਸਬੰਧੀ ਮਨਜੀਤ ਸਿੰਘ, ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਹਰਵਿੰਦਰ ਸਿੰਘ, ਰਣਜੀਤ ਸਿੰਘ ਰਾਜਾ, ਕੁਲਵੰਤ ਸਿੰਘ ਆਦਿ ਕਿਸਾਨਾਂ ਨੇ ਐੱਸ ਐੱਸ ਪੀ ਦਿਹਾਤੀ ਅਤੇ ਹੋਰ ਉੱਚ ਅਧਿਕਾਰੀਆਂ ਨੂੰ ਗੁਹਾਰ ਲਗਾਈ ਹੈ ਕਿ ਉਨਾਂ ਦੀਆਂ ਮੱਝਾਂ ਨੂੰ ਲੱਭ ਕੇ ਉਹਨਾਂ ਨੂੰ ਇਨਸਾਫ ਦਿਵਾਇਆ ਜਾਵੇ। ਇਸ ਸਬੰਧੀ ਪੁਲਿਸ ਚੌਂਕੀ ਅਲਾਵਲਪੁਰ ਦੇ ਇੰਚਾਰਜ ਸਬ ਇੰਸ. ਹਰਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਇਸ ਸਬੰਧੀ ਪੁਲਿਸ ਚੌਂਕੀ ਅਲਾਵਲਪੁਰ ਦੇ ਇੰਚਾਰਜ ਸਬ ਇੰਸ. ਰਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਪੀੜਤ ਕਿਸਾਨਾਂ ਦੀ ਸ਼ਿਕਾਇਤ ਤੇ ਉਹਨਾਂ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਸੀ ਤੇ ਇੱਕ ਗੱਡੀ ਸਮੇਤ ਕੁਝ ਲੋਕਾਂ ਨੂੰ ਰਾਊਂਡ ਅਪ ਕਰਕੇ ਪੁੱਛਗਿੱਛ ਕੀਤੀ ਗਈ ਸੀ ਲੇਕਿਨ ਉਹ ਇਹਨਾਂ ਚੋਰੀਆਂ ਵਿੱਚ ਨਹੀਂ ਪਾਏ ਗਏ। ਚੋਰਾਂ ਨੂੰ ਫੜਨ ਲਈ ਯਤਨ ਜਾਰੀ ਹਨ ਤੇ ਜਲਦ ਹੀ ਚੋਰਾਂ ਨੂੰ ਗ੍ਰਿਫਤਾਰ ਲਿਆ ਜਾਵੇਗਾ।



# ਪੰਥ ਅਕਾਲੀ ਨਿਹੰਗ ਦਲ ਮਿਸਲ ਸ਼ਹੀਦਾਂ ਵੱਲੋਂ ਗੁਰਮਤਿ ਸਿਖਲਾਈ ਕੈਂਪ ਸਮਾਪਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਥ ਅਕਾਲੀ ਨਿਹੰਗ ਦਲ ਮਿਸਲ ਸ਼ਹੀਦਾਂ ਵੱਲੋਂ ਪਿੰਡ ਢੰਗਰਾਲੀ ਵਿਖੇ ਸੱਤ ਰੋਜ਼ਾ ਗੁਰਮਤ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਗੁਰਮਤਿ ਸਿਖਲਾਈ ਕੈਂਪ ਵਿੱਚ ਲਗਭਗ 2530 ਭਜੰਗੀਆਂ ਨੇ ਸਿਖਲਾਈ ਪ੍ਰਾਪਤ ਕੀਤੀ। ਕੈਂਪ ਵਿੱਚ ਬੱਚਿਆਂ ਨੂੰ ਗੁਰਬਾਣੀ ਪਾਠ ਬੋਧ, ਗੁਰੂ ਸਾਹਿਬਾਨ, ਪੰਜ ਪਿਆਰੇ, ਸਾਹਿਬਜ਼ਾਦੇ, ਸਿੱਖ ਤਖਤ, ਸਿੱਖ ਗੁਰਧਾਮ ਅਤੇ ਸੂਰਵੀਰ ਵੀਰਾਂ ਬਾਰੇ ਪੜ੍ਹਾਈ ਕਰਵਾਈ ਗਈ। ਬੱਚਿਆਂ ਨੂੰ ਕੈਂਪ ਦੇ ਵਿੱਚ ਨਿਹੰਗ ਸਿੰਘਾਂ ਜਿਹੇ ਦੁਮਾਲੇ ਅਤੇ ਦੁਨਿਆਵੀ ਦਸਤਾਰਾਂ ਸਜਾਉਣ ਲਈ ਪ੍ਰੇਰਿਤ ਅਤੇ ਉਤਸ਼ਾਹਤ ਕੀਤਾ ਗਿਆ ਦੁਮਾਲੇ ਤੇ ਦਸਤਾਰਾਂ ਸਜਾਉਣ ਦੀ ਤਕਨੀਕੀ ਜਾਣਕਾਰੀ ਦਿੱਤੀ ਗਈ।ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਿੱਖ ਵਿਦਵਾਨ ਸਵਰਨ ਸਿੰਘ ਢੰਗਰਾਲੀ ਨੇ ਦੱਸਿਆ ਕਿ ਇਹ ਗੁਰਮਤਿ ਸਿਖਲਾਈ ਕੈਂਪ ਨਿਹੰਗ ਦਲ ਮਿਸਲ ਸ਼ਹੀਦਾਂ ਭੁਝੰਗ ਫੌਜਾਂ ਜਥਾ ਫਤਿਹਗੜ੍ਹ ਨੇੜੇ ਕੁਰਾਲੀ ਦੇ ਜਥੇ ਵੱਲੋਂ ਲਗਾਇਆ ਗਿਆ ਸੀ। ਪੰਥ ਦਲ ਦੇ ਜਥੇਦਾਰ ਮਸਤਾਨ ਸਿੰਘ ਨਿਹੰਗ ਨੇ ਸਮੁੱਚੇ ਕੈਂਪ ਦੀ ਨਿਗਰਾਨੀ ਕੀਤੀ ਅਤੇ ਖੁਦ ਆਪ ਬੱਚਿਆਂ ਨੂੰ ਸ਼ਾਸਤਰ ਵਿਦਿਆ ਦਾ ਅਭਿਆਸ ਕਰਵਾਇਆ। ਨਿਹੰਗ ਜਥੇਬੰਦੀਆਂ ਵੱਲੋਂ ਬੱਚਿਆਂ ਨੂੰ ਰੋਜ਼ਾਨਾ ਘੋੜ ਸਵਾਰੀ ਦਾ ਅਭਿਆਸ ਕਰਵਾਇਆ ਗਿਆ। ਕੈਂਪ ਦੇ ਆਖਰੀ ਦਿਨ ਗੁਰਦੁਆਰਾ ਸਾਹਿਬ ਭਗਤ ਰਵਿਦਾਸ ਜੀ ਵਿਖੇ ਦਸਤਾਰਬੰਦੀ ਅਤੇ ਕੈਂਪ ਦੌਰਾਨ ਕੀਤੀ ਪੜ੍ਹਾਈ ਦੀ ਪ੍ਰੀਖਿਆ ਦਾ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਪਹਿਲੇ ਤਿੰਨ ਸਥਾਨਾਂ ਉੱਤੇ ਆਉਣ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਭੁਚੰਗੀਆਂ ਵਿੱਚੋਂ ਪਹਿਲੇ ਸਥਾਨ ਤੇ ਮਾਨਵਦੀਪ ਸਿੰਘ, ਦੂਜੇ ਸਥਾਨ ਤੇ ਅਨਮੋਲਜੀਤ ਸਿੰਘ ਰਿਹਾ। ਭੁਝੰਗਣਾ ਵਿੱਚੋਂ ਤੇਗ ਨੂਰ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਭੁਝੰਗੀਆਂ ਅਤੇ ਭੁਝੰਗਣਾਂ ਨੂੰ ਮੈਡਲ ਦੇ ਕੇ ਉਤਸ਼ਾਹਤ ਕੀਤਾ ਗਿਆ। ਇਸ ਸਮੇਂ ਢਾਡੀ ਜਸਮੇਰ ਸਿੰਘ ਬਾਠਾਂ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਮੀਰੀ ਪੀਰੀ ਦੇ ਮਾਲਕ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਇਤਿਹਾਸ ਨਾਲ ਸੰਬੰਧਿਤ ਢਾਡੀ ਵਾਰਾਂ ਗਾ ਕੇ ਨਿਹਾਲ ਕੀਤਾ।

ਸ਼ਾਮੀ 6 ਵਜੇ ਨਿਹੰਗ ਪੰਥ ਅਕਾਲੀ ਦਲ ਦੇ ਜਥੇਦਾਰ ਮਸਤਾਨ ਸਿੰਘ ਜੀ ਦੀ ਅਗਵਾਈ ਵਿੱਚ ਪਿੰਡ ਦੇ ਵਿੱਚ ਮਹੱਲਾ ਸਜਾਇਆ ਗਿਆ। ਖੇਡ ਸਟੇਡੀਅਮ ਢੰਗਰਾਲੀ ਤੋਂ ਨਗਾਰਿਆਂ ਤੇ ਚੋਟ ਲਾ ਕੇ ਘੋੜਿਆਂ ਤੇ ਅਸਵਾਰ ਹੋ ਕੇ ਨਿਹੰਗ ਫੌਜਾਂ ਨੇ ਮਹੱਲਾ ਆਰੰਭ ਕੀਤਾ। ਪਿੰਡ ਢੰਗਰਾਲੀ ਅਤੇ ਖੈਰਪੁਰ ਦੀ ਪਰਿਕਰਮਾ ਕਰਕੇ ਇਹ ਮਹੱਲਾ ਖੇਡ ਸਟੇਡੀਅਮ ਢੰਗਰਾਲੀ ਵਿੱਚ ਸਮਾਪਤ ਹੋਇਆ। ਜਿੱਥੇ ਨਿਹੰਗ ਫੌਜਾਂ ਨੇ ਸ਼ਾਸਤਰਾਂ ਅਤੇ ਘੋੜ ਸਵਾਰੀ ਦੇ ਦਿਲਚਸਪ ਕਰਤਬ ਦਿਖਾਏ। ਪਿੰਡ ਵਾਸੀਆਂ ਨੇ ਜਿੱਥੇ ਇਸ ਮਹੱਲੇ ਵਿੱਚ ਸ਼ਾਮਿਲ ਹੋਣ ਲਈ ਤੇ ਦੇਖਣ ਲਈ ਉਤਸੁਕਤਾ ਦਿਖਾਈ ਉਥੇ ਗੁਰਦੁਆਰਾ ਸਾਹਿਬ ਵਿੱਚ ਤੀਜੇ ਪਹਿਰ ਕੀਤੇ ਸਮਾਗਮ ਵਿੱਚ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਜਿਸ ਵਿੱਚ ਹੋਰਨਾਂ ਤੋਂ ਇਲਾਵਾ ਪਤਵੰਤੇ ਨਿਰਮਲ ਸਿੰਘ ਖਾਲਸਾ, ਜਸਵੰਤ ਸਿੰਘ ਸੀਟੀਊ, ਸੂਬੇਦਾਰ ਨਿਰਮਲ ਸਿੰਘ, ਰਣਜੋਧ ਸਿੰਘ, ਡਾਕਟਰ ਸੁਖਵਿੰਦਰ ਸਿੰਘ ਘੋਕਾ, ਰਾਜਵਿੰਦਰ ਸਿੰਘ, ਹਰਪ੍ਰੀਤ ਸਿੰਘ, ਮੇਵਾ ਸਿੰਘ, ਨਿੱਕਾ ਪਿੰਟਰ, ਸੁਰਮੁੱਖ ਸਿੰਘ, ਹੈਰੀ ਆਦਿ ਨੇ ਸਰਗਰਮੀ ਨਾਲ ਸ਼ਿਰਕਤ ਕੀਤੀ।





# ਗੁਰਮਤਿ ਸਮਾਗਮ ਅੱਜ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ, ਸੋਹਾਣਾ ਵਿਖੇ ਬ੍ਰਹਮਲੀਨ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ ਦੇ ਬਚਨਾਂ ਸਦਕਾ 29 ਨਵੰਬਰ 1993 ਤੋਂ ਨਿਰੰਤਰ ਚੱਲ ਰਹੀ ਸਦੀਵੀ ਲੜੀ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ 59ਵੀਂ ਲੜੀ ਦੇ 5959ਵੇਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਸੰਪੂਰਨ ਹੋਣ ਦੀ ਖੁਸ਼ੀ ਵਿੱਚ ਮਹਾਨ ਜੱਗ ਅਤੇ ਗੁਰਮਤਿ ਸਮਾਗਮ ਦਾ ਆਯੋਜਨ 7 ਜੁਲਾਈ ਨੂੰ ਕੀਤਾ ਜਾ ਰਿਹਾ ਹੈ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਖੁਸ਼ੀ ਵਿੱਚ ਬਾਬਾ ਜੀ ਦੇ ਬਚਨਾ ਸਦਕਾ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਢਾਡੀ ਜੱਥੇ, ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਕਥਾ, ਕੀਰਤਨ, ਕਵੀਸ਼ਰੀ, ਢਾਡੀ ਵਾਰਾਂ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਇਸ ਦਿਨ ਲੱਡੂ ਜਲੇਬੀਆਂ ਅਤੇ ਕਈ ਤਰ੍ਹਾਂ ਦੇ ਮਿਸ਼ਟਾਨਾਂ ਦਾ ਮਹਾਨ ਜੱਗ ਅਤੇ ਗੁਰੂ ਕਾ ਲੰਗਰ ਇਸ ਮੌਕੇ ਤੇ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ ।

# ਸ਼ਿਵ ਸੈਨਾ ਵੱਲੋਂ ਤ੍ਰਿਸ਼ੂਲ ਮਾਰਚ 15 ਨੂੰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਸਨਾਤਨ ਹਿੰਦੂ ਸਮਾਜ ਦੇ ਧਾਰਮਿਕ ਸਮਾਗਮਾਂ ਅਤੇ ਉਨ੍ਹਾਂ ਦੇ ਬਣਦੇ ਹੱਕਾਂ ਨੂੰ ਲਗਾਤਾਰ ਅਣਗੌਲਿਆਂ ਕਰਨ ਵਾਲੀ ਸਰਕਾਰ ਨੂੰ ਜਗਾਉਣ ਲਈ 15 ਜੁਲਾਈ ਨੂੰ ਪੰਜਾਬ ਭਰ ਵਿੱਚ ਕੱਢੇ ਜਾ ਰਹੇ ਤ੍ਰਿਸ਼ੂਲ ਮਾਰਚ ਦੀਆਂ ਤਿਆਰੀਆਂ ਅਤੇ ਰਣਨੀਤੀ ਤਿਆਰ ਕਰਨ ਸੰਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਵੈਲਵੇਟ ਰਿਜ਼ੋਰਟ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ, ਰਾਸ਼ਟਰੀ ਜਨਰਲ ਸਕੱਤਰ ਕ੍ਰਿਸ਼ਨ ਸ਼ਰਮਾ ਅਤੇ ਪੰਜਾਬ ਵਾਈਸ ਪ੍ਰਧਾਨ ਰਜਿੰਦਰ ਰਾਣਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਵਿਚ ਸ਼ਾਮਿਲ ਸ਼ਿਵ ਸੈਨਾ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਸੀਨੀਅਰ ਸਿਟੀ ਪ੍ਰਧਾਨ ਰਾਜੀਵ ਖੰਨਾ, ਬਲਾਕ ਵਾਈਸ ਪ੍ਰਧਾਨ ਨਵੀ ਅਰੋੜਾ, ਸਿਟੀ ਯੂਥ ਪ੍ਰਧਾਨ ਗੁਰਨਾਮ ਸਿੰਘ ਗੋਨੀ ਅਤੇ ਵੱਖ ਵੱਖ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ਼ਿਵ ਸੇਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਪਵਨ ਗੁਪਤਾ ਨੇ ਕਿਹਾ ਕਿ 84 ਦੰਗਿਆਂ ਦੇ ਵਿੱਚ ਉਜੜੇ ਹਿੰਦੂ ਪਰਵਾਰਾਂ ਨੂੰ ਉਨ੍ਹਾਂ ਦਾ ਬਣਦਾ ਮੁਆਵਜ਼ਾ ਦਿੱਤਾ ਜਾਵੇ। ਰਾਹੁਲ ਖੰਨਾ ਨੇ ਕਿਹਾ ਕਿ 15 ਜੁਲਾਈ ਨੂੰ ਪੰਜਾਬ ਦੇ ਸਾਰੇ ਜਿਲ੍ਹਿਆਂ ਵਿੱਚ ਸ਼ਿਵ ਸੇਨਾ ਹਿੰਦੁਸਤਾਨ ਵੱਲੋਂ ਤ੍ਰਿਸ਼ੂਲ ਮਾਰਚ ਕੱਢੇ ਜਾਣਗੇ ਅਤੇ ਮੁੱਖ ਮੰਤਰੀ ਦੇ ਨਾਂਅ ਜ਼ਿਲ੍ਹਾ ਡਿਪਟੀ ਕਮਿਸ਼ਨਰ ਨੂੰ ਹਿੰਦੂ ਸਮਾਜ ਦੀਆਂ 11 ਸੂਤਰੀ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ ਜਾਵੇਗਾ। ਯੁਵਾ ਨੇਤਾ ਅਰਵ ਖੋਸਲਾ, ਬਲਾਕ ਪ੍ਰਧਾਨ ਗੌਰਵ ਬੇਦੀ, ਸਿਟੀ ਯੂਥ ਵਾਈਸ ਚੇਅਰਮੈਨ ਬਬਲੂ ਕੁਮਾਰ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ, ਸਾਗਰ ਸਹੋਤਾ, ਜਸ਼ਨ, ਗਗਨਦੀਪ, ਕਰਨ ਪੰਡੋਰੀ, ਜੋਨਾ, ਪਰਮਜੀਤ ਬਾਬੂ, ਰਾਜਵੀਰ, ਬਲਰਾਜ ਸੋਨੀ, ਰਵੀ ਚੌਹਾਨ, ਕਰਨ ਚੌਹਾਨ, ਸੁਰਜੀਤ, ਦੀਪਕ ਟਾਂਡਾ, ਬਲਰਾਮ ਅਤੇ ਹੋਰ ਸ਼ਿਵ ਸੈਨਿਕ ਹਾਜਰ ਸਨ।

# ਵੈੱਲਫੇਅਰ ਸੋਸਾਇਟੀ ਨੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਪਿਛਲੇ ਕੁਝ ਦਿਨਾਂ ਤੋਂ ਫਗਵਾੜਾ ਵਿੱਚ ਪੈ ਰਹੀ ਤੇਜ਼ ਗਰਮੀ ਤੋਂ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ, ਡਾ. ਸਤੀਸ਼ ਨਗਰ ਅਤੇ ਕੀਰਤੀ ਨਗਰ ਵੈਲਫੇਅਰ ਸੋਸਾਇਟੀ ਨੇ ਰਾਹਗੀਰਾਂ ਲਈ ਠੰਡੇ ਮਿੱਠੇ ਪਾਣੀ ਦੀ ਛਬੀਲ ਲਗਾਈ। ਇਸ ਮੌਕੇ 'ਤੇ ਸਾਰੇ ਰਾਹਗੀਰਾਂ ਨੂੰ ਠੰਡਾ, ਮਿੱਠਾ ਪਾਣੀ ਪਿਲਾਇਆ ਗਿਆ। ਰਾਸ਼ਟਰੀ ਘੱਟ ਗਿਣਤੀ ਐਕਸ਼ਨ ਫਰੰਟ ਦੇ ਸੂਬਾ ਪ੍ਰਧਾਨ, ਸਰਵਰ ਗੁਲਾਮ ਸਬਾ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਰਾਹਗੀਰਾਂ ਅਤੇ ਸ਼ਰਧਾਲੂਆਂ ਨੂੰ ਠੰਡਾ, ਮਿੱਠਾ ਪਾਣੀ ਪਿਲਾਇਆ। ਇਸ ਮੌਕੇ 'ਤੇ ਸਰਵਰ ਗੁਲਾਮ ਸਾਬਾ ਨੇ ਕਿਹਾ ਕਿ ਤੇਜ਼ ਗਰਮੀ ਦੌਰਾਨ ਲੋਕਾਂ ਨੂੰ ਠੰਡਾ, ਮਿੱਠਾ ਪਾਣੀ ਪਿਲਾਉਣਾ ਇੱਕ ਬਹੁਤ ਹੀ ਪੁੰਨ ਦਾ ਕੰਮ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸੰਸਕ੍ਰਿਤੀ ਅਤੇ ਸਾਰੇ ਧਰਮ ਸਾਨੂੰ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੇ ਹਨ, ਅਤੇ ਲੋੜਵੰਦਾਂ ਦੀ ਸੇਵਾ ਕਰਨਾ ਹੀ ਸੱਚੀ ਮਨੁੱਖਤਾ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਸਮਰੱਥ ਵਿਅਕਤੀ ਨੂੰ ਲੋੜਵੰਦਾਂ ਨੂੰ ਰਾਹਤ ਪਹੁੰਚਾਉਣ ਲਈ ਅਜਿਹੀਆਂ ਸੇਵਾ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣਾ ਚਾਹੀਦਾ ਹੈ। ਉਨ੍ਹਾਂ ਪ੍ਰਬੰਧਕ ਕਮੇਟੀ ਦੇ ਸ਼ਲਾਘਾਯੋਗ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੇਵਾ ਗਤੀਵਿਧੀਆਂ ਸਮਾਜ ਵਿੱਚ ਭਾਈਚਾਰਾ, ਪਿਆਰ ਅਤੇ ਆਪਸੀ ਸਦਭਾਵਨਾ ਨੂੰ ਮਜ਼ਬੂਤ ਕਰਦੀਆਂ ਹਨ। ਇਸ ਮੌਕੇ ਸੰਜੀਵ ਜਲੋਟਾ, ਧਰਮਵੀਰ ਰਾਣਾ, ਦੇਵ ਕਾਲੀਆ, ਪੱਪਲ ਪਰਬਿੰਦਰ, ਹਰਪਾਲ ਸਿੰਘ, ਸਰਬਰ ਗੁਲਾਮ, ਧੀਰਜ ਵਰਮਾਨੀ, ਪੱਲੀ, ਤਜਿੰਦਰ ਕੌਰ ਵਾਲੀਆ, ਵੀਨਾ ਰਾਣਾ, ਸਪਨਾ ਰਾਣੀ, ਵੀਨਾ ਰਾਣੀ, ਪੂਨਮ ਜਲੋਟਾ ਅਤੇ ਨਜਮਾ ਵੀ ਮੌਜੂਦ ਸਨ।



# ਵਣ ਮਹਾਂਉਤਸਵ ਮਨਾਇਆ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਗਲੋਬਲ ਸਕੂਲ ਦੀ ਚੇਅਰਪਰਸਨ ਸਲਵਿੰਦਰਜੀਤ ਕੌਰ ਨੇ ਵਨ ਮਹਾਉਤਸਵ ਮੌਕੇ ਕਿਹਾ, ਆਓ ਸਿਰਫ਼ ਵਨ ਮਹਾਉਤਸਵ ਦੇ ਹਫ਼ਤੇ ਹੀ ਨਹੀਂ, ਸਗੋਂ ਹਰ ਰੋਜ਼ ਕੁਦਰਤ ਦੀ ਸੰਭਾਲ ਕਰੀਏ। ਅੱਜ ਲਾਇਆ ਹਰ ਰੁੱਖ ਕੱਲ੍ਹ ਨੂੰ ਹੋਰ ਹਰਿਆ-ਭਰਿਆ, ਤੰਦਰੁਸਤ ਅਤੇ ਖੁਸ਼ਹਾਲ ਬਣਾਉਂਦਾ ਹੈ। ਬੱਚਿਆਂ ਵਿੱਚ ਵਾਤਾਵਰਣ ਦੀ ਰੱਖਿਆ ਦੀ ਭਾਵਨਾ ਛੋਟੀ ਉਮਰ ਤੋਂ ਹੀ ਪੈਦਾ ਹੋਣੀ ਚਾਹੀਦੀ ਹੈ। ਏ ਜੀ ਆਈ ਗਲੋਬਲ ਸਕੂਲ ਵਿੱਚ 1 ਤੋਂ 7 ਜੁਲਾਈ ਤੱਕ ਮਨਾਏ ਜਾਣ ਵਾਲੇ ਵਨ ਮਹਾਉਤਸਵ ਨੂੰ ਬੜੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ।ਪੂਰੇ ਹਫ਼ਤੇ ਦੌਰਾਨ ਵਿਦਿਆਰਥੀਆਂ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਬੱਚਿਆਂ ਨੇ ਰੁੱਖ ਲਗਾਉਣ, ਨੇਚਰ ਵਾਕ, ਪੇਪਰ ਬੈਗ ਬਣਾਉਣ, ਸਲੋਗਨ ਲਿਖਣ, ਪੋਸਟਰ ਬਣਾਉਣ ਅਤੇ ਹੋਰ ਵਾਤਾਵਰਣ ਸੰਬੰਧੀ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਰਾਹੀਂ ਬੱਚਿਆਂ ਨੇ ਰੁੱਖਾਂ ਦੀ ਮਹੱਤਤਾ ਅਤੇ ਵਾਤਾਵਰਣ ਦੇ ਸੰਤੁਲਨ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਜਾਣਕਾਰੀ ਹਾਸਲ ਕੀਤੀ। ਸਕੂਲ ਦੀ ਡਾਇਰੈਕਟਰ ਹਰਲੀਨ ਮੋਹਾਂਤੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਾਤਾਵਰਣ ਦੀ ਸੰਭਾਲ ਸਿਰਫ਼ ਸਾਡੀ ਜ਼ਿੰਮੇਵਾਰੀ ਨਹੀਂ, ਸਗੋਂ ਸਾਡੀ ਜੀਵਨ ਸ਼ੈਲੀ ਦਾ ਹਿੱਸਾ ਹੋਣੀ ਚਾਹੀਦੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ, ਕੁਦਰਤੀ ਸਰੋਤਾਂ ਦੀ ਸੰਭਾਲ ਕਰਨ ਅਤੇ ਹੋਰਨਾਂ ਨੂੰ ਵੀ ਵਾਤਾਵਰਣ ਬਚਾਉਣ ਲਈ ਪ੍ਰੇਰਿਤ ਕਰਨ ਲਈ ਕਿਹਾ।



# ਐੱਚ ਐੱਮ ਵੀ 'ਚ ਅਕਾਦਮਿਕ ਸਫਲਤਾਵਾਂ ਦਾ ਸਿਲਸਿਲਾ ਜਾਰੀ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾ ਵਿਦਿਆਲਿਆ ਜਲੰਧਰ ਆਪਣੀ ਅਕਾਦਮਿਕ ਉੱਤਮਤਾ ਦੀ ਸ਼ਾਨਦਾਰ ਪਰੰਪਰਾ ਨੂੰ ਲਗਾਤਾਰ ਨਵੀਆਂ ਉਚਾਈਆਂ 'ਤੇ ਲੈ ਕੇ ਜਾ ਰਿਹਾ ਹੈ। ਹਰ ਨਵੇਂ ਨਤੀਜੇ ਨਾਲ ਸੰਸਥਾ ਦੀ ਚਮਕ ਹੋਰ ਨਿਖਰ ਰਹੀ ਹੈ। ਪੀ ਜੀ ਅਰਥ ਸ਼ਾਸਤਰ ਵਿਭਾਗ ਦੀਆਂ ਵਿਦਿਆਰਥਣਾਂ ਨੇ ਬੀ ਐੱਸ ਸੀ ਇਕਨਾਮਿਕਸ ਸਮੈਸਟਰ ਦੀ ਯੂਨੀਵਰਸਿਟੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮਹਾਵਿਦਿਆਲਿਆ ਦਾ ਨਾਂਅ ਰੌਸ਼ਨ ਕੀਤਾ। ਧਰਾ ਮਹਾਜਨ ਨੇ 8.30 ਐੱਸ ਜੀ ਪੀ ਏ ਪ੍ਰਾਪਤ ਕਰਕੇ ਸ਼ਾਨਦਾਰ ਸਫਲਤਾ ਹਾਸਲ ਕੀਤੀ। ਦੀਵਾਂਸ਼ੀ ਸ਼ਰਮਾ ਨੇ 8.05 ਐੱਸ ਜੀ ਪੀ ਏ ਅਤੇ ਸਾਕਸ਼ੀ ਠਾਕੁਰ ਨੇ 8.00 ਐੱਸ ਜੀ ਪੀ ਏ ਪ੍ਰਾਪਤ ਕਰਕੇ ਆਪਣੀ ਯੋਗਤਾ ਦਾ ਲੋਹਾ ਮਨਵਾਇਆ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਦੇ ਸ਼ਾਨਦਾਰ ਨਤੀਜਿਆਂ ਦੀ ਭਰਪੂਰ ਸ਼ਲਾਘਾ ਕਰਦਿਆਂ ਅਰਥ ਸ਼ਾਸਤਰ ਵਿਭਾਗ ਨੂੰ ਵਿਦਿਆਰਥਣਾਂ ਨੂੰ ਉੱਤਮਤਾ ਵੱਲ ਪ੍ਰੇਰਿਤ ਕਰਨ ਲਈ ਵਧਾਈ ਦਿੱਤੀ। ਜਯੋਤਿਕਾ ਅਤੇ ਸੁਸ਼੍ਰੀ ਹਰਮਨੂ ਨੇ ਵੀ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਇਸ ਉਪਲਬਧੀ ਲਈ ਵਧਾਈ।



# ਸਫਾਈ ਕਾਮਿਆਂ ਵੱਲੋਂ ਕੀਤੀ ਜਾ ਰਹੀ ਹੜਤਾਲ ਦਾ ਪ ਸ ਸ ਫ ਵੱਲੋਂ ਸਮਰਥਨ

**ਜਲੰਧਰ (ਰਾਜੇਸ਼ ਥਾਪਾ)**- ਸੂਬੇ ਦੇ ਮੁਲਾਜ਼ਮਾਂ ਦੀ ਸੰਘਰਸ਼ਸ਼ੀਲ ਜੱਥੇਬੰਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜਨਰਲ ਸਕੱਤਰ ਤੀਰਥ ਸਿੰਘ ਬਾਸੀ ਅਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀ ਕਿਹਾ ਹੈ ਕਿ ਸੂਬੇ ਅੰਦਰ ਸਫਾਈ ਸੇਵਕਾਂ ਵੱਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਸਰਕਾਰ ਦੀ ਵਾਅਦਾ-ਖਿਲਾਫੀ ਵਿਰੁੱਧ 8 ਜੁਲਾਈ ਤੋਂ ਕੀਤੀ ਜਾ ਰਹੀ ਅਣਮਿੱਥੇ ਸਮੇਂ ਦੀ ਹੜਤਾਲ ਦਾ ਜੱਥੇਬੰਦੀ ਵਲੋਂ ਪੂਰਨ ਸਮਰਥਨ ਕੀਤਾ ਜਾਂਦਾ ਹੈ ਅਤੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਖਿਲਾਫ ਕੀਤੇ ਜਾ ਰਹੇ ਸੰਘਰਸ਼ ਨੂੰ ਹੋਰ ਵੀ ਤਿੱਖਾ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਸੂਬਾ ਪ੍ਰੈਸ ਸਕੱਤਰ ਇੰਦਰਜੀਤ ਵਿਰਦੀ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਵੀ ਸਫਾਈ ਸੇਵਕਾਂ ਵਲੋਂ ਲਗਭਗ ਮਹੀਨਾ ਭਰ ਹੜਤਾਲ ਕਰਕੇ ਪੂਰਣ ਤੌਰ ਤੇ ਕੰਮ ਬੰਦ ਰੱਖਿਆ ਸੀ ਅਤੇ ਸੰਘਰਸ਼ ਦੇ ਦਬਾਅ ਸਦਕਾ ਸਰਕਾਰ ਵੱਲੋਂ ਕੀਤੀ ਮੀਟਿੰਗ ਵਿੱਚ ਕੋਈ ਵੀ ਮੰਗ ਪ੍ਰਵਾਨ ਨਹੀਂ ਕੀਤੀ ਗਈ ਜਿਸ ਕਾਰਨ ਮੁੜ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵਲੋਂ ਉਲੀਕੇ ਗਏ ਸੰਘਰਸ਼ਾਂ ਨੂੰ ਹੋਰ ਵੀ ਤੇਜ਼ ਕੀਤਾ ਜਾਵੇਗਾ।



# ਦੋ ਪੁਸਤਕਾਂ 'ਸ਼ਬਦਾਂ ਦੇ ਪਾਸਾਰ' ਤੇ 'ਮਨੋਵਿਕ੍ਰੀਤਿਓ ਕੇ ਸੰਦਰਭ ਮੇਂ ਹਿੰਦੀ ਉਪਨਿਆਸ' ਬਾਰੇ ਵਿਚਾਰ-ਚਰਚਾ

**ਖਰੜ (ਸੁਰਜੀਤ ਸੁਮਨ)**- ਪੰਜਾਬੀ ਸਾਹਿਤ ਸਭਾ ਖਰੜ ਵੱਲੋਂ ਸਥਾਨਕ ਖਾਲਸਾ ਸੈਕੰਡਰੀ ਸਕੂਲ ਵਿਖੇ ਹੋਈ ਇੱਕ ਭਰਵੀਂ ਇੱਕਤਰਤਾ ਜੁੜੀ, ਜਿਸ ਦੀ ਪ੍ਰਧਾਨਗੀ ਉੱਘੇ ਵਿਦਵਾਨ ਤੇ ਆਲੋਚਕ ਪ੍ਰੋ. ਬ੍ਰਹਮਜਗਦੀਸ਼ ਸਿੰਘ ਨੇ ਕੀਤੀ। ਪ੍ਰਧਾਨਗੀ ਮੰਡਲ ਵਿੱਚ ਸਭਾ ਦੇ ਬਾਨੀ-ਸਰਪ੍ਰਸਤ ਮਨਮੋਹਨ ਸਿੰਘ ਦਾਊਂ, ਡਾ. ਜਲੌਰ ਸਿੰਘ ਖੀਵਾ, ਪ੍ਰਵਾਸੀ ਨਾਵਲਕਾਰ ਨਕਸ਼ਦੀਪ ਪੰਜਕੋਹਾ, ਹਰਬੰਸ ਸੋਢੀ, ਡਾ. ਸੁਰਿੰਦਰ ਕੌਰ ਤੇ ਸਭਾ ਦੇ ਪ੍ਰਧਾਨ ਡਾ. ਜਸਪਾਲ ਸਿੰਘ ਜੱਸੀ ਹਾਜ਼ਰ ਹੋਏ। ਮਨਮੋਹਨ ਸਿੰਘ ਦਾਊਂ ਨੇ ਸੁਆਗਤੀ ਸ਼ਬਦ ਬੋਲਦਿਆਂ ਲੇਖਕ ਡਾ. ਜਸਪਾਲ ਸਿੰਘ ਦੀ ਪੁਸਤਕ 'ਸ਼ਬਦਾਂ ਦੇ ਪਾਸਾਰ' ਅਤੇ ਹਿੰਦੀ ਸਾਹਿਤਕਾਰ ਡਾ. ਸੁਰਿੰਦਰ ਕੌਰ ਦੀ ਪੁਸਤਕ 'ਮਨੋਵਿਕ੍ਰੀਤਿਓ ਕੇ ਸੰਦਰਭ ਮੇਂ ਹਿੰਦੀ ਉਪਨਿਆਸ (2001-2010)' ਬਾਰੇ ਭਾਵਪੂਰਤ ਢੰਗ ਨਾਲ ਜਾਣਕਾਰੀ ਦਿੱਤੀ। ਪਹਿਲੇ ਦੌਰ ਵਿੱਚ 'ਸ਼ਬਦਾਂ ਦੇ ਪਾਸਾਰ' ਪੁਸਤਕ ਬਾਰੇ ਨਿੱਠ ਕੇ ਆਲੋਚਕ-ਦ੍ਰਿਸ਼ਟੀ ਰਾਹੀਂ ਡਾ. ਰਜਿੰਦਰ ਸਿੰਘ ਕੁਰਾਲੀ ਨੇ ਪਰਚਾ ਪੇਸ਼ ਕੀਤਾ। ਵਿਚਾਰ ਚਰਚਾ ਨੂੰ ਅੱਗੇ ਤੋਰਦਿਆਂ ਡਾ. ਜਲੌਰ ਸਿੰਘ ਖੀਵਾ ਨੇ ਸਮੁੱਚੀ ਪੁਸਤਕ ਨੂੰ ਸ਼ਬਦ ਦੀ ਸਭਿਆਚਾਰਕ ਦ੍ਰਿਸ਼ਟੀ ਤੋਂ ਆਂਕਿਆ। ਇਸ ਤੋਂ ਬਾਅਦ ਡਾ. ਸੁਰਿੰਦਰ ਕੌਰ ਅਸਿਸਟੈਂਟ ਪ੍ਰੋਫੈਸਰ, ਰਿਆਤ ਬਾਹਰਾ ਯੂਨੀਵਰਸਿਟੀ ਦੀ ਹਿੰਦੀ ਪੁਸਤਕ 'ਮਨੋਵਿਕ੍ਰੀਤਿਓ ਕੇ ਸੰਦਰਭ ਮੇਂ ਹਿੰਦੀ ਉਪਨਿਆਸ (2001-2010)' ਪ੍ਰਧਾਨਗੀ ਮੰਡਲ ਨੇ ਤਾੜੀਆਂ ਮਾਰ ਕੇ ਲੋਕ-ਅਰਪਣ ਕੀਤੀ। ਪੁਸਤਕ ਬਾਰੇ ਪ੍ਰੋ. ਪੁਸ਼ਪਾ ਸ਼ਰਮਾ ਅਸਿਸਟੈਂਟ ਪ੍ਰੋਫੈਸਰ, ਰਿਆਤ ਬਾਹਰਾ ਯੂਨੀਵਰਸਿਟੀ ਨੇ ਵਧੀਆ ਸ਼ੈਲੀ 'ਚ ਪਰਚਾ ਪੜ੍ਹ ਕੇ ਵਾਹਵਾ ਖੱਟੀ। ਪ੍ਰਧਾਨਗੀ ਭਾਸ਼ਣ ਕਰਦਿਆਂ ਪ੍ਰੋ. ਬ੍ਰਹਮਜਗਦੀਸ਼ ਸਿੰਘ ਨੇ ਦੋਵਾਂ ਪੁਸਤਕਾਂ ਦੀ ਦੇਣ ਨੂੰ ਮਹੱਤਵਪੂਰਨ ਦੱਸਿਆ ਅਤੇ ਅਜੋਕੇ ਸਮਿਆਂ 'ਚ ਲੇਖਕਾਂ ਤੇ ਵਿਦਵਾਨਾਂ ਨੂੰ ਕੂੜ-ਪਸਾਰੇ ਨੂੰ ਭਜਾਉਣ ਲਈ ਬੁਲੰਦ ਆਵਾਜ਼ 'ਚ ਲਿਖਣ ਲਈ ਪ੍ਰੇਰਨਾ ਦਿੱਤੀ। ਸਭਾ ਵੱਲੋਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਅੰਤ ਵਿੱਚ ਸਭਾ ਦੇ ਪ੍ਰਧਾਨ ਜਸਪਾਲ ਸਿੰਘ ਜੱਸੀ ਨੇ ਧੰਨਵਾਦੀ ਸ਼ਬਦ ਆਖੇ। ਮੰਚ ਸੰਚਾਲਨ ਉੱਘੇ ਕਹਾਣੀਕਾਰ ਗੁਰਮੀਤ ਸਿੰਗਲ ਨੇ ਬਾਖ਼ੂਬੀ ਨਿਭਾਇਆ। ਇਸ ਸਮਾਗਮ ਵਿੱਚ ਕਹਾਣੀਕਾਰ ਸਰੂਪ ਸਿਆਲਵੀ, ਡਾ. ਸਰਬਜੀਤ ਕੌਰ, ਸੁਰਜੀਤ ਸਿੰਘ ਮਾਨਕ, ਸੁਨੀਤਾ ਰਾਣੀ, ਹਰਦੀਪ ਸਿੰਘ, ਰਤਨ ਅਨਮੋਲ ਸਿੰਘ ਤੂਰ, ਸੁਖਦੇਵ ਸਿੰਘ ਤੇ ਸਿਮਰਨਜੀਤ ਸਿੰਘ ਸ਼ਾਮਿਲ ਹੋਏ।



# ਸਾਂਝੇ ਮੰਚ ਵੱਲੋਂ 9 ਨੂੰ ਮੋਹਿੰਦਰ ਭਗਤ ਦੀ ਕੋਠੀ ਦਾ ਕੀਤਾ ਜਾਵੇਗਾ ਘਿਰਾਓ : ਵਿਰਦੀ, ਕੌਂਡਲ

**ਨਕੋਦਰ (ਮਨਜੀਤ ਮਾਨ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਦੇ ਸੂਬਾਈ ਸੱਦੇ 'ਤੇ 9 ਜੁਲਾਈ ਨੂੰ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ। ਇਸ ਦੀਆਂ ਤਿਆਰੀਆਂ ਸਬੰਧੀ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਦੀ ਅਹਿਮ ਧਿਰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਵੱਲੋਂ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਤਿਆਰੀ ਮੀਟਿੰਗ ਕੀਤੀ ਗਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਪ ਸ ਸ ਫ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਕੌਂਡਲ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ ਕਿਉਂਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਪਿਛਲੇ ਲੰਬੇ ਸਮੇਂ ਤੋਂ ਡੀ ਏ ਦੀ ਕਿਸ਼ਤ ਨਹੀਂ ਦਿੱਤੀ ਜਾ ਰਹੀ ਜਿਸ ਨਾਲ ਪੰਜਾਬ ਦੇ ਮੁਲਾਜ਼ਮਾਂ ਨੂੰ 18% ਡੀ ਏ ਕੇਂਦਰ ਨਾਲੋਂ ਘੱਟ ਮਿਲ ਰਿਹਾ ਹੈ। ਇਸ ਮਾਮਲੇ ਵਿੱਚ ਮਾਨਯੋਗ ਹਾਈ ਕੋਰਟ ਵੱਲੋਂ ਵੀ ਪੰਜਾਬ ਸਰਕਾਰ ਨੂੰ 30 ਜੂਨ ਤੱਕ ਡੀ ਏ ਦੇਣ ਦੇ ਆਰਡਰ ਕੀਤੇ ਸੀ ਪਰ ਪੰਜਾਬ ਸਰਕਾਰ ਵੱਲੋਂ ਕੋਈ ਨਾ ਕੋਈ ਬਹਾਨਾ ਲਾ ਕੇ ਟਾਈਮ ਪਾਸ ਕੀਤਾ ਜਾ ਰਿਹਾ ਹੈ। ਹੁਣ ਸਾਰੇ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਾਂ ਵੱਲੋਂ ਇਕ ਸਾਂਝਾ ਮੰਚ ਤਿਆਰ ਕਰਕੇ ਹਰੇਕ ਜ਼ਿਲ੍ਹੇ ਵਿੱਚ ਪ੍ਰੋਗਰਾਮ ਫ਼ਿਕਸ ਕੀਤੇ ਹਨ ਜਿਸ ਵਿੱਚ 9 ਜੁਲਾਈ ਨੂੰ ਜਲੰਧਰ ਵਿੱਚ ਕੈਬਨਿਟ ਮੰਤਰੀ ਮੋਹਿੰਦਰ ਭਗਤ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ ਅਤੇ ਫੇਰ 17 ਜੁਲਾਈ ਨੂੰ ਮੁਹਾਲੀ ਵਿੱਚ ਪੰਜਾਬ ਪੱਧਰੀ ਰੈਲੀ ਕਰਕੇ ਚੰਡੀਗੜ੍ਹ ਵੱਲ ਨੂੰ ਕੂਚ ਕੀਤਾ ਜਾਵੇਗਾ। ਜੇਕਰ ਫੇਰ ਵੀ ਸਰਕਾਰ ਨਾ ਮੰਨੀ ਤਾਂ ਮੌਕੇ 'ਤੇ ਹੀ ਅਗਲੇ ਸੰਗਰਸ਼ ਦਾ ਐਲਾਨ ਕਰ ਦਿੱਤਾ ਜਾਵੇਗਾ। ਸਾਂਝੇ ਮੰਚ ਦੀਆਂ ਮੰਗਾਂ ਵਿੱਚ ਸਾਰੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨਾ, ਕੇਂਦਰ ਬਰਾਬਰ ਡੀ ਏ ਦੇਣਾ, ਪੁਰਾਣੀ ਪੈਨਸ਼ਨ ਲਾਗੂ ਕਰਨਾ ਅਤੇ ਪੈਨਸ਼ਨਰਾਂ ਨੂੰ 2.59 ਨਾਲ ਪੈਨਸ਼ਨ ਫ਼ਿਕਸ ਕਰਕੇ ਦੇਣਾ ਆਦਿ ਮੁੱਖ ਮੰਗਾਂ ਹਨ। ਇਸ ਮੌਕੇ ਅਮਰੀਕ ਸਿੰਘ , ਰਾਜਨ ਕੁਮਾਰ, ਓਮ ਪ੍ਰਕਾਸ਼, ਭੋਪਾਲ ਸਿੰਘ, ਸੁਨੀਲ ਕੁਮਾਰ, ਰਵੀ ਕੁਮਾਰ, ਹਰੀ ਰਾਮ ਅਤੇ ਜਸਵੰਤ ਸਿੰਘ ਆਦਿ ਮੈਂਬਰ ਹਾਜ਼ਰ ਹੋਏ।



# ਨਹਿਰ 'ਚ ਡਿੱਗੇ ਨੌਜਵਾਨ ਦੀ ਭਾਲ ਲਈ ਦਿੱਤਾ ਧਰਨਾ

**ਬਲਾਚੌਰ (ਜਸਵਿੰਦਰ ਬੈਂਸ)**- ਪਿਛਲੇ ਕਰੀਬ ਛੇ ਦਿਨਾਂ ਤੋਂ ਪਿੰਡ ਸੁੱਧਾ ਮਾਜਰਾ ਨੇੜੇ ਨਹਿਰ ਵਿੱਚ ਡਿੱਗੇ ਨੌਜਵਾਨ ਨਿਖਿਲ ਦਾ ਅਜੇ ਤੱਕ ਕੋਈ ਸੁਰਾਗ ਨਾ ਲੱਗਣ ਕਾਰਨ ਉਸ ਦੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਸਮੁੱਚੇ ਇਲਾਕੇ ਵਿੱਚ ਗਹਿਰੀ ਚਿੰਤਾ ਅਤੇ ਨਿਰਾਸ਼ਾ ਦਾ ਮਾਹੌਲ ਬਣਿਆ ਹੋਇਆ ਹੈ।ਪ੍ਰਸ਼ਾਸਨ ਵੱਲੋਂ ਭਾਲ ਕਾਰਜਾਂ ਵਿੱਚ ਲੋੜੀਂਦੀ ਤੇਜ਼ੀ ਨਾ ਆਉਣ ਦੇ ਰੋਸ ਵਜੋਂ ਨਿਖਿਲ ਦੇ ਪਰਵਾਰਕ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਐਤਵਾਰ ਨੂੰ ਬਲਾਚੌਰ ਬਾਈਪਾਸ ਸਥਿਤ ਕੰਗਣਾ ਪੁਲ 'ਤੇ ਵਿਸ਼ਾਲ ਧਰਨਾ ਲਗਾਇਆ। ਧਰਨਾਕਾਰੀਆਂ ਨੇ ਮੰਗ ਕੀਤੀ ਕਿ ਨਹਿਰ ਦਾ ਪਾਣੀ ਪੂਰੀ ਤਰ੍ਹਾਂ ਬੰਦ ਕਰਵਾਇਆ ਜਾਵੇ ਤਾਂ ਜੋ ਨੌਜਵਾਨ ਦੀ ਭਾਲ ਪ੍ਰਭਾਵਸ਼ਾਲੀ ਢੰਗ ਨਾਲ ਕੀਤੀ ਜਾ ਸਕੇ। ਧਰਨੇ ਦੀ ਸੂਚਨਾ ਮਿਲਣ ਉਪਰੰਤ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ, ਡੀ ਐੱਸ ਪੀ ਹੇਮੰਤ ਮਲਹੋਤਰਾ, ਐੱਸ ਐੱਚ ਓ ਸਦਰ ਬਿਕਰਮ ਸਿੰਘ ਰੋੜੀ ਅਤੇ ਹੋਰ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ। ਉਨ੍ਹਾਂ ਪਰਵਾਰ ਨੂੰ ਭਰੋਸਾ ਦਿਵਾਇਆ ਕਿ ਨਿਖਿਲ ਦੀ ਭਾਲ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ ਅਤੇ ਨਹਿਰ ਦਾ ਪਾਣੀ ਬੰਦ ਕਰਵਾ ਕੇ ਬਰੀਕੀ ਨਾਲ ਤਲਾਸ਼ੀ ਮੁਹਿੰਮ ਚਲਾਈ ਜਾਵੇਗੀ। ਪ੍ਰਸ਼ਾਸਨ ਦੇ ਭਰੋਸੇ ਮਗਰੋਂ ਪਰਿਵਾਰ ਅਤੇ ਪਿੰਡ ਵਾਸੀਆਂ ਨੇ ਆਪਣਾ ਧਰਨਾ ਸਮਾਪਤ ਕਰ ਦਿੱਤਾ।ਜ਼ਿਕਰਯੋਗ ਹੈ ਕਿ 30 ਜੂਨ ਨੂੰ ਕਾਠਗੜ੍ਹ ਨੇੜਲੇ ਪਿੰਡ ਚਾਹਲਾਂ ਦੇ ਤਿੰਨ ਨੌਜਵਾਨ ਮੋਟਰਸਾਈਕਲ 'ਤੇ ਬਲਾਚੌਰ ਆ ਰਹੇ ਸਨ। ਪਿੰਡ ਸੁੱਧਾ ਮਾਜਰਾ ਨੇੜੇ ਮੋਟਰਸਾਈਕਲ ਦਾ ਤੇਲ ਖ਼ਤਮ ਹੋਣ ਕਾਰਨ ਉਹ ਰੁਕ ਗਏ। ਇਸ ਦੌਰਾਨ ਨਿਖਿਲ ਫੋਨ 'ਤੇ ਗੱਲ ਕਰ ਰਿਹਾ ਸੀ ਕਿ ਅਚਾਨਕ ਚੱਕਰ ਆਉਣ ਕਾਰਨ ਉਸ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਨਹਿਰ ਵਿੱਚ ਡਿੱਗ ਪਿਆ। ਘਟਨਾ ਤੋਂ ਬਾਅਦ ਲਗਾਤਾਰ ਭਾਲ ਕੀਤੀ ਜਾ ਰਹੀ ਹੈ, ਪਰ ਅਜੇ ਤੱਕ ਉਸ ਦਾ ਕੋਈ ਸੁਰਾਗ ਨਹੀਂ ਮਿਲਿਆ।



# ਨੌਜਵਾਨ ਅਕਾਲੀ ਦਲ ਦੀਆਂ ਨੀਤੀਆਂ ਦਾ ਸੋਸ਼ਲ ਮੀਡੀਆ 'ਤੇ ਪ੍ਰਚਾਰ ਕਰਨ : ਸ਼ਰਮਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੋਮਣੀ ਅਕਾਲੀ ਦਲ ਨੇ ਡੇਰਾਬੱਸੀ ਵਿਧਾਨ ਸਭਾ ਹਲਕੇ ਵਿੱਚ ਪਾਰਟੀ ਨੂੰ ਸੋਸ਼ਲ ਮੀਡੀਆ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਆਈ ਟੀ ਵਿੰਗ ਦਾ ਗਠਨ ਕੀਤਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਨੌਜਵਾਨਾਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣੀ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਉਹ ਇੱਕਜੁੱਟ ਹੋ ਕੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਦਾ ਘਰ-ਘਰ ਪ੍ਰਚਾਰ ਕਰਨ ਅਤੇ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ ਰਾਹੀਂ ਪਾਰਟੀ ਦੀਆਂ ਸਕਾਰਾਤਮਕ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ। ਇਸ ਮੌਕੇ ਰਾਹੁਲ ਸ਼ਰਮਾ ਨੂੰ ਆਈ ਟੀ ਵਿੰਗ ਡੇਰਾਬੱਸੀ, ਪੂਰਵਾਂਸ਼ ਅਸੀਜਾ ਨੂੰ ਲਾਲੜੂ ਜ਼ੋਨ-ਵਨ, ਪ੍ਰਿੰਸ ਪ੍ਰਜਾਪਤ ਨੂੰ ਲਾਲੜੂ ਜ਼ੋਨ-ਟੂ, ਅਮਨ ਮਲਿਕ ਨੂੰ ਘੱਟ ਗਿਣਤੀ ਵਿੰਗ ਆਈ ਟੀ ਪ੍ਰਧਾਨ ਲਾਲੜੂ ਸਿਟੀ ਸਰਕਲ, ਅਮਨਦੀਪ ਸਿੰਘ ਨੂੰ ਆਈ.ਟੀ. ਵਿੰਗ ਜ਼ੋਨ-ਵਨ ਜ਼ੀਰਕਪੁਰ ਅਤੇ ਵਿਕਰਮ ਸ਼ਰਮਾ ਨੂੰ ਜ਼ੋਨ-ਚਾਰ ਜ਼ੀਰਕਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ 'ਤੇ ਯੁਵਾ ਆਗੂ ਜਸ਼ਨ, ਅਭੈ, ਪ੍ਰਿਯਾਂਸ਼ੂ, ਆਦਿਤਿਆ, ਸੰਯਮ ਅਰੋੜਾ, ਰਿਸ਼ਭ, ਮਨਕੀਰਤ ਸੈਣੀ, ਵਿਕਾਸ ਬਜਾਜ, ਪੁਲਕਿਤ ਤੇ ਸੰਜੀਵ ਕੁਮਾਰ ਸਮੇਤ ਕਈ ਯੂਥ ਆਗੂ ਮੌਜੂਦ ਸਨ।



# ਸਾਲਾਨਾ ਜੋੜ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਦਰਬਾਰ ਹਜ਼ਰਤ ਸਾਈਂ ਸ਼ੇਰੇ ਸ਼ਾਹ ਪਿੰਡ ਢੰਢੂਹਾ ਵਿਖੇ ਸਲਾਨਾ ਮੇਲਾ ਮੁੱਖ ਸੇਵਾਦਾਰ ਸਾਈਂ ਜੁਗਿੰਦਰ ਸ਼ਾਹ ਦੀ ਰਹਿਨੁਮਾਈ ਸਮੂਹ ਸੰਗਤਾਂ, ਨਗਰ ਨਿਵਾਸੀਆਂ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ। ਵੱਖ-ਵੱਖ ਦਰਬਾਰਾਂ ਤੋਂ ਸਾਈਂ ਸੁਖਵੀਰ ਸ਼ਾਹ ਕਾਦਰੀ ਗੱਦੀ ਨਸ਼ੀਨ ਬਾਬਾ ਲੱਖ ਦਾਤਾ ਦਰਬਾਰ ਲੰਗੇਰੀ, ਬਾਬਾ ਮੁਖਤਿਆਰ ਸਿੰਘ ਕਟਾਰੀਆ ਦਰਬਾਰ, ਬਾਬਾ ਰਾਮ ਸਰੂਪ ਮੱਲਾਂ ਸੋਢੀਆਂ, ਸਾਈਂ ਸੋਢੀ ਸ਼ਾਹ ਹੀਓਂ, ਬਾਬਾ ਪਾਲੀ ਬਹਿਰਾਮ, ਬਾਬਾ ਕਮਲਜੀਤ, ਬਾਬਾ ਭਜਨ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ ਹੈ।ਗੱਦੀ ਨਸ਼ੀਨ ਸਾਈਂ ਜਗਿੰਦਰ ਸ਼ਾਹ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ,ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ। ਇਸ ਮੌਕੇ ਸਾਈਂ ਜਗਿੰਦਰ ਸ਼ਾਹ, ਏ ਐਸ ਆਈ ਪਰਮਜੀਤ,ਦੇਸ ਰਾਜ, ਸੰਤੋਖ ਰਾਮ, ਗੁਰਮੁੱਖ ਰਾਮ,ਰਾਮ ਲਾਲ,ਪਾਲੀ ਅਤੇ ਸਮੂਹ ਸੰਗਤਾਂ ਹਾਜ਼ਰ ਸਨ।

# ਸੰਤ ਬਾਬਾ ਰਣਜੀਤ ਸਿੰਘ ਦਾ ਜਨਮ ਦਿਹਾੜਾ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਪੂਜਨੀਕ ਬ੍ਰਹਮ ਗਿਆਨੀ ਮਹਾਨ ਤਪੱਸਵੀ ਸ੍ਰੀਮਾਨ ਸੰਤ ਬਾਬਾ ਰਣਜੀਤ ਸਿੰਘ ਸ੍ਰੀ ਹਰਿਗੋਬਿੰਦਗੜ (ਭੋਗਪੁਰ) ਦਾ ਪਾਵਨ ਜਨਮ ਦਿਹਾੜਾ 5 ਜੁਲਾਈ ਨੂੰ ਫਗਵਾੜਾ ਤੋਂ ਹੁਸ਼ਿਆਰਪੁਰ ਰੋਡ ਤੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਹਰਿਗੋਬਿੰਦਗੜ੍ਹ, ਭੋਗਪੁਰ ਵਿਖੇ ਬੜੀ ਸ਼ਰਧਾ, ਸਤਿਕਾਰ ਤੇ ਧਾਰਮਿਕ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਜਥੇਦਾਰ ਤਲਵਿੰਦਰ ਸਿੰਘ (ਬਾਬਾ ਪਰਮੇਸ਼ਰ ਸਿੰਘ) ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਸਜਾਏ ਦੀਵਾਨ ਅੰਦਰ ਗਿਆਨੀ ਜਸਵਿੰਦਰ ਸਿੰਘ ਛਾਪਾ, ਗਿਆਨੀ ਜੈਦੀਪ ਸਿੰਘ ਕਥਾਵਾਚਕ ਫਗਵਾੜਾ, ਭਾਈ ਗੁਰਦਿਆਲ ਸਿੰਘ ਢਾਡੀ ਜੱਥਾ ਲੱਖ ਪੁਰ, ਭਾਈ ਗੁਰਮੁੱਖ ਸਿੰਘ ਹੁਸਿਆਰਪੁਰ, ਰਾਗੀ, ਢਾਡੀ ਅਤੇ ਕਥਾਵਾਚਕ ਜੱਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ ਗਿਆ। ਇਸ ਮੌਕੇ ਬਾਬਾ ਪਰਮੇਸਰ ਸਿੰਘ ਵਲੋਂ ਸੰਤ ਬਾਬਾ ਰਣਜੀਤ ਸਿੰਘ ਦੇ ਉੱਚ ਆਦਰਸ਼ਾਂ, ਨਾਮ ਸਿਮਰਨ, ਸੇਵਾ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੰਤ ਮਹਾਪੁਰਖਾਂ ਨੇ ਆਪਣਾ ਸਾਰਾ ਜੀਵਨ ਗੁਰਮਤਿ ਦੇ ਪ੍ਰਚਾਰ-ਪ੍ਰਸਾਰ ਅਤੇ ਲੋਕ ਭਲਾਈ ਲਈ ਸਮਰਪਿਤ ਕੀਤਾ, ਜਿਸ ਕਰਕੇ ਅੱਜ ਵੀ ਸੰਗਤਾਂ ਉਨ੍ਹਾਂ ਦੇ ਦਰਸਾਏ ਹੋਏ ਮਾਰਗ 'ਤੇ ਚੱਲ ਕੇ ਆਤਮਿਕ ਲਾਭ ਪ੍ਰਾਪਤ ਕਰ ਰਹੀਆਂ ਹਨ।

ਇਸ ਮੌਕੇ ਸੰਤ ਰਿਖੀ ਰਾਜ ਨਵਾਂਸ਼ਹਿਰ, ਸਾਬੀ ਜਲਪੋਤ, ਮਨਦੀਪ ਸਿੰਘ ਕੋਟਲੀ, ਪ੍ਰੋਫੈਸਰ ਹਰਬੰਸ ਸਿੰਘ ਬੋਲੀਨਾ, ਗੁਰਦੇਵ ਸਿੰਘ, ਬਲਵਿੰਦਰ ਸਿੰਘ ਚਾਚੋਕੀ, ਕੁਲਦੀਪ ਸਿੰਘ ਸੰਗਰੂਰ, ਰਘਵੀਰ ਸਿੰਘ, ਨਿਸਾਨ ਸਿੰਘ ਹਾਜਿਰ ਸਨ।



# ਸਤਲੁਜ ਨੂੰ ਓ ਟੀ ਟੀ ਤੋਂ ਹਟਾਉਣਾ ਪ੍ਰਗਟਾਵੇ ਦੀ ਆਜ਼ਾਦੀ 'ਤੇ ਹਮਲਾ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)** ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਮਨੁੱਖੀ ਅਧਿਕਾਰ ਕਾਰਕੁਨ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਆਧਾਰਿਤ ਫਿਲਮ ਸਤਲੁਜ ਨੂੰ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ ਅਤੇ ਇਸ ਨੂੰ ਪ੍ਰਗਟਾਵੇ ਦੀ ਆਜ਼ਾਦੀ 'ਤੇ ਸਿੱਧਾ ਹਮਲਾ ਕਰਾਰ ਦਿੱਤਾ ਹੈ।ਇੱਕ ਪ੍ਰੈੱਸ ਕਾਨਫਰੰਸ ਦੌਰਾਨ ਮੀਡੀਆ ਨੂੰ ਸੰਬੋਧਨ ਕਰਦਿਆਂ 'ਆਪ' ਪੰਜਾਬ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਅਤੇ ਇਸ ਫਿਲਮ 'ਤੇ ਲੱਗੀ ਰੋਕ ਨੂੰ ਤੁਰੰਤ ਹਟਾਉਣ ਦੀ ਮੰਗ ਕੀਤੀ।

ਧਾਲੀਵਾਲ ਨੇ ਕੇਂਦਰ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਇਹ ਫਿਲਮ ਪੰਜਾਬ ਦੇ ਉਸ ਦੁਖਾਂਤ ਅਤੇ ਕਾਲੇ ਦੌਰ ਦੀ ਸੱਚੀ ਕਹਾਣੀ ਹੈ, ਜਿਸ ਨੂੰ ਦਿੱਲੀ ਦੇ ਹਾਕਮ ਹਮੇਸ਼ਾ ਲਈ ਦਫ਼ਨ ਕਰ ਦੇਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਜਸਵੰਤ ਸਿੰਘ ਖਾਲੜਾ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦਿਆਂ ਮਨੁੱਖੀ ਅਧਿਕਾਰਾਂ ਲਈ ਲੜਾਈ ਲੜੀ ਅਤੇ ਉਸ ਦੌਰ ਵਿੱਚ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਹਜ਼ਾਰਾਂ ਬੇਕਸੂਰ ਨੌਜਵਾਨਾਂ ਦੀਆਂ ਲਾਵਾਰਿਸ ਲਾਸ਼ਾਂ ਦਾ ਕੌੜਾ ਸੱਚ ਦੁਨੀਆ ਦੇ ਸਾਹਮਣੇ ਰੱਖਿਆ। ਅਜਿਹੀ ਇਤਿਹਾਸਕ ਅਤੇ ਸੱਚ ਦਿਖਾਉਣ ਵਾਲੀ ਫਿਲਮ 'ਤੇ ਰੋਕ ਲਗਾਉਣਾ ਬੇਹੱਦ ਸ਼ਰਮਨਾਕ ਹੈ।